28-AUG-PAGE-1.qxd 8/27/2025 9:34 PM Page 1

ਵੀਰਵਾਰ, 28 ਅਗਸਤ, 2025
13 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 87

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 28 AUGUST, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮੈਂ ਮੋਦੀ ਨੂੰ ਫੋਨ ਕਰਕੇ ਜੰਗ ਰੁਕਵਾਈ : ਟਰੰਪ

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਬੁੱਧਵਾਰ ਦਾਅਵਾ ਕੀਤਾ ਕਿ ਉਨ੍ਹਾ ਖੁਦ ਦਖਲ ਦੇ ਕੇ ਪਾਕਿਸਤਾਨ ਤੇ ਭਾਰਤ ਨੂੰ ਜੰਗਬੰਦੀ ਲਈ ਮਜਬੂਰ ਕੀਤਾ। ਇਸ ਦਾਅਵੇ ਤੋਂ ਬਾਅਦ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਦੇ ਇਸ ਦਾਅਵੇ 'ਤੇ ਸਵਾਲੀਆ ਨਿਸ਼ਾਨ ਲੱਗ ਗਿਆ ਹੈ ਕਿ ਟਰੰਪ ਤੇ ਮੋਦੀ ਵਿਚਾਲੇ ਜੰਗਬੰਦੀ ਨੂੰ ਲੈ ਕੇ ਫੋਨ 'ਤੇ ਗੱਲ ਨਹੀਂ ਹੋਈ ਸੀ। ਪ੍ਰਧਾਨ ਮੰਤਰੀ ਮੋਦੀ ਨੇ ਖੁਦ ਸੰਸਦ ਵਿੱਚ ਕਿਹਾ ਸੀ ਕਿ ਕਿਸੇ ਆਗੂ ਨੇ ਉਨ੍ਹਾ ਨੂੰ ਅਪ੍ਰੇਸ਼ਨ ਸਿੰਧੂਰ ਰੋਕਣ ਲਈ ਨਹੀਂ ਕਿਹਾ।

ਟਰੰਪ ਨੇ ਪੱਤਰਕਾਰਾਂ ਨਾਲ ਗੱਲਬਾਤ ਵਿੱਚ ਕਿਹਾ, 'ਮੈਂ ਇੱਕ ਭਿਆਨਕ ਵਿਅਕਤੀ ਨਰਿੰਦਰ ਮੋਦੀ ਨਾਲ ਗੱਲ ਕੀਤੀ।' ਮੈਂ ਪੁੱਛਿਆ, 'ਤੁਹਾਡੇ ਤੇ ਪਾਕਿਸਤਾਨ ਵਿਚਾਲੇ ਕੀ ਚੱਲ ਰਿਹਾ ਹੈ? ' ਦੋਹਾਂ ਵਿਚਾਲੇ ਨਫਰਰ ਜ਼ਬਰਦਸਤ ਸੀ। ਇਹ ਟਕਰਾਅ ਲੰਮੇ ਸਮੇਂ ਤੋਂ ਚੱਲਿਆ ਆ ਰਿਹਾ ਹੈ, ਕਦੇ-ਕਦੇ ਵੱਖ-ਵੱਖ ਨਾਵਾਂ ਦੇ ਨਾਲ, ਸੈਂਕੜੇ ਸਾਲਾਂ ਤੋਂ। ਮੈਂ ਕਿਹਾ ਕਿ ਮੈਂ ਤੁਹਾਡੇ ਨਾਲ ਕੋਈ ਵਪਾਰਕ ਸੌਦਾ (ਟਰੇਡ ਡੀਲ) ਨਹੀਂ ਕਰਨੀ ਚਾਹੁੰਦਾ...ਤੁਸੀਂ ਪ੍ਰਮਾਣੂੰ ਜੰਗ ਵੱਲ ਵਧ ਰਹੇ ਹੋ। ਮੈਂ ਕਿਹਾ—ਕੱਲ੍ਹ ਮੈਨੂੰ ਫੋਨ ਕਰਨਾ, ਪਰ ਅਸੀਂ ਤੁਹਾਡੇ ਨਾਲ ਕੋਈ ਸੌਦਾ ਨਹੀਂ ਕਰਾਂਗੇ, ਅਸੀਂ ਤੁਹਾਡੇ 'ਤੇ ਏਨੇ ਉੱਚੇ ਟੈਰਿਫ ਲਾਵਾਂਗੇ ਕਿ ਤੁਹਾਡਾ ਸਿਰ ਘੁੰਮ ਜਾਵੇਗਾ।'

ਟਰੰਪ ਨੇ ਅੱਗੇ ਕਿਹਾ, 'ਮੋਦੀ ਨਾਲ ਉਨ੍ਹਾ ਦੀ ਗੱਲਬਾਤ ਦੇ ਪੰਜ ਘੰਟਿਆਂ ਦੇ ਅੰਦਰ ਸਮਝੌਤਾ ਹੋ ਗਿਆ। ਲਗਭਗ ਪੰਜ ਘੰਟਿਆਂ ਵਿੱਚ ਇਹ ਕੰਮ ਹੋ ਗਿਆ। ਹੁਣ ਸ਼ਾਇਦ ਇਹ ਫਿਰ ਸ਼ੁਰੂ ਹੋਵੇ। ਮੈਨੂੰ ਨਹੀਂ ਪਤਾ। ਮੈਨੂੰ ਨਹੀਂ ਲੱਗਦਾ ਕਿ ਅਜਿਹਾ ਹੋਵੇਗਾ, ਪਰ ਅਜਿਹਾ ਹੋਇਆ ਤਾਂ ਮੈਂ ਇਸ ਨੂੰ ਰੋਕ ਦੇਵਾਂਗਾ। ਸਾਨੂੰ ਅਜਿਹੀਆਂ ਚੀਜ਼ਾਂ ਨਹੀਂ ਹੋਣ ਦੇਣੀਆਂ ਚਾਹੀਦੀਆਂ।'

ਟਰੰਪ ਨੇ ਇਹ ਵੀ ਕਿਹਾ ਕਿ ਭਾਰਤ ਤੇ ਪਾਕਿਸਤਾਨ ਵਿਚਾਲੇ ਲੜਾਈ ਦੌਰਾਨ ਸੱਤ ਜੈੱਟ ਡੇਗੇ ਗਏ। ਹਾਲਾਂਕਿ ਉਨ੍ਹਾ ਇਹ ਨਹੀਂ ਦੱਸਿਆ ਕਿ ਜਹਾਜ਼ ਕਿਸਦੇ ਸਨ।

ਟਰੰਪ ਦੇ ਦਾਅਵੇ ਤੋਂ ਬਾਅਦ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਟਰੰਪ ਦੇ ਨਿਰਦੇਸ਼ਾਂ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਪਾਕਿਸਤਾਨ ਵਿੱਚ ਦਹਿਸ਼ਤਗਰਦਾਂ ਦੇ ਕੈਂਪਾਂ 'ਤੇ ਕਾਰਵਾਈ ਤੁਰੰਤ ਰੋਕ ਦਿੱਤੀ। ਰਾਹੁਲ ਨੇ ਬਿਹਾਰ ਵਿੱਚ ਵੋਟ ਅਧਿਕਾਰ ਯਾਤਰਾ ਦੌਰਾਨ ਇੱਕ ਰੈਲੀ ਵਿੱਚ ਕਿਹਾ ਕਿ ਟਰੰਪ ਨੇ ਕਿਹਾ ਕਿ ਉਨ੍ਹਾ ਮੋਦੀ ਨੂੰ ਕਿਹਾ ਕਿ ਉਹ ਜੋ ਕਰ ਰਹੇ ਹਨ, 24 ਘੰਟੇ ਵਿੱਚ ਬੰਦ ਕਰਨ ਅਤੇ ਮੋਦੀ ਨੇ 24 ਦੀ ਥਾਂ ਪੰਜ ਘੰਟਿਆਂ ਵਿੱਚ ਕਾਰਵਾਈ ਰੋਕ ਦਿੱਤੀ।

# ਰਾਵੀ ਦੇ ਪਾਣੀ 'ਚ ਘਿਰੇ ਸਾਢੇ ਚਾਰ ਸੌ ਵਿਦਿਆਰਥੀ ਤੇ ਅਧਿਆਪਕ ਬਚਾਏ




**ਗੁਰਦਾਸਪੁਰ (ਜਨਕ ਮਹਾਜਨ, ਦਵਿੰਦਰ ਸਿੰਘ, ਦਿਨੇਸ਼ ਕੁਮਾਰ)**

ਰਾਵੀ ਦਰਿਆ ਵਿੱਚ ਆਏ ਹੜ੍ਹ ਕਾਰਨ ਮੰਗਲਵਾਰ ਰਾਤ ਜ਼ਿਲ੍ਹਾ ਗੁਰਦਾਸਪੁਰ ਵਿੱਚ ਪੈਂਦੇ ਪੀ ਐੱਮ ਸ੍ਰੀ ਸਕੂਲ, ਜਵਾਹਰ ਨਵੋਦਿਆ ਵਿਦਿਆਲਿਆ ਦਬੂੜੀ ਵਿੱਚ ਘਿਰ ਗਏ 381 ਵਿਦਿਆਰਥੀਆਂ ਅਤੇ 70 ਦੇ ਕਰੀਬ ਅਧਿਆਪਕਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਬੀ ਐੱਸ ਐੱਫ, ਐੱਨ ਡੀ ਆਰ ਐੱਫ, ਖਾਲਸਾ ਏਡ ਅਤੇ ਗਲੋਬਲ ਸਿੱਖ ਸੰਸਥਾਵਾਂ ਦੇ ਸਹਿਯੋਗ ਦੇ ਨਾਲ ਸੁਰੱਖਿਅਤ ਬਾਹਰ ਕੱਢਿਆ ਲਿਆ ਗਿਆ। ਰਾਵੀ ਦਰਿਆ ਦਾ ਪਾਣੀ ਏਨਾ ਜ਼ਿਆਦਾ ਸੀ ਕਿ ਇਸ ਸਕੂਲ ਵਿੱਚ ਚਾਰ ਤੋਂ ਪੰਜ ਫੁੱਟ ਦੇ ਕਰੀਬ ਪਾਣੀ ਆ ਗਿਆ ਸੀ। ਖਾਲਸਾ ਏਡ ਅਤੇ ਗਲੋਬਲ ਸਿੱਖ ਨਾਲ ਸੰਬੰਧਤ ਨੌਜਵਾਨ ਆਪਣੀਆਂ ਕਿਸ਼ਤੀਆਂ ਸਣੇ ਪਹੁੰਚੇ ਸਨ।

ਪ੍ਰਿੰਸੀਪਲ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਦੇ ਨੰਬਰ 'ਤੇ ਮਦਦ ਲਈ ਕਾਲ ਕੀਤੀ ਗਈ ਸੀ। ਜਵਾਹਰ ਨਵੋਦਿਆ ਵਿਦਿਆਲਿਆ ਦਬੂੜੀ ਦੇ ਪ੍ਰਿੰਸੀਪਲ ਵੱਲੋਂ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਕੀਤੀ ਗਈ ਅਣਗਹਿਲੀ ਦਾ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਦਾਸਪੁਰ ਵੱਲੋਂ ਪ੍ਰਿੰਸੀਪਲ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਪੁੱਛਿਆ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਕੂਲਾਂ ਵਿੱਚ ਛੁੱਟੀ ਦਾ ਐਲਾਨ ਕਰ ਦਿੱਤਾ ਗਿਆ ਸੀ ਤਾਂ ਉਨ੍ਹਾਂ ਬੱਚਿਆਂ ਨੂੰ ਛੁੱਟੀ ਕਰਕੇ ਘਰ ਕਿਉਂ ਨਹੀਂ ਭੇਜਿਆ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਾਰ-ਵਾਰ ਚਿਤਾਵਨੀ ਵੀ ਦਿੱਤੀ ਜਾ ਰਹੀ ਸੀ ਕਿ ਰਾਵੀ ਦਰਿਆ ਦੇ ਨੇੜੇ ਦੇ ਖੇਤਰ ਵਿੱਚ ਹੜ੍ਹ ਆ ਸਕਦਾ ਹੈ। ਉਨ੍ਹਾ ਕਿਹਾ ਕਿ ਇਸ ਸਭ ਨੂੰ ਦਰਕਿਨਾਰ ਕਰਕੇ ਬੱਚਿਆਂ ਦੀ ਜਾਨ ਨੂੰ ਗੰਭੀਰ ਖ਼ਤਰੇ ਵਿੱਚ ਪਾਉਣਾ ਨਾ-ਬਰਦਾਸ਼ਤਯੋਗ ਹੈ।

## ਹੈਲੀਕਾਪਟਰ ਲੋਕਾਂ ਹਵਾਲੇ



**ਗੁਰਦਾਸਪੁਰ (ਜਨਕ ਮਹਾਜਨ)**-ਮੁੱਖ ਮੰਤਰੀ ਭਗਵੰਤ ਮਾਨ ਨੇ ਦੀਨਾਨਗਰ ਦੇ ਬਹਿਰਾਮਪੁਰ ਇਲਾਕੇ ਦਾ ਦੌਰਾ ਕੀਤਾ। ਉਨ੍ਹਾ ਕਿਹਾ ਕਿ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਪਿੰਡਾਂ ਵਿੱਚ ਲੋਕ ਘਰਾਂ ਤੋਂ ਬਾਹਰ ਵੀ ਨਿਕਲ ਨਹੀਂ ਪਾ ਰਹੇ ਅਤੇ ਬਿਨਾਂ ਰਾਸ਼ਨ ਛੋਟੇ ਬੱਚਿਆਂ ਨਾਲ ਘਰਾਂ ਦੀਆਂ ਛੱਤਾਂ 'ਤੇ ਬੈਠੇ ਹਨ। ਜਿਨ੍ਹਾਂ ਲੋਕਾਂ ਨੇ 92 ਸੀਟਾਂ ਨਾਲ ਪਾਰਟੀ ਨੂੰ ਜਿਤਾ ਕੇ ਉਨ੍ਹਾ ਨੂੰ ਹੈਲੀਕਾਪਟਰ ਦਿੱਤਾ ਸੀ, ਉਹ ਹੈਲੀਕਾਪਟਰ ਉਹ ਲੋਕਾਂ ਨੂੰ ਸੌਂਪ ਰਹੇ ਹਨ। ਉਨ੍ਹਾ ਕਿਹਾ ਕਿ ਹੈਲੀਕਾਪਟਰ ਰਾਹੀਂ ਲੋਕਾਂ ਨੂੰ ਪਾਣੀ, ਦੁੱਧ ਅਤੇ ਹੋਰ ਰਾਸ਼ਨ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾ ਕਿਹਾ ਕਿ ਉਹ ਖੁਦ ਕਾਰ 'ਤੇ ਵਾਪਸ ਚਲੇ ਜਾਣਗੇ।

## ਮਾਧੋਪੁਰ ਹੈੱਡ ਵਰਕਸ ਦੇ 4 ਗੇਟ ਟੁੱਟੇ



**ਪਠਾਨਕੋਟ :** ਜ਼ਿਲ੍ਹਾ ਪਠਾਨਕੋਟ ਦੇ ਮਾਧੋਪੁਰ ਹੈੱਡ ਵਰਕਸ ਦੇ ਚਾਰ ਗੇਟ ਟੁੱਟ ਗਏ ਹਨ।

ਇਸੇ ਦੌਰਾਨ ਗੇਟ ਦੀ ਰਿਪੇਅਰ ਕਰਦਾ ਇਕ ਮੁਲਾਜ਼ਮ ਪਾਣੀ ਦੀ ਲਪੇਟ 'ਚ ਆ ਕੇ ਰੁੜ੍ਹ ਗਿਆ, ਜਦੋਂਕਿ 50 ਦੇ ਕਰੀਬ ਮੁਲਾਜ਼ਮ ਉੱਥੇ ਫਸ ਗਏ, ਹਾਲਾਂਕਿ ਬਾਅਦ 'ਚ ਉਨ੍ਹਾਂ ਨੂੰ ਦੋ ਹੈਲੀਕਾਪਟਰਾਂ ਰਾਹੀਂ ਬਚਾਅ ਲਿਆ ਗਿਆ। ਇਨ੍ਹਾਂ ਵਿੱਚ ਐੱਸ ਡੀ ਓ ਤੇ ਐਕਸੀਅਨ ਵੀ ਸਨ। ਡੈਮ ਦੇ ਚਾਰ ਗੇਟ ਜਾਮ ਸਨ, ਜਿਨ੍ਹਾਂ ਦੀ ਮੁਲਾਜ਼ਮਾਂ ਵੱਲੋਂ ਮੁਰੰਮਤ ਕੀਤੀ ਜਾ ਰਹੀ ਸੀ, ਪਰ ਗੇਟ ਜਾਮ ਹੋਣ ਕਰਕੇ ਟੁੱਟ ਗਏ। ਗੇਟਾਂ ਦੇ ਟੁੱਟਣ ਕਾਰਨ ਹੁਣ ਪਾਣੀ ਲਗਾਤਾਰ ਨੀਵੇਂ ਪਾਸੇ ਵੱਲ ਵਹਿ ਰਿਹਾ ਹੈ, ਜਿਸ ਦਾ ਨੁਕਸਾਨ ਜ਼ਿਲ੍ਹਾ ਅੰਮ੍ਰਿਤਸਰ ਤੇ ਗੁਰਦਾਸਪੁਰ ਨੂੰ ਹੋ ਸਕਦਾ ਹੈ।

# ਗੁੰਮਨਾਮ ਪਾਰਟੀਆਂ ਨੂੰ 4300 ਕਰੋੜ ਕੀਹਨੇ ਦਿੱਤੇ : ਰਾਹੁਲ

**ਨਵੀਂ ਦਿੱਲੀ :** ਰਾਹੁਲ ਗਾਂਧੀ ਨੇ ਗੁਜਰਾਤ ਵਿੱਚ ਕੁਝ ਬੇਨਾਮੀ ਪਾਰਟੀਆਂ ਨੂੰ ਚੰਦੇ ਦੇ ਰੂਪ ਵਿੱਚ ਕਥਿਤ ਤੌਰ 'ਤੇ ਕਈ ਕਰੋੜ ਰੁਪਏ ਮਿਲਣ ਨਾਲ ਜੁੜੀ ਖਬਰ ਦੇ ਹਵਾਲੇ ਨਾਲ ਬੁੱਧਵਾਰ ਚੋਣ ਕਮਿਸ਼ਨ ਨੂੰ ਨਿਸ਼ਾਨਾ ਬਣਾਇਆ ਤੇ ਸਵਾਲ ਕੀਤਾ ਕਿ ਕਮਿਸ਼ਨ ਜਾਂਚ ਕਰੇਗਾ ਜਾਂ ਫਿਰ ਹਲਫਨਾਮਾ ਮੰਗੇਗਾ।

ਰਾਹੁਲ ਗਾਂਧੀ ਨੇ 'ਐਕਸ' ਉੱਤੇ ਇਕ ਪੋਸਟ ਵਿਚ ਹਿੰਦੀ ਰੋਜ਼ਨਾਮਚੇ ਵਿੱਚ ਪ੍ਰਕਾਸ਼ਤ ਖਬਰ ਦੇ ਹਵਾਲੇ ਨਾਲ ਕਿਹਾ, "ਗੁਜਰਾਤ ਵਿੱਚ ਕੁਝ ਬੇਨਾਮੀ ਪਾਰਟੀਆਂ ਹਨ, ਜਿਨ੍ਹਾਂ ਦਾ ਨਾਂਅ ਕਿਸੇ ਨੇ ਨਹੀਂ ਸੁਣਿਆ, ਪਰ ਉਨ੍ਹਾਂ ਨੂੰ 4300 ਕਰੋੜ ਰੁਪਏ ਦਾ ਚੰਦਾ ਮਿਲਿਆ ਹੈ। ਇਨ੍ਹਾਂ ਪਾਰਟੀਆਂ ਨੇ ਬਹੁਤ ਘੱਟ ਮੌਕਿਆਂ 'ਤੇ ਚੋਣਾਂ ਲੜੀਆਂ ਹਨ ਜਾਂ ਉਨ੍ਹਾਂ 'ਤੇ ਖਰਚ ਕੀਤਾ ਹੈ।"

ਰਾਹੁਲ ਨੇ ਪੁੱਛਿਆ ਹੈ ਕਿ ਇਹ ਹਜ਼ਾਰਾਂ ਕਰੋੜ ਕਿੱਥੋਂ ਆਏ? ਇਨ੍ਹਾਂ ਨੂੰ ਕੌਣ ਚਲਾ ਰਿਹਾ ਹੈ? ਅਤੇ ਪੈਸਾ ਕਿੱਥੇ ਗਿਆ? ਕੀ ਚੋਣ ਕਮਿਸ਼ਨ ਇਸ ਦੀ ਜਾਂਚ ਕਰੇਗਾ ਜਾਂ ਕੀ ਇਹ ਇੱਥੇ ਵੀ ਹਲਫਨਾਮਾ ਮੰਗੇਗਾ? ਜਾਂ ਕੀ ਇਹ ਕਾਨੂੰਨ ਨੂੰ ਖੁਦ ਬਦਲੇਗਾ, ਤਾਂ ਜੋ ਇਸ ਡੇਟਾ ਨੂੰ ਵੀ ਲੁਕਾਇਆ ਜਾ ਸਕੇ?

ਰਾਹੁਲ ਗਾਂਧੀ ਅਤੇ ਤੇਜਸਵੀ ਯਾਦਵ ਨੇ ਬੁੱਧਵਾਰ ਬਿਹਾਰ ਦੇ ਮੁਜ਼ੱਫਰਪੁਰ ਜ਼ਿਲ੍ਹੇ ਵਿੱਚ ਚੱਲ ਰਹੀ 'ਵੋਟ ਅਧਿਕਾਰ ਯਾਤਰਾ' ਦੌਰਾਨ ਮੋਟਰਸਾਈਕਲ ਯਾਤਰਾ ਕੀਤੀ। ਇਸ ਦੌਰਾਨ ਪ੍ਰਿਅੰਕਾ ਗਾਂਧੀ ਵਾਡਰਾ ਆਪਣੇ ਭਰਾ ਦੇ ਮੋਟਰਸਾਈਕਲ 'ਤੇ ਪਿੱਛੇ ਬੈਠੀ ਨਜ਼ਰ ਆਈ।

ਦਰਭੰਗਾ ਜ਼ਿਲ੍ਹੇ ਤੋਂ ਮੁਜ਼ੱਫਰਪੁਰ ਵਿੱਚ ਦਾਖਲ ਹੋਣ ਮੌਕੇ ਲੋਕਾਂ ਨੇ ਸੜਕਾਂ 'ਤੇ ਖੜ੍ਹ ਕੇ ਉਨ੍ਹਾਂ ਦਾ ਸਵਾਗਤ ਕੀਤਾ। 1,300 ਕਿਲੋਮੀਟਰ ਦੀ ਇਹ ਯਾਤਰਾ 17 ਅਗਸਤ ਨੂੰ ਸਾਸਾਰਾਮ ਤੋਂ ਸ਼ੁਰੂ ਹੋਈ ਸੀ ਅਤੇ 1 ਸਤੰਬਰ ਨੂੰ ਪਟਨਾ ਵਿੱਚ ਇੱਕ ਰੈਲੀ ਨਾਲ ਸਮਾਪਤ ਹੋਵੇਗੀ।

ਯਾਤਰਾ ਵਿੱਚ ਸ਼ਾਮਲ ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਕਿਹਾ ਕਿ 65 ਲੱਖ ਵੋਟਰਾਂ ਦੇ ਨਾਂਅ ਕੱਟਣੇ ਦਹਿਸ਼ਤਗਰਦੀ ਨਾਲੋਂ ਵੀ ਖਤਰਨਾਕ ਹਨ।

# ਕਰਤਾਰਪੁਰ ਸਾਹਿਬ ਦਾ ਗੁਰਦੁਆਰਾ ਪਾਣੀ 'ਚ ਘਿਰਿਆ



**ਚੰਡੀਗੜ੍ਹ :** ਪਾਕਿਸਤਾਨ ਵਿੱਚ ਰਾਵੀ ਦਰਿਆ ਵਿੱਚ ਛੱਡੇ ਗਏ ਪਾਣੀ ਕਾਰਨ ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ ਦਾ ਵੱਡਾ ਹਿੱਸਾ ਡੁੱਬ ਗਿਆ ਹੈ। ਦਰਬਾਰ ਸਾਹਿਬ ਦੀਆਂ ਮੁੱਖ ਪੌੜੀਆਂ ਦੀਆਂ ਚਾਰ ਪੌੜੀਆਂ ਪਾਣੀ ਵਿੱਚ ਡੁੱਬ ਗਈਆਂ ਹਨ ਅਤੇ ਪਾਣੀ ਦਾ ਪੱਧਰ ਲਗਾਤਾਰ ਵਧ ਰਿਹਾ ਹੈ।

ਬਾਹਰ ਸਥਿਤ ਮਜ਼ਾਰ ਪੂਰੀ ਤਰ੍ਹਾਂ ਡੁੱਬ ਚੁੱਕੀ ਹੈ, ਜਦੋਂ ਕਿ ਜ਼ਮੀਨੀ ਮੰਜ਼ਲ 'ਤੇ ਬਣੀ ਸਮਾਧ ਵੀ ਪਾਣੀ ਵਿੱਚ ਡੁੱਬ ਗਈ ਹੈ। ਹਾਲਾਂਕਿ ਰਾਹਤ ਦੀ ਗੱਲ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਸਰੂਪ ਸੁਰੱਖਿਅਤ ਹਨ, ਜਿਨ੍ਹਾਂ ਨੂੰ ਉੱਪਰਲੀ ਮੰਜ਼ਲ 'ਤੇ ਰੱਖਿਆ ਗਿਆ ਹੈ। ਪਾਕਿਸਤਾਨੀ ਸ਼ਰਧਾਲੂਆਂ ਅਤੇ ਸੇਵਾਦਾਰਾਂ ਨੂੰ ਕੱਢਣ ਲਈ ਯਤਨ ਜਾਰੀ ਹਨ।

ਰਾਵੀ ਤੇ ਬਿਆਸ ਦੇ ਨਾਲ-ਨਾਲ ਸਤਲੁਜ ਦਰਿਆ ਨੇ ਪੰਜਾਬ ਦੇ ਸੱਤ ਜ਼ਿਲ੍ਹਿਆਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ, ਜਦੋਂ ਕਿ ਹੋਰਨਾਂ 'ਤੇ ਸੰਕਟ ਬਣਿਆ ਹੋਇਆ ਹੈ। ਸੱਤ ਜ਼ਿਲ੍ਹਿਆਂ ਵਿੱਚ ਸੈਂਕੜੇ ਪਿੰਡਾਂ ਦੇ ਹਜ਼ਾਰਾਂ ਲੋਕ ਬੇਘਰ ਹੋ ਗਏ ਹਨ ਤੇ ਹਜ਼ਾਰਾਂ ਏਕੜ ਫਸਲ ਡੁੱਬ ਗਈ ਹੈ। ਰਣਜੀਤ ਸਾਗਰ ਡੈਮ ਵਿੱਚ ਪਾਣੀ ਦਾ ਪੱਧਰ 527.91 ਮੀਟਰ ਦੇ ਖਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ ਹੈ, ਇਸ ਲਈ ਡੈਮ ਤੋਂ ਪਾਣੀ ਛੱਡਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਭਾਖੜਾ ਅਤੇ ਪੌਂਗ ਡੈਮ ਤੋਂ ਵੀ ਪਾਣੀ ਛੱਡਿਆ ਜਾ ਰਿਹਾ ਹੈ।

# ਪਾਰਟੀ ਕਾਂਗਰਸ ਦੇ ਪ੍ਰਚਾਰ ਲਈ ਧੂਤ ਕਲਾਂ, ਮਾਹਿਲਪੁਰ ਤੇ ਸਤਨੌਰ 'ਚ ਮੀਟਿੰਗਾਂ



**ਹੁਸ਼ਿਆਰਪੁਰ :** ਬਾਬਾ ਸੋਹਣ ਸਿੰਘ ਭਕਨਾ ਦੀ ਯਾਦਗਾਰ ਤੋਂ ਚੱਲਿਆ ਜਥਾ ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਦੇ ਇਲਾਕਿਆਂ ਵਿੱਚ ਮੀਟਿੰਗਾਂ ਕਰਕੇ ਲੋਕਾਂ ਨੂੰ ਸੀ ਪੀ ਆਈ ਦੀ ਚੰਡੀਗੜ੍ਹ 'ਚ ਹੋ ਰਹੀ ਕੌਮੀ ਕਾਂਗਰਸ ਦੇ ਮਕਸਦ ਪ੍ਰਤੀ ਜਾਗਰੂਕ ਕਰਦਾ ਹੋਇਆ ਕਸਬਾ ਟਾਂਡਾ ਤੋਂ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਦਾਖਲ ਹੋ ਕੇ ਕਮਿਊਨਿਸਟਾਂ ਦੇ ਇਤਿਹਾਸਕ ਪਿੰਡ ਧੂਤ ਕਲਾਂ ਪਹੁੰਚਿਆ। ਹੁਸ਼ਿਆਰਪੁਰ ਜਥੇ ਦੀ ਅਗਵਾਈ ਸਾਧੂ ਸਿੰਘ ਭੱਟੀ, ਦੇਵ ਕੁਮਾਰ ਧੂਤ ਅਤੇ ਭੀਮ ਸੈਨ ਸਲੇਮਪੁਰ ਨੇ ਕੀਤੀ। ਧੂਤ ਕਲਾਂ ਮੀਟਿੰਗ ਸਰਪੰਚ ਗੁਰਦੇਵ ਕੌਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਮੁੱਖ ਤੌਰ 'ਤੇ ਸੰਤੋਖ ਸਿੰਘ ਰਾਣਾ, ਧਰਮਜੀਤ ਸਿੰਘ, ਹਰਬੰਸ ਸਿੰਘ, ਸੰਤੋਖ ਸਿੰਘ ਧੂਤ ਆਦਿ ਸਾਥੀ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਚੰਡੀਗੜ੍ਹ ਵਿੱਚ ਹੋ ਰਹੀ ਕਾਂਗਰਸ ਦੀ ਅਹਿਮ ਮਹੱਤਤਾ ਹੈ, ਕਿਉਂਕਿ ਕੌਮਾਂਤਰੀ, ਕੌਮੀ ਤੇ ਸੂਬਾਈ ਹਾਲਾਤ ਸਾਧਾਰਨ ਮਨੁੱਖ ਦੇ ਵਿਰੁੱਧ ਹਨ। ਜਵਾਨੀ ਨੂੰ ਰੁਜ਼ਗਾਰ ਨਹੀਂ ਮਿਲ ਰਿਹਾ। ਜਵਾਨੀ ਨੂੰ ਅਮਰੀਕਾ ਨੇ ਨੂੜ ਕੇ ਹਿੰਦੁਸਤਾਨ ਵਾਪਸ ਭੇਜਿਆ ਹੈ।ਕੌਮੀ ਪੱਧਰ 'ਤੇ ਮੋਦੀ ਸਰਕਾਰ ਲੋਕਾਂ ਦਾ ਧਿਆਨ ਬੜੇ ਯੋਜਨਾਬੱਧ ਢੰਗ ਨਾਲ ਮਹਿੰਗਾਈ, ਬੇਰੁਜ਼ਗਾਰੀ ਅਤੇ ਗਰੀਬੀ ਵਾਲੇ ਪਾਸਿਉਂ ਹਟਾ ਰਹੀ ਹੈ।ਜਮਹੂਰੀਅਤ ਦਾ ਕਤਲ ਕਰਨ ਦੇ ਬਾਰੇ ਲਿਖਣ ਤੇ ਬੋਲਣ ਵਾਲਿਆਂ ਨੂੰ ਜੇਲ੍ਹ ਦੀਆਂ ਕਾਲ ਕੋਠੜੀਆਂ ਵਿੱਚ ਬੰਦ ਕੀਤਾ ਹੋਇਆ ਅਤੇ ਇਹ ਅੱਗੇ ਵੀ ਜਾਰੀ ਹੈ। ਕੇਂਦਰ ਸਰਕਾਰ ਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਦੇ ਰਾਹ ਤੁਰੀ ਹੈ। ਲਗਾਤਾਰ ਨਰੇਗਾ ਦਾ ਸਾਲਾਨਾ ਬਜਟ ਘਟਾਇਆ ਜਾ ਰਿਹਾ ਹੈ।ਇਸੇ ਤਰ੍ਹਾਂ ਕੇਂਦਰੀ ਹਕੂਮਤ ਰਾਸ਼ਨ ਕਾਰਡ ਰਾਹੀਂ ਲੋਕਾਂ ਨੂੰ ਮਿਲਦੀ ਰਾਸ਼ਨ ਦੀ ਸਹੂਲਤ ਬੰਦ ਕਰਨ ਦੀ ਨੀਅਤ ਧਾਰੀ ਬੈਠੀ ਹੈ। ਮਾੜੀਮੇਘਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੇ ਕਾਂਗਰਸ ਅਤੇ ਅਕਾਲੀ ਦਲ ਦੇ ਬਦਲ ਵਜੋਂ ਬੜੇ ਚਾਵਾਂ ਨਾਲ ਬਣਾਈ ਸੀ, ਪਰ ਇਹ ਵੀ ਹੁਣ ਝੂਠੇ ਵਾਅਦਿਆਂ ਵਾਲੀ ਸਾਬਤ ਹੋਈ ਹੈ।ਮਾਹਿਲਪੁਰ ਵਿਖੇ ਪ੍ਰੋਗਰਾਮ ਕਰਨ ਤੋਂ ਬਾਅਦ ਜਥਾ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਦੇ ਪਿੰਡ ਜਾ ਕੇ ਉਸ ਮਹਾਨ ਤੇ ਲੋਕ-ਪੱਖੀ ਮਨੁੱਖ ਦੀ ਧਰਤੀ ਨੂੰ ਸਿਜਦਾ ਕਰਕੇ ਆਇਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾੜੀਮੇਘਾ ਨੇ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹਾ ਬਹੁਤ ਮਹਾਨ ਹੈ ਅਤੇ ਇਥੋਂ ਦੇ ਨਿਵਾਸੀਆਂ ਨੇ ਦੇਸ਼ ਦੀ ਆਜ਼ਾਦੀ ਅਤੇ ਆਜ਼ਾਦੀ ਤੋਂ ਬਾਅਦ ਹਿੰਦੁਸਤਾਨ ਦੇ ਆਵਾਮ ਨੂੰ ਖੁਸ਼ਹਾਲ ਬਣਾਉਣ ਲਈ ਸਿਰੜੀ ਘੋਲ ਲੜੇ ਹਨ।ਇਨ੍ਹਾਂ ਸੰਗਰਾਮੀਆਂ ਵਿੱਚ ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਅਤੇ ਮਾਸਟਰ ਹਰੀ ਸਿੰਘ ਧੂਤ ਸਿਤਾਰੇ ਵਾਂਗੂੰ ਚਮਕਦੇ ਹਨ।ਇਸ ਜਥੇ ਨੇ ਗੜਸ਼ੰਕਰ ਦੇ ਨਜ਼ਦੀਕ ਕਸਬਾ ਰੁਪੀ ਅੱਡਾ ਸਤਨੌਰ ਵਿਖੇ ਪ੍ਰੋਗਰਾਮ ਕੀਤਾ।ਸੰਬੋਧਨ ਕਰਦਿਆਂ ਮਾੜੀਮੇਘਾ ਨੇ ਕਿਹਾ ਕਿ ਦੁਆਬੇ ਦੇ ਲੋਕਾਂ ਦੇ ਵਿਦੇਸ਼ਾਂ ਵਿੱਚ ਜਾ ਕੇ ਕਿਰਤ ਕਰਨ ਦਾ ਕਾਰਨ ਇਹ ਹੈ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਸਰਮਾਏਦਾਰ ਹਕੂਮਤਾਂ ਜਵਾਨੀ ਨੂੰ ਰੁਜ਼ਗਾਰ ਦੇਣ ਵਿੱਚ ਨਾਕਾਮ ਸਾਬਤ ਹੋਈਆਂ ਹਨ।ਜੇ ਹਿੰਦੁਸਤਾਨ ਵਿੱਚ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਕਰਕੇ ਲਾਗੂ ਕੀਤਾ ਜਾਵੇ ਤਾਂ ਦੇਸ਼ ਦੇ ਹਰੇਕ ਨੌਜਵਾਨ ਨੂੰ ਰੁਜ਼ਗਾਰ ਮਿਲ ਸਕਦਾ ਹੈ।ਦੇਸ਼ ਵਿੱਚ ਕੰਮ ਦੀ ਕੋਈ ਘਾਟ ਨਹੀਂ। ਸਾਡੇ ਦੇਸ਼ ਦੇ ਬੱਚਿਆਂ ਦੀ ਪੜ੍ਹਾਈ ਲਈ ਅਧਿਆਪਕਾਂ ਦੀ ਅਤੀ ਜ਼ਰੂਰਤ ਹੈ। ਇਲਾਜ ਲਈ ਡਾਕਟਰ ਚਾਹੀਦੇ ਹਨ। ਗਰੀਬਾਂ ਨੂੰ ਘਰ ਬਣਾ ਕੇ ਦੇਣ ਦੀ ਲੋੜ ਹੈ ਪ੍ਰੋਗਰਾਮ ਵਿੱਚ ਸਾਧੂ ਸਿੰਘ ਭੱਟੀ ਤੇ ਭੀਮ ਸੈਨ ਸਲੇਮਪੁਰ ਨੇ ਵੀ ਵਿਚਾਰ ਰੱਖੇ। ਇਸ ਮੌਕੇ ਸੁਖਦੇਵ ਸਿੰਘ ਰਾਣਾ ਰਾਮਪੁਰ ਤੇ ਬਿਸ਼ਨੂ ਵੀ ਮੌਜੂਦ ਸਨ।

## ਜਮਹੂਰੀ ਢਾਂਚੇ ਨੂੰ ਤਹਿਸ-ਨਹਿਸ ਕਰ ਰਹੀ ਮੋਦੀ ਸਰਕਾਰ : ਅਮਰਜੀਤ ਕੌਰ



**ਲੁਧਿਆਣਾ (ਬਲਬੀਰ ਮਾਨ /ਜਗਦੀਸ਼ ਰਾਏ ਬੌਬੀ/ ਹਰਮਿੰਦਰ ਸੇਠ)**

ਭਾਰਤੀ ਕਮਿਊਨਿਸਟ ਪਾਰਟੀ ਦਾ 25ਵਾਂ ਮਹਾਂ-ਸੰਮੇਲਨ, 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋਣ ਜਾ ਰਿਹਾ ਹੈ, ਜੋ ਪਾਰਟੀ ਦੇ ਸੌਵੇਂ ਸਾਲ ਦੌਰਾਨ ਹੋ ਰਿਹਾ ਹੈ। ਉਸ ਦੇ ਤਹਿਤ ਦੇਸ਼-ਦੁਨੀਆ ਨੂੰ ਦਰਪੇਸ਼ ਮਸਲਿਆਂ ਅਤੇ ਉਨ੍ਹਾਂ ਦੇ ਹੱਲ ਬਾਰੇ ਲੋਕ ਚੇਤਨਾ ਪੈਦਾ ਕਰਨ ਲਈ ਪੰਜਾਬ ਵਿੱਚ ਵੱਖ-ਵੱਖ ਜੱਥੇ ਤੋਰੇ ਗਏ ਹਨ। ਇੱਕ ਜੱਥਾ ਹੁਸੈਨੀਵਾਲਾ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਯਾਦਗਾਰ ਤੋਂ ਆਰੰਭ ਹੋ ਕੇ ਬੁੱਧਵਾਰ ਉਸ ਦੀ ਸਮਾਪਤੀ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੱਦੀ ਪਿੰਡ ਸਰਾਭਾ ਵਿਖੇ ਹੋਈ। ਸਵੇਰੇ ਸਭ ਤੋਂ ਪਹਿਲਾਂ ਦੋਰਾਹਾ ਵਿਖੇ ਮੇਨ ਬਾਜ਼ਾਰ ਵਿੱਚ ਜੱਥਾ ਮਾਰਚ ਕੀਤਾ ਗਿਆ, ਰੈਲੀ ਕੀਤੀ ਗਈ ਤੇ ਉਪਰੰਤ ਮਲੌਦ ਵਿਖੇ ਪਾਰਟੀ ਦੇ ਬਲਾਕ ਸਕੱਤਰ ਭਗਵਾਨ ਸਿੰਘ ਸੋਮਲਖੇੜੀ ਦੀ ਅਗਵਾਈ ਹੇਠ ਇੱਕ ਵਿਸ਼ਾਲ ਜਨਤਕ ਸਮਾਗਮ ਕੀਤਾ ਗਿਆ, ਜਿਸ ਨੂੰ ਪ੍ਰਮੁੱਖ ਤੌਰ 'ਤੇ ਸੀ ਪੀ ਆਈ ਦੇ ਕੌਮੀ ਸਕੱਤਰੇਤ ਦੇ ਮੈਂਬਰ ਅਮਰਜੀਤ ਕੌਰ ਨੇ ਸੰਬੋਧਨ ਕੀਤਾ। ਉਹਨਾ ਦੱਸਿਆ ਕਿ ਅੱਜ ਦੇਸ਼ ਦੇ ਮਿਹਨਤਕਸ਼ ਅਵਾਮ ਦੇ ਸਾਹਮਣੇ ਬਹੁਤ ਵੱਡੀਆਂ ਚੁਣੌਤੀਆਂ ਖੜੀਆਂ ਹਨ, ਜਿਨ੍ਹਾਂ ਵਿੱਚੋਂ ਕੁਝ ਸਿਹਤ,

• ਬਾਕੀ ਸਫਾ 2 'ਤੇ

# ਉੱਘੇ ਕਮਿਊਨਿਸਟ ਤੇ ਸਾਹਿਤਕਾਰ ਜਰਨੈਲ ਸਿੰਘ ਭਾਈ ਰੂਪਾ ਸਪੁਰਦ-ਏ-ਆਤਿਸ਼

**ਬਠਿੰਡਾ (ਬਖਤੌਰ ਢਿੱਲੋਂ)**



ਉੱਘੇ ਕਮਿਊਨਿਸਟ ਅਤੇ ਸਾਹਿਤਕਾਰ ਜਰਨੈਲ ਸਿੰਘ ਭਾਈ ਰੂਪਾ ਬੁੱਧਵਾਰ ਅਚਾਨਕ ਸਦੀਵੀ ਵਿਛੋੜਾ ਦੇ ਗਏ। ਆਪਣਾ ਸਾਰਾ ਜੀਵਨ ਉਹਨਾ ਖੱਬੀ ਲਹਿਰ ਦੇ ਲੇਖੇ ਲਾਇਆ, ਲੰਮਾ ਸਮਾਂ ਉਹ ਲੈਨਿਨ ਕਿਤਾਬ ਘਰ ਤੇ ਪੰਜਾਬ ਬੁੱਕ ਸੈਂਟਰ ਬਠਿੰਡਾ ਦੇ ਪ੍ਰਬੰਧਕ ਰਹੇ। ਭਾਈ ਰੂਪਾ ਪੰਜਾਬੀ ਸਾਹਿਤ ਸਭਾ ਬਠਿੰਡਾ ਦੇ ਵੀ ਮੁਢਲੇ ਮੈਂਬਰਾਂ ਵਿੱਚ ਸ਼ਾਮਲ ਸਨ ਅਤੇ ਹੁਣ ਸਭਾ ਦੀ ਖਜ਼ਾਨਚੀ ਵਜੋਂ ਸੇਵਾ ਨਿਭਾ ਰਹੇ ਸਨ। ਉਹਨਾ ਨੂੰ ਉੱਚ ਕੋਟੀ ਦੇ ਕਮਿਊਨਿਸਟਾਂ ਜੰਗੀਰ ਸਿੰਘ ਜੋਗਾ, ਤੇਜਾ ਸਿੰਘ ਸੁਤੰਤਰ, ਧਰਮ ਸਿੰਘ ਫੱਕਰ, ਭਾਨ ਸਿੰਘ ਭੌਰਾ, ਜੁਗਿੰਦਰ ਭਸੀਨ, ਬੂਟਾ ਸਿੰਘ, ਹਰਪਾਲ ਖੋਖਰ ਹੁਰਾਂ ਨਾਲ ਪਾਰਟੀ ਦਾ ਕੰਮ ਕਰਨ ਦਾ ਮੌਕਾ ਹਾਸਲ ਸੀ। ਉਹ ਆਪਣੇ ਪਿੱਛੇ ਪਤਨੀ, ਦੋ ਪੁੱਤਰ ਅਤੇ ਪੋਤੇ-ਪੋਤੀਆਂ ਛੱਡ ਗਏ ਹਨ। ਸੀ ਪੀ ਆਈ ਦੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ, ਜਿਲ੍ਹਾ ਸਕੱਤਰ ਬਲਕਰਨ ਸਿੰਘ ਅਤੇ ਪੰਜਾਬੀ ਸਾਹਿਤ ਸਭਾ ਬਠਿੰਡਾ ਦੇ ਪ੍ਰਧਾਨ ਜਸਪਾਲ ਮਾਨਖੇੜਾ ਨੇ ਭਾਈ ਰੂਪਾ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਉਹਨਾ ਦੇ ਖੱਬੀ ਲਹਿਰ ਅਤੇ ਸਾਹਿਤਕ ਖੇਤਰ ਵਿੱਚ ਪਾਏ ਯੋਗਦਾਨ ਪ੍ਰਤੀ ਸਤਿਕਾਰ ਭੇਟ ਕੀਤਾ। ਕਾਮਰੇਡ ਭਾਈ ਰੂਪਾ ਦੇ ਪੁੱਤਰਾਂ ਨੇ ਅਗਨੀ ਵਿਖਾ ਕੇ ਮ੍ਰਿਤਕ ਸਰੀਰ ਨੂੰ ਸਪੁਰਦ-ਏ-ਆਤਿਸ਼ ਕੀਤਾ। ਉਹਨਾ ਦੇ ਅੰਤਮ ਸਸਕਾਰ ਮੌਕੇ ਹਰਦੇਵ ਅਰਸ਼ੀ, ਬਲਕਰਨ ਸਿੰਘ, ਜਸਵੀਰ ਸਿੰਘ ਆਕਲੀਆ, ਬਜ਼ੁਰਗ ਕਮਿਊਨਿਸਟ ਰਾਮਜੀ ਦਾਸ ਬਾਘਲਾ, ਇਸਤਰੀ



• ਬਾਕੀ ਸਫਾ 2 'ਤੇ

# ਝੂਠੇ ਕੇਸ ਮੜ੍ਹ ਕੇ ਜੇਲ੍ਹੀਂ ਡੱਕੇ ਵਿਦਿਆਰਥੀ ਰਿਹਾਅ ਕਰਵਾਉਣ ਲਈ ਦੇਸ਼ ਭਗਤਾਂ ਉਠਾਈ ਆਵਾਜ਼



**ਜਲੰਧਰ :** ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਮੀਤ ਪ੍ਰਧਾਨ ਕੁਲਵੰਤ ਸੰਧੂ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਵਿੱਤ ਸਕੱਤਰ ਸੀਤਲ ਸਿੰਘ ਸੰਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਲਿਖਤੀ ਬਿਆਨ ਰਾਹੀਂ ਕਿਹਾ ਕਿ ਗੁਲਫਿਸ਼ਾ ਫਾਤਿਮਾ ਐੱਮ ਬੀ ਏ ਦੀ ਵਿਦਿਆਰਥਣ, ਜੋ ਕਿ ਦਿੱਲੀ ਯੂਨੀਵਰਸਿਟੀ ਵਿਖੇ ਪੜ੍ਹਦੀ ਸੀ ਨੇ ਮੋਦੀ ਸਰਕਾਰ ਵੱਲੋਂ ਪਾਸ ਕੀਤੇ ਗਏ ਨਾਗਰਿਕਤਾ ਸੋਧ ਕਾਨੂੰਨ ਦਾ ਡਟ ਕੇ ਵਿਰੋਧ ਕੀਤਾ। ਦੁਨੀਆ ਦੀ ਸਭ ਤੋਂ ਵੱਡੀ ਜਮਹੂਰੀਅਤ ਕਹਾਉਂਦੀ ਸਾਡੇ ਮੁਲਕ ਦੀ ਭਾਜਪਾ ਹਕੂਮਤ ਦੇ ਇਸ਼ਾਰੇ 'ਤੇ ਫਾਤਿਮਾ ਨੂੰ 9 ਅਪ੍ਰੈਲ 2020 ਨੂੰ ਦਿੱਲੀ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ। ਉਹ ਅਜੇ ਵੀ ਜੇਲ੍ਹ ਦੀਆਂ ਸੀਖਾਂ ਪਿੱਛੇ ਡੱਕੀ ਹੋਈ ਹੈ।

ਇੱਥੇ ਹੀ ਬੱਸ ਨਹੀਂ, ਉਸ 'ਤੇ ਫਰਵਰੀ 2020 ਵਿੱਚ ਦਿੱਲੀ ਅੰਦਰ ਮੁਸਲਮਾਨ ਭਾਈਚਾਰੇ ਦੇ ਹੋਏ ਕਤਲੇਆਮ ਨੂੰ ਭੜਕਾਉਣ ਦਾ ਦੋਸ਼ ਲਾਉਂਦਿਆਂ ਯੂ ਏ ਪੀ ਏ ਕਾਨੂੰਨ ਮੜ੍ਹ ਦਿੱਤਾ। ਹੈ ਨਾ ਕਮਾਲ ਕਾਇਦੇ-ਕਾਨੂੰਨਾਂ ਦੀ। ਦੰਗੇ ਵੀ ਮੁਸਲਮਾਨ ਭਾਈਚਾਰੇ ਖਿਲਾਫ਼ ਉਲਟਾ ਕੇਸ ਵੀ ਮੁਸਲਮਾਨ ਭਾਈਚਾਰੇ 'ਤੇ ਮੜ੍ਹੇ ਅਤੇ ਉਹ ਅੱਜ ਤੱਕ ਜੇਲ੍ਹ ਦੀ ਹਵਾ ਖਾ ਰਹੇ ਨੇ।200 ਤੋਂ ਵੱਧ ਕਾਰਕੁਨਾਂ ਤੇ ਵਕੀਲਾਂ ਨੇ ਦੋਸ਼ ਲਾਇਆ ਕਿ ਜੇਲ੍ਹ ਵਿੱਚ ਫਾਤਿਮਾ 'ਤੇ ਮਾਨਸਿਕ ਤਸ਼ੱਦਦ ਢਾਹਿਆ ਜਾ ਰਿਹਾ ਹੈ।

• ਬਾਕੀ ਸਫਾ 2 'ਤੇ

## ਐੱਸ ਪੀ ਐੱਸ ਪਰਮਾਰ ਦੀ ਮੁਅੱਤਲੀ ਰੱਦ



**ਚੰਡੀਗੜ੍ਹ :** ਪੰਜਾਬ ਸਰਕਾਰ ਨੇ ਸਾਬਕਾ ਵਿਜੀਲੈਂਸ ਚੀਫ ਸੁਰਿੰਦਰ ਪਾਲ ਸਿੰਘ ਪਰਮਾਰ ਨੂੰ ਮੁਅੱਤਲ ਕਰਨ ਦੇ ਆਦੇਸ਼ ਵਾਪਸ ਲੈ ਲਏ ਹਨ। ਸਰਕਾਰ ਨੇ 25 ਅਪਰੈਲ ਨੂੰ ਕੁਰੱਪਸ਼ਨ ਵਿਰੋਧੀ ਮੁਹਿੰਮ ਤਹਿਤ ਵਿਜੀਲੈਂਸ ਬਿਊਰੋ ਦੇ ਉਸ ਸਮੇਂ ਦੇ ਮੁੱਖ ਡਾਇਰੈਕਟਰ ਸੁਰਿੰਦਰ ਪਾਲ ਸਿੰਘ ਪਰਮਾਰ ਨੂੰ ਮੁਅੱਤਲ ਕਰ ਦਿੱਤਾ ਸੀ।

ਸਰਕਾਰ ਨੇ ਵਿਜੀਲੈਂਸ ਰੇਂਜ ਜਲੰਧਰ ਦੇ ਐੱਸ ਐੱਸ ਪੀ ਹਰਪ੍ਰੀਤ ਸਿੰਘ ਅਤੇ ਏ ਆਈ ਜੀ (ਫਲਾਇੰਗ ਸਕੁਐਡ) ਸਵਰਨਦੀਪ ਸਿੰਘ ਨੂੰ ਵੀ ਮੁਅੱਤਲ ਕਰਨ ਦੇ ਹੁਕਮ ਜਾਰੀ ਕੀਤੇ ਸਨ।

## ਅੱਜ-ਨਾਮਾ

ਬਹੁੜੀ-ਬਹੁੜੀ ਚੁਤਰਫ ਇਹ ਹੋਈ ਜਾਵੇ,
ਹੜ੍ਹ ਦਾ ਪਾਣੀ ਨਹੀਂ ਹੁੰਦਾ ਏ ਠੱਲ੍ਹ ਬੇਲੀ।
ਵਧ ਗਿਆ ਅੱਜ ਆ ਜਾਪਦਾ ਸਾਰਿਆਂ ਨੂੰ,
ਜਿੱਦਾਂ ਦਾ ਲੋਕਾਂ ਉਹ ਵੇਖਿਆ ਕੱਲ੍ਹ ਬੇਲੀ।
ਆਪਣੇ ਪਿੰਡਾਂ ਦੀ ਦਿੱਸੇਗੀ ਮਾਰ ਸਭ ਨੂੰ,
ਪਤਾ ਨਹੀਂ ਹੁੰਦਾ ਕੀ ਹੋਰਾਂ ਦੇ ਵੱਲ ਬੇਲੀ।
ਜੀਹਨਾਂ ਲੋਕਾਂ ਦੇ ਸਿਰੀਂ ਆ ਪਈ ਔਕੜ,
ਪਤਾ ਨਹੀਂ ਕਿੱਦਾਂ ਦੀ ਰਹੇ ਨੇ ਝੱਲ ਬੇਲੀ।
ਮੁਸ਼ਕਲ ਉਹਨਾਂ ਦੀ ਆਪਣੀ ਜਾਣੀਏ ਜੀ,
ਇਹੀਉ ਸਾਰਿਆਂ ਮੂਹਰੇ ਹੈ ਅਰਜ਼ ਬੇਲੀ।
ਜਿੰਨੀ ਹੁੰਦੀ ਆ, ਪੀੜਤ ਦੀ ਬਾਂਹ ਫੜੀਏ,
ਕਰੀਏ ਅਸੀਂ ਵੀ ਯਾਦ ਕੁਝ ਫਰਜ਼ ਬੇਲੀ।

-ਤੀਸ ਮਾਰ ਖਾਂ

# ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੇ ਪਰਵਾਰ ਵੱਲੋਂ 51 ਹਜ਼ਾਰ ਦੀ ਸਹਾਇਤਾ



**ਮੋਗਾ :** ਪੰਜਾਬ ਦੇ ਮੁਲਾਜ਼ਮਾਂ, ਮਜ਼ਦੂਰਾਂ, ਸਮੁੱਚੀ ਟਰੇਡ ਯੂਨੀਅਨ ਤੇ ਕਮਿਊਨਿਸਟ ਲਹਿਰ ਦੇ ਮਹਿਬੂਬ ਆਗੂ ਸ਼ਹੀਦ ਨਛੱਤਰ ਸਿੰਘ ਧਾਲੀਵਾਲ, ਜੋ ਭਾਰਤ ਦੀ ਏਕਤਾ, ਅਖੰਡਤਾ, ਆਪਸੀ ਭਾਈਚਾਰਕ ਸਾਂਝ ਤੇ ਸਾਂਝੀਵਾਲਤਾ ਦਾ ਸੁਨੇਹਾ ਦਿੰਦੇ 21 ਅਕਤੂਬਰ 1988 ਨੂੰ ਸ਼ਹੀਦੀ ਪਾ ਗਏ ਸਨ, ਦੀ ਸ਼ਹਾਦਤ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਸੀ, ਪਰ ਇੱਕ ਗੱਲ 'ਤੇ ਫ਼ਖ਼ਰ ਤੇ ਮਾਣ ਮਹਿਸੂਸ ਹੁੰਦਾ ਹੈ ਕਿ ਉਹ ਨਾ ਸਿਰਫ ਦਲੇਰੀ ਅਤੇ ਬੇਬਾਕੀ ਨਾਲ ਦੇਸ਼ ਤੋੜਨ ਵਾਲਿਆਂ ਖਿਲਾਫ ਬਾਦਲੀਲ ਬਹਾਦਰੀ ਨਾਲ ਲੜਦੇ ਸ਼ਹੀਦ ਹੋਏ, ਸਗੋਂ ਆਪਣੇ ਪਿੱਛੇ ਇੱਕ ਦਲੇਰਾਨਾ ਪਰਵਾਰਕ ਵਿਰਾਸਤ ਛੱਡ ਕੇ ਗਏ। ਉਹਨਾ ਦਾ ਸਮੁੱਚਾ ਪਰਵਾਰ ਉਹਨਾਂ ਵੱਲੋਂ ਦਰਸਾਏ ਗਏ ਰਾਹ 'ਤੇ ਅਡੋਲ ਹੈ ਅਤੇ ਪਰਵਾਰ ਦੇ ਮੈਂਬਰ ਗਰੀਬਾਂ, ਮਜ਼ਲੂਮਾਂ, ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਨਾਲ ਹੋ ਰਹੀਆਂ ਸਮਾਜਿਕ, ਆਰਥਿਕ ਬੇਇਨਸਾਫੀਆਂ ਵਿਰੁੱਧ ਕਮਿਊਨਿਸਟ ਧਿਰਾਂ ਨਾਲ ਸੰਬੰਧਤ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਦੀ ਭੂਮਿਕਾ ਨਿਭਾਉਂਦਿਆਂ ਲੜਾਈ ਦੇ ਮੈਦਾਨ ਵਿੱਚ ਹਨ। ਉਹਨਾਂ ਦੇ ਵੱਡੇ ਪੁੱਤਰ ਕਾਮਰੇਡ ਗੁਰਮੀਤ ਧਾਲੀਵਾਲ ਏਟਕ ਨਾਲ ਸੰਬੰਧਤ ਬਿਜਲੀ ਬੋਰਡ ਦੇ ਮੁਲਾਜ਼ਮਾਂ ਦੀ ਜਥੇਬੰਦੀ ਦੇ ਆਗੂ ਹਨ ਅਤੇ ਛੋਟੇ ਪੁੱਤਰ ਮਰਹੂਮ ਕਾਮਰੇਡ ਪਰਦੀਪ ਧਾਲੀਵਾਲ ਰੋਡਵੇਜ਼ ਮੁਲਾਜ਼ਮਾਂ ਦੀ ਜਥੇਬੰਦੀ ਦੇ ਆਗੂ ਤਾਂ ਸਨ ਹੀ, ਨਾਲ-ਨਾਲ ਉਨ੍ਹਾ ਦਾ ਜ਼ਿਲ੍ਹਾ ਮੋਗਾ ਵਿੱਚ ਨੌਜਵਾਨਾਂ ਦੀ ਜਥੇਬੰਦੀ ਅਤੇ ਰੁਜ਼ਗਾਰ ਪ੍ਰਾਪਤੀ ਚੇਤਨਾ ਮੁਹਿੰਮ ਉਸਾਰਨ ਵਿੱਚ ਵੱਡਮੁੱਲਾ ਯੋਗਦਾਨ ਸੀ। ਕਾਮਰੇਡ ਧਾਲੀਵਾਲ ਦੇ ਛੋਟੇ ਭਰਾ ਕਾਮਰੇਡ ਗੁਰਮੁਖ ਸਿੰਘ ਸਰਬ ਭਾਰਤ ਨੌਜਵਾਨ ਸਭਾ ਦੇ ਆਗੂ ਰਹੇ। ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੇ ਭਤੀਜੇ ਅਤੇ ਗੁਰਮੁਖ ਸਿੰਘ ਧਾਲੀਵਾਲ ਦੇ ਸਪੁੱਤਰ ਕੁਲਦੀਪ ਭੋਲਾ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਸਕੱਤਰ ਅਤੇ ਕਾਮਰੇਡ ਗੁਰਮੁਖ ਸਿੰਘ ਦੇ ਦੂਜੇ ਪੁੱਤਰ ਕਾਮਰੇਡ ਕੁਲਵੰਤ ਸਿੰਘ ਧਾਲੀਵਾਲ ਸਾਬਕਾ ਸਰਪੰਚ ਤੇ ਕਿਸਾਨ ਸਭਾ ਦੇ ਆਗੂ ਹਨ। ਇਸੇ ਤਰ੍ਹਾਂ ਉਹਨਾ ਦੀ ਸਪੁੱਤਰੀ ਰਗਦੀਸ਼ ਕੌਰ ਬਰਾੜ ਆਂਗਣਵਾੜੀ ਵਰਕਰ ਯੂਨੀਅਨ (ਏਟਕ) ਦੀ ਜ਼ਿਲ੍ਹੇ ਦੀ ਆਗੂ ਹੈ।

ਇਸੇ ਪਰਵਾਰ ਵਿੱਚੋਂ ਪ੍ਰਗਟ ਸਿੰਘ ਧਾਲੀਵਾਲ ਅਮਰੀਕਾ ਪ੍ਰਵਾਸ ਕਰਨ ਤੋਂ ਪਹਿਲਾਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਨ ਅਤੇ ਹੁਣ ਇੰਡੋ-ਅਮਰੀਕਨ ਹੈਰੀਟੇਜ ਸੰਸਥਾ ਦੇ ਆਗੂਆਂ 'ਚੋਂ ਇੱਕ ਹਨ।ਸਮੁੱਚੇ ਪਰਵਾਰ ਵੱਲੋਂ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਸਾਂਝੀ ਇਨਕਲਾਬੀ ਵਿਰਾਸਤ ਦੇ ਸਨਮਾਨ 'ਚ ਉਹਨਾਂ ਦੇ ਸਪੁੱਤਰ ਕਾਮਰੇਡ ਗੁਰਮੀਤ ਸਿੰਘ ਧਾਲੀਵਾਲ ਅਤੇ ਅਮਰੀਕਾ ਨਿਵਾਸੀ ਨੂੰਹ ਸਵਰਨਜੀਤ ਕੌਰ ਪਤਨੀ ਮਰਹੂਮ ਕਾਮਰੇਡ ਪ੍ਰਦੀਪ ਧਾਲੀਵਾਲ ਨੇ ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਮੌਕੇ 51 ਹਜ਼ਾਰ ਰੁਪਏ ਸਹਾਇਤਾ ਭੇਜੀ ਹੈ। ਭਾਰਤੀ ਕਮਿਊਨਿਸਟ ਪਾਰਟੀ ਪਰਵਾਰ ਦੀ ਧੰਨਵਾਦੀ ਹੈ। ਇਹ ਜਾਣਕਾਰੀ ਡਾਕਟਰ ਇੰਦਰਵੀਰ ਗਿੱਲ ਨੇ ਸਾਂਝੀ ਕੀਤੀ।

# ਸਸਕਾਰ ਜੋਗੇ ਪੈਸੇ ਨਹੀਂ ਸੀ, ਨਵਜੰਮੇ ਦੀ ਲਾਸ਼ ਲਿਫਾਫੇ 'ਚ ਪਾ ਕੇ ਸੁੱਟ'ਤੀ, ਪਿਤਾ ਗ੍ਰਿਫਤਾਰ

**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਰਾਜਿੰਦਰਾ ਹਸਪਤਾਲ ਪਟਿਆਲਾ ਦੇ ਵਾਰਡ ਨੰਬਰ 4 ਵਿੱਚ ਮੰਗਲਵਾਰ ਸ਼ਾਮ ਇੱਕ ਅਵਾਰਾ ਕੁੱਤੇ ਵੱਲੋਂ ਨਵਜੰਮੇ ਬੱਚੇ ਦਾ ਕੱਟਿਆ ਹੋਇਆ ਸਿਰ ਚੁੱਕ ਕੇ ਲੈ ਜਾਣ ਦੇ ਕੁਝ ਘੰਟਿਆਂ ਬਾਅਦ ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਨੇ ਕੇਸ ਨੂੰ ਸੁਲਝਾਉਣ ਅਤੇ ਮ੍ਰਿਤਕ ਬੱਚੇ ਦੇ ਪਿਤਾ ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ ਮੁਲਜ਼ਮ ਦੀ ਪਛਾਣ ਗਿਰਧਾਰੀ ਲਾਲ ਵਜੋਂ ਹੋਈ ਹੈ। ਉਸ ਨੇ ਅੰਤਮ ਸੰਸਕਾਰ ਕਰਨ ਦੀ ਬਜਾਏ ਇੱਕ ਕਾਲੇ ਲਿਫਾਫੇ ਵਿੱਚ ਨਵਜੰਮੇ ਬੱਚੇ ਦੀ ਲਾਸ਼ ਨੂੰ ਕੂੜੇ ਦੇ ਢੇਰ ਵਿੱਚ ਸੁੱਟ ਦਿੱਤਾ, ਜਿੱਥੋਂ ਇਹ ਨੇੜੇ ਦੇ ਡੰਪ 'ਤੇ ਪਹੁੰਚ ਗਿਆ। ਇਸ ਦੌਰਾਨ ਆਵਾਰਾ ਕੁੱਤੇ ਨੇ ਕੂੜੇ ਦੇ ਢੇਰ 'ਚੋਂ ਸਿਰ ਲੱਭ ਲਿਆ ਤੇ ਹਸਪਤਾਲ ਦੇ ਅੰਦਰ ਲੈ ਗਿਆ। ਮ੍ਰਿਤਕ ਦੇਹ ਦੇ ਗੁਪਤ ਨਿਪਟਾਰੇ ਲਈ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਬੀ ਐੱਨ ਐੱਸ ਦੀ ਧਾਰਾ 94 ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਹਸਪਤਾਲ ਦੇ ਅਧਿਕਾਰੀਆਂ ਦੇ ਅਨੁਸਾਰ ਜੋੜਾ 24 ਅਗਸਤ ਨੂੰ ਰਾਤ 8.25 ਵਜੇ ਦੇ ਕਰੀਬ ਹਸਪਤਾਲ ਪਹੁੰਚਿਆ ਸੀ ਅਤੇ ਔਰਤ ਨੇ ਇੱਕ ਮਰੇ ਹੋਏ ਬੱਚੇ ਨੂੰ ਜਨਮ ਦਿੱਤਾ, ਜਿਸ ਨੂੰ ਇੰਟਰਾਯੂਟਰਾਈਨ ਮੌਤ (ਆਈ ਯੂ ਡੀ) ਵਜੋਂ ਸ਼੍ਰੇਣੀਬੱਧ ਕੀਤਾ ਗਿਆ ਸੀ।

ਹਸਪਤਾਲ ਪ੍ਰਸ਼ਾਸਨ ਨੇ 25 ਅਗਸਤ ਨੂੰ ਲਾਸ਼ ਪਰਵਾਰ ਨੂੰ ਸੌਂਪ ਦਿੱਤੀ, ਪਰ ਗਿਰਧਾਰੀ ਲਾਲ ਨੇ ਪੁਲਸ ਨੂੰ ਦੱਸਿਆ ਕਿ ਉਹ ਗਰੀਬ ਸੀ ਅਤੇ ਉਸ ਕੋਲ ਅੰਤਮ ਸੰਸਕਾਰ ਕਰਨ ਦਾ ਸਾਧਨ ਨਹੀਂ ਸੀ, ਇਸ ਲਈ ਉਸ ਨੇ ਲਾਸ਼ ਨੂੰ ਸੁੱਟਣ ਦਾ ਫੈਸਲਾ ਕੀਤਾ। ਇਸੇ ਦੌਰਾਨ ਸਿਹਤ ਮੰਤਰੀ ਬਲਬੀਰ ਸਿੰਘ ਨੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ। ਡਾਕਟਰ ਬਲਬੀਰ ਸਿੰਘ ਨੇ ਹਸਪਤਾਲ ਦਾ ਦੌਰਾ ਕੀਤਾ ਅਤੇ ਅਜਿਹੀ ਘਟਨਾ ਮੁੜ ਵਾਪਰਨ ਤੋਂ ਰੋਕਣ ਲਈ ਢੁਕਵੇਂ ਕਦਮ ਉਠਾਉਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਉਹਨਾ ਦੱਸਿਆ ਕਿ ਪੈਦਾ ਹੋਏ ਅਣਚਾਹੇ ਬੱਚਿਆਂ ਦੀ ਸੰਭਾਲ ਲਈ ਪੰਘੂੜੇ ਲਗਾਏ ਜਾਣਗੇ ਅਤੇ ਜਿਹੜੇ ਮਾਪੇ ਪੇਟ 'ਚ ਮਰੇ ਹੋਏ ਬੱਚਿਆਂ ਦੀਆਂ ਅੰਤਮ ਰਸਮਾਂ ਨਿਭਾਉਣ ਤੋਂ ਕਿਸੇ ਕਾਰਨ ਅਸਮਰੱਥ ਹੁੰਦੇ ਹਨ, ਅਜਿਹੇ ਬੱਚਿਆਂ ਦੇ ਮ੍ਰਿਤਕ ਸਰੀਰ ਸਮੇਟਣ ਲਈ ਵੀ ਠੋਸ ਕਦਮ ਉਠਾਏ ਜਾਣਗੇ।ਸਿਹਤ ਮੰਤਰੀ ਨੇ ਹਸਪਤਾਲ ਵਿੱਚ ਸੁਰੱਖਿਆ ਪ੍ਰਬੰਧਾਂ, ਕੂੜੇ ਦੇ ਢੇਰਾਂ 'ਤੇ ਸੀ ਸੀ ਟੀ ਵੀ ਕੈਮਰਿਆਂ ਸਮੇਤ ਅਵਾਰਾ ਕੁੱਤਿਆਂ ਦੇ ਹੱਲ ਲਈ ਵੀ ਚਰਚਾ ਕੀਤੀ।

CMYK

28-AUG-PAGE-1.qxd 8/27/2025 9:36 PM Page 2



## ਆਲ ਇੰਡੀਆ ਹਿਊਮਨ ਰਾਈਟਸ ਵੱਲੋਂ 186ਵਾਂ ਪੈਨਸ਼ਨ ਵੰਡ ਸਮਾਰੋਹ



**ਜਗਰਾਉਂ (ਸੰਜੀਵ ਅਰੋੜਾ)**-ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਇਕਾਈ ਜਗਰਾਉਂ ਨੇ 186ਵਾਂ ਪੈਨਸ਼ਨ ਅਤੇ ਰਾਸ਼ਨ ਵੰਡ ਸਮਾਰੋਹ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਕਰਵਾਇਆ, ਜਿਸ 'ਚ ਐਡਵੋਕੇਟ ਦਿਨੇਸ਼ ਕਤਿਆਲ ਨੇ ਮੁੱਖ ਮਹਿਮਾਨ, ਜਦੋਂ ਕਿ ਗੈਸਟ ਆਫ਼ ਆਨਰ ਵੰਸ਼ਿਕਾ ਕਤਿਆਲ ਅਤੇ ਰੁਦਰ ਕਤਿਆਲ ਸਨ। ਦਿਨੇਸ਼ ਕਤਿਆਲ ਨੇ ਆਪਣੀ ਸਵ: ਪਤਨੀ ਰਿਤੂ ਕਤਿਆਲ ਦੀ ਯਾਦ 'ਚ 25 ਬਜ਼ੁਰਗਾਂ ਨੂੰ ਪੈਨਸ਼ਨ ਵੰਡ ਕੇ ਨੇਕ ਉਪਰਾਲਾ ਕੀਤਾ। ਵਿੱਕੀ ਔਲਖ ਅਤੇ ਮਨਮੋਹਨ ਸਿੰਘ ਨੇ ਹਰੇਕ ਬਜ਼ੁਰਗ ਨੂੰ ਆਟੇ ਦੀਆਂ ਥੈਲੀਆਂ ਵੰਡ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਸਾਰੇ ਹੀ ਮੈਂਬਰ ਸਾਹਿਬਾਨ ਨੇ ਸਵ: ਰਿਤੂ ਕਤਿਆਲ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਇਸ ਮੌਕੇ ਸਟੇਜ ਸੈਕਟਰੀ ਦਮਨਦੀਪ ਸਿੰਘ ਨੇ ਕਿਹਾ ਕਿ ਅੱਜ ਦੇ ਯੁੱਗ 'ਚ ਕੋਈ ਵਿਰਲਾ ਹੀ ਹੁੰਦਾ ਹੈ, ਜੋ ਇਸ ਤਰ੍ਹਾਂ ਬਜ਼ੁਰਗਾਂ ਦੀ ਮਦਦ ਕਰਦਾ ਹੈ। ਸੈਕਟਰੀ ਫਾਈਨਾਂਸ ਰਾਜਨ ਬਾਂਸਲ ਨੇ ਕਿਹਾ ਕਿ ਜ਼ਿੰਦਗੀ ਦੇ ਪਹਿਲੇ ਅਤੇ ਅਖੀਰਲੇ ਪੰਨੇ ਤੇ ਤਰੀਕ ਪ੍ਰਮਾਤਮਾ ਦੀ ਖੁਦ ਦੀ ਲਿਖੀ ਹੁੰਦੀ ਹੈ, ਜਦਕਿ ਵਿਚਕਾਰਲੇ ਪੰਨੇ ਮਨੁੱਖ ਨੇ ਆਪਣੇ ਕਰਮਾਂ ਨਾਲ ਭਰਨੇ ਹੁੰਦੇ ਹਨ। ਪ੍ਰਧਾਨ ਮਨਜਿੰਦਰਪਾਲ ਸਿੰਘ ਹਨੀ ਨੇ ਆਏ ਹੋਏ ਮਹਿਮਾਨਾਂ ਅਤੇ ਸੰਸਥਾ ਦੇ ਮੈਂਬਰਾਂ ਨੂੰ ਜੀ ਆਇਆਂ ਨੂੰ ਅਤੇ ਧੰਨਵਾਦ ਕੀਤਾ। ਇਸ ਸੇਵਾ 'ਚ ਸ਼ਾਮਲ ਸੰਸਥਾ ਦੇ ਪੈਟਰਨ ਬੀ.ਕੇ. ਗੋਇਲ, ਵਾਈਸ ਪ੍ਰਧਾਨ ਪ੍ਰੋਫੈਸਰ ਕਰਮ ਸਿੰਘ ਸੰਧੂ, ਜੁਆਇੰਟ ਸੈਕਟਰੀ ਡਾ: ਰਜਨੀਸ਼ਪਾਲ ਸਿੰਘ, ਜੁਆਇੰਟ ਸੈਕਟਰੀ ਜਸਪਾਲ ਸਿੰਘ, ਪਬਲੀਸਿਟੀ ਅਫ਼ਸਰ ਆਸ਼ੀਸ਼ ਕਪੂਰ, ਪਬਲੀਸਿਟੀ ਅਫ਼ਸਰ ਨਵਦੀਪ ਬਾਵਾ ਅਤੇ ਪਬਲੀਸਿਟੀ ਅਫ਼ਸਰ ਅੱਛਰੂ ਸਿੰਗਲਾ ਨੇ ਹਿੱਸਾ ਲਿਆ। ਇਨ੍ਹਾਂ ਸਾਰੇ ਹੀ ਮੈਂਬਰ ਸਾਹਿਬਾਨ ਨੇ ਗੁਰਦੁਆਰਾ ਭਜਨਗੜ੍ਹ ਕਮੇਟੀ ਪ੍ਰਧਾਨ ਅਤੇ ਕਮੇਟੀ ਦਾ ਧੰਨਵਾਦ ਕੀਤਾ।

# ਸਾਹਿਤ ਸਭਾ ਮਾਛੀਵਾੜਾ ਦੀ ਮਿਲਣੀ 'ਚ ਚੱਲਿਆ ਰਚਨਾਵਾਂ ਦਾ ਦੌਰ



**ਸਮਰਾਲਾ (ਸੁਰਜੀਤ ਸਿੰਘ)**
ਸਾਹਿਤ ਸਭਾ ਮਾਛੀਵਾੜਾ ਰਜਿ: ਦੀ ਮਾਸਿਕ ਇਕੱਤਰਤਾ 'ਸ਼ਬਦ ਲਾਇਬ੍ਰੇਰੀ' ਵਿਖੇ ਸਭਾ ਦੇ ਪ੍ਰਧਾਨ ਐਸ. ਨਸੀਮ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਦੋ ਵੱਖ ਵੱਖ ਸ਼ੋਕ ਮਤਿਆਂ ਰਾਹੀਂ ਸ਼ਾਇਰ ਸ਼੍ਰੀਰਾਮ ਅਰਸ਼ ਤੇ ਮਰਹੂਮ ਸ਼ਾਇਰ ਕੁਲਵੰਤ ਨੀਲੋਂ ਹੋਰਾਂ ਦੇ ਸਪੁੱਤਰ ਰਾਮਪਾਲ ਸਿੰਘ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਰਚਨਾਵਾਂ ਦੇ ਦੌਰ ਵਿੱਚ ਅਵਤਾਰ ਸਿੰਘ ਉਟਾਲਾਂ ਨੇ ਕਵਿਤਾ 'ਬਾਪੂ', ਕਸ਼ਮੀਰ ਸਿੰਘ ਨੇ ਗੀਤ, ਨਵਦੀਪ ਸ਼ਰਮਾ ਨੇ ਕਵਿਤਾ, ਡਾ. ਅਮਰਜੀਤ ਸਹਿਗਲ ਨੇ ਕਵਿਤਾ 'ਹਸ਼ਰ', ਨਛੱਤਰ ਸਿੰਘ ਨੇ ਗੀਤ ਅਤੇ ਖਰੜ ਤੋਂ ਪਧਾਰੇ ਮੋਹਣ ਲਾਲ ਰਾਹੀ ਨੇ ਅਨੁਵਾਦਿਤ ਕਵਿਤਾ 'ਲੋਕਤੰਤਰ' ਸੁਣਾਈ।ਇਨ੍ਹਾਂ ਸਾਰੀਆਂ 'ਤੇ ਚਰਚਾ ਦੇ ਨਾਲ ਨਾਲ ਤਾਰੀਫ਼ ਵੀ ਹੋਈ।

ਸ਼ਾਇਰ ਬਲਜਿੰਦਰ ਸਿੰਘ ਨੇ ਗ਼ਜ਼ਲ 'ਜਾਗਦੇ ਜਾਂ ਸੁੱਤਿਆਂ ਨੂੰ ਚੈਨ ਕਦ ਇਕ ਪਲ ਰਿਹਾ ਹੈ, ਜਾਪਦੈ ਅੰਦਰ ਜਿਵੇਂ ਇੱਕ ਯੁੱਧ ਮੁਸੱਲਸਲ ਚੱਲ ਰਿਹਾ ਹੈ' ਤੇ ਨਿਰਵੈਰ ਕੌਰ ਨੇ ਗ਼ਜ਼ਲ 'ਜੋ ਦਰਦ ਹੰਢਾਵੇ ਰਾਤਾਂ ਦਾ ਉਹਦੀ ਤਾਂਘ ਹਨੇਰਾ ਕੀ ਜਾਣੇ' ਸੁਣਾਈ। ਦੋਵਾਂ ਰਚਨਾਵਾਂ ਨੂੰ ਦਾਦ ਮਿਲੀ।ਇਸ ਉਪਰੰਤ ਸ਼ਾਇਰ ਹਰਨਾਮ ਸਿੰਘ ਡੱਲਾ ਨੇ ਗ਼ਜ਼ਲ 'ਮੈਂ ਪੋਰਸ ਹਾਂ ਸਿਕੰਦਰ ਹੈਂ ਤੂੰ ਭਾਵੇਂ ਮਾਰ ਦੇ ਮੈਨੂੰ, ਯੋਧਿਆਂ ਲਈ ਜੋ ਬਣਦਾ ਹੈ ਉਹੀ ਸਤਿਕਾਰ ਦੇ ਮੈਨੂੰ' ਸੁਣਾਈ।

ਸ਼ਾਇਰ ਨਿਰੰਜਨ ਸੂਖਮ ਨੇ ਗ਼ਜ਼ਲ 'ਤੱਕ ਕੇ ਤੇਰੇ ਗਰਾਂ ਹਰ ਵਕਤ ਚਾਨਣ ਸੋਚਦੇ ਹਾਂ, ਨੇਰ੍ਹ ਢੋਂਦੇ ਜੀਅ ਰਹੇ ਵਾਸੀ ਅਸੀਂ ਕਿਸ ਧਰਤ ਦੇ ਹਾਂ' ਸੁਣਾਈ।ਅੰਤ ਵਿੱਚ ਐਸ. ਨਸੀਮ ਨੇ ਗ਼ਜ਼ਲ 'ਰਿਸ਼ਤੇ ਹਵਸ ਨੇ ਖਾ ਲਏ ਦੁਨੀਆ ਬਦਲ ਗਈ, ਹੋਏ ਸ਼ਰੀਕ ਆਪਣੇ ਦੁਨੀਆ ਬਦਲ ਗਈ' ਸੁਣਾਈ, ਜਿਸ ਨੂੰ ਬਹੁਤ ਦਾਦ ਮਿਲੀ।ਪੜ੍ਹੀਆਂ ਗਈਆਂ ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਗੁਰਭਗਤ ਸਿੰਘ, ਜੱਗਦੀਪ ਕੌਰ ਅਤੇ ਹਾਜ਼ਰ ਸਾਹਿਤਕਾਰਾਂ ਨੇ ਭਾਗ ਲਿਆ। ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ।ਅੰਤ ਵਿੱਚ ਪ੍ਰਧਾਨ ਐਸ.ਨਸੀਮ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਝੋਨੇ ਦੀ ਪਰਾਲੀ ਸਾੜਨ ਤੋਂ ਮੁਕਤ ਜ਼ਿਲ੍ਹਾ ਬਣਾਉਣ ਲਈ ਪ੍ਰਸ਼ਾਸਨ ਤੇ ਪੁਲਸ ਮੁਸਤੈਦ : ਡੀ ਸੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਝੋਨੇ ਦੀ ਪਰਾਲੀ ਸਾੜਨ ਤੋਂ ਮੁਕਤ ਜ਼ਿਲ੍ਹਾ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਪੂਰੀ ਤਰ੍ਹਾਂ ਮੁਸਤੈਦ ਹੈ।ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਆਉਂਦੇ ਝੋਨੇ ਦੇ ਸੀਜ਼ਨ ਦੇ ਮੱਦੇਨਜ਼ਰ, ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਕੀਤੇ ਜਾਣ ਵਾਲੇ ਉਪਰਾਲਿਆਂ ਬਾਰੇ ਵਿਚਾਰ ਵਟਾਂਦਰਾ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਪਿਛਲੇ ਦੋ ਸਾਲਾਂ ਵਿੱਚ ਪ੍ਰਸ਼ਾਸਨਿਕ ਯਤਨਾਂ ਅਤੇ ਕਿਸਾਨਾਂ ਵੱਲੋਂ ਦਿੱਤੇ ਗਏ ਭਰਵੇਂ ਸਹਿਯੋਗ ਸਦਕਾ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਵੱਡੀ ਕਮੀ ਸਾਹਮਣੇ ਆਈ ਹੈ ਤੇ ਇਸ ਵਾਰ ਅਜਿਹੇ ਮਾਮਲਿਆਂ ਨੂੰ ਸੌ ਫ਼ੀਸਦੀ ਠੱਲ੍ਹ ਪਾਈ ਜਾਵੇਗੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਸਖਤੀ ਨਾਲ ਰੋਕਣ ਲਈ ਪਿੰਡਾਂ ਵਿੱਚ ਨੋਡਲ ਅਫ਼ਸਰ, ਕਲਸਟਰ ਅਫ਼ਸਰ ਅਤੇ ਵਿਸ਼ੇਸ਼ ਚੌਕਸੀ ਟੀਮਾਂ ਦਾ ਗਠਨ ਕੀਤਾ ਜਾ ਰਿਹਾ ਹੈ।ਉਨ੍ਹਾਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਸਹਿਕਾਰਤਾ ਵਿਭਾਗ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹੁਣ ਤੋਂ ਹੀ ਪਿੰਡਾਂ ਵਿੱਚ ਕਿਸਾਨਾਂ ਤੇ ਜ਼ਿਮੀਦਾਰਾਂ ਨੂੰ ਪਰਾਲੀ ਸਾੜਨ ਨਾਲ ਧਰਤੀ ਮਾਂ ਤੇ ਵਾਤਾਵਰਣ ਨੂੰ ਪਹੁੰਚਣ ਵਾਲੇ ਨੁਕਸਾਨਾਂ ਬਾਰੇ ਜਾਣੂ ਕਰਾਉਂਦੇ ਹੋਏ ਨਾੜ ਸਾੜਨ ਜਿਹੀ ਕੁਰੀਤੀ ਨੂੰ ਬੰਦ ਕਰਾਉਣ ਵਿੱਚ ਨਿੱਗਰ ਯੋਗਦਾਨ ਪਾਉਣ।ਉਨ੍ਹਾਂ ਨੇ ਸਮੂਹ ਸਬ ਡਵੀਜ਼ਨ ਵਿਚ ਉਪ ਮੰਡਲ ਮੈਜਿਸਟਰੇਟ ਅਤੇ ਡੀਐਸਪੀਜ਼ ਨੂੰ ਇਸ ਮੁਹਿੰਮ ਦੀ ਨਿਰੰਤਰ ਅਗਵਾਈ ਕਰਦੇ ਰਹਿਣ ਤੇ ਪਰਾਲੀ ਪ੍ਰਬੰਧਨ ਕਰਨ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਤ ਕਰਨ ਲਈ ਵੀ ਢੁਕਵੇਂ ਕਦਮ ਚੁੱਕਣ ਦੀ ਹਦਾਇਤ ਕੀਤੀ।

## ਪਿੰਡ ਛਾਪਾ 'ਚ ਮੋਹਲੇਧਾਰ ਮੀਂਹ ਨਾਲ ਬਜ਼ੁਰਗ ਦੇ ਘਰ ਦੀ ਛੱਤ ਡਿੱਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਈ ਦਿਨਾਂ ਤੋਂ ਲਗਾਤਾਰ ਹੋ ਰਹੀ ਵਰਖਾ ਨੇ ਆਮ ਜਨ ਜੀਵਨ ਨੂੰ ਪ੍ਰਭਾਵਤ ਕੀਤਾ ਹੈ।ਪਿੰਡ ਛਾਪਾ ਵਿਖੇ ਇਕ ਬਜ਼ੁਰਗ ਦੇ ਘਰ ਦੀਆਂ ਛੱਤਾਂ ਤੇਜ਼ ਮੀਂਹ ਕਾਰਨ ਡਿੱਗ ਗਈਆਂ ਤੇ ਹੇਠਾਂ ਪਿਆ ਸਮਾਨ ਖਰਾਬ ਹੋ ਗਿਆ।ਪੀੜਤ ਬਜ਼ੁਰਗ ਸੁਰਜੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਪਤਨੀ ਸਮੇਤ ਦੋਵੇਂ ਜੀਅ ਇਸ ਘਰ 'ਚ ਰਹਿ ਰਹੇ ਸਨ।ਲਗਾਤਾਰ ਹੋ ਰਹੀ ਵਰਖਾ ਕਾਰਨ ਛੱਤਾਂ ਚੋਣ ਲੱਗੀਆਂ। ਅੱਜ ਦਿਨ ਸਮੇਂ ਜਦੋਂ ਉਹ ਕਮਰੇ ਤੋਂ ਬਾਹਰ ਗਏ ਤਾਂ ਅਚਾਨਕ ਛੱਤ ਡਿੱਗ ਪਈ।ਉਹ ਦੋਵੇਂ ਵਾਲ਼-ਵਾਲ਼ ਬਚ ਗਏ।ਜ਼ਾਇਜਾ ਲੈਣ ਲਈ ਮੌਕੇ 'ਤੇ ਪਹੁੰਚੇ ਭਾਈ ਲਾਲੋ ਪੰਜਾਬੀ ਮੰਚ ਦੇ ਆਗੂ ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ 77 ਸਾਲ ਬੀਤ ਜਾਣ ਦੇ ਬਾਵਜੂਦ ਸਮੇਂ ਦੀਆਂ ਸਰਕਾਰਾਂ ਲੋਕਾਂ ਲਈ ਬੁਨਿਆਦੀ ਸਹੂਲਤਾਂ ਦਾ ਪ੍ਰਬੰਧ ਕਰਨ 'ਚ ਅਸਫ਼ਲ ਰਹੀਆਂ ਹਨ।ਉਨ੍ਹਾਂ ਸੂਬਾ ਸਰਕਾਰ, ਜ਼ਿਲ੍ਹਾ ਪ੍ਰਸਾਸਨ ਤੋਂ ਮੰਗ ਕੀਤੀ ਕਿ ਉਹ ਇਸ ਬਜ਼ੁਰਗ ਜੋੜੇ ਦੀ ਮਦਦ ਕਰਕੇ ਤੁਰੰਤ ਘਰ ਦੀ ਉਸਾਰੀ ਕਰਾਉਣ।ਉਨ੍ਹਾਂ ਸਮਾਜ ਸੇਵੀ ਸੰਸਥਾਵਾਂ, ਪ੍ਰਵਾਸੀ ਭਾਰਤੀਆਂ ਨੂੰ ਇਸ ਬਜ਼ੁਰਗ ਜੋੜੇ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੁਸ਼ਕਲ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਕੀਤਾ ਜਾਵੇਗਾ।

## ਜੰਗਲਾਤ ਵਰਕਰ ਯੂਨੀਅਨ ਦਾ ਧਰਨਾ ਛੇਵੇਂ ਦਿਨ 'ਚ ਸ਼ਾਮਲ



**ਜ਼ੀਰਾ (ਨਰਿੰਦਰ ਅਨੇਜਾ)**-ਜੰਗਲਾਤ ਵਰਕਰ ਯੂਨੀਅਨ ਪੰਜਾਬ ਵੱਲੋਂ ਰੇਂਜ ਪ੍ਰਧਾਨ ਜਸਵਿੰਦਰ ਸਿੰਘ ਪੰਨੂੰ ਦੀ ਪ੍ਰਧਾਨਗੀ ਹੇਠ ਮੰਗਾਂ ਨੂੰ ਲੈ ਕੇ ਦਿੱਤਾ ਜਾ ਰਿਹਾ ਰੇਂਜ ਦਫਤਰ ਜ਼ੀਰਾ ਵਿਖੇ ਧਰਨਾ ਛੇਵੇਂ ਦਿਨ ਵਿੱਚ ਦਾਖਲ ਹੋ ਗਿਆ।

ਧਰਨੇ ਨੂੰ ਸੰਬੋਧਨ ਕਰਦਿਆਂ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਨਿਸ਼ਾਨ ਸਿੰਘ ਸ਼ਹਿਜ਼ਾਦੀ ਜ਼ਿਲ੍ਹਾ, ਜਨਰਲ ਸਕੱਤਰ ਗੁਰਬੀਰ ਸਿੰਘ ਸ਼ਹਿਜ਼ਾਦੀ ਅਤੇ ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਤੇ ਸੂਬਾ ਜ਼ੋਨਲ ਪ੍ਰੈੱਸ ਸਕੱਤਰ ਗੁਰਦੇਵ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 40-40 ਸਾਲ ਤੋਂ ਕੰਮ ਕਰਦੇ ਆਏ ਜੰਗਲਾਤ ਵਿਭਾਗ ਵਿੱਚ ਕਾਮਿਆਂ ਤੇ ਦਸਵੀਂ ਪਾਸ ਦੀ ਸ਼ਰਤ ਲਗਾ ਕੇ ਉਨ੍ਹਾਂ ਦੇ ਹੱਕਾਂ ਦਾ ਕਤਲ ਕੀਤਾ ਹੈ।ਉਨ੍ਹਾਂ ਕਿਹਾ ਕਿ ਰੇਂਜ ਅਫ਼ਸਰ ਜ਼ੀਰਾ ਵੱਲੋਂ ਜੰਗਲਾਤ ਕਾਮਿਆਂ ਦੀਆਂ ਰੁਕੀਆਂ ਤਨਖਾਹਾਂ ਰਿਲੀਜ਼ ਨਹੀਂ ਕੀਤੀਆਂ ਜਾ ਰਹੀਆਂ ਅਤੇ ਨਾ ਹੀ ਮੀਟਿੰਗ ਦੇ ਕੇ ਨਿਪਟਾਰਾ ਕੀਤਾ ਜਾ ਰਿਹਾ।

## ਹੜ੍ਹ ਨਾਲ ਬੇਘਰ ਲੋਕਾਂ ਨੂੰ ਮੁਆਵਜ਼ੇ ਦੀ ਮੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਤੇਜ਼ ਮੀਂਹ ਨਾਲ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਪਾਣੀ ਨੇ ਭਿਆਨਕ ਤਬਾਹੀ ਮਚਾਈ ਹੋਈ ਹੈ, ਜਿਸ ਦੀ ਲਪੇਟ ਵਿੱਚ ਹਲਕਾ ਰਾਮਪੁਰਾ ਫੂਲ ਦੇ ਕਈ ਪਿੰਡ ਵੀ ਪਾਣੀ ਦੀ ਲਪੇਟ ਵਿੱਚ ਆ ਗਏ ਹਨ ਤੇ ਕਈ ਘਰਾਂ ਵਿੱਚ ਪਾਣੀ ਭਰ ਗਿਆ ਹੈ ਤੇ ਛੱਤਾਂ ਡਿੱਗ ਗਈਆਂ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਨੇ ਕੀਤਾ। ਉਨ੍ਹਾਂ ਕਿਹਾ ਕਿ ਫੂਲ, ਬੁਰਜ ਗਿੱਲ, ਢਿਪਾਲੀ ਰਾਈਆ, ਭਾਈਰੂਪਾ, ਸਿਰੀਏਵਾਲਾ ਤੇ ਹੋਰ ਪਿੰਡਾਂ ਵਿੱਚ ਵੀ ਪਾਣੀ ਨੇ ਲੋਕਾਂ ਦੀ ਸੈਂਕੜੇ ਏਕੜ ਫਸਲ ਤਬਾਹ ਕਰ ਦਿੱਤੀ ਹੈ ਤੇ ਗਰੀਬ ਲੋਕਾਂ ਦੇ ਘਰਾਂ ਵਿੱਚ ਪਾਣੀ ਵੜ ਰਿਹਾ ਹੈ ਤੇ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਤ ਲੋਕਾਂ ਲਈ ਕੋਈ ਪ੍ਰਬੰਧ ਨਹੀਂ ਕੀਤਾ ਹੈ ਤੇ ਲੋਕ ਆਪਣੇ ਤੌਰ 'ਤੇ ਪ੍ਰਬੰਧ ਕਰ ਰਹੇ ਹਨ।ਜੱਸ ਬੱਜੋਆਣਾ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਕੁਦਰਤੀ ਆਫ਼ਤ ਸਮੇਂ ਲੋਕਾਂ ਦੇ ਨਾਲ ਖੜ ਕੇ ਉਨ੍ਹਾਂ ਨੂੰ ਸਹਾਇਤਾ ਦੇਣੀ ਚਾਹੀਦੀ ਹੈ ਤੇ ਪੀੜਤ ਕਿਸਾਨਾਂ ਨੂੰ 70000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣਾ ਚਾਹੀਦਾ ਹੈ ਤੇ ਜਿਨ੍ਹਾਂ ਗਰੀਬ ਪਰਵਾਰਾਂ ਦੇ ਘਰ ਢਹਿ-ਢੇਰੀ ਹੋ ਗਏ ਹਨ, ਉਨ੍ਹਾਂ ਨੂੰ 3 ਲੱਖ ਪ੍ਰਤੀ ਮਕਾਨ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇ।



## ਅੱਖਾਂ ਦਾਨ ਪੰਦਰਵਾੜੇ ਸੰਬੰਧੀ ਕੀਤੀਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜ਼ਿਲ੍ਹਾ ਸਿਹਤ ਵਿਭਾਗ ਪਟਿਆਲਾ ਵੱਲੋਂ 40ਵਾਂ ਕੌਮੀ ਅੱਖਾਂ ਦਾਨ ਪੰਦਰਵਾੜਾ 25 ਅਗਸਤ ਤੋਂ ਅੱਠ ਸਤੰਬਰ ਤੱਕ 'ਅੱਖਾਂ ਦਾਨ ਕਰੋ, ਅਪਨੀ ਵਿਰਾਸਤ ਛੱਡੋ' ਥੀਮ ਤਹਿਤ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਦੀ ਅਗਵਾਈ ਹੇਠ ਮਨਾਇਆ ਜਾ ਰਿਹਾ ਹੈ।ਸਿਵਲ ਸਰਜਨ ਪਟਿਆਲਾ ਡਾ. ਜਗਪਾਲਇੰਦਰ ਸਿੰਘ ਨੇ ਦੱਸਿਆ ਕਿ ਇਸ ਪੰਦਰਵਾੜੇ ਦਾ ਮੁੱਖ ਉਦੇਸ਼ ਲੋਕਾਂ ਨੂੰ ਅੱਖਾਂ ਦੇ ਦਾਨ ਸਬੰਧੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ।ਉਨ੍ਹਾਂ ਦੱਸਿਆ ਕਿ ਪੰਦਰਵਾੜੇ ਦੌਰਾਨ ਲੋਕਾਂ ਨੂੰ ਪ੍ਰੇਰਿਤ ਕਰਕੇ ਅੱਖਾਂ ਦਾਨ ਸਬੰਧੀ ਸਹਿਮਤੀ ਫਾਰਮ ਭਰਾਏ ਜਾਣਗੇ।ਇਹ ਫਾਰਮ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਉਪਲਬਧ ਹਨ ਤੇ ਕੋਈ ਵੀ ਚਾਹਵਨ ਵਿਅਕਤੀ ਉਥੇ ਜਾ ਕੇ ਫਾਰਮ ਭਰ ਸਕਦਾ ਹੈ।ਸਿਵਲ ਸਰਜਨ ਨੇ ਦੱਸਿਆ ਕਿ ਭਾਰਤ ਵਿੱਚ ਲੱਖਾਂ ਲੋਕ ਨੇਤਰਹੀਣਤਾ ਦਾ ਸ਼ਿਕਾਰ ਹਨ।ਇਨ੍ਹਾਂ ਵਿੱਚੋਂ ਬਹੁਤੇ ਲੋਕ ਦਾਨ ਕੀਤੀਆਂ ਅੱਖਾਂ ਰਾਹੀਂ ਵੇਖ ਸਕਦੇ ਹਨ, ਪਰ ਅਫ਼ਸੋਸ ਵਾਲੀ ਗੱਲ ਹੈ ਕਿ ਅੱਖਾਂ ਦਾਨ ਕਰਨ ਵਾਲਿਆਂ ਦੀ ਗਿਣਤੀ ਬਹੁਤ ਘੱਟ ਹੈ।

ਨੋਡਲ ਅਫ਼ਸਰ ਬਲਾਈਂਡਨੈਸ ਕੰਟਰੋਲ ਪ੍ਰੋਗਰਾਮ ਡਾ. ਦਿਵਜੋਤ ਸਿੰਘ ਨੇ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਅਤੀ ਅਹਿਮ ਅੰਗ ਹਨ।ਇਸ ਲਈ ਅੱਖਾਂ ਦੀ ਜਾਂਚ ਹਰ ਛੇ ਮਹੀਨੇ ਮਗਰੋਂ ਜਰੂਰ ਕਰਾਉਣੀ ਚਾਹੀਦੀ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਅੱਖਾਂ ਦੇ ਦਾਨ ਦੀ ਮੁਹਿੰਮ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਤੇ ਆਪਣੇ ਪਰਵਾਰ ਦੇ ਜੀਆਂ, ਰਿਸ਼ਤੇਦਾਰਾਂ, ਦੋਸਤਾਂ ਨੂੰ ਵੀ ਇਸ ਕੰਮ ਲਈ ਪ੍ਰੇਰਿਤ ਕਰਨ।ਜ਼ਿਕਰਯੋਗ ਹੈ ਕਿ ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਪੁਤਲੀ ਬਦਲਣ ਦੇ ਅਪ੍ਰੇਸ਼ਨ ਮੁਫ਼ਤ ਕੀਤੇ ਜਾਂਦੇ ਹਨ, ਜਿਸ ਵਿਅਕਤੀ ਨੂੰ ਕਾਰਨੀਅਲ ਬਲਾਇੰਡਨੈਸ ਹੁੰਦੀ ਹੈ, ਉਸਦੀ ਅੱਖ ਦੀ ਪੁਤਲੀ ਬਦਲ ਕੇ ਅੰਨ੍ਹੇਪਣ ਨੂੰ ਦੂਰ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਸੀ ਵਿਅਕਤੀ ਦੀ ਮੌਤ ਤੋਂ ਬਾਅਦ ਅੱਖਾਂ ਦਾਨ ਕਰਨ ਨਾਲ ਨੇਤਰਹੀਣ ਵਿਅਕਤੀ ਨੂੰ ਸਰਜੀਕਲ ਵਿਧੀ ਰਾਹੀਂ ਅੱਖ ਦੀ ਪੁਤਲੀ ਬਦਲ ਕੇ ਸਿਹਤਮੰਦ ਕਾਰਨੀਆਂ ਵਿੱਚ ਬਦਲ ਕੇ ਦੇਖਣ ਦੇ ਯੋਗ ਬਣਾਇਆ ਜਾ ਸਕਦਾ ਹੈ।

## ਅਮਰੀਕਾ ਵੱਲੋਂ ਵਾਧੂ ਟੈਰਿਫ ਲਾਉਣ ਨਾਲ ਪੰਜਾਬ 'ਤੇ ਪਵੇਗਾ ਸਿੱਧਾ ਅਸਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਮਰੀਕਾ ਨੇ ਭਾਰਤੀ ਉਤਪਾਦਾਂ ਦੇ ਆਯਾਤ 'ਤੇ 25% ਵਾਧੂ ਟੈਰਿਫ ਲਗਾ ਦਿੱਤਾ ਹੈ।ਹੁਣ ਅਮਰੀਕਾ ਜਾਣ ਵਾਲੇ ਭਾਰਤੀ ਉਤਪਾਦਾਂ 'ਤੇ ਕੁੱਲ 50% ਟੈਰਿਫ ਲਾਇਆ ਜਾਵੇਗਾ, ਜੋ ਦੂਜੇ ਮੁਕਾਬਲੇ ਵਾਲੇ ਦੇਸ਼ਾਂ ਨਾਲੋਂ ਬਹੁਤ ਜ਼ਿਆਦਾ ਹੈ।ਨਤੀਜੇ ਵਜੋਂ ਭਾਰਤੀ ਨਿਰਯਾਤਕ ਅਮਰੀਕੀ ਬਾਜ਼ਾਰ ਤੋਂ ਬਾਹਰ ਹੋ ਜਾਣਗੇ।ਇਸਦਾ ਸਿੱਧਾ ਅਸਰ ਪੰਜਾਬ ਤੋਂ ਤਿਆਰ ਕੱਪੜੇ, ਆਟੋ ਪਾਰਟਸ, ਚਮੜੇ ਦੇ ਸਾਮਾਨ, ਫਾਸਟਨਰ, ਹੈਂਡ ਟੂਲ, ਖੇਡਾਂ ਦੇ ਸਾਮਾਨ ਤੇ ਖੇਤੀਬਾੜੀ ਉਪਕਰਣਾਂ ਦੇ ਨਿਰਯਾਤਕ 'ਤੇ ਪਵੇਗਾ।7 ਅਗਸਤ ਨੂੰ 25% ਟੈਰਿਫ ਲਾਉਣ ਤੋਂ ਬਾਅਦ ਅਮਰੀਕੀ ਖਰੀਦਦਾਰਾਂ ਨੇ ਨਿਰਯਾਤਕ ਨੂੰ ਨਵੇਂ ਆਰਡਰ ਦੇਣਾ ਬੰਦ ਕਰ ਦਿੱਤਾ ਸੀ ਤੇ 27 ਅਗਸਤ ਦੀ ਉਡੀਕ ਕਰ ਰਹੇ ਸਨ, ਪਰ ਹੁਣ ਨਵਾਂ ਟੈਰਿਫ ਲਾਉਣ ਤੋਂ ਬਾਅਦ, ਅਮਰੀਕੀ ਖਰੀਦਦਾਰਾਂ ਨੇ ਦੁਨੀਆ ਦੇ ਹੋਰ ਦੇਸਾਂ ਵੱਲ ਰੁਖ਼ ਕੀਤਾ ਹੈ।ਵਰਲਡ ਐਮਐਸਐਮਈ ਫੋਰਮ ਦੇ ਅਨੁਸਾਰ ਪੰਜਾਬ ਅਮਰੀਕਾ ਨੂੰ ਲਗਭਗ 8,000 ਕਰੋੜ ਰੁਪਏ ਦੇ ਰੈਡੀਮੇਡ ਕੱਪੜੇ ਅਤੇ ਟੈਕਸਟਾਈਲ ਉਤਪਾਦ, 2,000 ਕਰੋੜ ਰੁਪਏ ਦੇ ਫਾਸਟਨਰ, 5,000 ਕਰੋੜ ਰੁਪਏ ਦੇ ਇਲੈਕਟ੍ਰੀਕਲ ਅਤੇ ਮਸ਼ੀਨ ਟੂਲ, 4,000 ਕਰੋੜ ਰੁਪਏ ਦੇ ਆਟੋ ਪਾਰਟਸ ਅਤੇ ਹੈਂਡ ਟੂਲ, 500 ਕਰੋੜ ਰੁਪਏ ਦੇ ਚਮੜੇ ਦੇ ਉਤਪਾਦ, 300 ਕਰੋੜ ਰੁਪਏ ਦੇ ਖੇਡਾਂ ਦੇ ਸਮਾਨ ਅਤੇ 200 ਕਰੋੜ ਰੁਪਏ ਦੇ ਖੇਤੀਬਾੜੀ ਉਪਕਰਣ ਨਿਰਯਾਤ ਕਰਦਾ ਹੈ।ਉੱਚ ਟੈਰਿਫ ਦਾ ਇਨ੍ਹਾਂ ਨਿਰਯਾਤਾਂ 'ਤੇ ਸਿੱਧਾ ਪ੍ਰਭਾਵ ਪੈਣ ਦੀ ਸੰਭਾਵਨਾ ਹੈ, ਕਿਉਂਕਿ ਮੁਕਾਬਲੇ ਵਾਲੇ ਦੇਸ਼ਾਂ ਕੋਲ ਭਾਰਤ ਨਾਲੋਂ ਬਹੁਤ ਘੱਟ ਟੈਰਿਫ ਹਨ।

## ਅਕੈਡੀਆ ਵਰਲਡ ਸਕੂਲ 'ਚ ਪੰਜਾਬੀ ਡੈਕਲਾਮੇਸ਼ਨ ਮੁਕਾਬਲਾ ਕਰਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਕੈਡੀਆ ਵਰਲਡ ਸਕੂਲ ਵਿੱਚ ਕਲਾਸ ਚੌਥੀ (ਲਾਇਲੈਕ ਤੇ ਐਸਟਰ) ਦੇ ਵਿਦਿਆਰਥੀਆਂ ਦਾ ਪੰਜਾਬੀ ਭਾਸ਼ਣ ਮੁਕਾਬਲਾ ਕਰਾਇਆ ਗਿਆ।ਮੁਕਾਬਲੇ ਦਾ ਮਕਸਦ ਬੱਚਿਆਂ ਦੇ ਬੋਲਣ ਦੇ ਹੁਨਰ, ਆਤਮ-ਵਿਸ਼ਵਾਸ ਅਤੇ ਪੰਜਾਬੀ ਭਾਸ਼ਾ ਪ੍ਰਤੀ ਪਿਆਰ ਨੂੰ ਵਧਾਉਣਾ ਸੀ।ਕਈ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਵਾਤਾਵਰਣ, ਸਿੱਖਿਆ ਦੀ ਮਹੱਤਤਾ, ਸਾਡੀ ਸੰਸਕ੍ਰਿਤੀ ਅਤੇ ਸਮਾਜ ਵਿੱਚ ਵਿਦਿਆਰਥੀਆਂ ਦੀ ਭੂਮਿਕਾ ਵਰਗੇ ਵਿਸ਼ਿਆਂ 'ਤੇ ਵਿਚਾਰ ਪੇਸ਼ ਕੀਤੇ।ਹਰ ਬੱਚੇ ਨੇ ਸਾਫ਼ ਉਚਾਰਨ ਤੇ ਵਿਸ਼ਵਾਸ ਨਾਲ ਭਾਸ਼ਣ ਦਿੱਤਾ।ਦੋਵੇਂ ਸੈਕਸ਼ਨਾਂ ਵਿੱਚੋਂ ਫਾਈਨਲ ਰਾਊਂਡ ਲਈ ਵੀਹ ਬੱਚੇ ਚੁਣੇ ਗਏ।ਇਸ ਮੁਕਾਬਲੇ 'ਚੋਂ ਪਹਿਲਾ ਸਥਾਨ ਲਾਇਲੈਕ ਸੈਕਸ਼ਨ ਦੀ ਰੂਹਾਨੀ ਜੈਨ ਤੇ ਦੂਜਾ ਸਥਾਨ ਜੈਅੰਤ ਜੈਨ ਨੇ ਹਾਸਲ ਕੀਤਾ।ਐਸਟਰ ਸੈਕਸ਼ਨ ਵਿੱਚੋਂ ਤੀਜਾ ਸਥਾਨ ਅਗਮਜੋਤ ਕੌਰ ਕੰਬੋਜ ਦੁਆਰਾ ਪ੍ਰਾਪਤ ਕੀਤਾ ਗਿਆ।ਮੁਕਾਬਲੇ ਦੀ ਜੱਜਮੈਂਟ ਅੰਗਰੇਜ਼ੀ ਵਿਭਾਗ ਦੇ ਐਚ.ਓ.ਡੀ ਮਿਸ ਬਿੰਦੀਆ ਮੈਦਾਨ ਦੁਆਰਾ ਕੀਤੀ ਗਈ, ਜਿਨ੍ਹਾਂ ਨੇ ਬੱਚਿਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦੇ ਹੌਸਲੇ ਦੀ ਤਾਰੀਫ਼ ਕੀਤੀ।ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ।ਸਕੂਲ ਦੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਤੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਕਿਹਾ ਕਿ ਇਹ ਮੁਕਾਬਲਾ ਨਾ ਸਿਰਫ਼ ਬੱਚਿਆਂ ਨੂੰ ਪੰਜਾਬੀ ਭਾਸ਼ਾ ਨਾਲ ਜੋੜਦਾ ਹੈ, ਬਲਕਿ ਉਨ੍ਹਾਂ ਨੂੰ ਚੰਗਾ ਵਕਤਾ ਬਣਨ ਦਾ ਮੌਕਾ ਵੀ ਦਿੰਦਾ ਹੈ।ਇਸ ਮੌਕੇ ਅੰਗਰੇਜ਼ੀ ਅਧਿਆਪਕ ਲਵਪ੍ਰੀਤ ਸਿੰਘ ਤੇ ਜੋਬਨਜੀਤ ਸਿੰਘ ਵੀ ਮੌਜੂਦ ਸਨ।

# ਸੰਤ ਕਬੀਰ ਦਾਸ ਪਾਰਕ 'ਚ ਮੂਰਤੀ ਸਥਾਪਨਾ ਨਾਲ ਗਣੇਸ਼ ਉਤਸਵ ਦੀ ਸ਼ੁਰੂਆਤ



**ਸੰਗਰੂਰ (ਪ੍ਰਵੀਨ ਸਿੰਘ)**
ਸ਼੍ਰੀ ਸ਼੍ਰੀ ਗਣੇਸ਼ ਸੇਵਾ ਸੁਸਾਇਟੀ ਵੱਲੋਂ ਵਾਰਡ ਨੰਬਰ 11 'ਚ ਐਮ ਸੀ ਆਸ਼ਾ ਰਾਣੀ ਦੀ ਅਗਵਾਈ ਹੇਠ ਵਾਰਡ ਵਾਸੀਆਂ ਦੇ ਸਹਿਯੋਗ ਨਾਲ ਸੰਤ ਕਬੀਰ ਦਾਸ ਪਾਰਕ ਨੇੜੇ ਸਬਜ਼ੀ ਮੰਡੀ ਵਿਖੇ ਬੜੀ ਧੂਮ ਧਾਮ ਤੇ ਸ਼ਰਧਾ ਭਾਵਨਾ ਨਾਲ ਗਣੇਸ਼ ਉਤਸਵ ਮਨਾਇਆ ਜਾ ਰਿਹਾ ਹੈ।

ਉਤਸ਼ਵ ਦੀ ਸ਼ੁਰੂਆਤ ਭਗਵਾਨ ਸ੍ਰੀ ਗਣੇਸ਼ ਜੀ ਦੀ ਮੂਰਤੀ ਸਥਾਪਨਾ ਨਾਲ ਹੋਈ। ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਐਸ ਸੀ ਕਮਿਸ਼ਨ ਦੇ ਮੈਂਬਰ ਗੁਲਜਾਰ ਸਿੰਘ ਬੌਬੀ ਤੇ ਵਿਸ਼ੇਸ਼ ਮਹਿਮਾਨ ਵੱਜੋਂ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਦੇ ਮੁੱਖ ਸਰਪ੍ਰਸਤ ਤੇ ਐਸ ਸੀ ਕਮਿਸ਼ਨ ਦੇ ਸਾਬਕਾ ਮੈਂਬਰ ਮੈਡਮ ਪੂਨਮ ਕਾਂਗੜਾ ਪਹੁੰਚੇ।

ਭਗਵਾਨ ਸ੍ਰੀ ਗਣੇਸ਼ ਜੀ ਦੀ ਮੂਰਤੀ ਸਥਾਪਨਾ ਗੁਲਜਾਰ ਸਿੰਘ ਬੌਬੀ ਤੇ ਮੈਡਮ ਪੂਨਮ ਕਾਂਗੜਾ ਵੱਲੋਂ ਆਪਣੇ ਕਰ ਕਮਲਾਂ ਨਾਲ ਪੂਰੇ ਵਿਧੀ ਵਿਧਾਨ ਨਾਲ ਕੀਤੀ ਗਈ।ਸ੍ਰੀ ਗਣੇਸ਼ ਜੀ ਦੇ ਭਗਤਾਂ ਨੂੰ ਸੰਬੋਧਨ ਕਰਦਿਆਂ ਗੁਲਜ਼ਾਰ ਬੌਬੀ ਤੇ ਪੂਨਮ ਕਾਂਗੜਾ ਨੇ ਕਿਹਾ ਕਿ ਭਗਵਾਨ ਸ੍ਰੀ ਗਣੇਸ਼ ਬਲ, ਬੁੱਧੀ ਤੇ ਗਿਆਨ ਦੇ ਦੇਵਤਾ ਹਨ। ਉਨ੍ਹਾਂ ਦੀ ਭਗਤੀ ਨਾਲ ਮਨੁੱਖ ਨੂੰ ਗਿਆਨ, ਸ਼ਾਂਤੀ ਅਤੇ ਕਿਰਤੀ ਦੀ ਪ੍ਰਾਪਤੀ ਹੁੰਦੀ ਹੈ।ਉਹਨਾਂ ਬੱਚਿਆਂ ਨੂੰ ਅਪੀਲ ਕੀਤੀ ਉਹ ਭਗਵਾਨ ਸ੍ਰੀ ਗਣੇਸ਼ ਜੀ ਤੋਂ ਪ੍ਰੇਰਨਾ ਲੈ ਕੇ ਪੜ੍ਹਾਈ ਵਿੱਚ ਮਨ ਲਾ ਕੇ ਮਿਹਨਤ ਕਰਨ ਅਤੇ ਆਪਣੇ ਮਾਪਿਆਂ ਅਤੇ ਸ਼ਹਿਰ ਦਾ ਨਾਂਅ ਰੌਸ਼ਨ ਕਰਨ।

ਸ੍ਰੀ ਗਣੇਸ਼ ਉਤਸਵ ਦੇ ਸੰਚਾਲਕ ਐਮਸੀ ਆਸ਼ਾ ਰਾਣੀ, ਪ੍ਰਧਾਨ ਰਜਿੰਦਰ ਕੁਮਾਰ ਤੇ ਮੁਕੇਸ਼ ਕੁਮਾਰ ਵਾਲੀਆਂ ਵੱਲੋਂ ਪਹੁੰਚੇ ਸ੍ਰੀ ਗਣੇਸ਼ ਭਗਤਾਂ ਤੇ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਸ੍ਰੀ ਗਣੇਸ਼ ਉਤਸਵ ਦੌਰਾਨ ਸਵੇਰੇ 8:30 ਵਜੇ ਅਤੇ ਰਾਤ 9 ਵਜੇ ਆਰਤੀ ਹੋਵੇਗੀ ਤੇ ਸ਼ਾਮ 4 ਤੋਂ 6 ਵਜੇ ਤੱਕ ਕੀਰਤਨ ਹੋਵੇਗਾ ਕੀਰਤਨ ਕਰਤਾ ਸੁਨੀਤਾ ਸ਼ਰਮਾ ਉਤਸ਼ਵ ਦੌਰਾਨ ਆਪਣੀ ਸੇਵਾ ਨਿਭਾਉਣਗੇ। ਉਹਨਾਂ ਦੱਸਿਆ ਕਿ 6 ਸਤੰਬਰ ਨੂੰ ਪੂਰੇ ਵਿਧੀ ਵਿਧਾਨ ਅਤੇ ਧੂਮਧਾਮ ਨਾਲ ਰਣੀਕੇ ਵਾਲੀ ਨਹਿਰ ਵਿੱਚ ਭਗਵਾਨ ਸ਼੍ਰੀ ਗਣੇਸ਼ ਜੀ ਦੀ ਮੂਰਤੀ ਦਾ ਵਿਸਰਜਨ ਕੀਤਾ ਜਾਵੇਗਾ।

## ਖੇਡ ਮੈਦਾਨਾਂ ਸੰਬੰਧੀ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਲਈ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਉੱਭਰਦੇ ਖਿਡਾਰੀਆਂ ਦੀ ਸਹੂਲਤ ਲਈ ਅਤਿ ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਹੈ।ਇਸ ਬਾਬਤ ਜ਼ਿਲ੍ਹੇ ਦੇ ਪਿੰਡਾਂ ਚੱਲ ਰਹੇ ਕੰਮਾਂ ਦੀ ਸਮੀਖਿਆ ਲਈ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਮੀਟਿੰਗ ਕੀਤੀ।ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੇ ਦੱਸਿਆ ਕਿ ਮੈਦਾਨ ਤਿਆਰ ਕਰਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਪਲਬਧ ਥਾਵਾਂ ਦਾ ਸਰਵੇਖਣ ਕਰਾ ਕੇ ਗਰਾਊਂਡ ਤਿਆਰ ਕਰਨ ਲਈ ਮੁੱਢਲੇ ਨਕਸ਼ੇ ਤਿਆਰ ਕਰਾਏ ਗਏ ਹਨ।ਉਨ੍ਹਾਂ ਕਿਹਾ ਕਿ ਹੁਣ ਇਸ ਮੀਟਿੰਗ ਰਾਹੀਂ ਖੇਡ ਮੈਦਾਨ ਤਿਆਰ ਕਰਨ ਤੋਂ ਪਹਿਲਾਂ ਪੰਚਾਇਤਾਂ ਤੋਂ ਸੁਝਾਅ ਲਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਚਾਇਤੀ ਨੁਮਾਇੰਦਿਆਂ ਵੱਲੋਂ ਦਿੱਤੇ ਗਏ ਸੁਝਾਵਾਂ ਦੇ ਆਧਾਰ 'ਤੇ ਇਨ੍ਹਾਂ ਨਕਸ਼ਿਆਂ ਵਿੱਚ ਲੋੜੀਂਦੀਆਂ ਤਬਦੀਲੀਆਂ ਕਰਾਈਆਂ ਜਾਣਗੀਆਂ ਤਾਂ ਜੁ ਵੱਧ ਤੋਂ ਵੱਧ ਜ਼ਿਲ੍ਹਾ ਵਾਸੀ ਇਨ੍ਹਾਂ ਖੇਡ ਮੈਦਾਨਾਂ ਵਿੱਚ ਤਿਆਰ ਕੀਤੀਆਂ ਜਾਣ ਵਾਲੀਆਂ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਹਾ ਲੈ ਸਕਣ।ਡੀ.ਸੀ. ਅਭਿਜੀਤ ਕਪਲਿਸ਼ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਖੇਡ ਮੈਦਾਨ ਤਿਆਰ ਕੀਤੇ ਜਾਣ ਨਾਲ ਖੇਡ ਸੱਭਿਆਚਾਰ ਪ੍ਰਫੁੱਲਤ ਹੋਵੇਗਾ ਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦਰ ਰੱਖਣ ਵਿਚ ਮਦਦ ਮਿਲੇਗੀ।

## ਡੀ ਸੀ ਵੱਲੋਂ ਚਾਂਦਪੁਰਾ ਬੰਨ੍ਹ ਦਾ ਜਾਇਜ਼ਾ, ਹੜ੍ਹਾਂ ਸੰਬੰਧੀ ਕੰਟਰੋਲ ਰੂਮ ਨੰਬਰ 01652-229082 'ਤੇ ਦਿੱਤੀ ਜਾ ਸਕਦੀ ਹੈ ਸੂਚਨਾ



**ਬਰੇਟਾ (ਗੋਬਿੰਦ ਸ਼ਰਮਾ)**-ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਘੱਗਰ ਦਰਿਆ ਦੇ ਪਾਣੀ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਮਾਨਸਾ ਨਵਜੋਤ ਕੌਰ ਚਾਂਦਪੁਰਾ ਬੰਨ੍ਹ ਦਾ ਦੌਰਾ ਕਰਨ ਪੁੱਜੇ।ਉਨ੍ਹਾਂ ਚਾਂਦਪੁਰਾ ਬੰਨ੍ਹ ਵਿਖੇ ਘੱਗਰ ਦਰਿਆ ਦੇ ਪਾਣੀ ਦੀ ਸਮਰੱਥਾ ਬਾਰੇ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਤੋਂ ਜਾਣਕਾਰੀ ਲਈ ਤੇ ਬਰਸਾਤ ਦੌਰਾਨ ਪਾਣੀ ਦੇ ਪੱਧਰ 'ਤੇ ਨਜ਼ਰ ਬਣਾਏ ਰੱਖਣ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਅਧਿਕਾਰੀਆਂ ਤੋਂ ਪਿਛਲੀਆਂ ਬਰਸਾਤਾਂ ਦੌਰਾਨ ਆਏ ਪਾਣੀ ਅਤੇ ਘੱਗਰ ਨਜ਼ਦੀਕ ਪਾਣੀ ਤੋਂ ਪ੍ਰਭਾਵਤ ਹੋਣ ਵਾਲੇ ਪਿੰਡਾਂ ਬਾਰੇ ਸਮੁੱਚੀ ਜਾਣਕਾਰੀ ਲਈ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਆਕਾਸ਼ ਬਾਂਸਲ, ਸਹਾਇਕ ਕਮਿਸ਼ਨਰ (ਸਿਖਲਾਈ ਅਧੀਨ) ਡਾ. ਗੁਰਲੀਨ ਕੌਰ ਆਈ.ਏ.ਐਸ, ਐਸ.ਡੀ.ਐਮ. ਬੁਢਲਾਡਾ ਗਗਨਦੀਪ ਸਿੰਘ ਤੋਂ ਇਲਾਵਾ ਡਰੇਨੇਜ਼ ਵਿਭਾਗ ਅਤੇ ਬਲਾਕ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਘੱਗਰ ਨੇੜੇ ਵਸਦੇ ਲੋਕਾਂ ਦੀ ਜਾਨ ਮਾਲ ਦੀ ਰਾਖੀ ਲਈ ਚੌਕਸੀ ਰੱਖ ਰਿਹਾ ਹੈ ਤੇ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਹਰ ਤਰ੍ਹਾਂ ਨਾਲ ਪ੍ਰਬੰਧ ਮੁਕੰਮਲ ਰੱਖੇ ਗਏ ਹਨ।ਉਨ੍ਹਾਂ ਕਿਹਾ ਕਿ ਚਾਂਦਪੁਰਾ ਬੰਨ੍ਹ ਵੀ ਕਾਫ਼ੀ ਮਜ਼ਬੂਤ ਸਥਿਤੀ ਵਿੱਚ ਹੈ ਅਤੇ ਜੇ.ਸੀ.ਬੀ. ਦੀ ਮਦਦ ਨਾਲ ਇੱਥੇ ਸਫਾਈ ਦਾ ਕੰਮ ਵੀ ਚੱਲ ਰਿਹਾ ਹੈ।ਇਸ ਤੋਂ ਇਲਾਵਾ ਉਨ੍ਹਾਂ ਬੋੜਾਵਾਲ ਅਤੇ ਬਰੇਟਾ ਨਜ਼ਦੀਕ ਸਰਹੰਦ ਡਰੇਨ ਦਾ ਵੀ ਜਾਇਜ਼ਾ ਲਿਆ।

## ਸ੍ਰੀ ਗਣੇਸ਼ ਮਹਾਂਉਤਸਵ ਸ਼ੁਰੂ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸ਼ਹਿਰ ਦੇ ਸਵਰਨਕਾਰਾਂ ਅਤੇ ਸ਼ਹਿਰ ਨਿਵਾਸੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 15ਵੀਂ ਵਾਰ ਮਨਾਏ ਜਾ ਰਹੇ ਗਣੇਸ਼ ਮਹਾਂਉਤਸਵ ਮੌਕੇ ਅਨਾਜ ਮੰਡੀ ਵਿਖੇ ਸ੍ਰੀ ਗਣੇਸ਼ ਜੀ ਮਹਾਰਾਜ ਦੀ ਮੂਰਤੀ ਪੂਰਨ ਸ਼ਰਧਾ ਅਤੇ ਰੀਤੀ ਰਿਵਾਜਾਂ ਮੁਤਾਬਿਕ ਸ਼ੁਸੋਭਿਤ ਕੀਤੀ ਗਈ।ਸਵਰਨਕਾਰ ਯੂਨੀਅਨ ਦੇ ਪ੍ਰਧਾਨ ਦੀਪਕ ਵਰਮਾ ਅਤੇ ਚਨਪ੍ਰੀਤ ਚੰਨੀ ਨੇ ਦੱਸਿਆ ਕਿ ਸਵਰਨਕਾਰ ਭਰਾਵਾਂ ਦੇ ਸਹਿਯੋਗ ਅਤੇ ਸ਼ਹਿਰ ਨਿਵਾਸੇ ਦੀ ਮਦਦ ਦੇ ਨਾਲ ਮੂਰਤੀ ਦੀ ਸ਼ੁਸ਼ੋਭਿਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ 5 ਸਤੰਬਰ ਨੂੰ ਅਟੁੱਟ ਭੰਡਾਰਾ ਚੱਲੇਗਾ ਤੇ 6 ਸਤੰਬਰ ਨੂੰ ਸ਼੍ਰੀ ਗਣਪਤੀ ਮਹਾਰਾਜ ਦੀ ਮੂਰਤੀ ਦਾ ਵਿਸਰਜਨ ਬਬਨਪੁਰ ਵਾਲੀ ਨਹਿਰ ਵਿਖੇ ਕੀਤਾ ਜਾਵੇਗਾ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸ੍ਰੀ ਗਣੇਸ਼ ਮਹਾਰਾਜ ਜੀ ਦਾ ਆਸ਼ੀਰਵਾਦ ਲੈਣ ਲਈ ਸਵੇਰੇ ਅਤੇ ਸ਼ਾਮ ਰੋਜਾਨਾ ਹੁੰਦੀ ਆਰਤੀ ਵਿੱਚ ਸ਼ਮੂਲੀਅਤ ਕਰਨ।

## ...ਸ.ਫਾ 1 ਦੇ ਬਾਕੀ

### ਜਮਹੂਰੀ ਢਾਂਚੇ ਨੂੰ ਤਹਿਸ-ਨਹਿਸ...

ਸਿੱਖਿਆ, ਰੁਜ਼ਗਾਰ ਅਤੇ ਮਹਿੰਗਾਈ ਦੀਆਂ ਸਮੱਸਿਆਵਾਂ ਹਨ। ਦੇਸ਼ ਦਾ ਜੋ ਧਰਮ ਨਿਰਪੱਖ ਤੇ ਜਮਹੂਰੀ ਢਾਂਚਾ ਹੈ, ਉਸ ਨੂੰ ਤਹਿਸ-ਨਹਿਸ ਕਰਨ ਦੀ ਮੋਦੀ ਸਰਕਾਰ ਵੱਲੋਂ ਪੂਰੀਆਂ ਕੁਚਾਲਾਂ ਚੱਲੀਆਂ ਜਾ ਰਹੀਆਂ ਹਨ।ਘੱਟ ਗਿਣਤੀਆਂ 'ਤੇ ਕੋਈ ਨਾ ਕੋਈ ਫਰਜ਼ੀ ਕਾਰਨ ਬਣਾ ਕੇ ਹਮਲੇ ਕੀਤੇ ਜਾ ਰਹੇ ਹਨ, ਔਰਤਾਂ ਦੇ ਅਧਿਕਾਰਾਂ ਦਾ ਘਾਣ ਕੀਤਾ ਜਾ ਰਿਹਾ ਹੈ, ਦਲਿਤਾਂ ਉਪਰ ਵੀ ਅਖੌਤੀ ਉਚ ਜਾਤੀਆਂ ਵੱਲੋਂ ਹਮਲੇ ਵਧ ਗਏ ਹਨ। ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਸਾਰੀਆਂ ਸੰਵਿਧਾਨਿਕ ਸੰਸਥਾਵਾਂ, ਇੱਥੋਂ ਤੱਕ ਕਿ ਨਿਆਂ ਪਾਲਿਕਾ ਅਤੇ ਚੋਣ ਕਮਿਸ਼ਨ ਵੀ ਇਸ ਸਰਕਾਰੀ ਦਬਾਅ ਤੋਂ ਬਾਹਰ ਨਹੀਂ ਰਹੇ। ਇਸ ਲਈ ਕਮਿਊਨਿਸਟ ਪਾਰਟੀ ਦੇ ਸਾਹਮਣੇ ਸੰਵਿਧਾਨ ਦੀ ਰਾਖੀ ਅਤੇ ਲੋਕਾਂ ਦੇ ਹੱਕਾਂ ਦੀ ਰਾਖੀ ਕਰਨ ਲਈ ਬਹੁਤ ਵੱਡਾ ਕੰਮ ਸਾਹਮਣੇ ਖੜ੍ਹਾ ਹੈ। ਮਹਾਂ-ਸੰਮੇਲਨ ਵਿੱਚ ਇਹਨਾਂ ਬਾਰੇ ਚਰਚਾ ਵੀ ਹੋਏਗੀ ਤੇ ਇਹਨਾਂ ਦੇ ਹੱਲ ਕਰਨ ਦੇ ਲਈ ਦਿਸ਼ਾ ਵੀ ਨਿਰਧਾਰਿਤ ਕੀਤੀ ਜਾਏਗੀ। ਮਲੌਦ ਤੋਂ ਇਹ ਜਥਾ ਪਿੰਡ ਸਰਾਭਾ ਪੁੱਜਾ, ਜਿੱਥੇ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ ਨੂੰ ਹਾਰ ਪਾ ਕੇ ਉਹਨਾ ਵੱਲੋਂ ਦਿਖਾਏ ਗਏ ਕਦਮਾਂ 'ਤੇ ਚੱਲਣ ਦਾ ਪ੍ਰਣ ਲਿਆ ਗਿਆ। ਜਥਾ ਮਾਰਚ ਵਿੱਚ ਬੋਲਣ ਵਾਲੇ ਸਾਥੀਆਂ ਵਿੱਚ ਡੀ ਪੀ ਮੌੜ, ਐੱਮ ਐੱਸ ਭਾਟੀਆ, ਚਮਕੌਰ ਸਿੰਘ, ਨਰੇਸ਼ ਗੌੜ, ਡਾਕਟਰ ਅਰੁਣ ਮਿਤਰਾ, ਡਾਕਟਰ ਰਜਿੰਦਰ ਪਾਲ, ਰਮੇਸ਼ ਰਤਨ, ਵਿਜੇ ਕੁਮਾਰ, ਗੁਲਜ਼ਾਰ ਪੰਧੇਰ, ਗੁਰਮੇਲ ਮੇਹਲੀ, ਜਗਦੀਸ਼ ਬੌਬੀ, ਨਿਰੰਜਨ ਸਿੰਘ, ਹਰਮਿੰਦਰ ਸੇਠ ਆਦਿ ਸਨ।



ਦੋਰਾਹਾ 'ਚ ਜਥੇ ਦਾ ਨਿੱਘਾ ਸਵਾਗਤ ਕੀਤਾ ਗਿਆ।

### ਉੱਘੇ ਕਮਿਊਨਿਸਟ ਤੇ ਸਾਹਿਤਕਾਰ...

ਸਭਾ ਦੀ ਆਗੂ ਬੀਬੀ ਅੰਮ੍ਰਿਤਪਾਲ ਕੌਰ ਜੋਗਾ, ਸੀਨੀਅਰ ਪੱਤਰਕਾਰ ਬਖਤੌਰ ਢਿੱਲੋਂ, ਨਗਰ ਕੌਂਸਲਰ ਰਣਬੀਰ ਸਿੰਘ ਰਾਣਾ, ਟੀਚਰਜ਼ ਹੋਮ ਟਰੱਸਟ ਦੇ ਸਕੱਤਰ ਲਛਮਣ ਸਿੰਘ ਮਲੂਕਾ, ਸਾਹਿਤਕਾਰ ਜਸਪਾਲ ਮਾਨਖੇੜਾ, ਰਣਜੀਤ ਗੌਰਵ, ਗੋਪਾਲ ਸਿੰਘ, ਬਲਵਿੰਦਰ ਭੁੱਲਰ, ਜਸਪਾਲ ਜੱਸੀ, ਰਣਬੀਰ ਰਾਣਾ, ਦਮਜੀਤ ਦਰਸ਼ਨ, ਸੁਰਿੰਦਰਪ੍ਰੀਤ ਘਣੀਆ, ਰਵਿੰਦਰ ਸੰਧੂ, ਅਮਨ ਦਾਤੇਵਾਸੀਆ ਆਦਿ ਹਾਜ਼ਰ ਸਨ। ਭਾਈ ਰੂਪਾ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰ ਸੁਖਮਿੰਦਰ ਸਿੰਘ ਬਾਠ, ਹਰਮਿੰਦਰ ਸਿੰਘ ਢਿੱਲੋਂ, ਸੀਟੂ ਆਗੂ ਬਲਕਾਰ ਸਿੰਘ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ, ਮਹੀਪਾਲ, ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੇ ਪ੍ਰਧਾਨ ਸੁਖਦਰਸ਼ਨ ਗਰਗ, ਸਮਾਜ ਸੇਵੀ ਗਿਆਨ ਚੰਦ ਬਾਂਸਲ, ਕਹਾਣੀਕਾਰ ਅਤਰਜੀਤ, ਉੱਘੇ ਆਲੋਚਕ ਗੁਰਦੇਵ ਖੋਖਰ ਨੇ ਦੁਖੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।

### ਝੂਠੇ ਕੇਸ ਮੜ੍ਹ ਕੇ ਜੇਲ੍ਹੀਂ ...

ਤਕਰੀਬਨ ਪੰਜ ਸਾਲਾਂ ਤੋਂ ਉਸ ਨੂੰ ਜ਼ਮਾਨਤ ਤੱਕ ਨਹੀਂ ਦਿੱਤੀ ਗਈ, ਜਦ ਕਿ ਉਸ ਮਾਮਲੇ ਵਿੱਚ ਭੜਕਾਊ ਭਾਸ਼ਣ ਦੇਣ ਵਾਲ਼ੇ, ਦੰਗਾ ਭੜਕਾਉਣ ਵਾਲੇ ਕਪਿਲ ਮਿਸ਼ਰਾ ਜਿਹੇ ਦਿੱਲੀ ਵਿੱਚ ਮੰਤਰੀ ਬਣੇ। ਇਹ ਭਾਰਤ ਦਾ ਨਿਆਂ ਢਾਂਚਾ ਹੈ, ਜਿੱਥੇ ਗੰਭੀਰ ਦੋਸ਼ਾਂ ਵਾਲਿਆਂ ਨੂੰ ਜ਼ਮਾਨਤ ਮਿਲਦੀ ਹੈ, ਜਦ ਕਿ ਗੁਲਫਿਸ਼ਾ, ਉਮਰ ਖਾਲਿਦ ਜਿਹੇ ਵਿਦਿਆਰਥੀ ਕਾਰਕੁਨਾਂ ਨੂੰ ਜੇਲ੍ਹਾਂ ਵਿੱਚ ਸਾੜਿਆ ਜਾ ਰਿਹਾ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਨੇ ਕਿਹਾ ਕਿ ਆਜ਼ਾਦੀ ਦੀ ਜੱਦੋ-ਜਹਿਦ ਵਿਚ ਸਭ ਕੁਝ ਕੁਰਬਾਨ ਕਰਨ ਵਾਲੇ ਦੇਸ਼ ਭਗਤਾਂ ਦੀਆਂ ਪੈੜਾਂ ਸਾਂਭਣ ਵਾਲੀ ਦੇਸ਼ ਭਗਤ ਯਾਦਗਾਰ ਕਮੇਟੀ ਸਮੂਹ ਲੋਕ ਪੱਖੀ ਸੰਸਥਾਵਾਂ ਅਤੇ ਇਨਸਾਫ਼ਪਸੰਦ ਵਿਅਕਤੀਆਂ, ਵਕੀਲਾਂ ਨੂੰ ਜ਼ੋਰਦਾਰ ਅਪੀਲ ਕਰਦੀ ਹੈ ਕਿ ਉਹ ਅਜਿਹੇ ਹੱਕੀ ਮੁੱਦਿਆਂ ਉਪਰ ਵਿਸ਼ਾਲ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ।

## ਅਜੀਤਵਾਲ 'ਚ ਚਲਾਇਆ ਕਾਸੋ ਆਪਰੇਸ਼ਨ, ਨਸ਼ਿਆਂ ਨਾਲ ਪ੍ਰਭਾਵਤ ਸਥਾਨਾਂ ਦੀ ਚੈਕਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਦੀ ਰੋਕਥਾਮ ਅਤੇ ਸਮਾਜ ਦੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਘੇਰਾਬੰਦੀ ਅਤੇ ਸਰਚ ਅਪਰੇਸ਼ਨ (ਕਾਸੋ) ਅਭਿਆਨ ਚਲਾਇਆ ਜਾ ਰਿਹਾ ਹੈ।ਇਹ ਅਪ੍ਰੇਸ਼ਨ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਚਲਾਏ ਜਾ ਰਹੇ ਹਨ।ਇਸ ਮੁਹਿੰਮ ਤਹਿਤ ਐਸ.ਐਸ.ਪੀ. ਮੋਗਾ ਅਜੇ ਗਾਂਧੀ ਦੀ ਯੋਗ ਅਗਵਾਈ ਵਿਚ ਮੁੱਖ ਅਫ਼ਸਰ ਥਾਣਾ ਅਜੀਤਵਾਲ ਵੱਲੋਂ ਪੁਲਸ ਫੋਰਸ ਨਾਲ ਅਜੀਤਵਾਲ ਦੇ ਡਰੱਗ ਹੌਟਸਪੌਟ ਤੇ ਹੋਰ ਸ਼ੱਕੀ ਸਥਾਨਾਂ ਉੱਪ ਸਰਚ ਅਪ੍ਰੇਸ਼ਨ ਚਲਾਇਆ ਗਿਆ।ਇਸ ਅਪ੍ਰੇਸ਼ਨ ਦੌਰਾਨ 50 ਪੁਲਸ ਕਰਮਚਾਰੀਆਂ ਵੱਲੋਂ ਅਜੀਤਵਾਲ, ਚੂਹੜਚੱਕ, ਢੁੱਡੀਕੇ, ਮੱਦੋਕੇ ਪਿੰਡਾਂ ਵਿੱਚ ਘੇਰਾਬੰਦੀ ਕਰਕੇ ਚੈਕਿੰਗ ਕੀਤੀ ਗਈ।ਇਸ ਚੈਕਿੰਗ ਦੌਰਾਨ ਕਰੀਬ 20 ਸ਼ੱਕੀ ਘਰਾਂ ਦੀ ਸਰਚ ਕਰਕੇ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ।ਐਸ.ਐਸ.ਪੀ. ਮੋਗਾ ਅਜੈ ਗਾਂਧੀ ਨੇ ਦੱਸਿਆ ਕਿ ਮੋਗਾ ਪੁਲਸ ਵੱਲੋਂ ਨਸ਼ਿਆਂ ਖਿਲਾਫ ਕੀਤੀ ਜਾ ਰਹੀ ਕਾਰਵਾਈ ਤੋਂ ਆਮ ਲੋਕ ਵੀ ਬਹੁਤ ਖੁਸ਼ ਹਨ।ਉਨ੍ਹਾਂ ਕਿਹਾ ਕਿ ਲੋਕ ਇਸ ਭੈੜੀ ਕੁਰੀਤੀ ਨੂੰ ਖਤਮ ਕਰਨ ਲਈ ਪੁਲਿਸ ਦੀ ਹਰ ਸੰਭਵ ਮਦਦ ਅਤੇ ਸਹਿਯੋਗ ਲਈ ਤਿਆਰ ਹਨ।ਉਨ੍ਹਾਂ ਕਿਹਾ ਕਿ ਆਮ ਲੋਕ ਨਸ਼ਾ ਮੁਕਤ ਪੰਜਾਬ ਦੀ ਸਿਰਜਨਾ ਸਬੰਧੀ ਪੁਲਸ ਵਿਭਾਗ ਨੂੰ ਸਹਿਯੋਗ ਦੇਣ ਅਤੇ ਜੇਕਰ ਉਨ੍ਹਾਂ ਪਾਸ ਨਸ਼ਾ ਵੇਚਣ ਆਦਿ ਸਬੰਧੀ ਜਾਣਕਾਰੀ ਹੈ ਤਾਂ ਸੇਫ ਪੰਜਾਬ ਹੈਲਪ ਲਾਈਨ ਨੰਬਰ 97791-00200 ਉੱਪਰ ਸੂਚਿਤ ਕਰ ਸਕਦੇ ਹਨ, ਉਨ੍ਹਾਂ ਦੀ ਪਛਾਣ ਨੂੰ ਗੁਪਤ ਰੱਖਿਆ ਜਾਵੇਗਾ।

## ਅਮਰੀਕਾ 'ਚ ਭਾਰਤੀ ਪੰਜਾਬੀ ਡਰਾਈਵਰਾਂ ਦੇ ਲਾਈਸੈਂਸ ਰੱਦ ਹੋਣੇ ਬੰਦ ਕਰਾਏ ਜਾਣ : ਪ੍ਰੋ. ਬਡੂੰਗਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਅਮਰੀਕਾ ਦੇ ਨਵੇਂ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਅਮਰੀਕਾ ਵਿੱਚ ਭਾਰਤੀ ਪੰਜਾਬੀ ਡਰਾਈਵਰਾਂ ਦੇ ਲਾਈਸੈਂਸ ਜੋ ਰੱਦ ਕਰਨੇ ਸ਼ੁਰੂ ਕਰ ਦਿੱਤੇ ਹਨ, ਜਿਸ ਦੇ ਨਤੀਜੇ ਵਜੋਂ ਉਹ ਡਰਾਈਵਰ ਭਾਰਤ ਪੰਜਾਬ ਵਾਪਸ ਆਉਣ ਲਈ ਮਜਬੂਰ ਹੋਣਗੇ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਤਾਂ ਪਹਿਲਾਂ ਹੀ ਭਾਰੀ ਬੇਰੁਜ਼ਗਾਰੀ ਫੈਲੀ ਹੋਈ ਹੈ, ਇਥੋਂ ਦੇ ਬੇਰੁਜ਼ਗਾਰ ਬੱਚੇ ਨਮੋਸ਼ੀ ਕਾਰਨ ਨਸ਼ਿਆਂ ਅਤੇ ਹੋਰ ਭੈੜੀਆਂ ਵਾਦੀਆਂ ਦਾ ਸ਼ਿਕਾਰ ਹੋ ਰਹੇ ਹਨ।ਉਨ੍ਹਾਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਅਮਰੀਕੀ ਰਾਸ਼ਟਰਪਤੀ ਸ਼੍ਰੀ ਡੋਨਾਲਡ ਟਰੰਪ ਨਾਲ ਉਚੇਚੇ ਤੌਰ ਉੱਤੇ ਇਸ ਗੰਭੀਰ ਮਸਲੇ ਉੱਤੇ ਵਿਚਾਰ ਕਰਕੇ ਮਾਮਲੇ ਨੂੰ ਹੱਲ ਕਰਾਇਆ ਜਾਵੇ। ਪ੍ਰੋ. ਬਡੂੰਗਰ ਨੇ ਦੱਸਿਆ ਕਿ ਇਸ ਪੱਤਰ ਦਾ ਇੱਕ ਉਤਾਰਾ ਭਾਰਤ ਦੇ ਵਿਦੇਸ਼ ਮੰਤਰੀ ਡਾ. ਸੁਆਮੀ ਜੈ ਸ਼ੰਕਰ ਨੂੰ ਭੇਜ ਕੇ ਬੇਨਤੀ ਕੀਤੀ ਕਿ ਉਹ ਵੀ ਇਸ ਗੰਭੀਰ ਸਮੱਸਿਆ ਦਾ ਯੋਗ ਤੇ ਸਨਮਾਨਯੋਗ ਹੱਲ ਕਰਾਉਣ ਹਿੱਤ ਆਪਣਾ ਪੂਰਨ ਯੋਗਦਾਨ ਪਾਉਣ ਦੀ ਖੇਚਲ ਕਰਨ।

## 10 ਲੱਖ 4 ਹਜ਼ਾਰ ਦੇ ਗੁੰਮ ਮੋਬਾਇਲ ਅਸਲ ਮਾਲਕਾਂ ਨੂੰ ਕੀਤੇ ਸਪੁਰਦ : ਐੱਸ ਐੱਸ ਪੀ



**ਮਾਲੇਰਕੋਟਲਾ (ਅਸਗਰ ਪਰਹਾਰ)**-ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਦੇ ਦਿਸਾ ਨਿਰਦੇਸ਼ਾਂ ਹੇਠ ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੱਤਪਾਲ ਸ਼ਰਮਾ ਅਤੇ ਉਪ ਕਪਤਾਨ ਪੁਲਿਸ (ਸਥਾਨਕ) ਮਾਨਵਜੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਥਾਣਾ ਸਾਈਬਰ ਕਰਾਈਮ ਦੀ ਟੀਮ ਵੱਲੋਂ ਗੁੰਮ ਹੋਏ ਮੋਬਾਇਲ ਪੋਰਟਲ ਰਾਹੀਂ ਟਰੇਸ ਕਰਕੇ ਅਸਲ ਮਾਲਕਾਂ ਦੇ ਸਪੁਰਦ ਕੀਤੇ ਗਏ ਹਨ।ਇਨ੍ਹਾਂ ਮੋਬਾਇਲਾਂ ਦੀ ਕੀਮਤ 10 ਲੱਖ 04 ਹਜ਼ਾਰ ਰੁਪਏ ਦੇ ਕਰੀਬ ਹੈ।ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਨੇ ਆਮ ਪਬਲਿਕ ਨੂੰ ਪੋਰਟਲ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਲਗਾਤਾਰ ਵੱਧ ਰਹੇ ਸਾਈਬਰ ਕਰਾਈਮ ਨੂੰ ਰੋਕਣ ਤੇ ਜਾਗਰੂਕ ਕਰਨ ਲਈ ਜਿਲ੍ਹੇ ਦੇ ਵੱਖ-2 ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਲਗਾਤਾਰ ਸਾਈਬਰ ਜਾਗਰੂਕ ਸੈਮੀਨਾਰ ਲਾਏ ਜਾ ਰਹੇ ਹਨ।ਉਹਨਾਂ ਕਿਹਾ ਕਿ ਜ਼ਿਲ੍ਹੇ ਦੇ ਵੱਖ-ਵੱਖ ਪਬਲਿਕ ਸਥਾਨਾਂ ਉੱਪਰ ਸਾਈਬਰ ਕ੍ਰਾਈਮ ਸਬੰਧੀ ਜਾਗਰੂਕ ਕਰਨ ਲਈ ਫਲੈਕਸ ਬੋਰਡ, ਪੈਂਫਲੇਟ ਅਤੇ ਇਸਤਿਹਾਰਬਾਜ਼ੀ ਰਾਹੀਂ ਮੁਹਿੰਮ ਚਲਾਈ ਜਾ ਰਹੀ ਹੈ।

## ਹਮਦਵਾਲਾ 'ਚ ਜ਼ਮੀਨੀ ਵਿਵਾਦ ਨੂੰ ਲੈ ਕੇ ਚੱਲੀ ਗੋਲੀ, ਦੋ ਜ਼ਖ਼ਮੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਹਮਦਵਾਲਾ ਵਿੱਚ ਇੱਕ ਮਾਮੂਲੀ ਬਹਿਸ ਨੇ ਵੱਡਾ ਰੂਪ ਧਾਰ ਲਿਆ, ਜਿਸ ਦੇ ਨਤੀਜੇ ਵਜੋਂ ਗੋਲੀਬਾਰੀ ਦੀ ਘਟਨਾ ਵਾਪਰੀ ਅਤੇ ਦੋ ਲੋਕ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਇਹ ਵਿਵਾਦ ਇਕ ਘਾਹ ਦੇ ਢੇਰ ਨੂੰ ਲੈ ਕੇ ਸ਼ੁਰੂ ਹੋਇਆ, ਜੋ ਪਿੰਡ ਦੀ ਇਕ ਸਿਵੇ 'ਚੋਂ ਕੱਢਿਆ ਗਿਆ ਸੀ। ਪਿੰਡ ਵਾਸੀ ਨਿਸ਼ਾਨ ਸਿੰਘ ਨੇ ਦੱਸਿਆ ਕਿ ਉਸ ਦੇ ਘਰ ਦੇ ਸਾਹਮਣੇ ਤੋਂ ਲੰਘਦੀ ਸਿਵੇ ਵਿਚ ਕੁਝ ਘਾਹ ਉੱਗ ਆਇਆ ਸੀ। ਦੂਜੇ ਪੱਖ ਦੇ ਲੋਕਾਂ ਨੇ ਇਹ ਘਾਹ ਪੁੱਟ ਕੇ ਨੇੜੇ ਹੀ ਰੱਖੀ ਪਸ਼ੂਆਂ ਦੀ ਤੂੜੀ ਉੱਤੇ ਸੁੱਟ ਦਿੱਤਾ। ਇਸ ਮਾਮੂਲੀ ਗੱਲ ਨੂੰ ਲੈ ਕੇ ਦੋਵਾਂ ਧਿਰਾਂ ਵਿਚਾਲੇ ਤਕਰਾਰ ਸ਼ੁਰੂ ਹੋ ਗਈ। ਇਹ ਛੋਟਾ ਜਿਹਾ ਵਿਵਾਦ 24 ਤਾਰੀਖ਼ ਦੀ ਸ਼ਾਮ ਕਰੀਬ 6.30 ਵਜੇ ਸ਼ੁਰੂ ਹੋਇਆ, ਪਰ ਅਗਲੇ ਹੀ ਦਿਨ 25 ਤਾਰੀਖ਼ ਦੀ ਰਾਤ ਕਰੀਬ 11.30 ਵਜੇ ਇਸ ਨੇ ਖ਼ਤਰਨਾਕ ਰੂਪ ਲੈ ਲਿਆ। ਇਕ ਮੁਲਜ਼ਮ ਨੇ ਇਸ ਦੌਰਾਨ ਪੰਜ ਗੋਲੀਆਂ ਚਲਾਈਆਂ। ਇਸ ਗੋਲੀਬਾਰੀ ਵਿਚ ਕੁਲਵਿੰਦਰ ਕੌਰ (46) ਜ਼ਖ਼ਮੀ ਹੋ ਗਈ, ਜਿਸ ਦੀ ਲੱਤ ਵਿਚ ਗੋਲੀ ਲੱਗ ਕੇ ਬਾਹਰ ਨਿਕਲ ਗਈ। ਇਸੇ ਤਰ੍ਹਾਂ ਗੁਰਲਾਲ ਸਿੰਘ (35) ਵੀ ਗੋਲੀਆਂ ਦੇ ਛੱਰਿਆਂ ਨਾਲ ਜ਼ਖ਼ਮੀ ਹੋ ਗਿਆ। ਦੋਵਾਂ ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਦਾ ਇਲਾਜ ਜਾਰੀ ਹੈ। ਪੁਲਿਸ ਨੇ ਨਿਸ਼ਾਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਹੈ ਅਤੇ ਇਸ ਪੂਰੀ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## 14ਵਾਂ ਆਯੂਸ਼ ਮੈਡੀਕਲ ਕੈਂਪ ਲਾਇਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡਾਇਰੈਕਟਰ ਆਫ ਆਯੁਰਵੇਦ, ਡਾਕਟਰ ਰਵੀ ਕੁਮਾਰ ਡੂਮਰਾ, ਜ਼ਿਲ੍ਹਾ ਆਯੁਰਵੇਦਿਕ ਯੂਨਾਨੀ ਅਫ਼ਸਰ ਡਾਕਟਰ ਰੁਪਿੰਦਰਦੀਪ ਕੌਰ ਗਿੱਲ ਤੇ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਡਾਕਟਰ ਰਹਿਮਾਨ ਅਸਾਦ ਦੀ ਯੋਗ ਅਗਵਾਈ ਹੇਠ ਚੌਂਦਵਾਂ ਆਯੂਸ਼ ਕੈਂਪ ਗੁਰਦੁਆਰਾ ਸਾਹਿਬ , ਬੱਧਨੀ ਜੈਮਲ ਸਿੰਘ ,ਫਿਰੋਜ਼ਪੁਰ ਵਿਖੇ ਲਾਇਆ ਗਿਆ। ਕੈਂਪ ਦੌਰਾਨ ਆਯੂਰਵੈਦਿਕ ਵਿਭਾਗ ਵੱਲੋਂ ਡਾਕਟਰ ਰਾਕੇਸ਼ ਗਰੋਵਰ, ਡਾਕਟਰ ਰੁਪਿੰਦਰਜੀਤ ਕੌਰ, ਡਾਕਟਰ ਸ਼ੀਨਮ ਕਾਠਪਲ, ਅਮਨਦੀਪ ਕੌਰ ਉਪਵੈਦ, ਤਰਸੇਮ ਸਿੰਘ, ਵਿਸ਼ਾਲ ਅਤੇ ਸੁਰਜੀਤ ਕੌਰ ਯੋਗਾ ਇੰਸਟਰਕਟਰ ਅਤੇ ਹੋਮਿਓਪੈਥਿਕ ਵਿਭਾਗ ਵਲੋ ਡਾਕਟਰ ਸਤਨਾਮ ਸਿੰਘ ਗਿੱਲ, ਗੁਰਵਿੰਦਰ ਸਿੰਘ, ਵਿਜੈ ਕੁਮਾਰ, ਡਿਸਪੈਂਸਰ ਨੇ ਡਿਊਟੀ ਨਿਭਾਈ। ਕੈਂਪ ਵਿਚ 237 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

27 Aug Page 3.qxd 8/27/2025 10:26 PM Page 1



## 40 ਨਸ਼ੀਲੀਆਂ ਗੋਲੀਆਂ ਸਮੇਤ ਵਿਅਕਤੀ ਕਾਬੂ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਵਿਭਾਗ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਸ਼ਹੀਦ ਭਗਤ ਸਿੰਘ ਨਗਰ ਦੇ ਐੱਸਐੱਸਪੀ ਡਾਕਟਰ ਮਹਿਤਾਬ ਸਿੰਘ ਆਈਪੀਐੱਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਾਮ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਬਲਾਚੌਰ ਦੀ ਅਗਵਾਈ ਹੇਠ ਪਾਲਣਾ ਕਰਦੇ ਹੋਏ ਐੱਸ ਆਈ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਵੱਲੋਂ ਸਮੇਤ ਪੁਲਸ ਪਾਰਟੀ ਇੱਕ ਵਿਅਕਤੀ ਨੂੰ 40 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਗਈ ਹੈ। ਐੱਸਐੱਚਓ ਸਤਨਾਮ ਸਿੰਘ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਹਿਨੂਸ਼ ਪੁੱਤਰ ਯਾਸੀਨ ਵਾਸੀ ਸੁੱਜੋਵਾਲ ਰੋਡ ਨੇੜੇ ਖਾਲਸਾ ਫਾਰਮ ਬਲਾਚੌਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 40 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ।ਕਥਿਤ ਦੋਸ਼ੀ ਦੇ ਖਿਲਾਫ ਮੁਕਦਮਾ ਨੰਬਰ 120 ਮਿਤੀ 26 - 8 - 2025 ਅ/ਧ 22 ਐੱਨਡੀਪੀਐੱਸ ਐਕਟ ਥਾਣਾ ਸਿਟੀ ਬਲਾਚੌਰ ਵਿਖੇ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ 14 ਦਿਨ ਦੇ ਜੁਡੀਸ਼ੀਅਲ ਰਿਮਾਂਡ ਤੇ ਕੇਂਦਰੀ ਜੇਲ ਲੁਧਿਆਣਾ ਨੂੰ ਭੇਜਿਆ ਜਾ ਰਿਹਾ ਹੈ।

## ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਚਲਾਏ ਜਾ ਰਹੇ ਰਾਹਤ ਕਾਰਜਾਂ ਦਾ ਲਿਆ ਜਾਇਜ਼ਾ

**ਗੁਰਦਾਸਪੁਰ (ਜਨਕ ਮਹਾਜਨ)**- ਸੂਬੇ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਰਾਵੀ ਦਰਿਆ ਕੰਢੇ ਹੜ੍ਹ ਪ੍ਰਭਾਵਿਤ ਪਿੰਡਾਂ ਬਾਹਮਣੀ ਤੇ ਝਬਕਰਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਚਲਾਏ ਜਾ ਰਹੇ ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਆਗੂ ਸ਼ਮਸ਼ੇਰ ਸਿੰਘ ਦੀਨਾਨਗਰ, ਐੱਸ.ਡੀ.ਐੱਮ. ਦੀਨਾਨਗਰ ਜਸਵਿੰਦਰ ਸਿੰਘ ਭੁੱਲਰ, ਐੱਸ. ਈ. ਡਰੇਨਜ਼ ਜਗਦੀਸ਼ ਰਾਜ, ਐਕਸੀਅਨ ਦਿਲਪ੍ਰੀਤ ਸਿੰਘ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਵਸਨੀਕਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੈਦਾਨੀ ਅਤੇ ਪਹਾੜੀ ਇਲਾਕਿਆਂ ਵਿਚ ਲਗਾਤਾਰ ਪੈ ਰਹੇ ਮੀਂਹ ਕਾਰਨ ਸਾਰੇ ਡੈਮ ਭਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਰਣਜੀਤ ਸਿੰਘ ਸਾਗਰ ਡੈਮ ਅਤੇ ਉੱਝ ਦਰਿਆ ਵਿਚੋਂ ਆ ਰਹੇ ਪਾਣੀ ਨਾਲ ਕਈ ਥਾਵਾਂ ਤੋਂ ਰਾਵੀ ਦਰਿਆ ਦੇ ਧੁੱਸੀ ਬੰਨ੍ਹ ਨੂੰ ਵੀ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਦੀਨਾਨਗਰ ਤਹਿਸੀਲ ਦੇ ਰਾਵੀ ਦਰਿਆ ਨਾਲ ਲੱਗਦੇ ਕਰੀਬ 15 ਪਿੰਡ ਹੜ੍ਹ ਦੀ ਮਾਰ ਹੇਠ ਆ ਗਏ ਹਨ ਜਿੱਥੇ ਸਵੇਰ ਤੋਂ ਹੀ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਬੀ.ਐੱਸ.ਐੱਫ., ਭਾਰਤੀ ਫ਼ੌਜ ਐੱਸ.ਟੀ.ਆਰ.ਐੱਫ. ਅਤੇ ਐੱਨ.ਡੀ.ਆਰ.ਐੱਫ ਦੀਆਂ ਟੀਮਾਂ ਨਾਲ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟੀਮਾਂ ਵੱਲੋਂ ਪਿੰਡ ਜੱਗੋਚੱਕ ਟਾਂਡਾ ਤੋਂ 70 ਦੇ ਕਰੀਬ ਵਿਅਕਤੀਆਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਉਨ੍ਹਾਂ ਕਿਹਾ ਕਿ ਰਾਹਤ ਤੇ ਬਚਾਅ ਕਾਰਜ ਲਗਾਤਾਰ ਜਾਰੀ ਹਨ ਅਤੇ ਸਰਕਾਰ ਦੀ ਇਹ ਕੋਸ਼ਿਸ਼ ਹੈ ਕਿ ਨੁਕਸਾਨ ਘੱਟ ਤੋਂ ਘੱਟ ਹੋਵੇ ਅਤੇ ਲੋਕਾਂ ਨੂੰ ਰਾਹਤ ਪੁੱਜਦੀ ਕੀਤੀ ਜਾਵੇ। ਉਨ੍ਹਾਂ ਕਿਹਾ ਮਕੌੜਾ ਪੱਤਣ ਦੇ ਰਾਵੀ ਦਰਿਆ ਤੋਂ ਪਾਰ ਪਿੰਡਾਂ ਦੇ ਵਸਨੀਕਾਂ ਨਾਲ ਵੀ ਸਰਕਾਰ ਦਾ ਸੰਪਰਕ ਕਾਇਮ ਹੈ ਅਤੇ ਉਨ੍ਹਾਂ ਨੂੰ ਵੀ ਹਰ ਸੰਭਵ ਸਹਾਇਤਾ ਪਹੁੰਚਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਰਾਵੀ ਦਰਿਆ ਦੀ ਮਾਰ ਵਿੱਚ ਆਏ ਪਿੰਡਾਂ ਦੇ ਵਸਨੀਕਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡ ਮਰਾੜਾ, ਬਾਹਮਣੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਾਹਲੜੀ ਅਤੇ ਗੁਰਦੁਆਰਾ ਸ੍ਰੀ ਟਾਹਲੀ ਸਾਹਿਬ ਵਿਖੇ ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ ਜਿੱਥੇ ਲੋਕਾਂ ਦੇ ਰਹਿਣ ਤੇ ਖਾਣ-ਪੀਣ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਹਿਲਾਂ ਹੀ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਨੂੰ ਹੋਏ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਲਈ ਢੁਕਵਾਂ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਜਾ ਚੁੱਕਾ ਹੈ। ਸ੍ਰੀ ਗੋਇਲ ਵੱਲੋਂ ਜਗਰੂਪ ਸਿੰਘ ਸੇਖਵਾਂ ਦੇ ਨਾਲ ਪੁਰਾਣਾ ਸ਼ਾਲਾ ਵੱਲ ਬਿਆਸ ਦਰਿਆ ਦੇ ਧੁੱਸੀ ਬੰਨ ਦਾ ਜਾਇਜ਼ਾ ਲਿਆ ਗਿਆ।



## ਭਾਰੀ ਮੀਂਹ ਦੇ ਬਾਵਜੂਦ ਬਟਾਲਾ ਸ਼ਹਿਰ 'ਚ ਸਫਾਈ ਮੁਹਿੰਮ ਜਾਰੀ

**ਬਟਾਲਾ (ਤਰਲੋਕ ਬੱਗਾ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਮੌਕੇ ਇਤਿਹਾਸਕ ਸ਼ਹਿਰ ਬਟਾਲਾ ਦੇ ਅੰਦਰ ਲਗਾਤਾਰ ਪੈ ਰਹੇ ਮੀਂਹ ਦੇ ਬਾਵਜੂਦ ਸ਼ਹਿਰ ਨੂੰ ਸਾਫ ਸੁਥਰਾ ਰੱਖਣ, ਕੂੜੇ ਦੇ ਢੇਰ ਚੁੱਕਣ, ਸੀਵਰੇਜ ਦੀ ਸਫਾਈ ਕਰਨ ਤੇ ਬਿਜਲੀ ਦੀਆਂ ਤਾਰਾਂ ਠੀਕ ਆਦਿ ਦੇ ਕੰਮ ਨਿਰਵਿਘਨ ਜਾਰੀ ਹਨ।ਵਿਕਰਮਜੀਤ ਸਿੰਘ, ਐੱਸ.ਡੀ.ਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਦੱਸਿਆ ਕਿ ਜਿਥੇ ਸਾਰੇ ਵਿਭਾਗ ਤਨਦੇਹੀ ਨਾਲ ਆਪਣੀ ਡਿਊਟੀ ਨਿਭਾ ਰਹੇ ਹਨ, ਉਸ ਦੇ ਨਾਲ ਸ਼ਹਿਰ ਨੂੰ ਸਾਫ਼ ਸੁਥਰਾ ਰੱਖਣ ਲਈ ਲੋਕਾਂ ਦਾ ਸਹਿਯੋਗ ਵੀ ਜਰੂਰੀ ਹੈ।ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੂੜੇ ਨੂੰ ਨਿਰਧਾਰਿਤ ਕੀਤੀਆਂ ਥਾਵਾਂ ਦੇ ਉੱਪਰ ਹੀ ਸੁੱਟਣ, ਜਦਕਿ ਲੰਗਰਾਂ ਦੇ ਵਿੱਚ ਵੀ ਸਟੀਲ ਅਤੇ ਪੱਤਲ ਦੇ ਬਰਤਨਾਂ ਦੀ ਵਰਤੋਂ ਕੀਤੀ ਜਾਵੇ ਅਤੇ ਪਲਾਸਟਿਕ ਅਤੇ ਡਿਸਪੋਜ਼ਲ ਦੇ ਬਰਤਨ ਨਾ ਵਰਤੇ ਜਾਣ।ਐੱਸਡੀਐੱਮ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਾਬਾ ਜੀ ਦੇ ਵਿਆਹ ਪੁਰਬ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ੁਰੂ ਕੀਤੀ ਗਈ ਸਫ਼ਾਈ ਮੁਹਿੰਮ ਦੇ ਵਿੱਚ ਵੱਧ-ਚੜ੍ਹ ਕੇ ਸਹਿਯੋਗ ਦੇਣ।



## ਹਰਿਆਣਾ ਦੇ ਮੁੱਖ ਮੰਤਰੀ ਦਾ ਧੰਨਵਾਦ



**ਫ਼ਿਰੋਜ਼ਪੁਰ (ਮਨੋਜ ਕੁਮਾਰ)**- 1984 ਦੇ ਸਿੱਖ ਵਿਰੋਧੀ ਦੰਗਿਆਂ ਦੇ 121 ਪੀੜਤ ਪਰਿਵਾਰਾਂ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੇ ਹਰਿਆਣਾ ਸਰਕਾਰ ਦੇ ਐਲਾਨ ਦਾ ਸਵਾਗਤ ਕਰਦੇ ਹੋਏ ਕਟੜਾ ਭਾਈ ਸੰਤ ਸਿੰਘ ਭਾਜਪਾ ਮੰਡਲ ਵੱਲੋਂ ਧੰਨਵਾਦ ਪ੍ਰੋਗਰਾਮ ਕੀਤਾ ਗਿਆ। ਇਸ ਧੰਨਵਾਦ ਪ੍ਰੋਗਰਾਮ ਦੀ ਅਗਵਾਈ ਕਰਦੇ ਹੋਏ ਮੰਡਲ ਪ੍ਰਧਾਨ ਰੇਮੀ ਚੋਪੜਾ ਨੇ ਕਿਹਾ ਕਿ ਇਹ ਸਿਰਫ਼ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੇ ਸਮੇਂ ਵਿੱਚ ਹੀ ਸੰਭਵ ਹੈ। ਉਨ੍ਹਾਂ ਇਸ ਐਲਾਨ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਉਚੇਚੇ ਤੌਰ ਉਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਦਿੱਲੀ ਤੋਂ ਬਾਅਦ ਹਰਿਆਣਾ ਅਜਿਹਾ ਦੂਜਾ ਸੂਬਾ ਬਣ ਗਿਆ ਹੈ, ਜਿੱਥੇ ਦੇ ਮੁੱਖ ਮੰਤਰੀ ਨੇ ਸਿੱਖ ਦੰਗਾਂ ਪੀੜਤਾਂ ਦੇ ਜ਼ਖ਼ਮਾਂ ਉੱਤੇ ਮਰਹਮ ਲਗਾਉਣਾ ਦਾ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿਚ 1984 ਵਿਚ ਹੋਏ ਸਿੱਖ ਵਿਰੋਧੀ ਦੰਗਿਆਂ ਦੇ ਦੋਸ਼ੀਆਂ ਨੂੰ ਕਾਨੂੰਨੀ ਤੌਰ ਸਜ਼ਾ ਦੁਆਉਣ ਦੇ ਯਤਨ ਵੀ ਉਸ ਵੇਲੇ ਹੀ ਸ਼ੁਰੂ ਹੋਏ ਜਦੋਂ ਕੇਂਦਰ ਵਿਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਹੋਂਦ ਵਿਚ ਆਈ ਹੈ। ਇਸ ਮੌਕੇ ਵਰਿਆਮ ਸਿੰਘ, ਰਾਕੇਸ਼ ਮੰਨਾ, ਦਵਿੰਦਰ ਸਿੰਘ ਚਾਵਲਾ, ਭਜਨ ਲਾਲ ਵਧਵਾ, ਅਨਿਲ ਮਹਿਰਾ, ਹਰੀਓਮ, ਅਤੁਲ ਵਰਮਾ, ਮੰਗਲ ਸਿੰਘ, ਅਮਿਤ ਨਿੱਕੀ, ਨਿਪੁੰਨ ਸ਼ਰਮਾ ਆਦਿ ਹਾਜ਼ਰ ਸਨ।

## ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਥਾ ਟੇਕਿਆ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਨਵ ਨਿਯੁਕਤ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਇੰਚਾਰਜ ਲੱਗਣ ਤੋਂ ਬਾਅਦ ਅੱਜ ਪਹਿਲੀ ਵਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮਤੇਵਾਲ ਵਿਖੇ ਗੁਰੂ ਘਰ ਦੇ ਸ਼ੁਕਰਾਨੇ ਵਜੋਂ ਪਹੁੰਚੇ ਜਿੱਥੇ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ ਅਰਦਾਸ ਕਰਨ ਉਪਰੰਤ ਉਹ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੂੰ ਮਿਲੇ ਅਤੇ ਬਾਬਾ ਸੱਜਣ ਸਿੰਘ ਤੋਂ ਅਸ਼ੀਰਵਾਦ ਲਿਆ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਉਹ ਬਹੁਤ ਹੀ ਆਪਣੇ ਆਪ ਨੂੰ ਸੁਭਾਗਾ ਸਮਝਦੇ ਹਨ ਜਿਨ੍ਹਾਂ ਨੂੰ ਵਿਧਾਨ ਸਭਾ ਹਲਕਾ ਮਜੀਠਾ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਅਤੇ ਉਹ ਹਰ ਵੇਲੇ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਤਨ ਮਨ ਨਾਲ ਹਾਜ਼ਰੀ ਭਰਦੇ ਰਹਿਣਗੇ ਉਨ੍ਹਾਂ ਕਿਹਾ ਕਿ ਹਲਕੇ ਵਿੱਚ ਕਿਸੇ ਵੀ ਕਿਸਮ ਦੇ ਕਿਸੇ ਵੀ ਵਿਅਕਤੀ ਨੂੰ ਕੋਈ ਮੁਸ਼ਕਲ ਹੋਵੇ ਤਾਂ ਮੇਰੇ ਦਰਵਾਜ਼ੇ ਉਨ੍ਹਾਂ ਨੂੰ ਉਨ੍ਹਾਂ ਲਈ 24 ਘੰਟੇ ਖੁੱਲ੍ਹੇ ਹਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਤਲਬੀਰ ਸਿੰਘ ਗਿੱਲ ਨੂੰ ਅਸੀਰਵਾਦ ਦਿੰਦਿਆਂ ਸਰੋਪਾ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪਰਮਿੰਦਰ ਸਿੰਘ ਉਪਲ ਰੁਮਾਣਾ ਚੱਕ, ਤਰਸੇਮ ਸਿੰਘ ਸਿਆਲਕਾ, ਮਲਕੀਤ ਸਿੰਘ ਬੀਡੀਓ ਭੋਏ, ਰਣਜੀਤ ਸਿੰਘ ਰਾਣਾ ਬਾਬੂਵਾਲ, ਨਿੰਦਰ ਸਿੰਘ ਬਾਠ ਭੋਇ, ਬਲਬੀਰ ਸਿੰਘ ਬੋਪਾਰਾਏ, ਤਰਵਿੰਦਰ ਸਿੰਘ ਸਾਧਪੁਰ ,ਯੋਗਰਾਜ ਸਿੰਘ ਬਾਠ ਸਾਧਪੁਰ, ਪ੍ਰਿੰਸੀਪਲ ਗੁਰਸੇਵਕ ਸਿੰਘ ਆਦਿ ਆਗੂ ਵੀ ਹਾਜ਼ਰ ਸਨ।



## ਵਿਦੇਸ਼ ਭੇਜਣ ਦੇ ਨਾਂਅ 'ਤੇ ਮਾਰੀ ਠੱਗੀ, ਕੇਸ ਦਰਜ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**- ਬਾਬਾ ਬਕਾਲਾ ਸਾਹਿਬ ਸਬ ਡਵੀਜ਼ਨ ਦੀ ਪੁਲਸ ਨੇ ਵਿਦੇਸ਼ ਭੇਜਣ ਦੇ ਨਾਮ 'ਤੇ ਵੱਖ-ਵੱਖ ਤਾਰੀਕਾਂ ਨੂੰ ਕੁੱਲ 6,71,540 ਰੁਪਏ ਦੀ ਠੱਗੀ ਮਾਰਨ ਸਬੰਧੀ ਦੋਸ਼ੀਆਂ ਖਿਲਾਫ ਕੇਸ ਦਰਜ ਕਰ ਲਏ ਜਾਣ ਦਾ ਸਮਾਚਾਰ ਪਰਾਪਤ ਹੋਇਆ ਹੈ ।ਇਸ ਸਬੰਧੀ ਪੀੜਤ ਬਲਵਿੰਦਰ ਸਿੰਘ ਪੁੱਤਰ ਪ੍ਰਿਥੀਪਾਲ ਸਿੰਘ, ਵਾਸੀ ਬਾਬਾ ਬਕਾਲਾ ਸਾਹਿਬ ਨੇ ਪੁਲਸ ਪਾਸ ਇੱਕ ਦਰਖਾਸਤ ਨੰਬਰੀ 2066 ਪੀ. ਪੀ. ਮਿਤੀ 31-03-2025 ਦਿੱਤੀ ਸੀ ਕਿ ਨਵਕਿਰਨਪ੍ਰੀਤ ਸਿੰਘ ਪੁੱਤਰ ਕਰਮ ਸਿੰਘ, ਵਾਸੀ ਗਹਿਰੀ ਮੰਡੀ (ਅੰਮ੍ਰਿਤਸਰ) ਅਤੇ ਉਸਦੇ ਦਫਤਰ ਐੱਨ. ਐੱਸ. ਗਲੋਬਲ ਇਮੀਗ੍ਰੇਸ਼ਨ ਰਣਜੀਤ ਐਵੀਨਿਊ ਅੰਮ੍ਰਿਤਸਰ ਵਿੱਚ ਕੰਮ ਕਰਦੀ ਲੜਕੀ ਸਾਕਸ਼ੀ ਨੇ ਉਨ੍ਹਾਂ ਦੇ ਬੇਟੇ ਨੂੰ ਬਾਹਰ ਭੇਜਣ ਦਾ ਝਾਂਸਾ ਦਿੰਦੇ ਹੋਏ ਵੱਖ-ਵੱਖ ਤਾਰੀਕਾਂ ਨੂੰ ਕੁੱਲ 6,71,540 ਰੁਪਏ ਦੀ ਠੱਗੀ ਮਾਰੀ ਹੈ ।ਨਾ ਤਾਂ ਦੋਸ਼ੀਆਂ ਨੇ ਬੇਟੇ ਨੂੰ ਬਾਹਰ ਭੇਜਿਆ ਅਤੇ ਨਾਂ ਹੀ ਰਕਮ ਵਾਪਿਸ ਕੀਤੀ, ਜਿਸਦੀ ਇੰਨਕੁਆਰੀ ਡੀ. ਐੱਸ. ਪੀ. ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਵੱਲੋਂ ਕੀਤੀ ਗਈ, ਜਿਸ ਤੇ ਡੀ. ਏ. ਲੀਗਲ ਸਾਹਿਬ ਦੀ ਰਾਏ ਹਾਸਿਲ ਕੀਤੀ ਗਈ, ਜੋ ਐਸ.ਐਸ.ਪੀ. ਸਾਹਿਬ ਅੰਮ੍ਰਿਤਸਰ ਦਿਹਾਤੀ ਦੀਆਂ ਹਿਦਾਇਤਾਂ ਤੇ ਥਾਣਾ ਬਿਆਸ ਦੀ ਪੁਲਿਸ ਨੇ ਦੋਸ਼ੀਆਂ ਨਵਕਿਰਨਪ੍ਰੀਤ ਸਿੰਘ ਪੁੱਤਰ ਕਰਮ ਸਿੰਘ ਵਾਸੀ ਗਹਿਰੀ ਮੰਡੀ ਅਤੇ ਸਾਕਸ਼ੀ ਖਿਲਾਫ ਮੁੱਕਦਮਾ ਨੰਬਰ 161, ਮਿਤੀ 23-8-2025, ਜੁਰਮ 420, 120-ਬੀ ਆਈ. ਪੀ. ਸੀ. ਤਹਿਤ ਕੇਸ ਦਰਜ ਕਰ ਲਿਆ ਹੈ ਅਤੇ ਅਗਲੇਰੀ ਕਾਰਵਾਈ ਜਾਰੀ ਹੈ ।

## ਸੀ ਟੀ ਗਰੁੱਪ ਨੇ ਗਣੇਸ਼ ਚਤੁਰਥੀ ਨੂੰ ਵਿਲੱਖਣ ਤਰੀਕੇ ਨਾਲ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਸ ਨੇ ਗਣੇਸ਼ ਚਤੁਰਥੀ ਨੂੰ ਇੱਕ ਵਿਲੱਖਣ ਅਤੇ ਟਿਕਾਊ ਤਰੀਕੇ ਨਾਲ ਮਨਾਇਆ, ਜਿਸ ਦੇ ਤਹਿਤ ਸਥਾਪਨਾ ਦਿਵਸ 'ਤੇ ਕੈਂਪਸ ਵਿੱਚ ਇੱਕ ਧਾਰਨਯੋਗ ਮੂਰਤੀ (ਈਕੋ ਫਰੈਂਡਲੀ) ਗਣੇਸ਼ ਜੀ ਦੀ ਮੂਰਤੀ ਸਥਾਪਿਤ ਕੀਤੀ ਗਈ। ਇਹ ਪ ਹਿ ਲ ਕ ਦ ਮ ੀ ਵਾਤਾਵਰਣ ਦੇਖਭਾਲ ਲਈ ਸੀ ਟੀ ਗਰੁੱਪ ਦੀ ਮਜ਼ਬੂਤ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ, ਇਹ ਯਕੀਨੀ ਬਣਾਉਂਦੇ ਹੋਏ ਕਿ ਆਉਣ ਵਾਲਾ ਵਿਸਰਜਨ ਜ਼ਿੰਮੇਵਾਰੀ ਨਾਲ ਕੀਤਾ ਜਾਵੇਗਾ ਅਤੇ ਕੁਦਰਤ ਨੂੰ ਕੋਈ ਨੁਕਸਾਨ ਨਹੀਂ ਪਹੁੰਚੇਗਾ। ਜਸ਼ਨ ਦੀ ਸ਼ੁਰੂਆਤ ਧੂਮਧਾਮ ਨਾਲ ਹੋਈ ਜਦੋਂ ਵਿਦਿਆਰਥੀ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਅਤੇ ਇੱਕ ਜੋਸ਼ੀਲੇ ਜਲੂਸ ਦੀ ਅਗਵਾਈ ਕੀਤੀ। ਗਣੇਸ਼ਜੀ ਨੂੰ ਆਪਣੇ ਹੱਥਾਂ 'ਤੇ ਚੁਕੀਂ, ਢੋਲ ਅਤੇ ਤਾਸ਼ੇ ਦੀਆਂ ਥਾਪਾਂ ਨੇ ਹਵਾ ਵਿੱਚ ਗੂੰਜ ਪੈਦਾ ਕੀਤੀ, ਜਿਸ ਨਾਲ ਸੀ.ਟੀ. ਗਰੁੱਪ ਦਾ ਹਰ ਕੋਨਾ ਦੈਵੀ ਊਰਜਾ ਅਤੇ ਅਸੀਸਾਂ ਨਾਲ ਭਰ ਗਿਆ। ਪੂਰਾ ਕੈਂਪਸ ਭਗਤੀ ਦੀਆਂ ਲਹਿਰਾਂ ਵਿੱਚ ਨਹਾਉਂਦਾ ਹੋਇਆ, ਏਕਤਾ ਅਤੇ ਵਿਸ਼ਵਾਸ ਦਾ ਸੰਦੇਸ਼ ਦੇ ਰਿਹਾ ਸੀ। ਪਵਿੱਤਰ ਨਵਗ੍ਰਹ ਪੂਜਾ ਦੀ ਰਸਮ ਡੂੰਘੀ ਸ਼ਰਧਾ ਨਾਲ ਨਿਭਾਈ ਗਈ, ਜਿਸ ਦੀ ਅਗਵਾਈ ਮੈਨੇਜਿੰਗ ਡਾਇਰੈਕਟਰ ਡਾਕਟਰ ਮਨਬੀਰ ਸਿੰਘ ਅਤੇ ਜੋਇੰਟ ਮੈਨੇਜਿੰਗ ਡਾਇਰੈਕਟਰ ਸੁਸ਼੍ਰੀ ਤਾਨਿਕਾ ਸਿੰਘ ਦੀ ਮੌਜੂਦਗੀ ਵਿੱਚ ਕੀਤੀ ਗਈ, ਜਿਨ੍ਹਾਂ ਨੇ ਰਸਮਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ।



## ਰੈਗਿੰਗ-ਮੁਕਤ ਕੈਂਪਸ ਸੰਬੰਧੀ ਯੂਨੀਵਰਸਿਟੀ 'ਚ ਭਾਸ਼ਣ ਕਰਵਾਇਆ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਵਣਜ ਅਤੇ ਪ੍ਰਬੰਧਨ ਵਿਭਾਗ ਨੇ ਆਪਣੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ ਰੈਗਿੰਗ ਵਿਰੋਧੀ ਜਾਗਰੂਕਤਾ ਵਿਸ਼ੇ ਤੇ ਇੱਕ ਭਾਸ਼ਣ ਦਾ ਆਯੋਜਨ ਕੀਤਾ।ਇਸ ਭਾਸ਼ਣ ਦੇ ਮੁੱਖ ਵਕਤਾ ਪ੍ਰੋ. (ਡਾ.) ਨਰਿੰਦਰ ਕੌਰ ਮੁਲਤਾਨੀ, ਸਾਬਕਾ ਡੀਨ ਅਕਾਦਮਿਕ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਸਨ।ਉਨ੍ਹਾਂ ਨੇ ਆਪਸੀ ਸਤਿਕਾਰ ਨੂੰ ਉਤਸ਼ਾਹਿਤ ਕਰਨ ਅਤੇ ਰੈਗਿੰਗ-ਮੁਕਤ ਕੈਂਪਸ ਨੂੰ ਬਣਾਈ ਰੱਖਣ ਦੀ ਮਹੱਤਤਾ ਤੇ ਆਪਣੀਆਂ ਕੀਮਤੀ ਸੁਝਾਅ ਅਤੇ ਅਨੁਭਵ ਸਾਂਝੇ ਕੀਤੇ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਸਾਥੀਆਂ ਪ੍ਰਤੀ ਹਮਦਰਦੀ, ਦਿਆਲਤਾ ਅਤੇ ਜ਼ਿੰਮੇਵਾਰੀ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਤੇ, ਵਾਇਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਨੇ ਵਿਭਾਗ ਦੇ ਉੱਦਮ ਦੀ ਸ਼ਲਾਘਾ ਕੀਤੀ ਅਤੇ ਇੱਕ ਸੁਰੱਖਿਅਤ ਅਤੇ ਸਹਾਇਕ ਅਕਾਦਮਿਕ ਵਾਤਾਵਰਣ ਨੂੰ ਆਕਾਰ ਦੇਣ ਵਿੱਚ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ।ਸਮਾਗਮ ਦਾ ਸਮਾਪਨ ਵਣਜ ਅਤੇ ਪ੍ਰਬੰਧਨ ਵਿਭਾਗ ਦੇ ਮੁਖੀ ਡਾ. ਕੰਚਨ ਰਾਣੀ ਦੁਆਰਾ ਧੰਨਵਾਦ ਮਤੇ ਨਾਲ ਹੋਇਆ।ਇਹ ਲੈਕਚਰ ਬਿਜ਼ਨਸ ਕਲੱਬ ਦੇ ਕੋਆਰਡੀਨੇਟਰ ਡਾ. ਰਮਨਦੀਪ ਕੌਰ ਦੁਆਰਾ ਫੈਕਲਟੀ ਮੈਂਬਰਾਂ ਰਣਦੀਪ ਕੌਰ, ਨਵਨੀਤ ਕੌਰ ਅਤੇ ਸ਼੍ਰੀਮਤੀ ਰੇਖਾ ਦੀ ਨਿਗਰਾਨੀ ਵਿੱਚ ਆਯੋਜਿਤ ਕੀਤਾ ਗਿਆ ਸੀ।

## ਖ਼ਾਲਸਾ ਕਾਲਜ ਅਤੇ ਖ਼ਾਲਸਾ 'ਵਰਸਿਟੀ ਦਾ ਯੂ ਬੀ ਐੱਸ ਐੱਸ ਵਫ਼ਦ ਨੇ ਕੀਤਾ ਦੌਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਦੀ 133 ਸਾਲ ਪੁਰਾਣੀ ਸਿੱਖ ਵਿਰਾਸਤ ਨੂੰ ਦੇਖ ਕੇ ਸਿਡਨੀ ਤੋਂ ਯੂਨੀਵਰਸਲ ਸਕੂਲ ਆਫ਼ ਬਿਜ਼ਨਸ ਦੇ ਉੱਚ ਪੱਧਰੀ ਅਕਾਦਮਿਕ ਵਫ਼ਦ ਪ੍ਰਭਾਵਿਤ ਹੋਏ ਬਿਨ੍ਹਾਂ ਨਾ ਰਹਿ ਸਕਿਆ।ਉਕਤ ਵਫ਼ਦ ਨੇ ਕਾਲਜ ਦੇ ਭਵਨ ਕਲਾ ਨਿਰਮਾਣ ਦੀ ਸ਼ਲਾਘਾ ਕਰਦਿਆਂ ਇਸ ਦੇ ਅਕਾਦਮਿਕ ਵਾਤਾਵਰਣ ਦੀ ਤਾਰੀਫ਼ ਕਰਦਿਆਂ ਇਤਿਹਾਸ 'ਚ ਕਾਲਜ ਦੇ ਸਹਿਯੋਗ ਨੂੰ ਸਲਾਹਿਆ।ਇਸ ਤੋਂ ਇਲਾਵਾ ਯੂ. ਬੀ. ਐੱਸ. ਐੱਸ. ਦੇ ਉਕਤ ਵਫ਼ਦ ਨੇ ਖ਼ਾਲਸਾ 'ਵਰਸਿਟੀ ਦੇ ਉਚ ਅਧਿਕਾਰੀਆਂ ਨਾਲ ਅਲੱਗ ਤੋਂ ਦੋਵਾਂ ਪਾਸਿਆਂ ਦਰਮਿਆਨ ਅਕਾਦਮਿਕ ਖੇਤਰ ਨੂੰ ਮਜ਼ਬੂਤ ਕਰਨ ਲਈ ਅਹਿਮ ਮੀਟਿੰਗਾਂ ਵੀ ਕੀਤੀਆਂ। ਇਸ ਵਫ਼ਦ ਦੀ ਅਗਵਾਈ ਕਰ ਰਹੇ ਯੂ. ਬੀ. ਐੱਸ. ਐੱਸ. ਦੇ ਸੀ. ਈ. ਓ-ਕਮ ਵਾਈਸ ਚਾਂਸਲਰ ਡਾ. ਐਲਨ ਬੋਵਨਜ਼ ਅਤੇ ਇਸ ਦੇ ਚਾਂਸਲਰ-ਕਮ-ਡਾਇਰੈਕਟਰ ਗੈਰੀ ਮਲਹੋਤਰਾ ਨੇ ਵਿਦਿਆਰਥੀਆਂ ਦੇ ਕਰੀਅਰ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਸੁਚਾਰੂ ਬਣਾਉਣ ਲਈ ਕਦਮ ਉਠਾਉਣ ਦੀ ਵਕਾਲਤ ਕੀਤੀ।ਉਨ੍ਹਾਂ ਕਿਹਾ ਕਿ ਯੂ. ਬੀ. ਐੱਸ. ਐੱਸ. ਸੈਮੀਨਾਰਾਂ ਅਤੇ ਅਕਾਦਮਿਕ ਸਹਿਯੋਗ ਰਾਹੀਂ ਖ਼ਾਲਸਾ ਯੂਨੀਵਰਸਿਟੀ ਦੇ ਵਿਦਿਆਰਥੀਆਂ ਲਈ ਆਉਣ ਵਾਲੇ ਸਮੇਂ 'ਚ ਮੰਚ ਮੁਹੱਈਆ ਕਰਵਾ ਸਕਦਾ ਹੈ।ਉਨ੍ਹਾਂ ਕਿਹਾ ਕਿ ਗੱਲਬਾਤ ਉਸਾਰੂ ਢੰਗ ਨਾਲ ਹੋਈ ਹੈ, ਜਿਸ ਦੇ ਆਉਣ ਵਾਲੇ ਸਮੇਂ 'ਚ ਸਕਾਰਾਤਮਿਕ ਨਤੀਜੇ ਆਉਣ ਦੀ ਸੰਭਾਵਨਾ ਹੈ। ਕਿਉਂਕਿ ਦੋਵੇਂ ਹੀ ਧਿਰਾਂ ਅੰਤਰਰਾਸ਼ਟਰੀ ਯੋਗਦਾਨ ਪਾਉਣ ਲਈ ਵਚਨਬੱਧ ਹੈ।ਉਨ੍ਹਾਂ ਤੋਂ ਇਲਾਵਾ ਯੂ. ਐੱਸ. ਏ. ਤੋਂ ਆਈ. ਟੀ ਕਾਰੋਬਾਰੀ ਸ: ਰਾਜਵਿੰਦਰ ਸਿੰਘ ਬੋਪਾਰਾਏ ਨੇ ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵਿਖੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਵੈਟਰਨਰੀ ਡਾਕਟਰਾਂ ਲਈ ਅਮਰੀਕਾ 'ਚ ਉਪਲਬਧ ਮੌਕਿਆਂ ਸਬੰਧੀ ਭਰਪੂਰ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਨੇ ਕਾਲਜ ਦੇ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਅਤੇ ਡਾਇਰੈਕਟਰ ਡਾ. ਐੱਸ. ਕੇ. ਨਾਗਪਾਲ ਨਾਲ ਜਾਣਕਾਰੀਆਂ ਸਾਂਝੀਆਂ ਕਰਦਿਆਂ ਕਿਹਾ ਕਿ ਅਮਰੀਕਾ 'ਚ ਵੈਟਰਨਰੀ ਹਸਪਤਾਲਾਂ ਦੀ ਬਹੁਤ ਜਰੂਰਤ ਹੈ, ਜਿਨ੍ਹਾਂ ਨੂੰ ਚਲਾਉਣ ਲਈ ਮਾਹਿਰ ਡਾਕਟਰ ਅਮਰੀਕਾ ਜਾ ਸਕਦੇ ਹਨ।ਉਕਤ ਮੀਟਿੰਗ ਦੌਰਾਨ ਖ਼ਾਲਸਾ 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, ਗਲੋਬਲ ਐਲੂਮਨੀ ਦੇ ਮੁਖੀ ਡਾ. ਦਵਿੰਦਰ ਸਿੰਘ ਛੀਨਾ, ਉੱਘੇ ਪੱਤਰਕਾਰ ਅਤੇ ਪ੍ਰਮੁੱਖ ਐਲੂਮਨੀ ਕਾਰਜਕਾਰੀ ਮੈਂਬਰ ਸ: ਮਨਜੀਤ ਸਿੰਘ ਸਿੱਧੂ, ਸ: ਗੁਰਿੰਦਰ ਸਿੰਘ ਮਹਿਰੋਕ ਅਤੇ ਉੱਘੇ ਪੈਥੋਲੋਜਿਸਟ ਡਾ. ਕਰਮਜੀਤ ਸਿੰਘ ਗਿੱਲ ਆਦਿ ਸ਼ਾਮਿਲ ਹਨ।ਇਸ ਦੌਰਾਨ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਆਪਣੇ ਸੰਦੇਸ਼ 'ਚ ਉਪਰੋਕਤ ਵਫ਼ਦ ਵੱਲੋਂ ਵਿੱਦਿਅਕ ਜਾਣਕਾਰੀਆਂ ਪ੍ਰਦਾਨ ਕਰਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਭਵਿੱਖ 'ਚ ਵਿਸ਼ਵ ਪੱਧਰੀ ਅਕਾਦਮਿਕ ਸੰਸਥਾਵਾਂ ਨਾਲ ਗਠਜੋੜ ਕਰਕੇ ਖ਼ਾਲਸਾ ਸੰਸਥਾਵਾਂ ਦੇ ਵਿਦਿਆਰਥੀ ਫਾਇਦਾ ਲੈ ਸਕਦੇ ਹਨ।ਇਸ ਮੌਕੇ ਸ੍ਰੀ ਮਲਹੋਤਰਾ ਅਤੇ ਸ: ਸਿੱਧੂ ਨੇ ਸਾਂਝੇ ਤੌਰ 'ਤੇ ਕਾਲਜ ਦੇ ਆਰਕੀਟੈਕਚਰਲ-ਅਜੂਬੇ ਨੂੰ ਵੇਖ ਕੇ ਸ਼ਲਾਘਾ ਕਰਦਿਆਂ ਕਿਹਾ ਸਾਨੂੰ ਮਾਣ ਹੈ ਕਿ ਸਾਡੇ ਕੋਲ ਪੰਜਾਬ 'ਚ ਇੰਨੀ ਉਚੀ ਸਿੱਖ-ਵਿਰਾਸਤ ਹੈ।



## ਕੇਂਦਰ ਸਰਕਾਰ ਵੱਲੋਂ 8 ਲੱਖ ਪਰਿਵਾਰਾਂ ਦੇ ਰਾਸ਼ਨ ਕਾਰਡ ਕੱਟਣਾ ਕੋਝੀ ਸਾਜ਼ਿਸ਼ : ਮੋਹਣ ਭੰਡਾਰੀਆਂ

● ਮਾਨ ਸਰਕਾਰ ਪੰਜਾਬ ਦੇ ਲੋਕਾਂ ਨਾਲ ਅਜਿਹਾ ਕਦੇ ਨਹੀਂ ਹੋਣ ਦੇਵੇਗੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਕੇਂਦਰ ਵਿੱਚ ਰਾਜ ਕਰਦੀ ਬੀਜੇਪੀ ਦੀ ਸਰਕਾਰ ਜੋ ਆਪਣੇ ਆਪ ਨੂੰ ਲੋਕ ਹਿਤੈਸ਼ੀ ਅਖਵਾਉਂਦੀ ਹੈ, ਵੱਲੋਂ 8 ਲੱਖ ਪਰਿਵਾਰਾਂ ਦੇ ਰਾਸ਼ਨ ਕਾਰਡ ਕੱਟੇ ਜਾ ਰਹੇ ਹਨ, ਜਿਸ ਨਾਲ ਲਗਭਗ 32 ਲੱਖ ਲੋਕ ਮੁਫਤ ਰਾਸ਼ਨ ਤੋਂ ਵਾਂਝੇ ਹੋ ਜਾਣਗੇ। ਰਾਸ਼ਨ ਕਾਰਡਾਂ ਦਾ ਕੱਟੇ ਜਾਣਾ ਕੇਂਦਰ ਸਰਕਾਰ ਦੀ ਬਹੁਤ ਹੀ ਘਿਨਾਉਣੀ ਸਾਜ਼ਿਸ਼ ਹੈ।ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹੁੰਦਿਆਂ ਪੰਜਾਬ ਦੇ ਲੋਕਾਂ ਨਾਲ ਅਜਿਹਾ ਕਦੇ ਨਹੀਂ ਹੋਣ ਦਿੱਤਾ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਆਮ ਆਦਮੀ ਪਾਰਟੀ ਦੇ ਆਗੂ ਗੁਰਮੁੱਖ ਸਿੰਘ ਮੋਹਣ ਭੰਡਾਰੀਆਂ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਆਪਣੀ ਫੋਕੀ ਸਿਆਸਤ ਚਮਕਾਉਣ ਲਈ ਬਹੁਤ ਹੀ ਘਟੀਆ ਹਰਕਤਾਂ ਤੇ ਉਤਰ ਆਈ ਜਿਸ ਦੇ ਤਹਿਤ ਭਾਜਪਾ ਵੱਲੋਂ ਝੂਠੇ ਕੈਂਪ ਲਗਾ ਕੇ ਲੋਕਾਂ ਦਾ ਡਾਟਾ ਇਕੱਠਾ ਕੀਤਾ ਜਾ ਰਿਹਾ ਹੈ ਅਤੇ ਕਰੀਬ 8 ਲੱਖ ਪਰਿਵਾਰਾਂ ਦਾ ਕੇ. ਵਾਈ. ਸੀ. ਦਾ ਬਹਾਨਾ ਬਣਾ ਕੇ ਰਾਸ਼ਨ ਕਾਰਡ ਕੱਟੇ ਜਾ ਰਹੇ ਹਨ, ਜੋ ਪੰਜਾਬ ਨਾਲ ਸ਼ਰੇਆਮ ਬੇ-ਇਨਸਾਫੀ ਹੈ।ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ 55 ਲੱਖ ਲੋਕਾਂ ਦਾ ਮੁਫਤ ਰਾਸ਼ਨ ਬੰਦ ਕਰਨ ਤੇ ਤੁਲੀ ਹੈ, ਜੁਲਾਈ ਮਹੀਨੇ ਵਿੱਚ 23 ਲੱਖ ਲੋਕਾਂ ਦਾ ਕੇ. ਵਾਈ. ਸੀ. ਨਾ ਹੋਣ ਕਾਰਨ ਰਾਸ਼ਨ ਬੰਦ ਕਰ ਦਿੱਤਾ ਗਿਆ ਹੈ ਅਤੇ 30 ਸਤੰਬਰ ਤੱਕ 32 ਲੱਖ ਹੋਰ ਲੋਕਾਂ ਦਾ ਰਾਸ਼ਨ ਬੰਦ ਕਰਨ ਦੀ ਧਮਕੀ ਦਿੱਤੀ ਗਈ ਹੈ, ਜੇਕਰ ਅਜਿਹਾ ਹੁੰਦਾ ਹੈ ਤਾਂ ਇਸ ਨਾਲ 55 ਲੱਖ ਲੋਕ ਪ੍ਰਭਾਵਿਤ ਹੋਣਗੇ, ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਦੀ ਢਾਲ ਬਣਦਿਆਂ ਹੋਇਆ ਕੇਂਦਰ ਸਰਕਾਰ ਤੋਂ ਛੇ ਮਹੀਨੇ ਦਾ ਸਮਾਂ ਮੰਗਿਆ ਹੈ, ਤਾਂ ਜੋ ਕੇ. ਵਾਈ. ਸੀ. ਦੀ ਪ੍ਰਕਿਰਿਆ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਇਸ ਪ੍ਰਕਿਰਿਆ ਤਹਿਤ ਸਰਕਾਰ ਵੱਲੋਂ ਲੋਕਾਂ ਦੇ ਘਰ ਘਰ ਜਾ ਕੇ ਕੇ.ਵਾਈ.ਸੀ. ਕੀਤੀ ਜਾਵੇਗੀ ਤਾਂ ਜੋ ਕੋਈ ਵੀ ਲੋੜਵੰਦ ਵਿਅਕਤੀ ਦਾ ਰਾਸ਼ਨ ਕਾਰਡ ਨਾ ਕੱਟਿਆ ਜਾ ਸਕੇ।



## ਕਾਂਗਰਸ ਦੀ ਤਰਨਤਾਰਨ ਵਿਖੇ ਹੋ ਰਹੀ ਰੈਲੀ 'ਆਪ' ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ : ਕੱਕੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਦੇ ਸਾਬਕਾ ਮੰਤਰੀ ਅਤੇ ਮੌਜੂਦਾ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੀ ਯੋਗ ਅਗਵਾਈ ਹੇਠ 2 ਸਤੰਬਰ ਨੂੰ ਤਰਨਤਾਰਨ ਵਿਖੇ ਵੋਟ ਚੋਰੀ ਖ਼ਿਲਾਫ਼ ਰੈਲੀ ਇੱਕ ਬੇਮਿਸਾਲ ਰੈਲੀ ਹੋਵੇਗੀ।ਇਹ ਰੈਲੀ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਇੱਕ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸਮੁੱਚੀ ਹਾਈਕਮਾਂਡ ਨੇ ਦੂਰਅੰਦੇਸ਼ੀ ਦਾ ਫੈਸਲਾ ਲੈਂਦਿਆਂ ਤਰਨਤਾਰਨ ਦੀ ਇਸ ਰੈਲੀ ਦੀ ਜ਼ਿੰਮੇਵਾਰੀ ਸਭ ਦੇ ਹਰਮਨ ਪਿਆਰੇ ਕਾਂਗਰਸ ਪਾਰਟੀ ਦੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੂੰ ਦਿੱਤੀ ਹੈ।ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਸਮੁੱਚੀ ਕਾਂਗਰਸ ਪੂਰੀ ਤਰ੍ਹਾਂ ਇੱਕਜੁੱਟ ਦਿਖਾਈ ਦੇਵੇਗੀ ਅਤੇ ਵਿਰੋਧੀਆਂ ਦੀ ਬੋਲਤੀ ਬੰਦ ਕਰ ਦੇਵੇਗੀ।ਕੱਕੜ ਨੇ ਕਿਹਾ ਕਿ ਇਸ ਬੇਮਿਸਾਲ ਰੈਲੀ ਨਾਲ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ ਦਾ ਮੁੱਢ ਬੱਝ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਹਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਲਖਵਿੰਦਰ ਸਿੰਘ ਝੰਜੋਟੀ ਬਲਾਕ ਪ੍ਰਧਾਨ ਹਰਸਾਛੀਨਾ, ਜਸਕਰਨ ਸਿੰਘ ਕੋਹਰੀ ਪ੍ਰਧਾਨ ਯੂਥ ਕਾਂਗਰਸ ਰਾਜਾਸਾਂਸੀ, ਬਬਲਾ ਕੋਟਲਾ, ਸਰਪੰਚ ਸੋਨਾ ਸਿੱਧੂ ਬਲੱਗਣ, ਦਿਲਬਾਗ ਸਿੰਘ ਖਿਆਲਾ ਕਲਾਂ, ਬਾਬਾ ਦਲਬੀਰ ਸਿੰਘ ਪੱਧਰੀ, ਦਲਬੀਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਕੋਹਾਲੀ, ਅਜੈਬੀਰ ਸਿੰਘ ਲੋਪੋਕੇ ਮੀਤ ਪ੍ਰਧਾਨ, ਸ਼ਮਸ਼ੇਰ ਸਿੰਘ ਚੋਗਾਵਾਂ ਜਨਰਲ ਸਕੱਤਰ,ਬਲਦੇਵ ਸਿੰਘ ਮੰਝ, ਨਿਸ਼ਾਨ ਸਿੰਘ ਮੰਝ, ਸੁਖਦੇਵ ਸਿੰਘ ਨੱਥੂਪੁਰ, ਕੁਲਦੀਪ ਸਿੰਘ ਔਲਖ ਚੋਗਾਵਾਂ, ਡਾ ਪ੍ਰਗਟ ਸਿੰਘ ਭੁੱਲਰ, ਰਿੰਕੂ ਚੋਗਾਵਾਂ,ਰੇਸ਼ਮ ਸਿੰਘ ਲੋਧੀਗੁੱਜਰ, ਨਰਿੰਦਰ ਸਿੰਘ ਹੇਤਮਪੁਰਾ, ਸੂਬਾ ਸਿੰਘ ਹੇਤਮਪੁਰਾ, ਸੂਬਾ ਸਿੰਘ ਪੰਜੂਰਾਏ, ਸ਼ਮਸ਼ੇਰ ਸਿੰਘ ਸਾਰੰਗੜਾ, ਰੇਸ਼ਮ ਸਿੰਘ ਬੱਚੀਵਿੰਡ, ਸਾਹਬੀ ਚੈਨਪੁਰ, ਸੁਖਬੀਰ ਸਿੰਘ ਸ਼ਾਹ ਭਿੱਟੇਵੱਡ, ਲਖਵਿੰਦਰ ਸਿੰਘ ਭਿੱਟੇਵੱਡ, ਸੁਖਬੀਰ ਸਿੰਘ, ਗੁਰਜੰਟ ਸਿੰਘ ਮੁੱਧ, ਸੁਰਜੀਤ ਸਿੰਘ ਰਾਣੀਆਂ ਆਦਿ ਹਾਜ਼ਰ ਸਨ।





## ਅਲਫ਼ਾ ਸਕੂਲ ਵੱਲੋਂ 'ਓਰੀਐਂਟੇਸ਼ਨ 2025' ਦਾ ਆਯੋਜਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫ਼ਾ ਸਕੂਲ ਵੱਲੋਂ 'ਓਰੀਐਂਟੇਸ਼ਨ 2025' ਦਾ ਆਯੋਜਨ ਕੀਤਾ ਗਿਆ, ਜੋ ਨਵੇਂ ਬੈਚ ਦੇ ਵਿਦਿਆਰਥੀਆਂ ਲਈ ਮਾਰਗਦਰਸ਼ਨ, ਪ੍ਰੇਰਣਾ ਅਤੇ ਵਿਜ਼ਨ ਨਾਲ ਭਰਪੂਰ ਸ਼ੁਰੂਆਤ ਸਾਬਤ ਹੋਇਆ। ਸਾਕਸ਼ੀ ਮਹਿਤਾ, ਡਾਇਰੈਕਟਰ ਅਲਫ਼ਾ ਸਕੂਲ ਨੇ ਦੱਸਿਆ ਕਿ ਪ੍ਰੋਗਰਾਮ ਦੀ ਸ਼ੁਰੂਆਤ ਨੈਕਸਟ ਆਈ ਏ ਐਸ ਦੇ ਮਾਹਿਰਾਂ-ਹੈੱਡ ਐੱਚ ਆਰ ਅਤੇ ਸੀਨੀਅਰ ਸਲਾਹਕਾਰ ਦੇ ਇੰਟਰਐਕਟਿਵ ਸੈਸ਼ਨ ਨਾਲ ਹੋਈ। ਇਸ ਸੈਸ਼ਨ ਵਿੱਚ ਵਿਦਿਆਰਥੀਆਂ ਨੂੰ ਯੂ ਪੀ ਐੱਸ ਸੀ ਪ੍ਰੀਖਿਆਵਾਂ ਦੇ ਸਫ਼ਰ ਅਤੇ ਚੁਣੌਤੀਆਂ ਬਾਰੇ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਮੌਕੇ 'ਤੇ ਰਿਆਤ ਬਾਹਰਾ ਯੂਨੀਵਰਸਿਟੀ ਅਤੇ ਨੈਕਸਟ ਆਈ ਏ ਐਸ ਵਿਚਕਾਰ ਇੱਕ ਸਮਝੌਤਾ ਪੱਤਰ (ਐਮ.ਓ.ਯੂ.) 'ਤੇ ਹਸਤਾਖਰ ਕੀਤੇ ਗਏ, ਜਿਸ ਨਾਲ ਵਿਦਿਆਰਥੀਆਂ ਲਈ ਸਹਿਯੋਗ ਅਤੇ ਕੈਰੀਅਰ ਦੇ ਨਵੇਂ ਰਸਤੇ ਖੁੱਲ੍ਹਣਗੇ।ਸਮਾਗਮ ਵਿੱਚ ਗਰੁੱਪ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਪ੍ਰੋ ਵਾਈਸ-ਚਾਂਸਲਰ ਡਾ. ਸਤੀਸ਼ ਕੁਮਾਰ ਨੇ ਵੀ ਹਾਜ਼ਰੀ ਭਰੀ। ਮੁੱਖ ਮਹਿਮਾਨ ਵਜੋਂ ਐੱਸ ਐੱਸ ਪੀ ਫਤਿਹਗੜ੍ਹ ਸਾਹਿਬ ਸ਼ੁਭਮ ਅਗਰਵਾਲ ਤੇ ਵਿਸ਼ੇਸ਼ ਮਹਿਮਾਨ ਵਜੋਂ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਸ਼ਿਰਕਤ ਕੀਤੀ। ਇਸ ਦੌਰਾਨ ਵਿਦਿਆਰਥੀਆਂ ਦੇ ਸਵਾਲਾਂ ਦਾ ਜਵਾਬ ਦਿੱਤਾ।

## ਪ੍ਰਿੰਸੀਪਲਜ਼ ਐਸੋ. ਆਫ਼ ਏਡਿਡ ਐਂਡ ਐਫੀਲੀਏਟਿਡ ਕਾਲਜਿਜ਼ ਦਾ ਵਫਦ ਸਿੱਖਿਆ ਮੰਤਰੀ ਨੂੰ ਮਿਲਿਆ

**ਫਗਵਾੜਾ (ਜਸਵਿੰਦਰ ਢੱਡਾ)** ਪ੍ਰਿੰਸੀਪਲਜ਼ ਐਸੋਸੀਏਸ਼ਨ ਆਫ਼ ਏਡਿਡ ਐਂਡ ਐਫੀਲੀਏਟਿਡ ਕਾਲਜਿਜ਼ ਪੰਜਾਬ ਦਾ ਇੱਕ ਵਫ਼ਦ ਜਿਸ ਵਿੱਚ ਡਾ. ਗੁਰਦੇਵ ਸਿੰਘ ਰੰਧਾਵਾ ਪ੍ਰਧਾਨ, ਡਾ. ਜਸਵੀਰ ਸਿੰਘ ਜਨਰਲ ਸਕੱਤਰ, ਡਾ. ਪਰਵਿੰਦਰ ਸਿੰਘ ਸੀਨੀਅਰ ਉਪ ਪ੍ਰਧਾਨ, ਡਾ. ਤਰਸੇਮ ਸਿੰਘ ਭਿੰਡਰ ਸਕੱਤਰ ਸ਼ਾਮਲ ਸਨ, ਨੇ ਨੰਗਲ ਵਿਖੇ ਸਿੱਖਿਆ ਮੰਤਰੀ ਪੰਜਾਬ, ਸ. ਹਰਜੋਤ ਸਿੰਘ ਬੈਂਸ ਨੂੰ ਉਨ੍ਹਾਂ ਦੇ ਸਥਾਨਕ ਦਫ਼ਤਰ ਵਿਖੇ ਇੱਕ ਮੰਗ ਪੱਤਰ ਸੌਂਪਿਆ। ਵਫ਼ਦ ਵੱਲੋਂ ਮੰਤਰੀ ਨੂੰ ਕਾਲਜਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਮੰਗਾਂ ਤੋਂ ਜਾਣੂ ਕਰਵਾਇਆ ਗਿਆ, ਜਿਨ੍ਹਾਂ ਵਿਚ ਪੰਜਾਬ ਦੀ ਆਪਣੀ ਉੱਚ-ਸਿੱਖਿਆ ਰੈਗੂਲੇਟਰੀ ਬਾਡੀ ਗਠਿਤ ਕਰਨਾ, ਤਨਖ਼ਾਹ ਦੀ ਗ੍ਰਾਂਟ ਨਿਯਮਤ ਕਰਨਾ, ਨਾਨ-ਟੀਚਿੰਗ ਸਟਾਫ਼ ਲਈ ਛੇਵੇਂ ਪੇ ਕਮਿਸ਼ਨ ਨੂੰ ਜਲਦ ਲਾਗੂ ਕਰਨਾ, ਖਾਲੀ ਪਈਆਂ ਅਸਾਮੀਆਂ ਦੀ ਜਲਦ ਭਰਤੀ, ਗ੍ਰਾਂਟ-ਇਨ-ਏਡ ਸਕੀਮ ਅਧੀਨ ਕੰਮ ਕਰਦੇ ਪ੍ਰਿੰਸੀਪਲਾਂ ਦੀ ਰਿਟਾਇਰਮੈਂਟ ਉਮਰ 60 ਸਾਲ ਕਰਨਾ, ਪਹਿਲੇ ਸਮੈਸਟਰ ਵਿਚ ਰਜਿਸਟਰ ਹੋ ਚੁੱਕੇ ਵਿਦਿਆਰਥੀਆਂ ਦੀ ਤੀਜੇ ਅਤੇ ਪੰਜਵੇਂ ਸਮੈਸਟਰ ਦੀ ਮੁੜ ਸਰਕਾਰੀ ਪੋਰਟਲ 'ਤੇ ਰੇਜਿਸਟ੍ਰੇਸ਼ਨ ਅਤੇ ਫ਼ੀਸ ਦੀ ਸ਼ਰਤ ਨੂੰ ਖ਼ਤਮ ਕਰਨਾ, ਪੋਸਟ ਮੈਟ੍ਰਿਕ ਸਕਾਲਰਸ਼ਿਪ ਦੀਆਂ ਮਿਤੀਆਂ ਨੂੰ ਦਾਖ਼ਲਾ ਮਿਤੀਆਂ ਨਾਲ ਮੇਲਣਾ, ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ ਫ਼ੀਸਾਂ ਦੀ ਕੈਪਿੰਗ ਨੂੰ ਸੋਧਣ ਦੇ ਨਾਲ ਇਸ ਸਬੰਧਿਤ ਵਿਚਾਰ-ਵਟਾਂਦਰੇ ਲਈ ਏਡਿਡ ਐਂਡ ਐਫੀਲੀਏਟਿਡ ਕਾਲਜਿਜ਼ ਨੂੰ ਉਚਿਤ ਪ੍ਰਤੀਨਿਧਤਾ ਦੇਣਾ ਸ਼ਾਮਿਲ ਸਨ। ਮੰਤਰੀ ਨੇ ਵਫਦ ਨੂੰ ਸਕੱਤਰ ਉੱਚ-ਸਿੱਖਿਆ ਅਤੇ ਡਾਇਰੈਕਟਰ ਉੱਚ-ਸਿੱਖਿਆ ਨਾਲ ਮੀਟਿੰਗ ਦਾ ਪ੍ਰਬੰਧ ਕਰਕੇ ਸਭ ਮੁਸ਼ਕਿਲਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ।



## 'ਰੁੱਖ ਲਗਾਓ, ਵਾਤਾਵਰਣ ਬਚਾਓ' ਸਬੰਧੀ ਪ੍ਰੋਗਰਾਮ ਕਰਵਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਲਾਇੰਸ ਕਲੱਬ ਹੁਸ਼ਿਆਰਪੁਰ ਗ੍ਰੇਟਰ ਵੱਲੋਂ ਅਸਲਾਮਾਬਾਦ ਦੇ ਵਾਟਰ ਟੈਂਕ ਅਜੀਤ ਨਗਰ ਵਿਖੇ 'ਰੁੱਖ ਲਗਾਓ, ਵਾਤਾਵਰਣ ਬਚਾਓ' ਸੰਬੰਧੀ ਇੱਕ ਪ੍ਰੋਗਰਾਮ ਰਮੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਤੇ ਇਲਾਕੇ ਦੇ ਮਿਊਂਸੀਪਲ ਕੌਂਸਲਰ ਮੁੱਖੀ ਰਾਮ, ਅਲਾਇੰਸ ਕਲੱਬ ਦੇ ਇੰਟਰਨੈਸ਼ਨਲ ਡਾਇਰੈਕਟਰ ਐਲੀ ਅਸ਼ੋਕ ਪੁਰੀ, ਕਾਰਗਿਲ ਜੇਤੂ ਕੈਪਟਨ ਕਰਨੈਲ ਸਿੰਘ, ਰਿਟਾਇਰਡ ਕੋਚ ਝਿਰਮਲ ਸਿੰਘ, ਰਿਟਾਇਰਡ ਐੱਸ ਡੀ ਈ (ਪੀ.ਡਬਲਯੂ.ਡੀ) ਤਰਸੇਮ ਸਿੰਘ ਤੇ ਸੁਲੱਖਣ ਸਿੰਘ, ਸਿਹਤ ਵਿਭਾਗ ਦੇ ਰਿਟਾਇਰਡ ਸੁਪਰਡੈਂਟ ਨੱਥੂ ਰਾਮ ਅਤੇ ਪੰਜਾਬੀ ਮਾਂ ਬੋਲੀ ਦੇ 86 ਸਾਲਾ ਸਿਪਾਹੀ ਕੁਲਤਾਰ ਸਿੰਘ ਕੁਲਤਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। 'ਰੁੱਖ ਲਗਾਓ, ਵਾਤਾਵਰਣ ਬਚਾਓ' ਨੂੰ ਸਫਲਤਾ ਪੂਰਵਕ ਕਰਨ ਲਈ ਸੁਰਿੰਦਰ ਗੁਪਤਾ, ਹਰਜੀਤ ਕੁਮਾਰ, ਦੀਪਕ ਕੁਮਾਰ, ਸ਼ਸ਼ੀ ਬਾਲਾ ਅਤੇ ਯੋਗਾ ਟੀਚਰ ਪੂਰਨੀਮਾ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਤੇ ਹਾਜ਼ਰ ਹੋਏ ਪਤਵੰਤਿਆਂ ਦੀ ਸਵੈ-ਪਹਿਚਾਣ ਹੋਣ ਤੋਂ ਬਾਅਦ ਅੰਬ, ਟਾਹਲੀ ਅਤੇ ਨਿੰਮ ਦੇ ਰੁੱਖਾਂ ਨੂੰ ਵਾਟਰ ਟੈਂਕੀ ਦੇ ਕੋਲ ਲਗਾਇਆ ਗਿਆ। ਇਸ ਮੌਕੇ ਤੇ ਐਮ.ਸੀ. ਮੁੱਖੀ ਰਾਮ ਨੇ ਉਨ੍ਹਾਂ ਦੇ ਵਾਰਡ ਵਿੱਚ ਅਲਾਇੰਸ ਕਲੱਬ ਹੁਸ਼ਿਆਰਪੁਰ ਗ੍ਰੇਟਰ ਵੱਲੋਂ ਕੀਤੇ ਗਏ ਪ੍ਰੋਗਰਾਮ ਲਈ ਧੰਨਵਾਦ ਕੀਤਾ।

## ਕਰਨਵੀਰ ਕਟਾਰੀਆ ਨੇ ਸਤਲੁਜ ਦੇ ਬੰਨ੍ਹ ਦਾ ਕੀਤਾ ਦੌਰਾ



**ਬਲਾਚੌਰ/ਨਵਾਂਸ਼ਹਿਰ (ਜਸਵਿੰਦਰ ਬੈਂਸ, ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਯੂਥ ਆਗੂ ਕਰਨਵੀਰ ਕਟਾਰੀਆ ਨੇ ਅਧਿਕਾਰੀਆਂ ਨਾਲ ਪਿੰਡ ਔਲੀਆ ਪੁਰ , ਡੁਗਰੀ ਬੇਟ , ਤਾਜੋਵਾਲ, ਹੈਡੋ ਬੇਟ ਅਤੇ ਪਨਿਆਲੀ ਵਿਖੇ ਕਿਸੇ ਵੀ ਅਣਸੁਖਾਵੀ ਘਟਨਾ ਤੋਂ ਬਚਣ ਲਈ ਦਰਿਆ ਸਤਲੁਜ ਦੇ ਵੱਖ ਵੱਖ ਬੰਨ੍ਹਾਂ ਦਾ ਦੌਰਾ ਕੀਤਾ । ਯੂਥ ਆਗੂ ਕਰਨਵੀਰ ਕਟਾਰੀਆ ਨੇ ਦੱਸਿਆ ਕਿ ਸਤਲੁਜ ਦਰਿਆ ਦੇ ਕੰਢਿਆਂ ਤੇ ਮਜ਼ਬੂਤੀ ਨਾਲ ਬੰਨ੍ਹ ਬਣਵਾਏ ਗਏ ਹਨ ਅਤੇ ਡੰਗਿਆ (ਠੋਕਰਾਂ) ਨੂੰ ਵੀ ਮੁਰੰਮਤ ਕਰਕੇ ਮਜ਼ਬੂਤ ਬਣਾਇਆ ਗਿਆ ਹੈ ।ਇਸ ਮੌਕੇ ਕਟਾਰੀਆ ਨੇ ਦਸਿਆ ਕਿ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਢੁੱਕਵੇਂ ਇੰਤਜਾਮ ਰੱਖੇ ਗਏ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਹਾਲਤ ਨਾਲ ਨਜਿੱਠਿਆ ਜਾ ਸਕੇ। ਇਸ ਮੌਕੇ ਸੁਨੀਲ ਕੌਸ਼ਲ ਪ੍ਰਧਾਨ ਨਗਰ ਕੌਂਸਲ ਬਲਾਚੌਰ, ਰਣਵੀਰ ਸਿੰਘ ਬਲਾਕ ਪ੍ਰਧਾਨ,ਹਰਮੇਸ਼ ਸਿੰਘ ਸਾਬਕਾ ਸਰਪੰਚ, ਕਰਮਜੀਤ ਸੈਣੀ, ਹਰਦੇਵ ਸਿੰਘ ਸੈਣੀ, ਬੀਸ਼ੂ ਰਾਣਾ, ਹੈਪੀ ਸੈਣੀ, ਹਨੀ ਜੋਗੇਵਾਲ, ਰਾਣਾ ਤਰਸੇਮ ਸਿੰਘ ਸਰਪੰਚ, ਪੁਸ਼ਵਿੰਦਰ ਸਿੰਘ ਸਰਪੰਚ, ਜਸਪਾਲ ਸਿੰਘ ਸਰਪੰਚ, ਦਾਰਾ ਸਿੰਘ ਸਰਪੰਚ, ਅਸ਼ੋਕ ਕੁਮਾਰ ਆਦਿ ਸਮੂਹ ਪਿੰਡ ਵਾਸੀ ਹਾਜ਼ਰ ਸਨ।

## ਖ਼ਾਲਸਾ ਕਾਲਜ ਆਫ ਲਾਅ ਦੀਆਂ ਵਿਦਿਆਰਥਣਾਂ ਦੇ ਦੂਜੇ ਸਮੈਸਟਰ 'ਚ ਆਏ ਸ਼ਾਨਦਾਰ ਨਤੀਜੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਆਫ਼ ਲਾਅ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਲਏ ਗਏ ਵੱਖ-ਵੱਖ ਇਮਤਿਹਾਨਾਂ 'ਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਸੰਸਥਾ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ਹੈ।ਕਾਲਜ ਵਿਦਿਆਰਥੀਆਂ ਨੇ ਬੀ. ਕਾਮ. ਐੱਲ. ਐੱਲ. ਬੀ. (ਪੰਜ ਸਾਲਾ ਕੋਰਸ) ਸਮੈਸਟਰ ਦੂਜਾ ਦੇ ਇਮਤਿਹਾਨਾਂ 'ਚੋਂ ਸ਼ਾਇਨਪ੍ਰੀਤ ਕੌਰ ਨੇ 600 'ਚੋਂ 477 ਅੰਕਾਂ ਨਾਲ 'ਵਰਸਿਟੀ 'ਚੋਂ ਪਹਿਲਾ ਅਤੇ ਗੁਰਤਾਜਬੀਰ ਸਿੰਘ ਨੇ 448 ਅੰਕਾਂ ਨਾਲ ਦੂਸਰਾ ਸਥਾਨ ਪ੍ਰਾਪਤ ਕੀਤਾ ਹੈ ਜਦਕਿ ਵਿਦਿਆਰਥਣ ਚਾਹਤ ਲਾਂਬਾ ਨੇ ਬੀ. ਏ. ਲਾਅ ਦੀ ਡਿਗਰੀ 'ਚ 77.77% ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ 'ਚੋਂ ਪਹਿਲਾ ਸਥਾਨ ਹਾਸਲ ਕੀਤਾ।ਇਸ ਮੌਕੇ ਡਾਇਰੈਕਟਰ-ਕਮ-ਪ੍ਰਿੰਸੀਪਲ ਪ੍ਰੋ. (ਡਾ.) ਜਸਪਾਲ ਸਿੰਘ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਉਕਤ ਵਿਦਿਆਰਥੀਆਂ ਦਾ ਆਪਣੇ ਦਫ਼ਤਰ ਵਿਖੇ ਮੂੰਹ ਮਿੱਠਾ ਕਰਵਾਉਣ ਉਪਰੰਤ ਕਿਹਾ ਕਿ ਕਾਲਜ ਦਾ ਵਧੀਆ ਨਤੀਜਾ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ, ਲਗਨ ਅਤੇ ਮੈਨੇਜਮੈਂਟ ਵੱਲੋਂ ਸਿੱਖਿਆ ਦਾ ਵਧੀਆ ਵਾਤਾਵਰਣ ਪ੍ਰਦਾਨ ਕਰਨ ਕਰਕੇ ਹੀ ਸੰਭਵ ਹੋ ਸਕਿਆ ਹੈ।ਉਨ੍ਹਾਂ ਕਿਹਾ ਕਿ ਬੀ. ਏ. ਐੱਲ. ਐੱਲ. ਬੀ. (ਪੰਜ ਸਾਲਾ ਕੋਰਸ) ਸਮੈਸਟਰ 10ਵਾਂ ਦੇ ਹੋਏ ਇਮਤਿਹਾਨਾਂ 'ਚ ਵਿਦਿਆਰਥਣ ਚਾਹਤ ਲਾਂਬਾ ਨੇ 500 ਅੰਕਾਂ 'ਚੋਂ 395 ਅੰਕ ਨਾਲ ਯੂਨੀਵਰਸਿਟੀ 'ਚੋਂ ਦੂਜਾ ਅਤੇ ਡਿਗਰੀ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਮਨਪ੍ਰੀਤ ਕੌਰ ਨੇ 386 ਅੰਕ ਪ੍ਰਾਪਤ ਕਰਕੇ 'ਵਰਸਿਟੀ 'ਚੋਂ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਕਿਹਾ ਕਿ ਜਦਕਿ ਐੱਲ. ਐੱਲ. ਬੀ. (ਤਿੰਨ ਸਾਲਾ ਕੋਰਸ) ਸਮੈਸਟਰ ਦੂਜਾ ਦੇ ਹੋਏ ਇਮਤਿਹਾਨਾਂ 'ਚੋਂ ਵਿਦਿਆਰਥਣ ਦਿਸ਼ਾ ਪਸਰਿਚਾ ਨੇ 500 ਅੰਕਾਂ 'ਚੋਂ 368 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ 'ਚੋਂ ਦੂਜਾ ਸਥਾਨ ਹਾਸਲ ਕੀਤਾ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ 'ਚ ਹੋਰ ਵੀ ਮਿਹਨਤ ਕਰਕੇ ਆਪਣਾ ਅਤੇ ਕਾਲਜ ਦਾ ਨਾਂ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਰਾਸ਼ੀਮਾ ਚੰਗੋਤਰਾ, ਡਾ. ਰੈਨੂੰ ਸੈਣੀ, ਡਾ. ਪ੍ਰੀਤ ਇੰਦਰ ਕੌਰ, ਡਾ. ਮੋਹਿਤ ਸੈਣੀ, ਡਾ. ਸੀਮਾ ਰਾਣੀ, ਡਾ. ਦਿਵਯਾ ਸ਼ਰਮਾ, ਡਾ. ਪੁਰਨਿਮਾ ਖੰਨਾ, ਡਾ. ਪਵਨਦੀਪ ਕੌਰ, ਡਾ. ਅਨੀਤਾ, ਡਾ. ਸਿਵਨ ਸਰਪਾਲ, ਡਾ. ਹਰਜੋਤ ਕੌਰ, ਪ੍ਰੋ. ਰਿਚਾ ਜੋਸ਼ੀ, ਪ੍ਰੋ. ਹੇਮਾ ਸਿੰਘ, ਪ੍ਰੋ. ਸੁਗਮ ਆਦਿ ਸਟਾਫ ਮੈਂਬਰ ਹਾਜ਼ਰ ਸਨ।



## ਪਿੰਡ ਝੰਜੋਵਾਲ 'ਚ ਬਾਇਫਰਕੇਸ਼ਨ ਵਾਟਰ ਸਪਲਾਈ ਸਕੀਮ ਦਾ ਉਦਘਾਟਨ





**ਹੁਸ਼ਿਆਰਪੁਰ (ਓ ਪੀ ਰਾਣਾ)**- ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਪਿੰਡ ਝੰਜੋਵਾਲ ਵਿੱਚ 58.89 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਬਾਇਫਰਕੇਸ਼ਨ ਵਾਟਰ ਸਪਲਾਈ ਸਕੀਮ ਦਾ ਉਦਘਾਟਨ ਕੀਤਾ। ਇਸ ਯੋਜਨਾ ਰਾਹੀਂ ਪਿੰਡ ਦੇ 1,364 ਵਸਨੀਕਾਂ ਨੂੰ ਸਾਫ਼ ਅਤੇ ਸੁਰੱਖਿਅਤ ਪੀਣ ਵਾਲੇ ਪਾਣੀ ਦੀ ਸੁਵਿਧਾ ਮਿਲੇਗੀ। ਉਦਘਾਟਨ ਮੌਕੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਦੱਸਿਆ ਕਿ ਇਸ ਸਕੀਮ ਦੇ ਤਹਿਤ 220 ਮੀਟਰ ਗਹਿਰਾ ਟਿਊਬਵੈੱਲ ਲਗਾਇਆ ਗਿਆ ਹੈ, ਜਿਸ ਦੀ ਸਮਰੱਥਾ 50,000 ਲੀਟਰ ਹੈ। ਇਸ ਦੇ ਨਾਲ ਹੀ ਪਿੰਡ ਵਿੱਚ ਪਹਿਲਾਂ ਤੋਂ ਮੌਜੂਦ ਪਾਣੀ ਦੇ ਕੁਨੈਕਸ਼ਨਾਂ ਤੋਂ ਇਲਾਵਾ 85 ਨਵੇਂ ਘਰਾਂ ਨੂੰ ਵੀ ਕੁਨੈਕਸ਼ਨ ਦਿੱਤੇ ਗਏ ਹਨ, ਜਿਸ ਨਾਲ ਹਰ ਘਰ ਤੱਕ ਸਾਫ਼ ਪਾਣੀ ਪਹੁੰਚੇਗਾ। ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੇਂਡੂ ਵਿਕਾਸ ਅਤੇ ਆਧਾਰਭੂਤ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੋਸ਼ਿਸ਼ ਕਰ ਰਹੀ ਹੈ। ਵਿਧਾਇਕ ਨੇ ਕਿਹਾ ਕਿ ਭਵਿੱਖ ਵਿੱਚ ਹਲਕੇ ਦੇ ਹੋਰ ਪਿੰਡਾਂ ਵਿੱਚ ਵੀ ਅਜਿਹੀਆਂ ਯੋਜਨਾਵਾਂ ਲਾਗੂ ਕੀਤੀਆਂ ਜਾਣਗੀਆਂ, ਤਾਂ ਜੋ ਪੀਣ ਵਾਲੇ ਪਾਣੀ ਦੀ ਕਮੀ ਨੂੰ ਪੂਰੀ ਤਰ੍ਹਾਂ ਦੂਰ ਕੀਤਾ ਜਾ ਸਕੇ।ਉਦਘਾਟਨ ਸਮਾਗਮ ਵਿੱਚ ਹਾਜ਼ਰ ਪਿੰਡ ਵਾਸੀਆਂ ਨੇ ਇਸ ਪਹਿਲ ਲਈ ਵਿਧਾਇਕ ਅਤੇ ਰਾਜ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਇਸ ਯੋਜਨਾ ਨੂੰ ਪਿੰਡ ਲਈ ਇਕ ਮੀਲ ਪੱਥਰ ਦੱਸਦੇ ਹੋਏ ਇਸ ਨੂੰ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਪੱਕਾ ਹੱਲ ਕਿਹਾ।

28-Aug-PAGE-4.qxd 8/27/2025 10:45 PM Page 1



# ਬੰਦਰਗਾਹਾਂ 'ਤੇ ਉਤਰਦੀ ਡਰੱਗਜ਼

*ਕੇਂਦਰੀ ਗ੍ਰਹਿ ਮੰਤਰਾਲੇ ਨੇ ਮੌਨਸੂਨ ਸੈਸ਼ਨ ਦੌਰਾਨ ਰਾਜ ਸਭਾ ਵਿੱਚ ਦੱਸਿਆ ਕਿ 2020-2021 ਦੌਰਾਨ ਦੇਸ਼ ਭਰ ਦੀਆਂ ਬੰਦਰਗਾਹਾਂ ਤੋਂ 11300 ਕਰੋੜ ਰੁਪਏ ਦੀ ਗੈਰਕਾਨੂੰਨੀ ਡਰੱਗਜ਼ ਜ਼ਬਤ ਕੀਤੀ ਗਈ, ਜਿਸ ਵਿੱਚੋਂ 65 ਫੀਸਦੀ (ਲਗਭਗ 7383 ਕਰੋੜ ਰੁਪਏ) ਗੁਜਰਾਤ ਦੀਆਂ ਬੰਦਰਗਾਹਾਂ ਤੋਂ ਜ਼ਬਤ ਕੀਤੀ ਗਈ। ਇਨ੍ਹਾਂ ਵਿੱਚੋਂ ਇਕੱਲੇ ਅਡਾਨੀ ਗਰੁੱਪ ਦੀ ਮੁੰਦਰਾ ਬੰਦਰਗਾਹ ਤੋਂ 6386 ਕਰੋੜ ਦੀਆਂ ਫੜੀਆਂ ਡਰੱਗਜ਼ ਸ਼ਾਮਲ ਹਨ। ਗੁਜਰਾਤ ਦੀ ਹੀ ਪਿਪਾਵਾਵ ਬੰਦਰਗਾਹ ਤੋਂ 180 ਕਰੋੜ, ਮਹਾਰਾਸ਼ਟਰ ਦੀ ਜਵਾਹਰ ਲਾਲ ਨਹਿਰੂ ਬੰਦਰਗਾਹ ਤੋਂ 2284 ਕਰੋੜ, ਤਾਮਿਲਨਾਡੂ ਦੀ ਚਿਦੰਬਰਨਾਰ ਬੰਦਰਗਾਹ (ਤੂਤੀਕੋਰਨ) ਤੋਂ 1515 ਕਰੋੜ ਤੇ ਕੋਲਕਾਤਾ ਦੀ ਸ਼ਿਆਮਾ ਪ੍ਰਸਾਦ ਮੁਖਰਜੀ ਬੰਦਰਗਾਹ ਤੋਂ 78 ਕਰੋੜ ਰੁਪਏ ਦੀਆਂ ਡਰੱਗਜ਼ ਜ਼ਬਤ ਕੀਤੀਆਂ ਗਈਆਂ। ਇਨ੍ਹਾਂ ਵਿੱਚ ਹੈਰੋਇਨ, ਕੋਕੀਨ, ਟ੍ਰਾਮਾਡੋਲ ਟੇਬਲੈਟ ਤੇ ਇੰਜੈਕਸ਼ਨ ਸ਼ਾਮਲ ਹਨ।*

*ਇਹ ਕਿਹਾ ਜਾਂਦਾ ਹੈ ਕਿ ਗੁਜਰਾਤ ਦਾ ਸਮੁੰਦਰੀ ਤੱਟ ਲਗਭਗ 1600 ਕਿੱਲੋਮੀਟਰ ਲੰਮਾ ਹੈ, ਜਿਹੜਾ ਭਾਰਤ ਦਾ ਸਭ ਤੋਂ ਲੰਮਾ ਇਲਾਕਾ ਹੈ। ਇਸ ਨਾਲ ਡਰੱਗ ਸਮੱਗਲਰ ਆਸਾਨੀ ਨਾਲ ਪਹੁੰਚ ਜਾਂਦੇ ਹਨ। ਮੁੰਦਰਾ ਬੰਦਰਗਾਹ ਭਾਰਤ ਦੀ ਸਭ ਤੋਂ ਵੱਡੀ ਨਿੱਜੀ ਬੰਦਰਗਾਹ ਹੈ, ਜਿੱਥੇ ਸਮੱਗਲਿੰਗ ਦਾ ਮਾਲ ਲੁਕੋਣਾ ਆਸਾਨ ਹੋ ਜਾਂਦਾ ਹੈ। ਮੁੰਦਰਾ ਬੰਦਰਗਾਹ ਕੱਛ ਦੀ ਖਾੜੀ ਵਿੱਚ ਹੈ, ਜਿਹੜਾ ਇਤਿਹਾਸਕ ਤੌਰ 'ਤੇ ਵਪਾਰ ਦਾ ਕੇਂਦਰ ਰਿਹਾ ਹੈ ਅਤੇ ਹੁਣ ਕੌਮਾਂਤਰੀ ਦਰਾਮਦ-ਬਰਾਮਦ ਦਾ ਪ੍ਰਮੁੱਖ ਕੇਂਦਰ ਬਣ ਗਿਆ ਹੈ। ਇਹ ਬੰਦਰਗਾਹ ਅਰਬ ਸਾਗਰ ਦੇ ਰਣਨੀਤਕ ਵਪਾਰ ਮਾਰਗ 'ਤੇ ਸਥਿਤ ਹੈ, ਜਿਸ ਦੀ ਸਮੱਗਲਰ ਵਰਤੋਂ ਕਰਦੇ ਹਨ।*

*ਕਿਸੇ ਬੰਦਰਗਾਹ ਨੂੰ ਇਹ ਕਹਿ ਕੇ ਕਲੀਨ ਚਿੱਟ ਨਹੀਂ ਦਿੱਤੀ ਜਾ ਸਕਦੀ ਕਿ ਉੱਥੇ ਜਿੰਨਾ ਮਾਲ ਉਤਰਦਾ-ਚੜ੍ਹਦਾ ਹੈ, ਉਸ ਸਾਰੇ ਦੀ ਡੂੰਘਾਈ ਵਿੱਚ ਚੈਕਿੰਗ ਸੰਭਵ ਨਹੀਂ। ਸਾਰੇ ਕੰਟੇਨਰ ਚੈੱਕ ਨਹੀਂ ਕੀਤੇ ਜਾ ਸਕਦੇ। ਡਰੱਗ ਦਾ ਕਾਰੋਬਾਰ ਸਥਾਨਕ ਲੋਕਾਂ ਦੇ ਮਿਲਵਰਤਣ ਤੋਂ ਬਿਨਾਂ ਸੰਭਵ ਨਹੀਂ। ਕੌਮਾਂਤਰੀ ਸਮੱਗਲਰ ਤਾਂ ਡਰੱਗਜ਼ ਨੂੰ ਕਿਸੇ ਨਾ ਕਿਸੇ ਤਰ੍ਹਾਂ ਬੰਦਰਗਾਹ ਤੱਕ ਪੁੱਜਦਾ ਕਰਦੇ ਹਨ। ਉਸ ਨੂੰ ਉੱਤਰ ਭਾਰਤ, ਖਾਸਕਰ ਦਿੱਲੀ ਤੇ ਪੰਜਾਬ ਵਿੱਚ ਕੌਣ ਪਹੁੰਚਾਉਂਦੇ ਹਨ। ਜਾਂਚ ਏਜੰਸੀਆਂ ਡਰੱਗ ਮਾਫੀਆ ਦੇ ਇਸ ਗੱਠਜੋੜ ਨੂੰ ਕਿਉਂ ਨਹੀਂ ਤੋੜ ਪਾ ਰਹੀਆਂ। ਆਖਰ ਇਸ ਨੂੰ ਕਿਸ ਦੀ ਸਰਪ੍ਰਸਤੀ ਹਾਸਲ ਹੈ। ਆਪੋਜ਼ੀਸ਼ਨ ਪਾਰਟੀਆਂ ਦੋਸ਼ ਲਾਉਂਦੀਆਂ ਆ ਰਹੀਆਂ ਹਨ ਕਿ ਡਰੱਗਜ਼ ਦੀ ਕਾਲੀ ਕਮਾਈ ਵਿੱਚੋਂ ਭਾਜਪਾ ਆਗੂਆਂ ਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ ਹਿੱਸਾ ਮਿਲਦਾ ਹੈ। ਇਸੇ ਕਰਕੇ ਦੇਸ਼ ਵਿਚਲੇ ਸਮੱਗਲਰਾਂ ਨੂੰ ਫੜਨ ਵਿੱਚ ਮੁਸ਼ਕਲ ਆਉਂਦੀ ਹੈ। ਅਡਾਨੀ ਗਰੁੱਪ ਇਹ ਕਹਿ ਕੇ ਬਚ ਜਾਂਦਾ ਹੈ ਕਿ ਉਹ ਸਿਰਫ ਮਾਲ ਨੂੰ ਸੰਭਾਲਦਾ ਹੈ ਅਤੇ ਮਾਲ ਦੀ ਜਾਂਚ ਕਰਨ ਦਾ ਅਧਿਕਾਰ ਕੇਂਦਰੀ ਏਜੰਸੀਆਂ ਕੋਲ ਹੈ। ਕੇਂਦਰੀ ਏਜੰਸੀਆਂ ਗੁਜਰਾਤ ਦੇ ਦੋ ਵੱਡੇ ਆਗੂਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਕੰਟਰੋਲ ਵਿੱਚ ਹਨ। ਇਸ ਕਰਕੇ ਇਨ੍ਹਾਂ ਦੋਹਾਂ ਦੀ ਹੀ ਮੁੱਖ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨੌਜਵਾਨੀ ਨੂੰ ਤਬਾਹ ਕਰ ਰਹੀ ਡਰੱਗਜ਼ ਦੇ ਭਾਰਤ ਵਿੱਚ ਦਾਖਲੇ ਨੂੰ ਰੋਕਣ ਲਈ ਬੰਦਰਗਾਹਾਂ 'ਤੇ ਚੌਕਸੀ ਵਧਾਉਣ।*

## ਟੈਰਿਫ ਦਰਾਂ ਦੇ ਭਾਰਤ-ਅਮਰੀਕਾ 'ਤੇ ਪੈਣ ਵਾਲੇ ਪ੍ਰਭਾਵ

ਪਿਛਲੇ ਕਈ ਹਫ਼ਤਿਆਂ ਤੋਂ ਅਮਰੀਕਾ ਦੁਆਰਾ ਵੱਖ-ਵੱਖ ਦੇਸ਼ਾਂ 'ਤੇ ਟੈਰਿਫ ਲਗਾਉਣ ਦੀਆਂ ਖਬਰਾਂ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਮੀਡੀਆ ਵਿੱਚ ਸੁਰਖੀਆਂ ਬਣਦੀਆਂ ਆ ਰਹੀਆਂ ਹਨ। ਆਓ ਸਭ ਤੋਂ ਪਹਿਲਾਂ ਅਸੀਂ ਆਸਾਨ ਭਾਸ਼ਾ ਵਿੱਚ ਸਮਝਣ ਦੀ ਕੋਸ਼ਿਸ਼ ਕਰਦੇ ਹਾਂ ਕਿ ਇਹ ਟੈਰਿਫ ਕੀ ਹੈ। ਦਰਅਸਲ ਟੈਰਿਫ ਇੱਕ ਟੈਕਸ ਜਾਂ ਸ਼ੁਲਕ ਹੁੰਦਾ ਹੈ, ਜੋ ਕਿਸੇ ਦੇਸ਼ ਦੀ ਸਰਕਾਰ ਕਿਸੇ ਹੋਰ ਦੇਸ਼ ਤੋਂ ਆਉਣ ਵਾਲੀਆਂ ਚੀਜ਼ਾਂ (ਨਿਰਯਾਤ) ਉੱਤੇ ਲਗਾਉਂਦੀ ਹੈ।

ਸਧਾਰਨ ਭਾਸ਼ਾ ਵਿੱਚ ਟੈਰਿਫ਼ ਦਾ ਮਤਲਬ ਆਯਾਤ ਉੱਤੇ ਲਾਇਆ ਗਿਆ ਟੈਕਸ ਹੈ।

ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਆਖਿਰ ਸਰਕਾਰਾਂ ਟੈਰਿਫ਼ ਕਿਉਂ ਲਗਾਉਂਦੀਆਂ ਹਨ? ਤਾਂ ਇਸ ਦਾ ਇੱਕ ਤਾਂ ਜਵਾਬ ਹੈ ਇਹ ਹੈ ਕਿ ਦੇਸੀ ਉਦਯੋਗਾਂ ਦੀ ਰੱਖਿਆ ਲਈ। ਦੂਜੇ ਵਿਦੇਸ਼ੀ ਚੀਜ਼ਾਂ ਨੂੰ ਮਹਿੰਗਾ ਕਰਕੇ ਦੇਸ਼ ਦੀਆਂ ਚੀਜ਼ਾਂ ਨੂੰ ਮੁਕਾਬਲੇਯੋਗ ਬਣਾਉਂਦੇ ਹਨ।

ਤੀਸਰਾ ਸਰਕਾਰੀ ਰੈਵੇਨਿਊ ਵਧਾਉਣ ਲਈ ਸਰਕਾਰ ਲਈ ਆਮਦਨ ਦਾ ਸਾਧਨ ਬਣਦਾ ਹੈ।

ਚੌਥੇ ਰਾਜਨੀਤਕ ਜਾਂ ਆਰਥਿਕ ਦਬਾਅ ਲਈ ਵੀ ਟੈਰਿਫ ਦਰਾਂ ਵਿੱਚ ਵਾਧਾ ਕੀਤਾ ਜਾ ਸਕਦਾ ਹੈ, ਅਰਥਾਤ ਕਿਸੇ ਹੋਰ ਦੇਸ਼ ਨੂੰ ਦੰਡ ਦੇਣ ਜਾਂ ਦਬਾਅ ਦੇਣ ਲਈ ਵੀ ਟੈਰਿਫ਼ ਵਰਤੀ ਜਾਂਦੀ ਹੈ (ਜਿਵੇਂ ਕਿ ਰੂਸ ਤੋਂ ਤੇਲ ਖਰੀਦਣ ਉੱਤੇ ਅਮਰੀਕਾ ਵੱਲੋਂ ਭਾਰਤ ਉੱਤੇ ਲਾਈ ਗਈ ਟੈਰਿਫ਼) ਜੇਕਰ ਟੈਰਿਫ ਦੀਆਂ ਕਿਸਮਾਂ ਦੀ ਗੱਲ ਕਰੀਏ ਤਾਂ ਇਹ ਮੁੱਖ ਤੌਰ 'ਤੇ ਇਹ ਤਿੰਨ ਪ੍ਰਕਾਰ ਦੇ ਹੁੰਦੇ ਹਨ, ਜਿਵੇਂ ਕਿ ਐਡ ਵੈਲੋਰਮ ਟੈਰਿਫ਼ (Ad Valorem) ਇਹ ਕਿਸੇ ਚੀਜ਼ ਦੀ ਕੀਮਤ ਦੇ ਫੀਸਦੀ ਤੌਰ 'ਤੇ ਲੱਗਦਾ ਹੈ। ਜਿਵੇਂ 100 ਦੀ ਚੀਜ਼ ਉੱਤੇ 20 ਫੀਸਦੀ ਟੈਰਿਫ਼।

ਦੂਜੇ ਨੰਬਰ 'ਤੇ ਸਪੈਸਿਫਿਕ ਟੈਰਿਫ਼ (Specific Tariff)

ਹਰ ਇਕਾਈ ਉੱਤੇ ਨਿਰਧਾਰਤ ਰਕਮ ਲੱਗਦੀ ਹੈ।

**ਜਿਵੇਂ:** ਹਰ ਟਨ ਲੋਹੇ ਉੱਤੇ 1000 ਰੁਪਏ

ਨੰਬਰ ਤਿੰਨ ਮਿਸ਼ਰਤ ਟੈਰਿਫ਼ (Mixed Tariff)

**ਦੋਹਾਂ ਦਾ ਮਿਲਾਪ** : ਫੀਸਦੀ ਵੀ ਅਤੇ ਨਿਰਧਾਰਤ ਰਕਮ ਵੀ।

ਮਿਸਾਲ ਦੇ ਤੌਰ 'ਤੇ ਜੇ ਭਾਰਤ ਅਮਰੀਕਾ ਨੂੰ 100 ਦੀਆਂ ਜੁੱਤੀਆਂ ਨਿਰਯਾਤ ਕਰਦਾ ਹੈ ਅਤੇ ਅਮਰੀਕਾ 50 ਫੀਸਦੀ ਟੈਰਿਫ਼ ਲਗਾਉਂਦਾ ਹੈ, ਤਾਂ ਜੁੱਤੀਆਂ ਉੱਤੇ 50 ਟੈਕਸ ਲੱਗੇਗਾ? ਅਮਰੀਕਾ ਵਿਚ ਉਹ 150 ਦੀਆਂ ਵੇਚੀਆਂ ਜਾਣਗੀਆਂ।

ਹੁਣ ਗੱਲ 27 ਅਗਸਤ ਤੱਕ ਦੀ ਅਮਰੀਕੀ ਟੈਰਿਫ਼ਾਂ ਅਤੇ ਭਾਰਤ ਨਾਲ ਜੁੜੀਆਂ ਤਾਜ਼ਾ ਘਟਨਾਵਾਂ ਦੀ ਗੱਲ ਕਰੀਏ ਤਾਂ ਇਸ ਸੰਦਰਭ ਵਿੱਚ ਅਮਰੀਕੀ ਟੈਰਿਫ਼ਾਂ ਵਧੀਆਂ: ਭਾਰਤ ਉੱਤੇ 50 ਫੀਸਦੀ ਡਿਊਟੀ ਲਗਾਈ ਹੈ।

ਉਂਝ ਨਵੀਆਂ ਟੈਰਿਫ਼ਾਂ 50 ਫੀਸਦੀ ਤੱਕ ਵਾਧਾ ਕੀਤਾ ਗਿਆ ਹੈ, ਭਾਵ 27 ਅਗਸਤ 2025 ਨੂੰ ਅਮਰੀਕਾ ਨੇ ਭਾਰਤ ਤੋਂ ਆਉਣ ਵਾਲੀਆਂ ਕੁਝ ਚੀਜ਼ਾਂ 'ਤੇ 25 ਫੀਸਦੀ ਹੋਰ ਟੈਰਿਫ਼ ਲਗਾ ਦਿੱਤੀ, ਜੋ ਪਹਿਲਾਂ ਤੋਂ ਲੱਗੀ 25 ਫੀਸਦੀ ਡਿਊਟੀ ਦੇ ਨਾਲ ਮਿਲ ਕੇ ਹੁਣ ਕੁੱਲ 50 ਫੀਸਦੀ ਹੋ ਗਈ ਹੈ।

ਜੇਕਰ ਗੱਲ ਅਮਰੀਕਾ 'ਤੇ ਪੈਣ ਵਾਲੇ ਪ੍ਰਭਾਵਾਂ ਦੀ ਕਰੀਏ ਤਾਂ ਮਾਹਰਾਂ ਅਨੁਸਾਰ ਉਹ ਵੀ ਇਸ ਤੋਂ ਅਛੂਤਾ ਨਹੀਂ ਰਹੇਗਾ। ਉਸ ਦੀ GDP ਵਿੱਚ 0.4-0.5 ਫੀਸਦੀ ਕਮੀ ਅਤੇ ਮਹਿੰਗਾਈ ਵਿੱਚ ਵਾਧਾ ਹੋ ਸਕਦਾ ਹੈ। ਇਸ ਦੇ ਨਾਲ ਹੀ ਭਾਰਤ ਨੇ ਸਾਫ਼ ਕਿਹਾ ਹੈ ਕਿ ਇਹ ਟੈਰਿਫ਼ਾਂ 'ਨਾਇਨਸਾਫ਼ੀਆਂ, ਅਣਉਚਿਤ ਅਤੇ ਗੈਰ-ਵਾਜਿਬ' ਹਨ। ਭਾਰਤ ਨੇ ਕਿਹਾ ਕਿ ਸਸਤਾ ਤੇਲ ਖਰੀਦਣਾ ਉਸ ਦੀ ਆਵਸ਼ਕਤਾ ਹੈ, ਨਾ ਕਿ ਕੋਈ ਰਾਜਨੀਤਕ ਸਥਿਤੀ।

ਕੁੱਲ ਮਿਲਾ ਕੇ ਜੋ ਚੀਜ਼ਾਂ ਪ੍ਰਭਾਵਿਤ ਭਾਵਿਤ ਹੋਣਗੀਆਂ, ਉਹਨਾਂ ਵਿੱਚ ਕੱਪੜੇ, ਜੁੱਤੇ, ਗਹਿਣੇ, ਫਰਨੀਚਰ, ਰਸਾਇਣ, ਆਟੋ ਪਾਰਟਸ, ਝਿੰਗਾ ਆਦਿ, ਜਦੋਂ ਕਿ ਛੋਟ ਵਾਲੀਆਂ ਚੀਜ਼ਾਂ ਵਿੱਚ ਦਵਾਈਆਂ, ਸਮਾਰਟਫੋਨ, ਕੁਝ ਉਰਜਾ ਉਤਪਾਦ ਆਦਿ ਸ਼ਾਮਲ ਹਨ। ਜੇਕਰ ਦੇਸ਼ 'ਤੇ ਪ੍ਰਭਾਵ ਦੀ ਗੱਲ ਕਰੀਏ ਤਾਂ ਭਾਰਤ ਦਾ ਨਿਰਯਾਤ 40-70 ਫੀਸਦੀ ਕਮੀ ਆ ਸਕਦੀ ਹੈ। ਨਤੀਜੇ ਵਜੋਂ GDP 'ਚ 0.6 ਫੀਸਦੀ ਤੱਕ ਦੀ ਕਮੀ ਹੋ ਸਕਦੀ ਹੈ।

**ਮੁਹੰਮਦ ਅੱਬਾਸ ਧਾਲੀਵਾਲ**
**ਸੰਪਰਕ** :98552-59650

# ਮਸਲਾ ਨਰਮੇ 'ਤੇ ਦਰਾਮਦ ਟੈਕਸ ਖ਼ਤਮ ਕਰਨ ਦਾ

**ਅੰਗਰੇਜ਼ ਸਿੰਘ ਭਦੌੜ**

ਮੋਦੀ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਦਾ ਛੋਟੇ ਤੋਂ ਛੋਟਾ ਅਤੇ ਵੱਡੇ ਤੋਂ ਵੱਡਾ ਹਰ ਲੀਡਰ ਕਹਿੰਦਾ ਹੈ ਕਿ ਸਾਡੇ ਤੋਂ ਵੱਡਾ ਕਿਸਾਨ ਹਿੱਤੂ ਹੋਰ ਕੋਈ ਨਹੀਂ ਹੈ, ਪਰ ਸਰਕਾਰ ਦੀਆਂ ਕਾਰਪੋਰੇਟ ਪੱਖੀ ਅਤੇ ਲੋਕ ਵਿਰੋਧੀ ਨੀਤੀਆਂ ਦੱਸਦੀਆਂ ਹਨ ਕਿ ਇਹ ਸਾਰੀ ਬਿਆਨਬਾਜ਼ੀ ਕਿੰਨੀ ਖੋਖਲੀ ਅਤੇ ਦੰਭੀ ਹੈ।

13 ਅਗਸਤ ਨੂੰ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਦਿੱਲੀ ਦੇ ਪੂਸਾ ਭਵਨ ਵਿਖੇ ਕੁਝ ਸਰਕਾਰ ਪੱਖੀ ਕਿਸਾਨ ਜਥੇਬੰਦੀਆਂ ਦੀ ਇੱਕ ਮੀਟਿੰਗ ਬੁਲਾਈ। ਉਸ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਗੁਣਗਾਨ ਕਰਦਿਆਂ ਕਿਹਾ ਗਿਆ ਬਾਬਾ, ਪ੍ਰਧਾਨ ਮੰਤਰੀ ਮੋਦੀ ਦੇ ਹੁੰਦੇ ਹੋਏ ਕੋਈ ਵੀ ਤਾਕਤ ਭਾਰਤ ਦੇ ਕਿਸਾਨਾਂ ਨੂੰ ਗ਼ੁਲਾਮ ਨਹੀਂ ਬਣਾ ਸਕਦੀ, ਮੋਦੀ ਦੇ ਹੁੰਦਿਆਂ ਕਿਸੇ ਵੀ ਟਰੇਡ ਸਮਝੌਤੇ ਰਾਹੀਂ ਕਿਸਾਨਾਂ ਨੂੰ ਨੁਕਸਾਨ ਨਹੀਂ ਪਹੁੰਚਾਇਆ ਜਾ ਸਕਦਾ। ਉਨ੍ਹਾ ਨੇ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਵਾਸਤੇ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਹਨ। ਇਸ ਮੀਟਿੰਗ ਦਾ ਮੁੱਖ ਨਾਅਰਾ ਕਿਸਾਨਾਂ ਦੇ ਹਿੱਤਾਂ ਦੀ ਰਾਖ਼ੀ, ਆਤਮ ਨਿਰਭਰਤਾ ਅਤੇ ਬਾਹਰਲੀਆਂ ਫਰਮਾਂ ਨੂੰ ਕਿਸਾਨੀ ਹਿੱਤਾਂ ਤੋਂ ਦੂਰ ਰੱਖਣਾ ਸੀ।

ਇਸੇ ਸਾਲ ਜੂਨ ਮਹੀਨੇ ਮੇਰਠ ਵਿੱਚ ਹੋਏ ਇੱਕ ਇਕੱਠ ਵਿੱਚ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ-ਮੇਰੇ ਰੋਮ-ਰੋਮ ਵਿੱਚ ਕਿਸਾਨ ਹੈ ਅਤੇ ਹਰ ਸਾਹ ਵਿੱਚ ਖੇਤੀ ਹੈ।

ਮੋਦੀ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ 2022 ਤੱਕ ਦੁੱਗਣੀ ਕਰਨ ਦਾ ਵਾਅਦਾ ਹੁਣ ਭੁਲਾ ਦਿੱਤਾ ਗਿਆ ਹੈ। ਹੁਣ ਮੋਦੀ ਸਰਕਾਰ ਦਾ ਕੋਈ ਵੀ ਮੰਤਰੀ 2016 ਵਿੱਚ ਕੀਤੇ ਗਏ ਇਸ ਵਾਅਦੇ ਦਾ ਜ਼ਿਕਰ ਵੀ ਨਹੀਂ ਕਰਦਾ। ਭਾਰਤੀ ਜਨਤਾ ਪਾਰਟੀ ਨੂੰ ਲਗਦਾ ਹੈ ਕਿ ਲੋਕ ਬਹੁਤ ਜਲਦੀ ਭੁੱਲ ਜਾਂਦੇ ਹਨ, ਇਸ ਲਈ ਜਿੰਨਾ ਮਰਜ਼ੀ ਝੂਠ ਬੋਲੋ, ਸਭ ਚਲਦਾ ਹੈ, ਪਰ ਉਹ ਭੁੱਲ ਜਾਂਦੇ ਹਨ ਕਿ ਸੱਚ ਸੌ ਪਰਦੇ ਪਾੜ ਕੇ ਵੀ ਬਾਹਰ ਆ ਜਾਂਦਾ ਹੈ।

19 ਅਗਸਤ ਨੂੰ ਭਾਰਤ ਸਰਕਾਰ ਵੱਲੋਂ ਨਰਮੇ, ਕਪਾਹ ਉੱਪਰ ਦਰਾਮਦ ਟੈਕਸ ਖ਼ਤਮ ਕਰਨ ਦੇ ਇਸ ਫ਼ੈਸਲੇ ਨੇ ਭਾਜਪਾ ਦੇ ਕਿਸਾਨ ਪੱਖੀ ਹੋਣ ਦੇ ਦੰਭ ਨੂੰ ਲੀਰੋ-ਲੀਰ ਕਰ ਦਿੱਤਾ ਹੈ। ਨਰਮੇ 'ਤੇ ਦਰਾਮਦ ਟੈਕਸ ਮੁਲਤਵੀ ਕਰਨ ਵਾਲਾ ਇਹ ਨੋਟੀਫਿਕੇਸ਼ਨ ਅਸਿੱਧੇ ਟੈਕਸ ਅਤੇ ਕਸਟਮ ਦੇ ਕੇਂਦਰੀ ਬੋਰਡ ਵੱਲੋਂ 19 ਅਗਸਤ ਨੂੰ ਜਾਰੀ ਕੀਤਾ ਗਿਆ ਅਤੇ ਇਸ ਬਾਰੇ ਕੇਂਦਰੀ ਟੈਕਸਟਾਈਲ ਮੰਤਰੀ ਵੱਲੋਂ ਇੱਕ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੱਤੀ ਗਈ।

ਇਸ ਅਨੁਸਾਰ 19 ਅਗਸਤ ਤੋਂ ਛੋਟੇ ਰੇਸ਼ੇ ਵਾਲੇ ਨਰਮੇ 'ਤੇ ਲੱਗਣ ਵਾਲਾ ਸਾਰਾ ਦਰਾਮਦ ਟੈਕਸ ਮੁਲਤਵੀ ਕਰ ਦਿੱਤਾ ਗਿਆ ਹੈ, ਜੋ ਕਿ 11 ਫੀਸਦੀ ਸੀ। ਸਰਕਾਰ ਦੇ ਕਹਿਣ ਅਨੁਸਾਰ ਇਹ ਟੈਕਸ 19 ਅਗਸਤ ਤੋਂ 30 ਸਤੰਬਰ ਤੱਕ ਮੁਲਤਵੀ ਰਹੇਗਾ, ਪਰ ਇਹ ਕਿਤੇ ਵੀ ਨਹੀਂ ਕਿਹਾ ਕਿ ਉਸ ਤੋਂ ਬਾਅਦ ਟੈਕਸ ਦੁਬਾਰਾ ਲਾਇਆ ਜਾਵੇਗਾ। ਇਸ ਤੋਂ ਪਹਿਲਾਂ 32 ਮਿਲੀਮੀਟਰ (ਲੱਗਭੱਗ ਸਵਾ ਇੰਚ) ਤੋਂ ਵੱਧ ਲੰਮੇ ਰੇਸ਼ੇ 'ਤੇ 20 ਫਰਵਰੀ 2024 ਤੋਂ ਪਹਿਲਾਂ 10 ਤੋਂ 11 ਫੀਸਦੀ ਟੈਕਸ ਲਗਦਾ ਸੀ। ਇਹ ਸਾਰਾ ਟੈਕਸ ਕੱਪੜਾ ਮਿੱਲਾਂ ਵਾਲਿਆਂ ਦੀ ਮੰਗ 'ਤੇ 20 ਫਰਵਰੀ 2024 ਨੂੰ ਰੱਦ ਕਰ ਦਿੱਤਾ ਗਿਆ ਸੀ।

ਕੱਪੜਾ ਮਿੱਲਾਂ ਵਾਲੇ ਸਰਕਾਰ 'ਤੇ ਜ਼ੋਰ ਪਾ ਰਹੇ ਹਨ ਕਿ ਇਹ ਟੈਕਸ ਪੱਕੇ ਤੌਰ 'ਤੇ ਖ਼ਤਮ ਕੀਤਾ ਜਾਵੇ, ਜਦੋਂ ਕਿ ਕਿਸਾਨ ਟੈਕਸ ਖ਼ਤਮ ਕਰਨ ਵਾਲੇ ਇਸ ਨੋਟੀਫਿਕੇਸ਼ਨ ਨੂੰ ਤੁਰੰਤ ਰੱਦ ਕਰਨ 'ਤੇ ਜ਼ੋਰ ਦੇ ਰਹੇ ਹਨ।

ਭਾਰਤ ਵਿੱਚ ਨਰਮਾ ਲਗਭਗ 302 ਲੱਖ ਏਕੜ ਵਿੱਚ ਬੀਜਿਆ ਜਾਂਦਾ ਹੈ। ਇਸ ਦੀ ਖੇਤੀ ਪੰਜਾਬ, ਹਰਿਆਣਾ, ਰਾਜਸਥਾਨ, ਮਹਾਰਾਸ਼ਟਰ, ਮੱਧ ਪ੍ਰਦੇਸ਼, ਗੁਜਰਾਤ, ਤਿਲੰਗਾਨਾ, ਆਂਧਰਾ ਪ੍ਰਦੇਸ਼, ਕਰਨਾਟਕਾ ਅਤੇ ਤਮਿਲਨਾਡੂ ਵਗੈਰਾ ਸੂਬਿਆਂ ਵਿੱਚ ਕੀਤੀ ਜਾਂਦੀ ਹੈ। ਗੁਜਰਾਤ ਵਿੱਚ ਸਾਰੇ ਸੂਬਿਆਂ ਤੋਂ ਵੱਧ ਨਰਮਾਂ ਪੈਦਾ ਹੁੰਦਾ ਹੈ।

ਦੁਨੀਆ ਵਿੱਚ ਚੀਨ, ਬੰਗਲਾਦੇਸ਼, ਵੀਅਤਨਾਮ, ਤੁਰਕੀ, ਇੰਡੋਨੇਸ਼ੀਆ, ਇਟਲੀ ਅਤੇ ਅਮਰੀਕਾ ਵੱਡੇ ਬਰਾਮਦਕਾਰ ਹਨ। ਅਮਰੀਕਾ ਵੱਲੋਂ ਹਰ ਸਾਲ 815 ਮਿਲੀਅਨ ਡਾਲਰ ਦਾ ਨਰਮਾ ਬਾਹਰਲੇ ਦੇਸ਼ਾਂ ਨੂੰ ਭੇਜਿਆ ਜਾਂਦਾ ਹੈ।

ਭਾਰਤ ਸਰਕਾਰ ਦਾ ਕਹਿਣਾ ਹੈ ਕਿ ਇਹ ਫ਼ੈਸਲਾ, ਅਮਰੀਕਾ ਵੱਲੋਂ ਲਾਏ ਗਏ 50 ਫੀਸਦੀ ਟੈਰਿਫ ਦਾ ਮੁਕਾਬਲਾ ਕਰਨ ਲਈ ਕੀਤਾ ਗਿਆ ਹੈ, ਕਿਉਂਕਿ ਇਸ ਟੈਰਿਫ ਕਾਰਨ ਭਾਰਤੀ ਸੂਤੀ ਧਾਗਾ ਅਤੇ ਕੱਪੜਾ ਅਮਰੀਕਾ ਵਿੱਚ ਮਹਿੰਗੇ ਮੁੱਲ 'ਤੇ ਵੇਚਣਾ ਪਵੇਗਾ। ਹੋਰ ਦੇਸ਼ਾਂ ਦਾ ਮਾਲ ਸਸਤਾ ਹੋਣ ਕਾਰਨ ਭਾਰਤੀ ਮਾਲ ਅਮਰੀਕਨ ਮੰਡੀ ਵਿੱਚ ਨਹੀਂ ਵਿਕ ਸਕੇਗਾ।

ਭਾਰਤ ਦੇ ਸਨਅਤਕਾਰਾਂ ਵੱਲੋਂ ਸਾਲ 2023-24 ਦੌਰਾਨ 11.7 ਬਿਲੀਅਨ ਅਮਰੀਕਨ ਡਾਲਰ ਅਤੇ ਸਾਲ 2024-25 ਦੌਰਾਨ 31 ਦਸੰਬਰ 2024 ਤੱਕ 8.4 ਬਿਲੀਅਨ ਅਮਰੀਕਨ ਡਾਲਰ ਦਾ ਸੂਤੀ ਧਾਗਾ ਅਤੇ ਕੱਪੜਾ ਅਮਰੀਕਾ ਨੂੰ ਭੇਜਿਆ ਗਿਆ ਸੀ। ਇੱਕ ਅਨੁਮਾਨ ਅਨੁਸਾਰ ਅਮਰੀਕਾ ਵੱਲੋਂ ਲਗਾਏ ਗਏ ਟੈਰਿਫ ਕਾਰਨ ਭਾਰਤੀ ਸੂਤੀ ਸਨਅਤ ਨੂੰ ਲੱਗਭੱਗ 45,000 ਕਰੋੜ ਰੁਪਏ ਦਾ ਸਾਲਾਨਾ ਘਾਟਾ ਪਵੇਗਾ। ਕੇਂਦਰ ਸਰਕਾਰ ਕਹਿੰਦੀ ਹੈ ਕਿ ਭਾਰਤੀ ਸਨਅਤਕਾਰਾਂ ਦੀ ਲਾਗਤ ਘਟਾਉਣ ਲਈ ਨਰਮੇ 'ਤੇ ਇਹ ਟੈਕਸ ਖ਼ਤਮ ਕੀਤਾ ਹੈ, ਤਾਂ ਕਿ ਮਿੱਲਾਂ ਵਾਲਿਆਂ ਨੂੰ ਬਾਹਰਲੇ ਦੇਸ਼ਾਂ ਦਾ ਸਸਤਾ ਨਰਮਾ ਮਿਲ ਸਕੇ। ਸੋ ਇਹ ਤਾਂ ਸਪਸ਼ਟ ਹੈ ਅਤੇ ਖੁਦ ਸਰਕਾਰ ਵੀ ਮੰਨਦੀ ਹੈ ਕਿ ਇਹ ਕਾਰਵਾਈ ਸਨਅਤਕਾਰਾਂ ਦੇ ਹਿਤ ਪੂਰਨ ਲਈ ਕੀਤੀ ਗਈ ਹੈ।

ਸਰਕਾਰ ਪੱਖੀ ਮੀਡੀਆ ਕਹਿੰਦਾ ਹੈ ਕਿ ਟੈਕਸ ਸਿਰਫ 30 ਸਤੰਬਰ ਤੱਕ ਹੀ ਮੁਲਤਵੀ ਕੀਤਾ ਗਿਆ ਹੈ। ਜਦੋਂ ਅਕਤੂਬਰ ਵਿੱਚ ਭਾਰਤੀ ਕਿਸਾਨਾਂ ਦੀ ਫ਼ਸਲ ਆਉਣੀ ਹੈ, ਉਸ ਸਮੇਂ ਤੱਕ ਇਹ ਟੈਕਸ ਬਹਾਲ ਹੋ ਜਾਵੇਗਾ। ਇਸ ਲਈ ਕਿਸਾਨਾਂ 'ਤੇ ਇਸ ਦਾ ਕੋਈ ਮਾੜਾ ਅਸਰ ਨਹੀਂ ਪੈਣਾ।

ਪਹਿਲੀ ਗੱਲ ਤਾਂ ਇਹ ਹੈ ਕਿ ਨੋਟੀਫਿਕੇਸ਼ਨ ਵਿੱਚ ਕਿਤੇ ਵੀ ਇਹ ਨਹੀਂ ਲਿਖਿਆ ਕਿ 30 ਸਤੰਬਰ ਤੋਂ ਬਾਅਦ ਇਹ ਟੈਕਸ ਆਪਣੇ ਆਪ ਦੁਬਾਰਾ ਬਹਾਲ ਹੋ ਜਾਵੇਗਾ। ਨਾਲੇ ਕੱਪੜਾ ਮਿੱਲਾਂ ਵਾਲੇ ਇਸ ਟੈਕਸ ਨੂੰ ਪੱਕੇ ਤੌਰ 'ਤੇ ਖ਼ਤਮ ਕਰਨ ਦੀ ਮੰਗ ਕਰ ਰਹੇ ਹਨ। ਹੁਣ ਸਨਅਤਕਾਰ ਆਪਣੀ ਲੋੜ ਅਨੁਸਾਰ ਬਾਹਰਲੇ ਦੇਸ਼ਾਂ ਦਾ ਸਸਤਾ ਨਰਮਾ ਖਰੀਦ ਕੇ ਸਟੋਰ ਕਰ ਲੈਣਗੇ। ਫਿਰ ਉਹ ਦੇਸੀ ਨਰਮਾਂ ਕਿਉਂ ਖ੍ਰੀਦਣਗੇ ? ਜੇਕਰ ਉਹਨਾਂ ਨੂੰ ਕੁੱਝ ਹੋਰ ਨਰਮਾਂ ਖ੍ਰੀਦਣ ਦੀ ਲੋੜ ਵੀ ਹੋਈ ਤਾਂ ਉਹ ਜਾਣ ਬੁੱਝ ਕੇ, ਪਹਿਲਾਂ ਖ੍ਰੀਦ ਕੇ ਰੱਖਿਆ ਹੋਇਆ ਨਰਮਾ ਮੁੱਕਣ ਦੀ ਉਡੀਕ ਕਰਨਗੇ, ਕਿਉਂਕਿ ਕਿਸਾਨ ਨੂੰ ਤੁਰੰਤ ਪੈਸੇ ਚਾਹੀਦੇ ਹੁੰਦੇ ਹਨ, ਇਸ ਲਈ ਉਹ ਫ਼ਸਲ ਨੂੰ ਸਟੋਰ ਨਹੀਂ ਕਰ ਸਕਦਾ ਅਤੇ ਨਾ ਹੀ ਕਿਸਾਨ ਕੋਲ ਸਟੋਰ ਕਰਨ ਲਈ ਕੋਈ ਸਹੂਲਤ ਹੁੰਦੀ ਹੈ। ਇਸ ਲਈ ਕਿਸਾਨਾਂ ਦਾ ਨਾਂਮਾਤਰ ਨਰਮਾ ਕੌਡੀਆਂ ਦੇ ਭਾਅ 'ਤੇ ਖ੍ਰੀਦਿਆ ਜਾਵੇਗਾ ਅਤੇ ਬਾਕੀ ਦਾ ਮੰਡੀਆਂ ਵਿੱਚ ਰੁਲਦਾ ਰਹੇਗਾ।

ਭਾਰਤ ਵਿੱਚ ਨਰਮਾ ਉਤਪਾਦਕਾਂ ਦੀ ਹਾਲਤ ਪਹਿਲਾਂ ਹੀ ਬਹੁਤ ਬੁਰੀ ਹੋ ਚੁੱਕੀ ਹੈ। ਪੰਜਾਬ ਦੀ ਨਰਮਾ ਪੱਟੀ ਬਿਲਕੁਲ ਤਬਾਹ ਹੋ ਚੁੱਕੀ ਹੈ। ਸਰਕਾਰ ਨਰਮੇ ਦੀ ਐੱਮ ਐੱਸ ਪੀ ਸਵਾਮੀਨਾਥਨ ਕਮਿਸ਼ਨ ਦੀਆਂ ਰਿਪੋਰਟਾਂ ਅਨੁਸਾਰ ਨਹੀਂ ਦਿੰਦੀ। ਜਿਹੜੀ ਲੰਗੜੀ-ਲੂਲੀ ਐੱਮ ਐੱਸ ਪੀ ਦਿੱਤੀ ਜਾਂਦੀ ਹੈ, ਉਸ ਰੇਟ 'ਤੇ ਸਰਕਾਰ ਨਰਮਾ ਨਹੀਂ ਖ੍ਰੀਦਦੀ। ਕਾਟਨ ਕਾਰਪੋਰੇਸ਼ਨ ਆਫ ਇੰਡੀਆ ਚਿੱਟਾ ਹਾਥੀ ਬਣ ਗਿਆ ਹੈ। ਨਰਮਾ ਕਪਾਹ ਮਿੱਲਾਂ ਵਾਲਿਆਂ ਵੱਲੋਂ ਹੀ ਖਰੀਦਿਆ ਜਾਂਦਾ ਹੈ। ਹੁਣ ਜਦੋਂ ਮਿੱਲਾਂ ਵਾਲਿਆਂ ਨੇ ਵੀ ਦੇਸੀ ਨਰਮਾ ਨਾ ਖ੍ਰੀਦਿਆ ਤਾਂ ਦੇਸ਼ ਦੇ ਕਿਸਾਨਾਂ ਦਾ ਕੀ ਬਣੇਗਾ? ਨਰਮਾ ਪੱਟੀ ਵਿੱਚ ਕਿਸਾਨ ਪਹਿਲਾਂ ਹੀ ਬਹੁਤ ਜ਼ਿਆਦਾ ਖੁਦਕੁਸ਼ੀਆਂ ਕਰ ਰਹੇ ਹਨ। ਜੇਕਰ ਇਹੋ ਹਾਲ ਰਿਹਾ ਤਾਂ ਕਿਸਾਨਾਂ ਵਿੱਚ ਨਿਰਾਸ਼ਤਾ ਅਤੇ ਖੁਦਕੁਸ਼ੀਆਂ ਵਧਣ ਦੀ ਸੰਭਾਵਨਾ ਨੂੰ ਰੱਦ ਨਹੀਂ ਕੀਤਾ ਜਾ ਸਕਦਾ। ਇਸ ਤਰ੍ਹਾਂ ਮੋਦੀ ਸਰਕਾਰ ਨੇ ਨਰਮੇ ਦੀ ਦਰਾਮਦ 'ਤੇ ਟੈਕਸ ਘਟਾ ਕੇ ਆਪਣੇ ਦੇਸ਼ ਦੇ ਕਿਸਾਨਾਂ ਨੂੰ ਮੌਤ ਦੇ ਮੂੰਹ ਧੱਕਣ ਦਾ ਗੁਨਾਹ ਕੀਤਾ ਹੈ।

ਸੰਯੁਕਤ ਕਿਸਾਨ ਮੋਰਚਾ ਮੰਗ ਕਰ ਰਿਹਾ ਹੈ ਕਿ ਕਿਸਾਨਾਂ ਦੀਆਂ ਫਸਲਾਂ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਐੱਮ ਐੱਸ ਪੀ 'ਤੇ ਖ੍ਰੀਦੀਆਂ ਜਾਣ। ਜੇਕਰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਸੀ-2+50 ਫੀਸਦੀ ਦੇ ਹਿਸਾਬ ਨਾਲ ਭਾਅ ਮਿਥਿਆ ਜਾਵੇ ਤਾਂ ਨਰਮੇ ਦੀ ਦਰਮਿਆਨੀ ਕਿਸਮ ਦਾ ਰੇਟ 10,075/- ਰੁਪਏ ਪ੍ਰਤੀ ਕੁਇੰਟਲ ਬਣਦਾ ਹੈ, ਜਦੋਂ ਕਿ ਸਰਕਾਰ ਵੱਲੋਂ 7,710/- ਰੁਪਏ ਪ੍ਰਤੀ ਕੁਇੰਟਲ ਰੇਟ ਦਾ ਐਲਾਨ ਕੀਤਾ ਜਾਂਦਾ ਹੈ, ਪਰ ਸਰਕਾਰੀ ਖ੍ਰੀਦ ਨਾ ਹੋਣ ਕਾਰਨ ਇਹ ਐਲਾਨ ਕਾਗਜ਼ਾਂ ਵਿੱਚ ਹੀ ਰਹਿ ਜਾਂਦੇ ਹਨ।

ਨਰਮੇ 'ਤੇ ਦਰਾਮਦ ਟੈਕਸ ਖ਼ਤਮ ਕਰਨ ਦੇ ਹੇਠ ਲਿਖੇ ਨਤੀਜੇ ਨਿਕਲਣਗੇ :

* ਅਮਰੀਕਾ ਅਤੇ ਹੋਰ ਦੇਸ਼ਾਂ ਦਾ ਸਸਤਾ ਨਰਮਾ ਭਾਰਤ ਵਿੱਚ ਵਿਕੇਗਾ।
* ਭਾਰਤੀ ਸੂਤੀ ਸਨਅਤਕਾਰਾਂ ਨੂੰ ਅਮਰੀਕੀ ਟੈਰਿਫ ਕਾਰਨ ਪੈਦਾ ਹੋਈ ਸਮੱਸਿਆ ਤੋਂ ਰਾਹਤ ਮਿਲੇਗੀ।
* ਭਾਰਤੀ ਸੂਤੀ ਕੱਪੜੇ ਦੇ ਸਨਅਤਕਾਰ ਲੱਗਭਗ 45,000 ਕਰੋੜ ਰੁਪਏ ਦੇ ਹੋਣ ਵਾਲੇ ਨੁਕਸਾਨ ਤੋਂ ਬਚ ਜਾਣਗੇ, ਪਰ ਭਾਰਤ ਦੇ ਕਿਸਾਨਾਂ ਨੂੰ ਇਸ ਤੋਂ ਕਿਤੇ ਜ਼ਿਆਦਾ ਨੁਕਸਾਨ ਹੋਵੇਗਾ।
* ਭਾਰਤ ਦੇ ਨਰਮਾ ਪੈਦਾ ਕਰਨ ਵਾਲੇ ਕਿਸਾਨ, ਮਜ਼ਦੂਰ ਅਤੇ ਨਰਮੇ ਨਾਲ ਸੰਬੰਧਤ ਹੋਰ ਛੋਟੇ ਕਿੱਤੇ ਤਬਾਹ ਹੋ ਜਾਣਗੇ।

ਸਭ ਕੁਝ ਜਾਣਦੇ ਹੋਏ ਵੀ ਕੇਂਦਰ ਸਰਕਾਰ ਨੇ ਇਹ ਕਦਮ ਕਿਉਂ ਚੁੱਕਿਆ? ਅਸਲ ਵਿੱਚ ਕੇਂਦਰ ਦੀ ਮੋਦੀ ਸਰਕਾਰ ਦੀ ਮੁਰਗੀ, ਕੁੜ-ਕੁੜ ਕਿਸਾਨਾਂ ਦੇ ਵਿਹੜਿਆਂ ਵਿੱਚ ਕਰਦੀ ਹੈ, ਪਰ ਆਂਡੇ ਕਾਰਪੋਰੇਟ ਘਰਾਨਿਆਂ ਦੇ ਘਰੀਂ ਦਿੰਦੀ ਹੈ।

ਦੁਨੀਆ ਭਰ ਦੇ ਕਾਰਪੋਰੇਟ ਘਰਾਨਿਆਂ ਦੇ ਹਿੱਤ ਆਪਸ ਵਿੱਚ ਸਾਂਝੇ ਹਨ। ਇਨ੍ਹਾਂ ਦੀ ਲੜਾਈ ਸਿਰਫ਼ ਲੋਕਾਂ ਦੀ ਲੁੱਟ ਵਿੱਚੋਂ ਵੱਧ ਹਿੱਸਾ ਲੈਣ ਦੀ ਹੀ ਹੁੰਦੀ ਹੈ। ਇਸੇ ਕਾਰਨ ਕਦੇ ਖੇਤੀ ਵਾਲੇ ਤਿੰਨ ਕਾਲੇ ਕਾਨੂੰਨ, ਕਦੇ ਕੌਮੀ ਖੇਤੀ ਮੰਡੀਕਰਨ ਨੀਤੀ, ਅਤੇ ਕਦੇ ਨਰਮੇ ਤੋਂ ਟੈਕਸ ਮੁਲਤਵੀ ਕਰਨ ਵਰਗੀਆਂ ਚਾਲਾਂ ਚੱਲੀਆਂ ਜਾਂਦੀਆਂ ਹਨ।

ਇਹਨਾਂ ਨੀਤੀਆਂ ਦੀ ਮਾਰ ਤੋਂ ਬਚਣ ਲਈ ਦੁਨੀਆ ਭਰ ਦੇ ਕਿਰਤੀ ਲੋਕਾਂ ਨੂੰ ਇੱਕਮੁੱਠ ਹੋਣਾ ਪਵੇਗਾ। ਪਾਰਲੀਮੈਂਟਰੀ ਪਾਰਟੀਆਂ ਰਾਜ ਸੱਤਾ 'ਤੇ ਕਾਬਜ਼ ਕਾਰਪੋਰੇਟ ਘਰਾਨਿਆਂ ਦੇ ਹਿੱਤ ਪੂਰੇ ਕਰਨ ਦਾ ਸਾਧਨ ਮਾਤਰ ਹਨ। ਇਸ ਲਈ ਇਹਨਾਂ ਤੋਂ ਝਾਕ ਛੱਡਦੇ ਹੋਏ ਆਪਣੀਆਂ ਜਮਾਤੀ ਤਬਕਾਤੀ ਜਥੇਬੰਦੀਆਂ ਮਜ਼ਬੂਤ ਕਰਕੇ ਸਾਂਝੇ ਸੰਘਰਸ਼ਾਂ ਰਾਹੀਂ ਲੋਕ ਪੱਖੀ ਪ੍ਰਬੰਧ ਉਸਾਰਨ ਨਾਲ ਹੀ ਲੋਕਾਂ ਦੀ ਮੁਕਤੀ ਹੋਣੀ ਹੈ।

**ਪ੍ਰੈੱਸ ਸਕੱਤਰ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ**
**# ਸੰਪਰਕ 95017-54051**

# ਧਰਤੀ ਨੂੰ ਕੂੜਾ ਗ੍ਰਹਿ ਬਣਨ ਤੋਂ ਰੋਕਣ 'ਚ ਆਪਣਾ ਰੋਲ ਅਦਾ ਕਰੀਏ

**ਮੇਜਰ ਸਿੰਘ ਨਾਭਾ**

ਮੇਰੇ ਸ਼ਹਿਰ ਵਿੱਚ ਕੂੜੇ ਦੀ ਸਮੱਸਿਆ ਇੱਕ ਗੰਭੀਰ ਰੂਪ ਧਾਰਨ ਕਰ ਚੁੱਕੀ ਹੈ। ਥਾਂ-ਥਾਂ 'ਤੇ ਕੂੜੇ ਦੇ ਪਹਾੜ ਲੱਗ ਗਏ ਹਨ। ਕੋਈ ਕਹਿੰਦਾ ਹੈ ਕਿ ਸਰਕਾਰ ਇਸ ਮਸਲੇ ਨੂੰ ਹੱਲ ਕਰਨ ਲਈ ਕੁਝ ਨਹੀਂ ਕਰ ਰਹੀ ਅਤੇ ਕੁਝ ਕੌਂਸਲਰਾਂ ਨੂੰ ਦੋਸ਼ ਦੇ ਰਹੇ ਹਨ। ਹੋ ਸਕਦਾ ਹੈ ਇਹਨਾਂ ਦਾ ਦੋਸ਼ ਵੀ ਹੋਵੇ, ਪਰ ਇੱਥੇ ਜਿਹੜੀ ਮੈਂ ਗੱਲ ਕਰਨ ਜਾ ਰਿਹਾ ਹਾਂ, ਉਹ ਰਾਜਨੀਤੀ ਤੋਂ ਪ੍ਰੇਰਤ ਨਹੀਂ। ਉਹ ਸਿੱਖਿਆ ਤੋਂ ਅਤੇ ਵਿਗਿਆਨ ਤੋਂ ਪ੍ਰੇਰਿਤ ਹੈ। ਏਨੀ ਵੱਡੀ ਆਬਾਦੀ ਵਾਲ਼ੇ ਸ਼ਹਿਰ ਵਿੱਚ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਘਰ ਹਨ, ਜੇ ਅਸੀਂ ਇਹ ਵੀ ਮੰਨ ਲਈਏ ਕਿ ਹਰੇਕ ਘਰ ਹਰ ਰੋਜ਼ ਸਿਰਫ਼ ਇੱਕ ਕਿਲੋ ਕੂੜਾ ਪੈਦਾ ਕਰਦਾ ਹੈ ਤਾਂ ਵੀ ਰੋਜ਼ ਦਾ ਟਨਾਂ ਦੇ ਹਿਸਾਬ ਕੂੜਾ ਇਕੱਠਾ ਹੋ ਜਾਂਦਾ ਹੈ। ਏਨੇ ਜ਼ਿਆਦਾ ਕੂੜੇ ਨੂੰ ਘਰਾਂ ਤੋਂ ਚੁੱਕਣਾ ਅਤੇ ਫਿਰ ਇਸ ਦਾ ਨਿਪਟਾਰਾ ਕਰਨਾ ਬਹੁਤ ਵੱਡੀ ਸਮੱਸਿਆ ਹੈ। ਧੰਨ ਹਨ ਸਫ਼ਾਈ ਕਰਮਚਾਰੀ, ਜਿਹੜੇ ਇਹ ਕਾਰਜ ਨੇਪਦੇ ਚਾੜ੍ਹਦੇ ਹਨ। ਸਵਾਲ ਇਹ ਉਠਦਾ ਹੈ ਕਿ ਬੀਤੇ ਦਹਾਕਿਆਂ ਵਿੱਚ ਇਸ ਦਾ ਹੱਲ ਕਿੱਥੇ ਅਤੇ ਕਿਵੇਂ ਹੁੰਦਾ ਰਿਹਾ? ਉਸ ਵੇਲ਼ੇ ਕੂੜਾ ਜਿਸ ਥਾਂ 'ਤੇ ਸੁੱਟਿਆ ਜਾਂਦਾ ਸੀ ਤਾਂ ਉਹ ਕੂੜਾ ਹੁਣ ਕਿੱਥੇ ਗਿਆ? ਇਸੇ ਲਾਈਨ ਦੇ ਵਿੱਚ ਹੀ ਇਸ ਸਮੱਸਿਆ ਦਾ ਹੱਲ/ਜਵਾਬ ਹੈ।

ਅਸਲ ਵਿੱਚ ਕੂੜਾ ਦੋ ਤਰਾਂ ਦਾ ਹੁੰਦਾ ਹੈ, ਗਲਣਯੋਗ ਅਤੇ ਨਾ-ਗਲਣਯੋਗ। ਗਲਣਯੋਗ ਕੂੜਾ ਉਹ ਹੁੰਦਾ ਹੈ, ਜਿਸ ਦਾ ਕੁਝ ਸਮੇਂ ਬਾਅਦ ਨਿਪਟਾਰਾ ਆਪਣੇ ਆਪ ਹੋ ਜਾਂਦਾ ਹੈ। ਵਿਗਿਆਨ ਅਨੁਸਾਰ ਸੂਖਮ ਜੀਵ ਇਸ ਕੂੜੇ ਦਾ ਅਪਘਟਨ ਕਰਕੇ ਇਸ ਨੂੰ ਲਾਹੇਵੰਦ ਤੱਤਾਂ ਵਿੱਚ ਤੋੜ ਦਿੰਦੇ ਹਨ। ਇਹ ਕੂੜਾ ਕੁਝ ਸਮੇਂ ਬਾਅਦ ਇਹਨਾਂ ਸੂਖਮ ਜੀਵਾਂ ਦੀ ਕਿਰਿਆ ਉਪਰੰਤ ਖਾਦ ਦੇ ਰੂਪ ਵਿੱਚ ਤਬਦੀਲ ਹੋ ਜਾਂਦਾ ਹੈ, ਜਿਹੜਾ ਕਿ ਖੇਤੀਬਾੜੀ ਲਈ ਵਰਤੋਂ ਯੋਗ ਹੁੰਦਾ ਹੈ, ਜੋ ਬਹੁਤ ਉਪਜਾਊ ਹੁੰਦਾ ਹੈ। ਦੂਜੀ ਕਿਸਮ ਦਾ ਕੂੜਾ ਨਾ-ਗਲਣਯੋਗ ਹੁੰਦਾ ਹੈ। ਇਸ ਵਿੱਚ ਅਸੀਂ ਮੁੱਖ ਤੌਰ 'ਤੇ ਪਲਾਸਟਿਕ, ਪੌਲੀਥੀਨ ਦੇ ਲਿਫਾਫਿਆਂ ਵਗੈਰਾ ਨੂੰ ਲੈ ਸਕਦੇ ਹਾਂ। ਇਹ ਕੂੜਾ ਗਲਦਾ ਨਹੀਂ, ਸਾਲਾਂ-ਬੱਧੀ ਵੀ ਨਹੀਂ। ਵਿਗਿਆਨ ਤਾਂ ਕਹਿੰਦਾ ਹੈ ਕਿ ਇਸ ਕੂੜੇ ਨੂੰ ਗਲਣ ਲਈ ਸੈਂਕੜੇ ਸਾਲ ਲੱਗ ਜਾਂਦੇ ਹਨ। ਫ਼ਿਰ ਜੇ ਇਹ ਕੂੜਾ ਨਿਪਟਾਇਆ ਹੀ ਨਹੀਂ ਜਾ ਸਕਦਾ ਤਾਂ ਇਹ ਪਾਇਆ ਕਿਉਂ ਜਾਂਦਾ ਹੈ? ਇੱਥੇ ਇੱਛਾ ਸ਼ਕਤੀ ਅਤੇ ਸਿੱਖਿਆ ਦੀ ਕਮੀ ਜਾਪਦੀ ਹੈ। ਇੱਛਾ ਸ਼ਕਤੀ ਇਸ ਲਈ ਕਿ ਸਾਡੇ ਲੀਡਰਾਂ ਵਿੱਚ ਇਸ ਨੂੰ ਨਿਪਟਾਉਣ ਦੀ ਹਿੰਮਤ ਹੀ ਨਹੀਂ ਜਾਪਦੀ, ਕਿਉਂਕਿ ਉਹ ਇਸ ਨੂੰ ਨਿਪਟਾਉਣ ਲਈ ਕੋਈ ਉਪਰਾਲਾ ਹੀ ਨਹੀਂ ਕਰਦੇ ਲੱਗਦੇ। ਹਾਂ, ਜੇ ਕਰਦੇ ਹਨ ਤਾਂ ਉਹਨਾਂ ਕੋਲ ਇਸ ਦਾ ਕੋਈ ਹੱਲ ਹੀ ਨਹੀਂ।



ਇਹ ਕੂੜਾ ਮੁੱਖ ਤੌਰ 'ਤੇ ਲਿਫਾਫਿਆਂ, ਟੁੱਟੇ-ਫੁੱਟੇ ਪਲਾਸਟਿਕ ਅਤੇ ਅੱਜਕੱਲ੍ਹ ਜਿਹੜੇ ਬੱਚੇ ਕੁਰਕਰੇ ਅੰਕਲ, ਚਿਪਸ ਵਗੈਰਾ ਖਾਂਦੇ ਹਨ, ਉਹਨਾਂ ਦੇ ਰੈਪਰਾਂ-ਲਿਫਾਫਿਆਂ ਦਾ ਹੁੰਦਾ ਹੈ। ਇਹ ਜਲਦੀ ਕਿਤੇ ਗਲਦੇ ਨਹੀਂ। ਜੇ ਇਹਨਾਂ 'ਤੇ ਹੀ ਪਾਬੰਦੀ ਲਾ ਦਿੱਤੀ ਜਾਵੇ ਪੂਰਨ ਤੌਰ 'ਤੇ, ਸਹੀ ਰੂਪ ਵਿੱਚ, ਤਾਂ ਇਹ ਕੂੜਾ ਪਵੇਗਾ ਹੀ ਨਹੀਂ, ਪਰ ਕਹਿੰਦੇ ਲਿਫਾਫਿਆਂ 'ਤੇ ਤਾਂ ਪਾਬੰਦੀ ਲਾਈ ਹੋਈ ਹੈ, ਪਰ ਤੁਸੀਂ ਜਿਹੜੀ ਮਰਜ਼ੀ ਦੁਕਾਨ 'ਤੇ ਚਲੇ ਜਾਓ ਤੁਹਾਨੂੰ ਪੋਲੀਥੀਨ ਦਾ ਹੀ ਲਿਫਾਫਾ ਮਿਲੇਗਾ। ਮੈਂ ਸੁਣਿਆ ਹੈ ਕਿ ਕੁਝ ਦੁਕਾਨਾਂ ਦੇ ਪਿਛਲੇ ਵਰ੍ਹੇ ਚਲਾਣ ਵੀ ਕੱਟੇ ਸਨ ਸਮਰੱਥ ਅਧਿਕਾਰੀਆਂ ਨੇ, ਪਰ ਪਰਨਾਲਾ ਓਥੇ ਦਾ ਓਥੇ ਹੀ ਹੈ। ਇਹਦਾ ਮਤਲਬ ਇਥੇ ਰਾਜਨੀਤੀ ਨੇ ਪੰਗਾ ਪਾਇਆ।

ਸਿੱਖਿਆ ਦੀ ਘਾਟ ਦੀ ਮੈਂ ਗੱਲ ਕੀਤੀ ਹੈ। ਉਹ ਇਸ ਲਈ ਕਿ ਜਿਹੜੇ ਲੋਕ ਲਿਫਾਫਿਆਂ ਦੇ ਵਿੱਚ ਚੀਜ਼ਾਂ ਲੈ ਕੇ ਆਉਂਦੇ ਹਨ, ਉਹ ਇਸ ਗੱਲੋਂ ਸਿੱਖਿਅਤ ਹੀ ਨਹੀਂ ਹਨ ਕਿ ਇਹਨਾਂ ਦੇ ਕੀ ਨੁਕਸਾਨ ਹਨ? ਹਾਲਾਂਕਿ ਇਹਨਾਂ ਲੋਕਾਂ ਨੇ ਪੜ੍ਹਾਈ ਕੀਤੀ ਹੁੰਦੀ ਹੈ, ਡਿਗਰੀਆਂ ਹਾਸਲ ਕੀਤੀਆਂ ਹੁੰਦੀਆਂ ਹਨ, ਪਰ ਇਹ ਡਿਗਰੀਆਂ ਕਿਸ ਕੰਮ ਦੀਆਂ? ਇਹ ਪਲਾਸਟਿਕ ਸਾਡੀ ਦੈਨਿਕ ਜ਼ਿੰਦਗੀ ਵਿੱਚ ਇਸ ਤਰਾਂ ਘਰ ਕਰ ਚੁੱਕਾ ਹੈ ਕਿ ਦਿਮਾਗ ਵਿੱਚ ਵੀ ਨੈਨੋ ਪਲਾਸਟਿਕ ਦੇ ਅੰਸ਼ ਪਹੁੰਚ ਰਹੇ ਹਨ। ਇਹਨਾਂ ਨੇ ਨੁਕਸਾਨ ਤਾਂ ਕਰਨਾ ਹੀ ਹੋਇਆ। ਜੇ ਸਾਡੀ ਸਿੱਖਿਆ ਨੀਤੀ/ਸਿੱਖਿਆ ਪ੍ਰਣਾਲੀ ਏਨੀ ਵਧੀਆ ਹੋਵੇ ਕਿ ਲੋਕ ਆਪ ਹੀ ਲਿਫਾਫੇ ਵਰਤਣ ਅਤੇ ਲੈਣ ਤੋਂ ਇਨਕਾਰੀ ਹੋ ਜਾਣ ਤਾਂ ਹੀ ਇਹ ਸਮੱਸਿਆ ਹੱਲ ਹੋ ਸਕਦੀ ਹੈ, ਪਰ ਨਾ ਤਾਂ ਅਸੀਂ ਸਮਝਣ ਨੂੰ ਰਾਜ਼ੀ ਹਾਂ ਅਤੇ ਨਾ ਹੀ ਸਾਡੇ ਲੀਡਰ ਭਾਵ ਸਾਡੀ ਰਾਜਨੀਤਕ ਪ੍ਰਣਾਲੀ ਸਾਨੂੰ ਸਮਝਣ ਦੇਣਾ ਚਾਹੁੰਦੀ ਹੈ। ਜੇ ਇਦਾਂ ਹੀ ਹੁੰਦਾ ਰਿਹਾ ਤਾਂ ਕੂੜੇ ਦੇ ਅੰਬਾਰ ਇੰਙ ਕਹਿ ਲਵੋ ਪਲਾਸਟਿਕ ਦੇ ਕੂੜੇ ਦੇ ਅੰਬਾਰ ਲਗਾਤਾਰ ਵਧਦੇ ਜਾਣਗੇ ਤੇ ਧਰਤੀ ਨੂੰ ਇੱਕ ਕੂੜਾ ਗ੍ਰਹਿ ਬਣਾ ਦੇਣਗੇ।

ਕੁਝ ਮਹਾਂਰਥੀ ਇਹ ਵੀ ਸੋਚਦੇ ਹੋਣਗੇ ਕਿ ਇਸ ਪਲਾਸਟਿਕ ਦੇ ਕੂੜੇ ਦੇ ਅੰਬਾਰਾਂ ਨੂੰ ਅੱਗ ਲਾ ਕੇ ਇਸ ਦਾ ਨਿਪਟਾਰਾ ਕੀਤਾ ਜਾ ਸਕਦਾ ਹੈ। ਹਾਂ, ਕੀਤਾ ਜਾ ਸਕਦਾ ਹੈ, ਪਰ ਸਾਰੀ ਹਵਾ ਗੰਦਲੀ ਹੋ ਜਾਵੇਗੀ, ਜ਼ਹਿਰੀਲੀ ਹੋ ਜਾਵੇਗੀ। ਸਾਹ ਲੈਣਾ ਔਖਾ ਹੋ ਜਾਵੇਗਾ। ਜੇ ਸਾਹ ਲੈਣਾ ਔਖਾ ਹੋ ਗਿਆ ਤਾਂ ਜੀਣਾ ਤਾਂ ਮੁਹਾਲ ਹੀ ਹੈ। ਫਿਰ ਇਸ ਲਈ ਸਾਨੂੰ, ਸਾਡੀ ਸਰਕਾਰ ਨੂੰ ਸਮੇਂ ਰਹਿੰਦੇ ਇਹ ਸਮਝਣਾ ਚਾਹੀਦਾ ਹੈ। ਸਾਡੇ ਨੀਤੀ ਘਾੜਿਆਂ ਨੂੰ ਲੰਮੀ ਸੋਚ ਰੱਖ ਕੇ ਨੀਤੀਆਂ ਘੜਨੀਆਂ ਚਾਹੀਦੀਆਂ ਹਨ। ਸਿੱਖਿਆ ਪ੍ਰਣਾਲੀ ਵਿੱਚ ਅਜਿਹੀ ਤਬਦੀਲੀ ਕਰਨੀ ਚਾਹੀਦੀ ਹੈ ਕਿ ਲੋਕ ਆਪ-ਮੁਹਾਰੇ ਹੀ ਇਹਨਾਂ ਨੂੰ ਤਿਆਗ ਦੇਣ, ਤਾਂ ਹੀ ਸਾਡੇ ਸ਼ਹਿਰ ਦਾ, ਸਾਡੇ ਇਲਾਕੇ ਦਾ, ਸਾਡੇ ਦੇਸ਼ ਦਾ ਤੇ ਸਾਡੀ ਇਸ ਧਰਤੀ ਦਾ ਵਜੂਦ ਕਾਇਮ ਰਹਿ ਸਕਦਾ ਹੈ। ਸਾਰਿਆਂ ਨੂੰ ਇਸ ਤੇ ਵਿਚਾਰ ਕਰਨ ਦੀ ਲੋੜ ਹੈ।

**# ਸੰਪਰਕ : 80049-10000**

# ਅਪੰਗਤਾ ਨਾਲ ਜੂਝ ਰਹੇ ਲੋਕਾਂ ਨਾਲ ਭੇਦਭਾਵ ਕਿਉਂ!

**ਡਾ. ਪ੍ਰਭਦੀਪ ਸਿੰਘ ਚਾਵਲਾ**

ਅਸੀਂ ਸਾਰੇ ਇਕ ਮਨੁੱਖੀ ਸਮਾਜ ਦਾ ਹਿੱਸਾ ਹਾਂ, ਜਿੱਥੇ ਹਰ ਵਿਅਕਤੀ ਨੂੰ ਬਰਾਬਰੀ ਅਤੇ ਇੱਜ਼ਤ ਨਾਲ ਜੀਣ ਦਾ ਅਧਿਕਾਰ ਹੈ, ਪ੍ਰੰਤੂ ਅਜੇ ਵੀ ਸਾਡੇ ਸਮਾਜ ਵਿੱਚ ਦਿਵਿਆਂਗਾਂ ਨਾਲ ਭੇਦਭਾਵ ਕੀਤਾ ਜਾਂਦਾ ਹੈ, ਉਨ੍ਹਾਂ ਨੂੰ ਨਫਰਤ ਦੀ ਨਜ਼ਰ ਨਾਲ ਦੇਖਿਆ ਜਾਂਦਾ ਹੈ ਅਤੇ ਸਮਾਜਿਕ ਕਲੰਕ ਕਿਹਾ ਜਾਂਦਾ ਹੈ। ਇਹ ਸਥਿਤੀ ਨਾ ਸਿਰਫ ਉਨ੍ਹਾਂ ਦੇ ਮਨੋਬਲ ਨੂੰ ਤੋੜਦੀ ਹੈ, ਸਗੋਂ ਉਨ੍ਹਾਂ ਦੀ ਤਰੱਕੀ ਵਿੱਚ ਵੀ ਰੁਕਾਵਟ ਬਣਦੀ ਹੈ। ਅਪੰਗਤਾ ਕੋਈ ਅਪਰਾਧ ਨਹੀਂ, ਨਾ ਹੀ ਇਹ ਕਿਸੇ ਵਿਅਕਤੀ ਦੀ ਯੋਗਤਾ ਨੂੰ ਮਾਪਣ ਦਾ ਪੈਮਾਨਾ ਹੈ। ਹਰ ਵਿਅਕਤੀ ਵਿੱਚ ਕੋਈ ਨਾ ਕੋਈ ਖਾਸ ਯੋਗਤਾ ਹੁੰਦੀ ਹੈ, ਭਾਵੇਂ ਉਸ ਦੀ ਸਰੀਰਕ ਜਾਂ ਮਾਨਸਿਕ ਸਥਿਤੀ ਕੁਝ ਵੀ ਹੋਵੇ।

ਰਾਸ਼ਟਰੀ ਸਰਵੇਖਣ 2018 ਅਨੁਸਾਰ ਭਾਰਤ ਦੇ 2.68 ਕਰੋੜ (2.21 ਫੀਸਦੀ) ਵਿਅਕਤੀ ਦਿਵਿਆਂਗ ਹਨ। 75 ਫੀਸਦੀ ਦਿਵਿਆਂਗ ਵਿਅਕਤੀ ਗੁਆਂਢੀਆਂ ਜਾਂ ਰਿਸ਼ਤੇਦਾਰਾਂ ਦੇ ਭੇਦਭਾਵ ਦਾ ਸ਼ਿਕਾਰ ਹੁੰਦੇ ਹਨ। ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਦਿਵਿਆਂਗ ਲੋਕਾਂ ਦੀ ਮਦਦ ਕਰੀਏ, ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਪ੍ਰੇਰਿਤ ਕਰੀਏ। ਉਨ੍ਹਾਂ ਨੂੰ ਵੀ ਸਿੱਖਿਆ, ਰੋਜ਼ਗਾਰ ਅਤੇ ਹੋਰ ਸੁਵਿਧਾਵਾਂ ਪ੍ਰਾਪਤ ਕਰਨ ਦੇ ਮੌਕੇ ਮਿਲਣੇ ਚਾਹੀਦੇ ਹਨ। ਜਦੋਂ ਅਸੀਂ ਉਨ੍ਹਾਂ ਨੂੰ ਆਪਣੇ ਹੁਨਰ ਨੂੰ ਨਿਖਾਰਨ ਦਾ ਮੌਕਾ ਦਿੰਦੇ ਹਾਂ, ਤਾਂ ਉਹ ਵੀ ਸਮਾਜ ਵਿੱਚ ਸਹਿਯੋਗ ਕਰ ਸਕਦੇ ਹਨ ਅਤੇ ਆਪਣੇ ਟੀਚੇ ਪ੍ਰਾਪਤ ਕਰ ਸਕਦੇ ਹਨ।



ਅਫਸੋਸ ਦੀ ਗੱਲ ਹੈ ਕਿ ਅਜੇ ਵੀ ਸਾਡੇ ਵਿੱਚ ਦਿਵਿਆਂਗ ਵਿਅਕਤੀਆਂ ਨੂੰ ਹੀਣ ਭਾਵਨਾ, ਭੇਦਭਾਵ ਅਤੇ ਕਈ ਵਾਰ ਨਫ਼ਰਤ ਦੀ ਨਜ਼ਰ ਨਾਲ ਦੇਖਿਆ ਜਾਂਦਾ ਹੈ। ਇਹ ਸਿਰਫ਼ ਇੱਕ ਸਮਾਜਿਕ ਬੁਰਾਈ ਹੀ ਨਹੀਂ, ਸਗੋਂ ਇੱਕ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਅਪੰਗਤਾ ਕੋਈ ਕਮੀ ਨਹੀਂ, ਇੱਕ ਵੱਖਰੀ ਯੋਗਤਾ ਹੈ: ਕਿਸੇ ਵਿਅਕਤੀ ਦਾ ਦਿਵਿਆਂਗ ਹੋਣਾ ਕਾਬਲੀਅਤ, ਹੁਨਰ ਜਾਂ ਸੰਭਾਵਨਾ ਨੂੰ ਪਰਿਭਾਸ਼ਿਤ ਨਹੀਂ ਕਰਦੀ। ਹਰੇਕ ਵਿਅਕਤੀ ਵਿੱਚ ਅਨੋਖੀ ਸ਼ਕਤੀ ਅਤੇ ਯੋਗਤਾ ਹੁੰਦੀ ਹੈ। ਕਈ ਅਜਿਹੇ ਵਿਅਕਤੀ ਹਨ, ਜਿਨ੍ਹਾਂ ਨੂੰ ਚੱਲਣ, ਦੇਖਣ, ਬੋਲਣ-ਸੁਣਨ ਜਾਂ ਸਿੱਖਣ ਵਿੱਚ ਔਖਿਆਈਆਂ ਹਨ, ਪਰ ਆਪਣੀ ਪੱਕੇ ਇਰਾਦੇ ਅਤੇ ਹੌਂਸਲੇ ਨਾਲ ਅਜਿਹੇ ਵਿਅਕਤੀਆਂ ਨੇ ਕਲਾ, ਵਿਗਿਆਨ, ਖੇਡਾਂ, ਟੈਕਨਾਲੋਜੀ, ਸਿੱਖਿਆ,ਵਪਾਰ ਅਤੇ ਹੋਰ ਬਹੁਤ ਸਾਰੇ ਖੇਤਰਾਂ ਵਿੱਚ ਸਫਲਤਾ ਦੀਆਂ ਉੱਚੀਆਂ ਮੰਜਲਾਂ ਹਾਸਲ ਕੀਤੀਆਂ ਹਨ। ਸਭ ਤੋਂ ਪਹਿਲਾਂ, ਸਾਨੂੰ ਆਪਣੀ ਸੋਚ ਬਦਲਣੀ ਚਾਹੀਦੀ ਹੈ। ਦਿਵਿਆਂਗ ਵਿਅਕਤੀ ਨਾਲ ਸਤਿਕਾਰ ਨਾਲ ਪੇਸ਼ ਆਉਣਾ ਚਾਹੀਦਾ ਹੈ, ਤਰਸ ਜਾਂ ਡਰ ਨਾਲ ਨਹੀਂ। ਉਹਨਾਂ ਦੀਆਂ ਚੁਣੌਤੀਆਂ ਨੂੰ ਸਮਝੋ। ਅਪਾਹਿਜ ਜਾਂ ਨਕਾਰਾ ਕਹਿ ਕੇ ਹਾਸੇ-ਮਖੌਲ ਦਾ ਪਾਤਰ ਬਨਾਉਣਾ, ਛੇੜਨਾ ਜਾਂ ਚਿੜਾਉਣਾ ਇੱਕ ਕਿਸਮ ਦਾ ਮਾਨਸਿਕ ਸ਼ੋਸ਼ਣ ਹੈ, ਅਪਮਾਨਜਨਕ ਸ਼ਬਦਾਂ ਦੀ ਵਰਤੋਂ ਨਾ ਕਰੋ। ਵਿਅਕਤੀ ਨਿਸਚਿਤ ਸਮਰੱਥਾ ਨਾਲ, ਵੀਲ੍ਹ ਚੇਅਰ ਯੂਜ਼ਰ, ਵਿਜ਼ੂਅਲੀ ਚੈਲੰਜਡ, ਦਿਵਿਆਂਗਜਨ ਵਰਗੇ ਸਤਿਕਾਰਜਨਕ ਸ਼ਬਦਾਂ ਦੀ ਵਰਤੋਂ ਕਰੋ। ਕੰਪਨੀਆਂ, ਸੰਗਠਨਾਂ ਅਤੇ ਸੰਸਥਾਵਾਂ ਨੂੰ ਚਾਹੀਦਾ ਹੈ ਕਿ ਉਹ ਯੋਗ ਦਿਵਿਆਂਗ ਉਮੀਦਵਾਰਾਂ ਨੂੰ ਨੌਕਰੀਆਂ 'ਤੇ ਰੱਖਣ ਲਈ ਖੁੱਲ੍ਹੇ ਦਿਲ ਅਤੇ ਦਿਮਾਗ ਨਾਲ ਵਿਚਾਰ ਕਰਨ। ਉਨ੍ਹਾਂ ਦੇ ਹੁਨਰ ਅਤੇ ਲਗਨ 'ਤੇ ਧਿਆਨ ਦਿਓ, ਉਨ੍ਹਾਂ ਦੀਆਂ ਸਰੀਰਕ ਸੀਮਾਵਾਂ 'ਤੇ ਨਹੀਂ। ਉਨ੍ਹਾਂ ਦੀ ਕੰਮ ਕਰਨ ਦੀ ਜਗ੍ਹਾ ਨੂੰ ਜ਼ਰੂਰੀ ਸਹੂਲਤਾਂ ਜਿਵੇਂ ਰੈਂਪ, ਵਿਸ਼ੇਸ਼ ਕੰਪਿਊਟਰ ਸਾਫਟਵੇਅਰ, ਅਪਰੇਟਸ-ਮਸ਼ੀਨਾਂ, ਇੰਟਰਪਰੇਟਰ ਆਦਿ ਅਤੇ ਲਚਕੀਲਾ ਸਮਾਂ ਪ੍ਰਦਾਨ ਕਰੋ। ਉਨ੍ਹਾਂ ਨੂੰ ਸਮਾਜਿਕ, ਸੱਭਿਆਚਾਰਕ ਅਤੇ ਰਾਜਨੀਤਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦਾ ਮੌਕਾ ਦਿਓ, ਉਨ੍ਹਾਂ ਦੀ ਰਾਏ ਮਹੱਤਵਪੂਰਨ ਹੈ।

ਸਮਾਜਕ ਜਾਗਰੂਕਤਾ ਦੇ ਨਾਲ-ਨਾਲ ਸਰਕਾਰ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ, ਸਰਕਾਰ ਨੂੰ ਵੀ ਚਾਹੀਦਾ ਹੈ ਕਿ ਉਹ ਇਸ ਨੈਤਿਕ ਜ਼ਿੰਮੇਵਾਰੀ ਨੂੰ ਨਿਭਾਉਂਦੇ ਹੋਏ ਦਿਵਿਆਂਗ ਨਾਗਰਿਕਾਂ ਲਈ ਸਮੁੱਚੇ ਅਤੇ ਪ੍ਰਭਾਵਸ਼ਾਲੀ ਸਹੂਲਤਾਂ ਦਾ ਪ੍ਰਬੰਧ ਕਰੇ। ਦਿਵਿਆਂਗਾਂ ਲਈ ਵਿਸ਼ੇਸ਼ ਰੋਜ਼ਗਾਰ ਮੁਹਿੰਮ ਚਲਾਈ ਜਾਵੇ, ਨਵੀਆਂ ਸਰਕਾਰੀ ਅਸਾਮੀਆਂ ਸਥਾਪਤ ਕੀਤੀਆਂ ਜਾਣ ਅਤੇ ਸਰਕਾਰੀ ਵਿਭਾਗਾਂ ਵਿੱਚ ਖਾਲੀ ਪਈਆਂ ਇਹਨਾਂ ਦੇ ਕੋਟੇ ਦੀਆਂ ਰਾਖਵੀਆਂ ਅਸਾਮੀਆਂ ਤੁਰੰਤ ਭਰੀਆਂ ਜਾਣ। ਸਾਰੀਆਂ ਪਬਲਿਕ ਇਮਾਰਤਾਂ, ਜਿਵੇਂ ਸਕੂਲ, ਹਸਪਤਾਲ, ਦਫ਼ਤਰ, ਬੈਂਕ, ਆਵਾਜਾਈ ਟਰਮੀਨਲ, ਪਾਰਕਾਂ ਅਤੇ ਫੁੱਟਪਾਥਾਂ ਵਿੱਚ ਰੈਂਪ, ਲਿਫਟਾਂ, ਵਿਸ਼ੇਸ਼ ਪਖਾਨੇ ਅਤੇ ਬ੍ਰੇਲ ਚਿੰਨ੍ਹਾਂ ਦਾ ਪ੍ਰਬੰਧ ਹੋਣਾ ਚਾਹੀਦਾ ਹੈ। ਇਹ ਸਹੂਲਤਾਂ ਸਿਰਫ ਕਾਗਜ਼ਾਂ 'ਤੇ ਨਹੀਂ, ਅਸਲ ਵਿੱਚ ਲਾਗੂ ਹੋਣੀਆਂ ਚਾਹੀਦੀਆਂ ਹਨ। ਦਿਵਿਆਂਗ ਵਿਅਕਤੀਆਂ ਨੂੰ ਕਿੱਤਾ ਮੁਖੀ ਕੋਰਸਾਂ ਦੀ ਸਿਖਲਾਈ ਦੇ ਕੇ ਸੁਤੰਤਰ ਕੰਮਾਂ ਲਈ ਵਿਸ਼ੇਸ਼ ਵਿੱਤੀ ਸਹਾਇਤਾ ਗ੍ਰਾਂਟ, ਰਿਆਇਤੀ ਕਰਜ਼ੇ ਅਤੇ ਮਾਰਗ-ਦਰਸ਼ਨ ਮੁਹੱਈਆ ਕਰਵਾਇਆ ਜਾਵੇ।

ਦਿਵਿਆਂਗ ਵਿਅਕਤੀ ਸਾਡੇ ਭਰਾ-ਭੈਣ, ਬੱਚੇ, ਮਾਪੇ, ਦੋਸਤ ਅਤੇ ਸਾਥੀ ਨਾਗਰਿਕ ਹਨ, ਆਓ, ਅਜਿਹੇ ਸਮਾਜ ਦੀ ਰਚਨਾ ਕਰੀਏ, ਜਿੱਥੇ ਹਰੇਕ ਵਿਅਕਤੀ, ਉਸ ਦੀਆਂ ਸਰੀਰਕ ਜਾਂ ਮਾਨਸਿਕ ਸੀਮਾਵਾਂ ਦੇ ਬਾਵਜੂਦ ਆਤਮ-ਸਨਮਾਨ ਨਾਲ ਜੀਣ ਅਤੇ ਆਪਣੀਆਂ ਸੰਭਾਵਨਾਵਾਂ ਨੂੰ ਪੂਰਾ ਕਰਨ ਦੇ ਯੋਗ ਹੋਵੇ। ਦਿਵਿਆਂਗਾਂ ਨੂੰ ਅਪੀਲ ਹੈ ਕਿ ਉਹ ਦਿਵਿਆਂਗਜਨ ਸਸ਼ਕਤੀਕਰਨ ਵਿਭਾਗ ਭਾਰਤ ਸਰਕਾਰ ਵੱਲੋਂ ਜਾਰੀ ਰਾਸ਼ਟਰੀ ਸੂਚਨਾ ਹੈਲਪ ਲਾਈਨ ਨੰਬਰ 14456 ਡਾਇਲ ਕਰਕੇ ਜਾਣਕਾਰੀ, ਮਾਰਗ-ਦਰਸ਼ਨ ਅਤੇ ਸਲਾਹ ਸੇਵਾਵਾਂ ਦਾ ਲਾਭ ਲੈ ਸਕਦੇ ਹਨ।

**# ਸੰਪਰਕ : 98146-56257**

# ਲਗਾਤਾਰ ਮੀਂਹ ਨਾਲ ਮੁਸੀਬਤ 'ਚ ਫਸੇ ਲੋਕ, ਛੱਤਾਂ ਚੋਣ ਕਾਰਨ ਘਰਾਂ ਦੀ ਹਾਲਤ ਤਰਸਯੋਗ ਬਣੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕੁੱਝ ਦਿਨਾਂ ਤੋਂ ਲਗਾਤਾਰ ਮੀਂਹ ਪੈਣ ਕਾਰਨ ਹਲਕੇ ਦੇ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕਈ ਸਾਲ ਬਾਅਦ ਪਏ ਰਿਕਾਰਡਤੋੜ ਮੀਂਹ ਨੇ ਜਿੱਥੇ ਮਾੜੇ ਨਿਕਾਸੀ ਪ੍ਰਬੰਧਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ, ਉਥੇ ਪਿਛਲੇ ਸਮੇਂ ਦੌਰਾਨ ਗ੍ਰਾਮ ਪੰਚਾਇਤਾਂ ਵਲੋਂ ਛੱਪੜਾਂ ਨੂੰ ਖ਼ਤਮ ਕਰਨ ਨਾਲ ਪਿੰਡਾਂ ਅੰਦਰ ਭਰੇ ਪਾਣੀ ਨਾਲ ਸਥਿਤੀ ਹੜ੍ਹਾਂ ਵਰਗੀ ਬਣ ਗਈ ਹੈ।ਿਹ ਨਾਲ ਸਭ ਤੋਂ ਪ੍ਰਭਾਵਤ ਉਹ ਲੋਕ ਹਨ, ਜੋ ਕਮਜ਼ੋਰ ਆਰਥਿਕ ਹਾਲਾਤਾਂ ਕਾਰਨ ਪੁਰਾਣੇ, ਨੀਂਵੇ ਹੋ ਚੁੱਕੇ ਘਰਾਂ 'ਚ ਦਿਨਕਟੀਆਂ ਕਰ ਰਹੇ ਹਨ, ਮੀਂਹ ਨਾਲ ਜਿੱਥੇ ਛੱਤਾਂ ਚੋਣ ਲੱਗੀਆਂ, ਉੱਥੇ ਕਮਰਿਆਂ 'ਚ ਪਿਆ ਸਮਾਨ ਵੀ ਖਰਾਬ ਹੋਇਆ ਹੈ, ਹਾਲਾਂਕਿ ਕਸਬੇ ਅੰਦਰ ਗ੍ਰਾਮ ਪੰਚਾਇਤ ਨੇ ਪਹਿਲਕਦਮੀ ਕਰਦਿਆਂ ਬਾਰਿਸ਼ ਤੋਂ ਪੀੜਤ ਲੋਕਾਂ ਲਈ ਰਿਹਾਇਸ਼, ਲੰਗਰ ਤੇ ਦਵਾਈਆਂ ਆਦਿ ਦਾ ਪ੍ਰਬੰਧ ਕਰ ਦਿੱਤਾ ਹੈ, ਪਰ ਫ਼ਿਰ ਵੀ ਲੋਕਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ।ਪਿਛਲੀ ਗ੍ਰਾਮ ਪੰਚਾਇਤ ਵੱਲੋਂ ਗੁਰਦੁਆਰਾ ਪਾਤਸ਼ਾਹੀ ਛੇਵੀਂ ਨਾਲ ਲੱਗਦਾ ਛੱਪੜ ਪੂਰ ਕੇ ਪਾਰਕ ਬਣਾ ਦਿੱਤਾ ਹੈ, ਜਿਸ ਦਾ ਫ਼ਾਇਦਾ ਘੱਟ ਲੋਕ ਨੁਕਸਾਨ ਜ਼ਿਆਦਾ ਮਹਿਸੂਸ ਕਰ ਰਹੇ ਹਨ, ਕਿਉਂਕਿ ਬਾਕੀ ਬਚਿਆ ਛੱਪੜ ਬਾਰਸ਼ ਦਾ ਪਾਣੀ ਝੱਲਣ ਤੋਂ ਅਸਮਰੱਥ ਹੈ।ਵੱਖ-ਵੱਖ ਗ਼ਰੀਬ ਪਰਵਾਰਾਂ ਨੇ ਦੱਸਿਆ ਕਿ ਉਹ ਮਿਹਨਤ ਮਜ਼ਦੂਰੀ ਕਰਕੇ ਆਪਣੇ ਪਰਵਾਰ ਪਾਲ ਰਹੇ ਹਨ, ਪਰ ਘਰਾਂ ਦੀ ਮੁੜ ਉਸਾਰੀ ਕਰਨ ਤੋਂ ਅਸਮਰੱਥ ਹਨ, ਇਸ ਲਈ ਪੰਜਾਬ ਸਰਕਾਰ ਉਨ੍ਹਾਂ ਦੇ ਘਰ ਬਣਾਉਣ ਲਈ ਉਨ੍ਹਾਂ ਦੀ ਮਦਦ ਕਰੇ।ਸ਼ਿੰਦਰ ਕੌਰ ਨੇ ਦੱਸਿਆ ਕਿ ਉਸ ਲੜਕਾ ਗੁਰਦਿਆਂ ਤੇ ਸ਼ੂਗਰ ਦੀ ਬਿਮਾਰੀ ਤੋਂ ਪੀੜਤ ਹੈ, ਜਦੋਂ ਸਾਰੇ ਘਰ ਦੀਆਂ ਛੱਤਾਂ ਚੋਣ ਲੱਗੀਆਂ ਤਾਂ ਉਨ੍ਹਾਂ ਬੜੀ ਮੁਸ਼ਕਲ ਨਾਲ ਰਾਤ ਕੱਟੀ। ਇੱਥੋਂ ਤੱਕ ਕਿ ਉਨ੍ਹਾਂ ਲੀੜਾ ਕੱਪੜਾ ਵੀ ਖਰਾਬ ਹੋ ਗਿਆ ਹੈ, ਪਾਉਣ ਲਈ ਵੀ ਕੁਝ ਨਹੀਂ ਬਚਿਆ।ਅੱਜ ਸਵੇਰੇ ਉਨ੍ਹਾਂ ਨੇ ਆਪਣੇ ਲੜਕੇ ਨੂੰ ਗੁਆਢੀਆਂ ਦੇ ਘਰ ਸ਼ਿਫ਼ਟ ਕੀਤਾ ਹੈ।ਸਰਪੰਚ ਬੀਬੀ ਕਿਰਨਾ ਰਾਣੀ, ਨੌਜਵਾਨ ਆਗੂ ਅਰੁਣ ਕੁਮਾਰ ਬਾਂਸਲ, ਸਰਪੰਚ ਸਰਬਜੀਤ ਸਿੰਘ ਸ਼ੰਭੂ ਨੇ ਕਿਹਾ ਕਿ ਉਹ ਇਸ ਮੁਸ਼ਕਲ ਸਮੇਂ ਵਿੱਚ ਪਿੰਡ ਵਾਸੀਆਂ ਨਾਲ ਡਟ ਕੇ ਖੜੇ ਹਨ।ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿਸੇ ਵੀ ਮੁਸੀਬਤ ਸਮੇਂ ਬੇਝਿਜਕ ਹੋ ਕੇ ਉਨ੍ਹਾਂ ਨਾਲ ਸੰਪਰਕ ਕਰਨ। ਭਾਈ ਲਾਲੋ ਪੰਜਾਬੀ ਮੰਚ ਦੇ ਆਗੂ ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ ਸਮੇਂ-ਸਮੇਂ ਇੱਥੋਂ ਜਿੱਤਦੇ ਰਹੇ ਆਗੂਆਂ ਨੇ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਹੀਂ ਨਿਭਾਇਆ, ਜਿਸ ਕਾਰਨ ਅੱਜ ਵੀ ਲੋਕ ਗ਼ਰੀਬੀ, ਬੇਰੁਜ਼ਗਾਰੀ, ਮਹਿੰਗਾਈ ਦੀ ਚੱਕੀ 'ਚ ਪਿਸ ਰਹੇ ਹਨ।ਹਲਕਾ ਪਟਵਾਰੀ ਗੁਰਬਖਸ਼ ਸਿੰਘ ਨੇ ਬਾਰਸ਼ ਨਾਲ ਪ੍ਰਭਾਵਤ ਹੋਏ ਘਰਾਂ 'ਚ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਤਸਵੀਰਾਂ ਸਮੇਤ ਰਿਪੋਰਟ ਬਣਾ ਕੇ ਪੰਜਾਬ ਸਰਕਾਰ ਨੂੰ ਭੇਜ ਦਿੱਤੀ ਹੈ।

ਮੌਸਮ ਵਿਭਾਗ ਵੱਲੋਂ ਅਗਲੇ ਹਫ਼ਤੇ ਤੱਕ ਭਾਰੀ ਮੀਂਹ ਪੈਣ ਦੇ ਅਨੁਮਾਨਾਂ ਤੋਂ ਬਾਅਦ ਮਾਰਕੀਟ 'ਚ ਅਚਾਨਕ ਵਧੀ ਪਲਾਸਟਿਕ ਦੇ ਕਾਗਜ਼/ਤਰਪਾਲਾਂ ਦੀ ਮੰਗ ਕਾਰਨ, ਇਨ੍ਹਾਂ ਦੇ ਰੇਟਾਂ 'ਚ ਭਾਰੀ ਵਾਧਾ ਹੋਇਆ ਹੈ ਤੇ 100 ਰੁਪਏ ਪ੍ਰਤੀ ਕਿੱਲੋ ਵਿਕਣ ਵਾਲੇ ਕਾਗਜ਼/ਤਰਪਾਲਾਂ ਦੇ ਭਾਅ 180 ਰੁਪਏ ਪ੍ਰਤੀ/ਕਿੱਲੋ ਤੱਕ ਪਹੁੰਚ ਅਸਮਾਨੀ ਛੋਹਣ ਲੱਗੇ ਹਨ।ਕਈ ਦੁਕਾਨਦਾਰਾਂ ਚੋਖਾ ਮੁਨਾਫ਼ਾ ਕਮਾਉਣ ਲਈ ਕਾਗਜ਼/ਤਰਪਾਲਾਂ ਨੂੰ ਤੋਲ ਵੇਚਣ ਦੀ ਬਜਾਏ ਮਿਣ ਕੇ 5 ਰੁਪਏ ਪ੍ਰਤੀ ਫ਼ੁੱਟ ਵੇਚਦੇ ਦੇਖੇ ਗਏ।ਇਸ ਤੋਂ ਇਲਾਵਾ ਰੇਨ ਕੋਟ ਦੀ ਕੀਮਤ ਵਧ ਕੇ 500 ਰੁਪਏ ਤੱਕ ਪਹੁੰਚ ਗਈ ਹੈ।

# ਮਨਰੇਗਾ ਸਕੀਮ ਦਾ ਮਕਸਦ ਮਜ਼ਦੂਰਾਂ ਨੂੰ ਘਰ ਨੇੜੇ ਰੁਜ਼ਗਾਰ ਮੁਹੱਈਆ ਕਰਵਾਉਣਾ : ਐਡਵੋਕੇਟ ਉੱਡਤ

### ਡੀ ਸੀ ਦਫ਼ਤਰ ਦੇ ਘਿਰਾਓ ਸੰਬੰਧੀ ਤਿਆਰੀ ਹਿੱਤ ਦੂਲੋਵਾਲ 'ਚ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪਾਰਲੀਮੈਂਟ 'ਚ ਲਾਲ ਝੰਡੇ ਦੀ ਸ਼ਕਤੀ ਸਦਕਾ ਹੋਂਦ 'ਚ ਆਏ ਮਨਰੇਗਾ ਸਕੀਮ ਦਾ ਇਕਲੌਤਾ ਮਕਸਦ ਪੇਂਡੂ ਮਜ਼ਦੂਰਾਂ ਨੂੰ ਉਨ੍ਹਾਂ ਦੇ ਘਰ ਕੋਲ ਰੁਜ਼ਗਾਰ ਮੁਹੱਈਆ ਕਰਾਉਣਾ ਹੈ ਤਾਂ ਜੁ ਉਹ ਆਪਣਾ ਗੁਜ਼ਾਰਾ ਕਰ ਸਕਣ। ਇਸ ਅਹਿਮ ਸਕੀਮ ਨੂੰ ਸਾਰਥਿਕ ਰੂਪ 'ਚ ਲਾਗੂ ਕਰਨ ਤੇ ਇਸ ਦਾ ਵਿਸਥਾਰ ਕਰਨ ਦੀ ਥਾਂ ਤੇ ਸਮੇਂ ਦੇ ਹਾਕਮ ਮਨਰੇਗਾ ਸਕੀਮ ਨੂੰ ਖਤਮ ਕਰਨ ਦੇ ਰਸਤੇ ਤੁਰਦੇ ਜਾਪਦੇ ਦਿਖਾਈ ਦੇ ਰਹੇ ਹਨ।

ਪਿੰਡ ਦੂਲੋਵਾਲ ਵਿਖੇ 3 ਸਤੰਬਰ ਦੇ ਡਿਪਟੀ ਕਮਿਸ਼ਨਰ ਮਾਨਸਾ ਦੇ ਘਿਰਾਓ ਦੀ ਤਿਆਰੀ ਹਿੱਤ ਕੀਤੀ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਤੇ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਮਨਰੇਗਾ ਸਕੀਮ ਨੂੰ ਬਚਾਉਣ ਦਾ ਇਕਮਾਤਰ ਢੰਗ ਜਥੇਬੰਦ ਹੋ ਕੇ ਸੰਘਰਸ਼ ਦਾ ਰਸਤਾ ਅਖਤਿਆਰ ਕਰਨਾ ਹੈ।ਉਨ੍ਹਾਂ ਕਿਹਾ ਕਿ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਖੁੱਲ੍ਹੇ ਗੱਫੇ ਦੇਣ ਵਾਲਾ ਮੋਦੀ ਸ਼ਰੇਆਮ ਮਨਰੇਗਾ ਸਕੀਮ ਨੂੰ ਪਿਛਲੀਆਂ ਸਰਕਾਰ ਦਾ ਬੋਝ ਕਹਿ ਕੇ ਭੰਡ ਰਿਹਾ ਹੈ ।

ਮੋਦੀ ਸਰਕਾਰ ਦੇ ਰਸਤੇ 'ਤੇ ਚੱਲਦਿਆਂ ਮਾਨ ਸਰਕਾਰ ਵੀ ਮਨਰੇਗਾ ਸਕੀਮ ਦਾ ਭੋਗ ਪਾਉਣ ਲਈ ਉਤਾਵਲੀ ਹੋ ਚੁੱਕੀ ਹੈ। ਮਾਨ ਸਰਕਾਰ ਨੇ ਮਨਰੇਗਾ ਸਕੀਮ ਅਸਿੱਧੇ ਰੂਪ ਵਿੱਚ ਬੰਦ ਹੀ ਕਰ ਦਿੱਤਾ।ਐਡਵੋਕੇਟ ਉੱਡਤ ਨੇ ਮਜ਼ਦੂਰਾਂ ਨੂੰ 3 ਸਤੰਬਰ ਦੇ ਪ੍ਰਦਰਸ਼ਨ 'ਚ ਪਰਵਾਰਾਂ ਸਮੇਤ ਕਾਫ਼ਲੇ ਬਣਾ ਕੇ ਪਹੁੰਚਣ ਦਾ ਸੱਦਾ ਦਿੱਤਾ ਤਾਂ ਜੁ ਮਨਰੇਗਾ ਸਕੀਮ ਦੀ ਰਾਖੀ ਕੀਤੀ ਜਾ ਸਕੇ।

# ਵਿਧਾਇਕ ਭੁੱਲਰ ਨੇ ਸਤਲੁਜ ਨਾਲ ਲੱਗਦੇ ਪਿੰਡਾਂ 'ਚ ਪਹੁੰਚ ਕੇ ਹਾਲ ਜਾਣਿਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਸ਼ਹਿਰੀ ਹਲਕੇ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਸਤਲੁਜ ਦਰਿਆ ਵਿਚ ਪਾਣੀ ਦਾ ਪੱਧਰ ਵੱਧਣ ਕਾਰਨ ਪਿੰਡ ਨਿਹਾਲੇ ਵਾਲਾ, ਕਿਲਚੇ, ਕਾਲੂ ਵਾਲਾ, ਪਛਾੜੀਆਂ, ਬਸਤੀ ਰਾਮ ਲਾਲ, ਧੀਰਾ ਘਾਰਾ ਦਾ ਦੌਰਾ ਕੀਤਾ ਤੇ ਹੜ੍ਹਾਂ ਦੇ ਮੱਦੇਨਜ਼ਰ ਪਿੰਡ ਵਾਸੀਆਂ ਦਾ ਹਾਲ ਜਾਣਿਆ ਤੇ ਹਰ ਤਰ੍ਹਾਂ ਨਾਲ ਇਸ ਔਖੀ ਘੜੀ ਵਿਚ ਸਾਥ ਦੇਣ ਦਾ ਭਰੋਸਾ ਦਿੱਤਾ।



ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਪਿੰਡਾਂ ਵਿੱਚ ਖੁਦ ਪਹੁੰਚ ਕਰਕੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਲੋਕਾਂ ਨੂੰ ਖਾਣ-ਪੀਣ ਦਾ ਸਮਾਨ, ਦਵਾਈਆਂ, ਪਸ਼ੂਆਂ ਲਈ ਚਾਰਾ ਤੇ ਦਵਾਈਆਂ ਤੋਂ ਇਲਾਵਾ ਉਨ੍ਹਾਂ ਦੀ ਮੰਗ ਅਨੁਸਾਰ ਇਸ ਔਖੀ ਘੜੀ ਵਿੱਚ ਲੋੜੀਂਦਾ ਸਮਾਨ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਹਲਕੇ ਅੰਦਰ ਪੈਂਦੇ ਹੜ੍ਹ ਪ੍ਰਭਾਵਤ ਪਿੰਡਾਂ ਦਾ ਲਗਾਤਾਰ ਦੌਰਾ ਕੀਤਾ ਜਾ ਰਿਹਾ ਹੈ ਤੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿਚ ਮਨੁੱਖਾਂ ਤੇ ਪਸ਼ੂਆਂ ਲਈ ਦਵਾਈਆਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ ਤਾਂ ਜੁ ਕਿਸੇ ਵੀ ਅਣਸੁਖਾਵੀ ਘਟਨਾ ਤੇ ਮੁੱਢਲੀ ਸਹਾਇਤਾ ਮੌਕੇ 'ਤੇ ਦਿੱਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਰਾਹਤ ਕੈਂਪ ਵੀ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਉਹ ਆਪਣੀ ਟੀਮ ਨਾਲ ਪਿੰਡਾਂ ਵਿਚ ਲਗਾਤਾਰ ਵਿਚਰ ਰਹੇ ਹਨ ਤੇ ਪਾਣੀ ਦੀ ਸਥਿਤੀ ਤੇ ਨਜ਼ਰ ਰੱਖ ਰਹੇ ਹਨ।

ਇਸ ਮੌਕੇ ਵਿਧਾਇਕ ਦੀ ਟੀਮ ਅਤੇ ਆਮ ਆਦਮੀ ਪਾਰਟੀ ਦੇ ਆਗੂ ਵੀ ਹਾਜ਼ਰ ਸਨ।

# ਹਾਈ ਕੋਰਟ ਵੱਲੋਂ ਡੀ ਏ ਸਮੇਤ ਸਾਰੀਆਂ ਕਿਸ਼ਤਾਂ ਦਾ ਬਕਾਇਆ ਦੇਣ ਦੇ ਹੁਕਮ

**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਨਿਰਮਲ ਸਿੰਘ ਧਨੋਆ ਤੇ ਹੋਰ ਬਨਾਮ ਪੰਜਾਬ ਸਰਕਾਰ ਸਬੰਧੀ ਐਡਵੋਕੇਟ ਸੰਨੀ ਸਿੰਗਲਾ ਰਾਹੀਂ ਦਾਇਰ ਸਿਵਲ ਰਿੱਟ ਪਟੀਸ਼ਨ ਨੰਬਰ 24698 ਆਫ 2025 ਦਾ 25 ਅਗਸਤ ਨੂੰ ਫੈਸਲਾ ਕਰਦੇ ਹੋਏ ਪੰਜਾਬ ਦੇ ਵੱਖ ਵੱਖ ਸਰਕਾਰੀ ਵਿਭਾਗਾਂ ਤੇ ਬੋਰਡਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 42 ਤੋਂ 55 ਫੀਸਦੀ ਡੀ ਏ ਦੇਣ ਤੇ ਪਿਛਲੀਆਂ ਸਾਰੀਆਂ ਕਿਸ਼ਤਾਂ ਦਾ ਬਣਦਾ ਬਕਾਇਆ ਦੇਣ ਸਬੰਧੀ ਵਿੱਤ ਵਿਭਾਗ ਪੰਜਾਬ ਸਰਕਾਰ ਨੂੰ ਤਿੰਨ ਮਹੀਨੇ ਵਿੱਚ ਸਪੀਕਿੰਗ ਆਰਡਰ ਜਾਰੀ ਕਰਨ ਦੇ ਹੁਕਮ ਦਿੱਤੇ ਹਨ।ਜ਼ਿਕਰਯੋਗ ਹੈ ਕਿ 1 ਜੁਲਾਈ 2023 ਤੋਂ 46 ਫ਼ੀਸਦੀ, 1 ਜਨਵਰੀ 2024 ਤੋਂ 50 ਫੀਸਦੀ, 1 ਜੁਲਾਈ 2024 ਤੋਂ 53 ਫ਼ੀਸਦੀ ਤੇ 1 ਜਨਵਰੀ 2025 ਤੋਂ 55 ਫ਼ੀਸਦੀ ਡੀ.ਏ. ਕੇਂਦਰੀ ਪੈਟਰਨ ਅਨੁਸਾਰ ਪੰਜਾਬ ਸਰਕਾਰ ਵੱਲ ਬਕਾਇਆ ਖੜ੍ਹਾ ਹੈ।ਇਸ ਤੋਂ ਇਲਾਵਾ 28 ਫੀਸਦੀ ਤੋਂ 42 ਫੀਸਦੀ ਤੱਕ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸਮੇਂ ਤੇ ਦੇਰੀ ਨਾਲ ਜਾਰੀ ਕੀਤੀਆਂ ਗਈਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਣਦਾ ਬਕਾਇਆ ਵੀ ਇਸ ਸਿਵਲ ਰਿੱਟ ਪਟੀਸ਼ਨ ਵਿੱਚ ਦੇਣ ਦੀ ਮੰਗ ਕੀਤੀ ਗਈ ਹੈ।

ਇਹ ਵੀ ਵਰਨਣਯੋਗ ਹੈ ਕਿ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕੇਂਦਰੀ ਪੈਟਰਨ ਅਨੁਸਾਰ ਬਣਦੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇਣ ਸਬੰਧੀ ਪੰਜਾਬ ਸਰਕਾਰ ਪਿਛਲੇ ਕਈ ਦਹਾਕਿਆਂ ਤੋਂ ਵਚਨਬੱਧ ਹੈ।

## ਕਾਤਰਾਂ

### ਟਰਾਲੀ ਚੋਰੀ ਮਾਮਲੇ 'ਚ ਨਗਰ ਕੌਂਸਲ ਪ੍ਰਧਾਨ ਦੇ ਪਤੀ ਖ਼ਿਲਾਫ਼ ਪਰਚਾ

**ਪਟਿਆਲ਼ਾ/ਨਾਭਾ (ਰਾਜਿੰਦਰ ਸਿੰਘ ਬਿੰਦ)**-ਪੁਲਸ ਨੇ ਬੀਤੀ ਰਾਤ 10.30 ਬਜੇ ਤੋਂ ਬਾਅਦ ਨਾਭਾ ਨਗਰ ਕੌਂਸਲ ਪ੍ਰਧਾਨ ਸੁਜਾਤਾ ਚਾਵਲਾ ਦੇ ਪਤੀ ਮੁਨੀਸ਼ ਕੁਮਾਰ ਉਰਫ ਪੰਕਜ ਪੱਪੂ ਖ਼ਿਲਾਫ਼ ਕਿਸਾਨਾਂ ਦੀ ਟਰਾਲੀਆਂ ਚੋਰੀ ਕਰਨ ਦੇ ਦੋਸ਼ ਹੇਠ ਐੱਫਆਈਆਰ ਦਰਜ ਕੀਤੀ।ਪੁਲਸ ਨੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾਈ ਆਗੂ ਜਸਵਿੰਦਰ ਸਿੰਘ ਲੌਂਗਵਾਲ ਦੇ ਬਿਆਨਾਂ 'ਤੇ ਇਹ ਕੇਸ ਦਰਜ ਕੀਤਾ।ਸ਼ੰਭੂ ਬਾਰਡਰ 'ਤੇ ਕਿਸਾਨੀ ਧਰਨੇ ਤੋਂ ਟਰਾਲੀਆਂ ਚੋਰੀ ਕਰਨ, ਚੋਰੀ ਦਾ ਮਾਲ ਰੱਖਣ, ਸਬੂਤ ਖੁਰਦ-ਬੁਰਦ ਕਰਨ ਤੇ ਸਾਜ਼ਿਸ਼ ਕਰਨ ਦੀਆਂ ਧਾਰਾਵਾਂ ਤਹਿਤ ਐੱਫਆਈਆਰ ਦਰਜ ਕੀਤੀ ਗਈ।ਜਾਣਕਾਰੀ ਮੁਤਾਬਕ ਮੰਗਲਵਾਰ ਨੂੰ ਕਿਸਾਨ ਭਵਨ ਵਿੱਚ ਸੰਯੁਕਤ ਕਿਸਾਨ ਮੋਰਚੇ ਤੇ ਕਿਸਾਨ ਮਜ਼ਦੂਰ ਮੋਰਚਾ ਦੀ ਸਾਂਝੀ ਮੀਟਿੰਗ ਵਿੱਚ ਨਾਭਾ ਨਗਰ ਕੌਂਸਲ ਦੀ ਮਦਦ ਨਾਲ ਟਰਾਲੀਆਂ ਚੋਰੀ ਹੋਣ ਦਾ ਮਾਮਲਾ ਜ਼ੋਰ ਨਾਲ ਉਠਿਆ, ਜਿਸ ਮਗਰੋਂ ਸਰਕਾਰ ਨੇ ਦੇਰ ਰਾਤ ਇਹ ਐੱਫਆਈਆਰ ਦਰਜ ਕਰਨ ਦਾ ਫ਼ੈਸਲਾ ਲਿਆ।ਐੱਸਐੱਚਓ ਸਰਬਜੀਤ ਸਿੰਘ ਚੀਮਾ ਨੇ ਦੱਸਿਆ ਕਿ ਕੇਸ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

### ਜੇਲ੍ਹਾਂ 'ਚ ਡੱਕੇ ਅਧਿਆਪਕ ਆਗੂ ਰਿਹਾਅ ਕਰਨ ਦੀ ਮੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਬਲਾਕ ਕਮੇਟੀ ਰਾਮਪੁਰਾ ਵੱਲੋਂ ਦਿੜਬਾ (ਜ਼ਿਲ੍ਹਾ ਸੰਗਰੂਰ) 'ਚ ਪੱਕੇ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਐਨ.ਐਸ.ਕਿਉ ਵੋਕੇਸ਼ਨਲ ਅਧਿਆਪਕਾਂ 'ਤੇ ਪੁਲਿਸ ਵੱਲੋਂ ਅੰਨ੍ਹਾ ਲਾਠੀਚਾਰਜ ਕਰਕੇ ਢਾਹੇ ਜਬਰ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਅਧਿਆਪਕ ਯੂਨੀਅਨ ਦੇ ਗ੍ਰਿਫ਼ਤਾਰ ਕੀਤੇ ਆਗੂਆਂ, ਜਿਨ੍ਹਾਂ ਨੂੰ ਜੇਲ੍ਹਾਂ 'ਚ ਡੱਕਿਆ ਹੋਇਆ ਹੈ, ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ ਤੇ ਉਨ੍ਹਾਂ ਦੀਆਂ ਮੰਗਾਂ ਮੰਨ ਕੇ ਮਸਲਾ ਹੱਲ ਕੀਤਾ ਜਾਵੇ।

### ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਕੀਤੀ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਨੇ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲਗਾਤਾਰ ਹੋ ਰਹੀ ਬਰਸਾਤ ਦੇ ਮੱਦੇਨਜ਼ਰ ਜੇਕਰ ਹੜ੍ਹਾਂ ਦੀ ਸਥਿਤੀ ਪੈਦਾ ਹੁੰਦੀ ਹੈ ਤਾਂ ਉਸ ਦੇ ਲਈ ਬਚਾਅ ਕਾਰਜਾਂ ਦੇ ਸਾਰੇ ਪ੍ਰਬੰਧ ਮੁਕੰਮਲ ਰੱਖੇ ਜਾਣ।ਉਨ੍ਹਾਂ ਕਾਰਜਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਪਾਣੀ ਨਾਲ ਪ੍ਰਭਾਵਤ ਖੇਤਰਾਂ ਵਿਚੋਂ ਮਸ਼ੀਨਾਂ ਲਗਾ ਕੇ ਪਾਣੀ ਕਢਾਇਆ ਜਾਵੇ ਤਾਂ ਜੁ ਆਵਾਜਾਈ ਅਤੇ ਲੋਕਾਂ ਦੇ ਕਾਰੋਬਾਰ 'ਚ ਵਿਘਨ ਨਾ ਪਵੇ।ਉਨ੍ਹਾਂ ਕਿਹਾ ਕਿ ਪਸ਼ੂਆਂ ਲਈ ਦਵਾਈਆਂ ਅਤੇ ਚਾਰੇ ਦਾ ਪ੍ਰਬੰਧ ਵੀ ਕੀਤਾ ਜਾਵੇ। ਉਨ੍ਹਾਂ ਤੈਰਾਕਾਂ ਅਤੇ ਗੋਤਾਖੋਰਾਂ ਦੀ ਪਛਾਣ ਕਰਨ ਤੇ ਉਨ੍ਹਾਂ ਦੀ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੁ ਐਮਰਜੈਂਸੀ ਸਥਿਤੀਆਂ ਵਿਚ ਰਾਹਤ ਕਾਰਜਾਂ ਦੌਰਾਨ ਉਨ੍ਹਾਂ ਦੀ ਸਹਾਇਤਾ ਲਈ ਜਾ ਸਕੇ। ਉਨ੍ਹਾਂ ਹੜ੍ਹ ਪ੍ਰਬੰਧਨ ਦੀਆਂ ਤਿਆਰੀਆਂ ਨੂੰ ਤਰਜ਼ੀਹ ਦੇਣ ਅਤੇ ਆਫ਼ਤ ਪ੍ਰਬੰਧਨ ਦੌਰਾਨ ਰਾਹਤ ਅਤੇ ਬਚਾਅ ਕਾਰਜਾਂ ਵਿਚ ਸਹਾਇਤਾ ਕਰਨ ਦੇ ਨਿਰਦੇਸ਼ ਦਿੱਤੇ, ਜਦੋਂ ਕਿ ਬੀ.ਡੀ.ਪੀ.ਓਜ਼ ਨੂੰ ਪੇਂਡੂ ਖੇਤਰਾਂ ਵਿਚ ਰਾਹਤ ਕਾਰਜਾਂ ਨੂੰ ਚਲਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ।

# ਸਕੂਲਾਂ 'ਚ ਛੁੱਟੀਆਂ ਕਾਰਨ 29 ਤੇ 31 ਨੂੰ ਹੋਣ ਵਾਲੀ ਚੇਤਨਾ ਪਰਖ ਪ੍ਰੀਖਿਆ ਰੱਦ

**ਬਰਨਾਲਾ (ਰਾਜਿੰਦਰ ਬਰਾੜ)**-ਪੰਜਾਬ ਸਰਕਾਰ ਵੱਲੋਂ ਭਾਰੀ ਬਾਰਿਸ਼ਾਂ ਕਾਰਨ ਪੰਜਾਬ ਦੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ 30 ਅਗਸਤ ਤੱਕ ਛੁੱਟੀਆਂ ਕਰਨ ਦੇ ਅਚਾਨਕ ਐਲਾਨ ਕਾਰਣ ਤਰਕਸ਼ੀਲ ਸੁਸਾਇਟੀ ਪੰਜਾਬ ਨੇ 29 ਅਤੇ 31 ਅਗਸਤ ਨੂੰ ਸਮੁੱਚੇ ਪੰਜਾਬ ਵਿੱਚ ਹੋਣ ਵਾਲੀ ਗ਼ਦਰੀ ਗੁਲਾਬ ਕੌਰ ਨੂੰ ਸਮਰਪਤ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ ਕਰਨ ਦਾ ਫੈਸਲਾ ਕੀਤਾ ਹੈ।

ਤਰਕਸ਼ੀਲ ਸੁਸਾਇਟੀ ਦੇ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਗੁਰਪ੍ਰੀਤ ਸ਼ਹਿਣਾ ਤੇ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਸਿੰਘ ਨੇ ਸੁਸਾਇਟੀ ਦੇ ਮੁੱਖ ਦਫਤਰ ਤਰਕਸ਼ੀਲ ਭਵਨ, ਬਰਨਾਲਾ ਤੋਂ ਜਾਰੀ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਚਾਨਕ ਲਏ ਫੈਸਲੇ ਕਾਰਨ 29 ਅਤੇ 31 ਅਗਸਤ ਨੂੰ ਹੋਣ ਵਾਲੀ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਰੱਦ ਕਰ ਦਿੱਤੀ ਗਈ ਹੈ ਤੇ ਇਸ ਸਬੰਧੀ ਪ੍ਰੀਖਿਆ ਦੀਆਂ ਅਗਲੀਆਂ ਤਰੀਕਾਂ ਦਾ ਫੈਸਲਾ ਸਾਰੇ ਸਕੂਲਾਂ ਦੇ ਪੂਰੀ ਤਰ੍ਹਾਂ ਖੁੱਲਣ ਤੋਂ ਬਾਅਦ ਅਤੇ ਸਕੂਲ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਵੇਗਾ।ਇਸ ਸਬੰਧੀ ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਨੂੰ ਸਮੇਂ ਸਿਰ ਸੂਚਿਤ ਕਰ ਦਿੱਤਾ ਜਾਵੇਗਾ।

# ਐੱਸ ਆਰ ਕਲੇਰ ਨੇ ਕੰਨੀਆਂ ਖ਼ੁਰਦ ਕੋਲੋਂ ਲੰਘਦੇ ਧੁੱਸੀ ਬੰਨ੍ਹ ਦਾ ਜਾਇਜ਼ਾ ਲਿਆ



**ਜਗਰਾਓਂ (ਅਮਿਤ ਖੰਨਾ)**

ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਹਲਕਾ ਜਗਰਾਓਂ ਤੋਂ ਐਸ.ਆਰ.ਕਲੇਰ ਸਾਬਕਾ ਵਿਧਾਇਕ ਨੇ ਦਰਿਆ ਸਤਲੁਜ ਤੋਂ ਪਾਰ (ਜਲੰਧਰ) ਵਾਲੇ ਪਾਸੇ ਪੈਂਦੇ ਆਪਣੇ ਹਲਕੇ ਦੇ ਪਿੰਡ ਕੰਨੀਆਂ ਖੁਰਦ ਕੋਲੋਂ ਲੰਘਦੇ ਧੁੱਸੀ ਬੰਨ੍ਹ ਦਾ ਜਾਇਜ਼ਾ ਲੈਂਦੇ ਹੋਏ ਆਖਿਆ ਕਿ ਸਾਡੀਆਂ ਸਰਕਾਰਾਂ ਨੇ ਹੀ ਹਮੇਸ਼ਾ ਦਰਿਆ ਸਤਲੁਜ ਦੇ ਧੁੱਸੀ ਬੰਨ੍ਹਾਂ ਅਤੇ ਲੋਕਾਂ ਦੀ ਸਾਰ ਲੈ ਕੇ ਉਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ।ਉਨ੍ਹਾਂ ਆਖਿਆ ਕਿ ਸਿਰਫ ਸਾਡੀਆਂ ਸਰਕਾਰਾਂ ਸਮੇਂ ਹੀ ਦਰਆ ਅੰਦਰ ਸਟੱਡਾਂ ਤੇ ਛੱਪਰਾਂ ਦਾ ਨਿਰਮਾਣ ਕੀਤਾ।ਉਨ੍ਹਾਂ ਹੜ ਪੀੜਿਤ ਲੋਕਾਂ ਨੂੰ ਇਹ ਵੀ ਵਿਸਵਾਸ ਦਿਵਾਇਆ ਕਿ ਉਹ ਤਿਰਪਾਲਾਂ, ਖਾਣਾ, ਪਸ਼ੂਆਂ ਲਈ ਹਰਾ ਚਾਰਾ ਅਤੇ ਡੀਜ਼ਲ ਆਦਿ ਦਾ ਪ੍ਰਬੰਧ ਕਰਨਗੇ।ਦੇਰ ਸ਼ਾਮ ਜਦੋਂ ਸਾਬਕਾ ਵਿਧਾਇਕ ਕਲੇਰ ਕੰਨੀਆਂ ਖੁਰਦ ਨਜ਼ਦੀਕ ਪੈਂਦੇ ਧੁੱਸੀ ਬੰਨ੍ਹ ਕੋਲ ਪੁੱਜੇ ਤਾਂ ਬੰਨ ਅੰਦਰਲੇ ਹਿੱਸੇ ਨੂੰ ਪਾਣੀ ਪੂਰੀ ਤਰਾਂ ਢਾਅ ਲਾ ਰਿਹਾ ਸੀ।ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਫੋਨ ਲਾ ਕੇ ਮੌਕੇ 'ਤੇ ਸੱਦਿਆ ਅਤੇ ਸਾਰੀ ਸਥਿਤੀ ਤੋਂ ਜਾਣੂ ਕਰਾਇਆ।ਸਾਬਕਾ ਵਿਧਾਇਕ ਫਿਰ ਦੂਜੇ ਦਿਨ ਦਰਿਆ ਪਾਰਲੀ 58 ਨੰ. ਬੁਰਜੀ ਕੋਲ ਆਪਣੇ ਸਾਥੀਆਂ ਤੇ ਪਿੰਡ ਦੇ ਹੋਰ ਲੋਕਾਂ ਨਾਲ ਪੁਜੇ ਜਿਥੇ ਡਰੇਨਜ਼ ਵਿਭਾਗ ਦੇ ਅਧਿਕਾਰੀ ਖੁਦ ਪੁੱਜ ਕੇ ਧੁੱਸੀ ਬੰਨ੍ਹ ਦੇ ਬਚਾਅ ਕਾਰਜਾਂ ਵਿੱਚ ਲੱਗੇ ਹੋਏ ਸਨ।ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਦਾ ਧੰਨਵਾਦ ਕਰਦੇ ਹੋਏ ਇਹ ਵੀ ਮੰਗ ਕੀਤੀ ਕਿ ਇਸ ਜਗ੍ਹਾ ਤੋਂ ਬੰਨ੍ਹ ਨੂੰ ਬਚਾਉਣ ਲਈ ਤਰੁੰਤ ਪੱਥਰਾਂ ਦੇ ਸਟਡ ਅਤੇ ਸ਼ਪਰ ਬਣਾਏ ਜਾਣ।ਪਿੰਡ ਦੀ ਮਹਿਲਾ ਸਰਪੰਚ ਸੰਦੀਪ ਕੌਰ ਦੇ ਪਤੀ ਡਾ. ਗੁਰਚਰਨ ਸਿੰਘ ਨੇ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਬਰਸਾਤ ਤੋਂ ਬਚਣ ਲਈ ਦਿੱਤੀਆਂ ਉਹ ਤਿਰਪਾਲਾਂ ਵੀ ਵਿਖਾਈਆਂ, ਜੋ ਥਾਂ-ਥਾਂ ਤੋਂ ਪਾਟੀਆਂ ਹੋਈਆਂ ਸਨ।ਉਨ੍ਹਾਂ ਆਖਿਆ ਕਿ ਸਰਕਾਰ ਸਾਡੀ ਮਦਦ ਨਹੀਂ, ਸਗੋਂ ਸਾਡਾ ਮਜ਼ਾਕ ਉਡਾ ਰਹੀ ਹੈ।

# ਜਾਲ੍ਹੀ ਦਸਤਾਵੇਜ਼ਾਂ ਦੇ ਆਧਾਰ 'ਤੇ ਸਰਪੰਚੀ ਚੋਣ ਲੜਨ ਵਾਲੇ ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਅਧੀਨ ਪੈਂਦੀ ਬਸਤੀ ਪਿਆਰੇਆਣਾ ਵਿਚ ਇਕ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿਚ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਸਰਪੰਚੀ ਚੋਣ ਲੜਨ ਦੇ ਦੋਸ਼ ਲੱਗੇ ਹਨ। ਪਿੰਡ ਦੇ ਮੌਜੂਦਾ ਸਰਪੰਚ ਦਰਸ਼ਨ ਸਿੰਘ ਦੀ ਸ਼ਿਕਾਇਤ 'ਤੇ ਪੁਲਿਸ ਨੇ ਮਹਿੰਦਰ ਸਿੰਘ ਨਾਂਅ ਦੇ ਇਕ ਵਿਅਕਤੀ ਖਿਲਾਫ਼ ਕੇਸ ਦਰਜ ਕੀਤਾ ਹੈ। ਇਹ ਕਾਰਵਾਈ ਇੱਕ ਪੜਤਾਲ ਤੋਂ ਬਾਅਦ ਕੀਤੀ ਗਈ ਹੈ। ਸ਼ਿਕਾਇਤਕਰਤਾ ਦਰਸ਼ਨ ਸਿੰਘ ਨੇ 24 ਅਪ੍ਰੈਲ ਨੂੰ ਪੁਲਿਸ ਨੂੰ ਇੱਕ ਦਰਖਾਸਤ ਦਿੱਤੀ ਸੀ, ਜਿਸਦਾ ਯੂਆਈਡੀ ਨੰਬਰ 581926 ਹੈ। ਇਸ ਦਰਖਾਸਤ ਦੇ ਆਧਾਰ 'ਤੇ ਕਰਨ ਸ਼ਰਮਾ ਉਪ ਕਪਤਾਨ ਪੁਲਸ, ਸਬ-ਡਵੀਜ਼ਨ (ਦਿਹਾਤੀ) ਫ਼ਿਰੋਜ਼ਪੁਰ ਨੇ ਇਕ ਪੜਤਾਲ ਰਿਪੋਰਟ ਤਿਆਰ ਕੀਤੀ, ਜਿਸਦਾ ਨੰਬਰ 284-ਪੀਸੀ-ਆਰ/ਡੀਐੱਸਪੀ-ਆਰ ਤੇ 30 ਜੁਲਾਈ 2025 ਹੈ। ਇਸ ਪੜਤਾਲ 'ਚ ਪਾਇਆ ਗਿਆ ਕਿ ਮੁਲਜ਼ਮ ਮਹਿੰਦਰ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਬਸਤੀ ਪਿਆਰੇਆਣਾ ਨੇ ਕਥਿਤ ਤੌਰ 'ਤੇ ਗਲਤ ਜਾਣਕਾਰੀ ਤੇ ਜਾਅਲੀ ਦਸਤਾਵੇਜ਼ਾਂ ਦੇ ਸਹਾਰੇ ਸਰਪੰਚੀ ਚੋਣ ਲੜੀ ਸੀ। ਪੜਤਾਲ ਰਿਪੋਰਟ ਤੇ ਕਾਨੂੰਨੀ ਰਾਏ ਹਾਸਲ ਕਰਨ ਤੋਂ ਬਾਅਦ, ਜੋ ਕਿ ਬਲਜੀਤ ਸਿੰਘ ਕੰਬੋਜ਼ ਉਪ ਜ਼ਿਲ੍ਹਾ ਅਟਾਰਨੀ (ਲੀਗਲ) ਫ਼ਿਰੋਜ਼ਪੁਰ ਵੱਲੋਂ ਦਿੱਤੀ ਗਈ ਸੀ, ਸੀਨੀਅਰ ਕਪਤਾਨ ਪੁਲਿਸ ਫ਼ਿਰੋਜ਼ਪੁਰ ਨੇ ਇਸ ਮਾਮਲੇ 'ਤੇ ਕਾਰਵਾਈ ਦੀ ਪ੍ਰਵਾਨਗੀ ਦੇ ਦਿੱਤੀ। ਮਾਮਲੇ ਦੀ ਜਾਂਚ ਕਰ ਰਹੇ ਐੱਸਆਈ ਨਿਰਮਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦਰਸ਼ਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਮਹਿੰਦਰ ਸਿੰਘ ਖਿਲਾਫ਼ 318(4), 336(2), 336 (3) ਤੇ 340 (2) ਬੀਐੱਨਐੱਸ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

# ਆਸ਼ਾ ਵਰਕਰ ਤੇ ਫੈਸੀਲਿਟੇਟਰ ਯੂਨੀਅਨ ਵੱਲੋਂ ਸੂਬਾ ਸਰਕਾਰ ਖਿਲਾਫ਼ ਨਾਅਰੇਬਾਜ਼ੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਆਸ਼ਾ ਵਰਕਰ ਫੈਸੀਲਿਟੇਟਰ ਸਾਂਝਾ ਮੋਰਚਾ ਪੰਜਾਬ ਵੱਲੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਰਾਜ ਪੱਧਰੀ ਉਲੀਕੇ ਪ੍ਰੋਗਰਾਮ ਅਧੀਨ ਛੇ ਰੋਜ਼ਾ 31 ਅਗਸਤ ਤੱਕ ਹੜਤਾਲ ਦਾ ਐਲਾਨ ਕੀਤਾ ਗਿਆ ਹੈ।ਇਸ ਸਿਲਸਿਲੇ 'ਚ ਭਾਰੀ ਮੀਂਹ ਦੇ ਬਾਵਜੂਦ ਪੂਰੇ ਹਲਕੇ ਦੀਆਂ ਆਸ਼ਾ ਵਰਕਰ ਤੇ ਫੈਸੀਲਿਟੇਟਰਾਂ ਨੇ ਆਪੋ ਆਪਣੇ ਸੈਂਟਰਾਂ 'ਤੇ ਇਕੱਠੇ ਹੋ ਕੇ ਪਿੰਡ ਠੀਕਰੀਵਾਲਾ, ਸਹਿਜੜਾ ਵਿਖੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਗਟ ਕੀਤਾ।

ਜਥੇਬੰਦੀ ਦੀ ਪ੍ਰਧਾਨ ਸੰਦੀਪ ਕੌਰ ਪੱਤੀ ਨੇ ਦੱਸਿਆ ਕਿ ਸਰਕਾਰ ਨਾਲ ਕਈ ਵਾਰ ਗੱਲਬਾਤ ਹੋਣ ਬਾਵਜੂਦ ਵੀ ਮੰਗਾਂ ਬਾਰੇ ਕੋਈ ਸੁਣਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਸਰਕਾਰ ਨਾ ਸਿਰਫ਼ ਗੂੰਗੀ ਤੇ ਬੋਲੀ ਹੈ, ਸਗੋਂ ਹੁਣ ਤਾਂ ਅੰਨੀ ਵੀ ਹੋ ਚੁੱਕੀ ਹੈ ਜੋ ਆਸ਼ਾ ਵਰਕਰਾਂ ਦੀਆਂ ਸਮੱਸਿਆਵਾਂ ਨੂੰ ਨਾ ਸੁਣ ਰਹੀ ਹੈ, ਤੇ ਨਾ ਹੀ ਦੇਖ ਰਹੀ ਹੈ।ਇਸ ਮੌਕੇ ਰਵਿੰਦਰ ਕੌਰ ਠੀਕਰੀਵਾਲ, ਕੁਲਵੰਤ ਕੌਰ, ਸਰਬਜੀਤ ਕੌਰ, ਹਰਜਿੰਦਰ ਕੌਰ, ਸੋਮ, ਸਿਮਰਜੀਤ ਕੌਰ ਸਹਿਜੜਾ ਤੇ ਸਵਰਨਜੀਤ ਕੌਰ ਸਹਿਜੜਾ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨੂੰ ਤੁਰੰਤ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਮੁੱਖ ਮੰਗਾਂ ਜਿਵੇਂ ਆਸ਼ਾ ਵਰਕਰਾਂ ਤੇ ਫੈਸੀਲਿਟੇਟਰਾਂ ਨੂੰ ਘੱਟੋ-ਘੱਟ 2600 ਰੁਪਏ ਪੇ ਕਮਿਸ਼ਨ ਤਹਿਤ ਦੇ ਕੇ ਪੱਕਾ ਕੀਤਾ ਜਾਵੇ, ਕੱਟੇ ਭੱਤੇ ਬਹਾਲ ਕੀਤੇ ਜਾਣ, ਫਿਕਸ ਭੱਤੇ 2500 ਨੂੰ ਵਧਾ ਕੇ 10 ਹਜ਼ਾਰ ਕੀਤਾ ਜਾਵੇ, ਅਰਬਨ ਇਲਾਕਿਆਂ ਵਿੱਚ ਵੀ ਫੈਸੀਲਿਟੇਟਰਾਂ ਦੀ ਭਰਤੀ ਹੋਵੇ, ਸੇਵਾ ਮੁਕਤੀ 'ਤੇ 5 ਲੱਖ ਰੁਪਏ ਸਹਾਇਤਾ ਫੰਡ ਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ।

# 1984 ਸਿੱਖ ਕਤਲੇਆਮ ਦੇ ਪੀੜਤ ਪਰਵਾਰਾਂ ਨੂੰ ਨੌਕਰੀਆਂ ਦੇਣ ਦਾ ਹਰਿਆਣਾ ਸਰਕਾਰ ਵੱਲੋਂ ਇਤਿਹਾਸਕ ਫ਼ੈਸਲਾ

**ਮੋਗਾ (ਇਕਬਾਲ ਸਿੰਘ ਖਹਿਰਾ)**



ਨਵੰਬਰ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਵਾਰਾਂ ਲਈ ਹਰਿਆਣਾ ਸਰਕਾਰ ਵੱਲੋਂ 41 ਸਾਲਾਂ ਬਾਅਦ ਇੱਕ ਮਹੱਤਵਪੂਰਨ ਤੇ ਇਤਿਹਾਸਕ ਫੈਸਲਾ ਲਿਆ ਗਿਆ ਹੈ। ਸਰਕਾਰ ਨੇ 121 ਪੀੜਤ ਪਰਵਾਰਾਂ ਦੇ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ ਕੀਤਾ ਹੈ, ਪਰ ਇਸ ਦੇ ਬਾਵਜੂਦ ਪੀੜਤ ਪਰਵਾਰਾਂ ਨੂੰ ਪੂਰਨ ਇਨਸਾਫ ਮਿਲਣ ਦੀ ਉਡੀਕ ਅਜੇ ਵੀ ਜਾਰੀ ਹੈ।ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਇਸ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਸਰਕਾਰ ਨੂੰ ਸਮੁੱਚੇ ਪੀੜਤ ਪਰਵਾਰਾਂ ਲਈ ਵਿਆਪਕ ਸਰਵੇਖਣ ਅਤੇ ਸੰਪੂਰਨ ਮੁਆਵਜ਼ੇ ਦੀ ਮੰਗ ਕੀਤੀ।ਭਾਈ ਘੋਲੀਆ ਨੇ ਕਿਹਾ ਕਿ ਉਨ੍ਹਾਂ ਦੀ ਕਮੇਟੀ ਪਿਛਲੇ ਕਈ ਸਾਲਾਂ ਤੋਂ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਲਈ ਨਿਆਂ ਦੀ ਲੜਾਈ ਲੜ ਰਹੀ ਹੈ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ।ਉਨ੍ਹਾਂ ਸਰਕਾਰ ਦੇ ਤਾਜ਼ਾ ਫ਼ੈਸਲੇ ਨੂੰ ਸਕਾਰਾਤਮਕ ਕਦਮ ਦੱਸਿਆ, ਪਰ ਜ਼ੋਰ ਦੇ ਕੇ ਕਿਹਾ ਕਿ 41 ਸਾਲਾਂ ਦੇ ਲੰਬੇ ਸਮੇਂ ਤੋਂ ਪੀੜਤ ਪਰਵਾਰ ਸਦਮੇ ਅਤੇ ਦੁੱਖ ਵਿੱਚ ਹਨ ਤੇ ਅਜੇ ਵੀ ਪੂਰਨ ਨਿਆਂ ਦੀ ਉਮੀਦ ਬਣੀ ਹੋਈ ਹੈ।1984 ਦੇ ਕਤਲੇਆਮ ਨੇ ਸਿੱਖ ਭਾਈਚਾਰੇ 'ਤੇ ਡੂੰਘੀਆਂ ਜ਼ਖਮੀ ਚੋਟਾਂ ਛੱਡੀਆਂ, ਜਿਨ੍ਹਾਂ ਦਾ ਦਰਦ ਅੱਜ ਵੀ ਸੰਗਤ ਵਿੱਚ ਮਹਿਸੂਸ ਕੀਤਾ ਜਾਂਦਾ ਹੈ।

ਭਾਈ ਘੋਲੀਆ ਨੇ ਦੱਸਿਆ ਕਿ 1984 ਦੇ ਕਤਲੇਆਮ ਦੌਰਾਨ ਹਰਿਆਣਾ ਵਿੱਚ ਵਿਆਪਕ ਤਬਾਹੀ ਹੋਈ। ਨਾਨਾਵਤੀ ਕਮਿਸ਼ਨ ਦੀ ਰਿਪੋਰਟ ਮੁਤਾਬਕ, ਗੁੜਗਾਂਵ (ਗੁੜਵਾਉ) ਵਿੱਚ ਸਭ ਤੋਂ ਪਹਿਲਾਂ ਕਤਲੇਆਮ ਸ਼ੁਰੂ ਹੋਇਆ, ਜਿੱਥੇ 297 ਸਿੱਖ ਪਰਿਵਾਰਾਂ ਦੇ ਘਰ, ਦੁਕਾਨਾਂ ਅਤੇ ਫੈਕਟਰੀਆਂ ਨੂੰ ਲੁੱਟਿਆ ਅਤੇ ਅੱਗ ਦੇ ਹਵਾਲੇ ਕੀਤਾ ਗਿਆ।ਇਸ ਵਿੱਚ 30 ਸਿੱਖ ਸ਼ਹੀਦ ਕੀਤੇ ਗਏ। ਪਟੌਦੀ ਵਿੱਚ 17 ਸਿੱਖਾਂ ਨੂੰ ਬੇਰਹਿਮੀ ਨਾਲ ਮਾਰਿਆ ਗਿਆ, ਜਦਕਿ ਪਿੰਡ ਹੋਂਦ ਚਿੱਲੜ ਵਿੱਚ ਸਿੱਖਾਂ ਦੀਆਂ ਵਸੋਂ-ਵਾਲੀਆਂ ਢਾਹਣੀਆਂ ਨੂੰ ਤਬਾਹ ਕਰਕੇ 32 ਸਿੱਖ ਸ਼ਹੀਦ ਕੀਤੇ ਗਏ।ਉਨ੍ਹਾਂ ਸਰਕਾਰ ਨੂੰ ਸੁਝਾਅ ਦਿੱਤਾ ਕਿ ਜਸਟਿਸ ਟੀ.ਪੀ. ਗਰਗ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ ਤੇ ਸਾਰੇ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਅਤੇ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ।ਇਸ ਮੌਕੇ ਭਾਈ ਘੋਲੀਆ ਨੇ ਸ਼੍ਰੋਮਣੀ ਅਕਾਲੀ ਦਲ ਤੇ ਹੋਰ ਸਿੱਖ ਜਥੇਬੰਦੀਆਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਪੀੜਤਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪੁਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ।

# ਕਾਂਗਰਸ ਵੱਲੋਂ ਗੁਰਪ੍ਰੀਤ ਸਿੰਘ ਗੋਰਾ ਤੇ ਸਤਨਾਮ ਸਿੰਘ ਬਲਾਕ ਪ੍ਰਧਾਨ ਨਿਯੁਕਤ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਪੰਜਾਬ ਵਿੱਚ ਆਉਣ ਵਾਲੇ ਵਿਧਾਨ ਸਭਾ ਚੋਣਾਂ ਨੂੰ ਲੈਕੇ ਬੂਥ ਪੱਧਰ 'ਤੇ ਮਜਬੂਤ ਹੋਣ ਲਈ ਕਾਂਗਰਸ ਨੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਤੇ ਕਾਂਗਰਸ ਪਾਰਟੀ ਨਾਲ ਜੁੜੇ ਹੋਏ ਲੰਮੇ ਸਮੇਂ ਤੋਂ ਕੰਮ ਕਰਨ ਵਾਲੇ ਆਗੂਆਂ ਨੂੰ ਅਹੁਦੇਦਾਰੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਤਹਿਤ ਵਿਧਾਨ ਸਭਾ ਹਲਕਾ ਗੁਰੂ ਹਰਸਹਾਏ ਦੇ ਅੰਦਰ ਗੁਰਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਦੋ ਕਾਰਜਕਾਰੀ ਨਵੇਂ ਪ੍ਰਧਾਨ ਲਾਏ ਗਏ ਹਨ।ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਜਾਰੀ ਕੀਤੀ ਹਦਾਇਤ ਅਨੁਸਾਰ ਕਾਂਗਰਸੀ ਆਗੂ ਗੁਰਦੀਪ ਸਿੰਘ ਢਿੱਲੋਂ ਨੇ ਆਪਣੇ ਦਫਤਰ ਗੁਰੂ ਹਰਸਹਾਏ ਵਿਖੇ ਪ੍ਰੈਸ ਵਾਰਤਾ ਕਰਨ ਦੌਰਾਨ ਦਸਿਆ ਕਿ ਕਾਂਗਰਸ ਵੱਲੋਂ ਨਵੀਆਂ ਨਿਯੁਕਤੀਆਂ ਕਰਕੇ ਬਲਾਕ ਲੱਖੋ ਕੇ ਤੋਂ ਪੁਰਾਣੇ ਪ੍ਰਧਾਨ ਅਮਰੀਕ ਸਿੰਘ ਦੀ ਜਗ੍ਹਾ ਤੇ ਗੁਰਪ੍ਰੀਤ ਸਿੰਘ ਗੋਰਾ ਨੂੰ ਕਾਰਜਕਾਰੀ ਪ੍ਰਧਾਨ ਲਾਇਆ ਗਿਆ ਹੈ। ਇਸੇ ਤਰ੍ਹਾਂ ਹੀ ਬਲਾਕ ਗੁਰੂਹਰਸਹਾਏ ਦੇ ਪੁਰਾਣੇ ਭੀਮ ਕੰਬੋਜ ਪ੍ਰਧਾਨ ਦੀ ਜਗ੍ਹਾ ਤੇ ਕਾਰਜਕਾਰੀ ਪ੍ਰਧਾਨ ਸਤਨਾਮ ਸਿੰਘ ਨੂੰ ਨਿਯੁਕਤ ਕੀਤਾ ਗਿਆ ਹੈ।ਇਨ੍ਹਾਂ ਨਿਯੁਕਤੀਆਂ ਸਬੰਧੀ ਕਾਂਗਰਸ ਆਗੂ ਗੁਰਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਕਾਂਗਰਸ ਪਾਰਟੀ ਵਿਚ ਅਨੁਸ਼ਾਸਨ ਨੂੰ ਕਾਇਮ ਰੱਖਿਆ ਜਾਵੇਗਾ ਤੇ ਕੰਮ ਕਰਨ ਵਾਲੇ ਪਾਰਟੀ ਨਾਲ ਜੁੜੇ ਹੋਏ ਨਵੇਂ ਨੌਜਵਾਨਾਂ ਨੂੰ ਅੱਗੇ ਆਣ ਦਾ ਮੌਕਾ ਦਿੱਤਾ ਜਾ ਰਿਹਾ ਹੈ।

ਪ੍ਰਧਾਨਾਂ ਦੀ ਨਿਯੁਕਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਗੁਰੂਹਰਸਹਾਏ ਅੰਦਰ ਕਾਂਗਰਸ ਦਿਨੋ ਦਿਨ ਮਜਬੂਤ ਹੁੰਦੀ ਜਾ ਰਹੀ ਹੈ, ਜੋ ਪਾਰਟੀ ਲਈ ਚੰਗਾ ਸੰਕੇਤ ਹੈ।ਇਸ ਮੌਕੇ ਗੁਰਦੀਪ ਸਿੰਘ ਢਿੱਲੋਂ ਨੇ ਬਲਾਕ ਲੱਖੋ ਕੇ ਬਹਿਰਾਮ ਦੇ ਕਾਰਜਕਾਰੀ ਪ੍ਰਧਾਨ ਗੁਰਪ੍ਰੀਤ ਸਿੰਘ ਅਤੇ ਬਲਾਕ ਗੁਰੂ ਹਰਸਹਾਏ ਤੋਂ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਸਤਨਾਮ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਜਾਰੀ ਕੀਤੀਆਂ ਚਿੱਠੀਆਂ ਵੀ ਸੌਂਪੀਆਂ ਅਤੇ ਪਾਰਟੀ ਲਈ ਕੰਮ ਕਰਨ ਲਈ ਥਾਪੜਾ ਦਿੱਤਾ।

# ਸਕੂਲ ਤੇ ਪਾਰਕ ਨੇੜੇ ਲੋਕ ਇਕੱਠਾਂ 'ਤੇ ਰੋਕ ਲਾਈ ਜਾਵੇ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**



ਭਾਵੇਂ ਲੋਕਤੰਤਰ ਅੰਦਰ ਹਰੇਕ ਵਿਅਕਤੀ ਨੂੰ ਆਪਣੀ ਗੱਲ ਕਹਿਣ ਜਾਂ ਆਪਣੀਆਂ ਮੰਗਾਂ ਮਨਵਾਉਣ ਲਈ ਸੰਵਿਧਾਨਕ ਢੰਗ ਦਾ ਅਧਿਕਾਰ ਮਿਲਿਆ ਹੋਇਆ ਹੈ, ਫਿਰ ਵੀ ਇਸ ਸਮੇਂ ਹੋਰਨਾਂ ਦੀ ਆਜ਼ਾਦੀ, ਸ਼ਾਂਤੀ ਸਮੇਤ ਸਰਕਾਰੀ ਤੇ ਜਨਤਕ ਜਾਇਦਾਦ ਨੂੰ ਬਚਾਉਣਾ ਸਭਨਾਂ ਦਾ ਫਰਜ਼ ਬਣਦਾ ਹੈ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕੋਲ ਸਥਿਤ ਸਰਕਾਰੀ ਸਕੂਲ ਅਤੇ ਡਾ. ਅੰਬੇਡਕਰ ਪਾਰਕ ਦੇ ਐਨ ਵਿਚਕਾਰ ਵਾਲੇ ਮੇਨ ਰਸਤੇ ਉਪਰ ਅਕਸਰ ਵੱਖ-ਵੱਖ ਜਥੇਬੰਦੀਆਂ ਤੇ ਸੰਸਥਾਵਾਂ ਵੱਲੋਂ ਧਰਨੇ ਲਾਏ ਜਾਂਦੇ ਹਨ।ਲਾਊਡ ਸਪੀਕਰਾਂ ਰਾਹੀਂ ਕੰਨ ਪਾੜਵੇਂ ਨਾਅਰੇ ਲਗਾਏ ਜਾਂਦੇ ਹਨ।ਇਸ ਨਾਲ ਸਕੂਲੀ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਘੋਰ ਵਿਘਨ ਪੈਂਦਾ ਹੈ ਤੇ ਉਹਨਾਂ ਦੇ ਮਨਾਂ ਵਿੱਚ ਸਹਿਮ ਜਿਹਾ ਬਣਿਆ ਰਹਿੰਦਾ ਹੈ।ਕਈ ਵਾਰ ਤਾਂ ਧਰਨਾਕਾਰੀ ਡਾ. ਅੰਬੇਡਕਰ ਪਾਰਕ ਵਿਚ ਬੈਠ ਜਾਂਦੇ ਹਨ, ਉਥੇ ਲੱਗੀ ਹਰਿਆਲੀ ਨੂੰ ਨੁਕਸਾਨ ਪਹੁੰਚਾ ਦਿੰਦੇ ਹਨ।ਪਾਰਕ ਅੰਦਰ ਕਈ ਵਿਅਕਤੀਆਂ ਵੱਲੋਂ ਬੀੜੀ, ਤੰਬਾਕੂ ਅਤੇ ਜ਼ਰਦੇ ਸਮੇਤ ਕਈ ਤਰ੍ਹਾਂ ਦੇ ਹੋਰ ਨਸ਼ੇ ਕਰਨ ਬਾਰੇ ਵੀ ਕਈ ਤਰ੍ਹਾਂ ਦੀਆਂ ਚਰਚਾਵਾਂ ਚੱਲਦੀਆਂ ਹਨ।

ਡਾ. ਅੰਬੇਡਕਰ ਦੇ ਬੁੱਤ ਨੇੜੇ ਸਤਿਕਾਰ ਵਜੋਂ ਜੁੱਤੀਆਂ ਸਣੇ ਨਾ ਚੜ੍ਹਨ ਬਾਰੇ ਲਿਖੇ ਹੋਣ ਦੇ ਬਾਵਜੂਦ ਵੀ ਅਜਿਹਾ ਨਹੀਂ ਕੀਤਾ ਜਾਂਦਾ।ਇੰਜ ਕਰਨ ਨਾਲ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਹੁੰਦੀ ਹੈ ਤੇ ਹਰ ਸੂਝਵਾਨ ਵਿਅਕਤੀ ਦੇ ਮਨ ਨੂੰ ਭਾਰੀ ਠੇਸ ਪਹੁੰਚਦੀ ਹੈ।ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਉਕਤ ਜਾਣਕਾਰੀ ਸਾਂਝੀ ਕੀਤੀ ਹੈ।

ਉਨ੍ਹਾਂ ਕਿਹਾ ਕਿ ਪਿੰਡ ਚੱਕ ਬੀੜ ਸਰਕਾਰ ਦੇ ਜ਼ਿਆਦਾਤਰ ਲੋਕਾਂ ਦਾ ਆਪਣੇ ਖੇਤਾਂ ਵੱਲ ਜਾਣ ਲਈ ਇਹੀ ਮੇਨ ਰਸਤਾ ਹੈ।ਲੋਕ ਇਕੱਠਾਂ ਤੇ ਧਰਨਿਆਂ ਕਾਰਨ ਇਹ ਰਸਤਾ ਬੰਦ ਹੋਣ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਪ੍ਰਧਾਨ ਢੋਸੀਵਾਲ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਕੂਲੀ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਵਿਘਨ ਪੈਣ ਤੋਂ ਰੋਕਣ, ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਰੋਕਣ ਅਤੇ ਪਿੰਡ ਵਾਸੀਆਂ ਦੀ ਸਹੂਲਤ ਲਈ ਸਰਕਾਰੀ ਸਕੂਲ ਤੇ ਅੰਬੇਡਕਰ ਪਾਰਕ ਵਿਚਕਾਰਲੇ ਰਸਤੇ 'ਤੇ ਲੋਕ ਇਕੱਠਾਂ ਤੇ ਧਰਨਿਆਂ 'ਤੇ ਪਾਬੰਦੀ ਲਾਈ ਜਾਵੇ।

# 'ਚਾਕਬੋਰਡ ਤੋਂ ਚੈਟਬੋਟਸ ਤੱਕ' ਵਿਸ਼ੇ 'ਤੇ ਕਰਾਇਆ ਭਾਸ਼ਣ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਵੱਲੋਂ ਸੈਂਟਰ ਆਫ਼ ਇੰਟਰਨਸ਼ਿਪ ਐਂਡ ਸੋਸ਼ਲ ਆਊਟਰੀਚ ਅਧੀਨ 'ਚਾਕਬੋਰਡਾਂ ਤੋਂ ਚੈਟਬੋਟਾਂ ਤੱਕ : ਦਿਲਚਸਪ ਪਾਠ ਯੋਜਨਾਵਾਂ ਨੂੰ ਡਿਜ਼ਾਈਨ ਕਰਨ ਲਈ ਏਆਈ ਟੂਲਜ਼ ਦੀ ਵਰਤੋਂ' ਵਿਸ਼ੇ 'ਤੇ ਇੱਕ ਭਾਸ਼ਣ ਦਾ ਆਯੋਜਨ ਕੀਤਾ ਗਿਆ।

ਇਹ ਸੈਸ਼ਨ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਸਿੱਖਿਆ ਵਿਭਾਗ ਦੇ ਡਾ. ਜੀਸੂ ਜਸਕੰਵਰ ਸਿੰਘ ਨੇ ਦਿੱਤਾ।ਉਨ੍ਹਾਂ ਸਿੱਖਿਆ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਏਕੀਕਰਨ ਬਾਰੇ ਕੀਮਤੀ ਸੁਝਾਅ ਸਾਂਝੇ ਕੀਤੇ ਅਤੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਕਿਵੇਂ ਏਆਈ-ਸੰਚਾਲਿਤ ਸਾਧਨ ਇੰਟਰਐਕਟਿਵ, ਨਵੀਨਤਾਕਾਰੀ ਤੇ ਵਿਦਿਆਰਥੀ-ਕੇਂਦਰਿਤ ਪਾਠ ਯੋਜਨਾਵਾਂ ਨੂੰ ਡਿਜ਼ਾਈਨ ਕਰਨ ਵਿੱਚ ਅਧਿਆਪਕਾਂ ਦੀ ਸਹਾਇਤਾ ਕਰ ਸਕਦੇ ਹਨ।ਵਿਹਾਰਕ ਉਦਾਹਰਣਾਂ ਦੀ ਵਰਤੋਂ ਕਰਦਿਆਂ ਉਨ੍ਹਾਂ ਨੇ ਰਵਾਇਤੀ ਚਾਕਬੋਰਡ ਅਧਿਆਪਨ ਤੋਂ ਉੱਨਤ ਏਆਈ-ਅਧਾਰਤ ਵਿਦਿਅਕ ਪਹੁੰਚਾਂ ਵਿੱਚ ਤਬਦੀਲੀ 'ਤੇ ਜ਼ੋਰ ਦਿੱਤਾ, ਜਿਸ ਨਾਲ ਅਧਿਆਪਨ-ਸਿੱਖਣ ਦੀ ਪ੍ਰਕਿਰਿਆ ਵਧੇਰੇ ਪ੍ਰਭਾਵਸ਼ਾਲੀ ਤੇ ਦਿਲਚਸਪ ਬਣੀ।ਸਮਾਗਮ ਦਾ ਆਯੋਜਨ ਸਿੱਖਿਆ ਵਿਭਾਗ ਦੇ ਮੁਖੀ ਡਾ. ਹਰਨੀਤ ਬਿਲਿੰਗ ਅਤੇ ਇਸ ਦਾ ਸੰਚਾਲਨ ਡਾ. ਗਗਨਦੀਪ ਟਿਵਾਣਾ ਨੇ ਕੀਤਾ।ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸੈਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਤੇ ਕਲਾਸਰੂਮਾਂ ਵਿੱਚ ਏਆਈ ਦੀ ਵਰਤੋਂ ਕਰਨ ਦੇ ਮੌਕਿਆਂ ਤੇ ਚੁਣੌਤੀਆਂ ਬਾਰੇ ਇੱਕ ਜੀਵੰਤ ਵਿਚਾਰ ਵਟਾਂਦਰੇ ਵਿੱਚ ਸ਼ਾਮਲ ਹੋਏ।ਪ੍ਰੋਫੈਸਰ (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਖਿਆ ਸ਼ਾਸਤਰ 'ਚ ਏਆਈ ਨੂੰ ਏਕੀਕ੍ਰਿਤ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਤਕਨਾਲੋਜੀ-ਸਮਰੱਥ ਅਧਿਆਪਨ-ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਤ ਕੀਤਾ, ਜੋ ਸਿਖਿਆਰਥੀਆਂ ਲਈ ਸਿੱਖਣ ਨੂੰ ਵਧੇਰੇ ਅਰਥਪੂਰਨ ਅਤੇ ਦਿਲਚਸਪ ਬਣਾਉਂਦੇ ਹਨ।ਪ੍ਰੋਫੈਸਰ (ਡਾ.) ਪਰਿਤ ਪਾਲ ਸਿੰਘ, ਵਾਇਸ-ਚਾਂਸਲਰ ਨੇ ਨਵੀਨਤਾਕਾਰੀ ਪਹਿਲਕਦਮੀਆਂ ਨੂੰ ਅੱਗੇ ਵਧਾਉਣ ਲਈ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਅਜਿਹੇ ਲੈਕਚਰ ਨਾ ਸਿਰਫ ਵਿਦਿਆਰਥੀਆਂ ਤੇ ਫੈਕਲਟੀ ਨੂੰ ਉੱਭਰ ਰਹੇ ਰੁਝਾਨਾਂ ਬਾਰੇ ਅਪਡੇਟ ਕਰਦੇ ਹਨ, ਸਗੋਂ ਅਧਿਆਪਕਾਂ ਨੂੰ ਆਧੁਨਿਕ ਕਲਾਸਰੂਮਾਂ ਦੀਆਂ ਗਤੀਸ਼ੀਲ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਵੀ ਤਿਆਰ ਕਰਦੇ ਹਨ।ਭਾਸ਼ਣ ਦੀ ਸਮਾਪਤੀ ਧੰਨਵਾਦ ਦੇ ਵੋਟ ਨਾਲ ਹੋਈ, ਜਿਸ ਵਿੱਚ ਸਰੋਤ ਵਿਅਕਤੀ ਨੂੰ ਉਸਦੀ ਵਿਚਾਰ-ਪ੍ਰੇਰਕ ਪੇਸ਼ਕਾਰੀ ਲਈ ਮਾਨਤਾ ਦਿੱਤੀ ਗਈ ਤੇ ਭਾਗੀਦਾਰਾਂ ਨੂੰ 21ਵੀਂ ਸਦੀ ਦੇ ਵਿਦਿਅਕ ਦ੍ਰਿਸ਼ ਦੀਆਂ ਜ਼ਰੂਰਤਾਂ ਦੇ ਅਨੁਸਾਰ ਨਵੀਨਤਾਕਾਰੀ ਅਧਿਆਪਨ ਅਭਿਆਸਾਂ ਨੂੰ ਅਪਣਾਉਣ ਲਈ ਪ੍ਰੇਰਤ ਕੀਤਾ ਗਿਆ।

# ਮਾਤਾ ਨਹਿਰਾਂ ਵਾਲੀ ਦੇ ਮੇਲੇ 'ਤੇ ਪ੍ਰਸ਼ਾਦ ਲਾਉਣ ਨੂੰ ਲੈ ਕੇ ਹੋਇਆ ਬੋਲ-ਬੋਲਾਰਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

▪ ਚਾਰ ਵਿਅਕਤੀਆਂ ਖ਼ਿਲਾਫ਼ ਲੜਾਈ-ਝਗੜੇ ਤੇ ਮਾਰਕੁੱਟ ਦਾ ਮਾਮਲਾ ਦਰਜ

ਮਮਦੋਟ ਦੇ ਮਾਤਾ ਨਹਿਰਾਂ ਵਾਲੀ ਦੇ ਮੇਲੇ ਵਿਚ ਪ੍ਰਸ਼ਾਦ ਲਗਾਉਣ ਦੀ ਥਾਂ ਨੂੰ ਲੈ ਕੇ ਹੋਈ ਬਹਿਸ ਤੇ ਬੋਲ ਬੁਲਾਰੇ 'ਚ ਇਕ ਵਿਅਕਤੀ ਦੀ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਵਿੱਚ ਪਿੰਡ ਮਿੱਡਾ ਦੇ ਵਸਨੀਕ ਹਰਜਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਾਈ ਹੈ। ਉਸ ਨੇ ਦੱਸਿਆ ਕਿ ਉਹ ਮਿਹਨਤ-ਮਜ਼ਦੂਰੀ ਕਰਕੇ ਆਪਣੇ ਪਰਵਾਰ ਦਾ ਗੁਜ਼ਾਰਾ ਚਲਾਉਂਦਾ ਹੈ ਅਤੇ ਨਾਲ ਹੀ ਮੇਲਿਆਂ ਵਿਚ ਪ੍ਰਸ਼ਾਦ ਲਾਉਣ ਦਾ ਕੰਮ ਵੀ ਕਰਦਾ ਹੈ।

ਸ਼ਿਕਾਇਤਕਰਤਾ ਅਨੁਸਾਰ ਬੀਤੇ ਦਿਨ 5 ਅਗਸਤ 2025 ਨੂੰ ਮਾਤਾ ਨਹਿਰਾਂ ਵਾਲੀ ਦੇ ਮੇਲੇ 'ਤੇ ਉਹ ਮੰਦਿਰ ਤੋਂ ਪੱਛਮ ਵੱਲ ਜਾਣ ਵਾਲੀ ਹਜ਼ਾਰਾ ਸਿੰਘ ਵਾਲਾ ਰੋਡ 'ਤੇ ਆਪਣਾ ਪ੍ਰਸ਼ਾਦ ਦਾ ਸਟਾਲ ਲਗਾ ਕੇ ਬੈਠਾ ਸੀ। ਉਸ ਨੇ ਆਪਣਾ ਪ੍ਰਸ਼ਾਦ ਇੱਕ ਮੰਜੇ 'ਤੇ ਰੱਖਿਆ ਹੋਇਆ ਸੀ। ਉਸੇ ਸਮੇਂ ਉਸ ਦੇ ਨੇੜੇ ਹੀ ਪਿੰਡ ਘੋੜੇ ਚੱਕ ਦੇ ਵਸਨੀਕ ਸੁਰਜੀਤ ਸਿੰਘ ਪੁੱਤਰ ਹੀਰਾ ਸਿੰਘ ਅਤੇ ਰਣਜੀਤ ਸਿੰਘ ਪੁੱਤਰ ਸੁਰਜੀਤ ਸਿੰਘ ਨੇ ਵੀ ਆਪਣਾ ਪ੍ਰਸ਼ਾਦ ਦਾ ਲਗਾਇਆ ਹੋਇਆ ਸੀ। ਹਰਜਿੰਦਰ ਸਿੰਘ ਨੇ ਦੱਸਿਆ ਕਿ ਇਸ ਘਟਨਾ ਤੋਂ ਕੁਝ ਸਮਾਂ ਪਹਿਲਾਂ ਮੇਲਾ ਕਮੇਟੀ ਨੇ ਮੰਦਰ ਦੇ ਅੰਦਰੋਂ ਪ੍ਰਸ਼ਾਦ ਦੀਆਂ ਦੁਕਾਨਾਂ ਬਾਹਰ ਹਜ਼ਾਰਾ ਰੋਡ 'ਤੇ ਕੁਝ ਦੂਰੀ 'ਤੇ ਤਬਦੀਲ ਕਰਾ ਦਿੱਤੀਆਂ ਸਨ। ਫੈਸਲੇ ਤੋਂ ਬਾਅਦ ਪ੍ਰਸ਼ਾਦ ਲਾਉਣ ਦੀ ਜਗ੍ਹਾ ਨੂੰ ਲੈ ਕੇ ਦੋਵਾਂ ਧਿਰਾਂ ਵਿਚਾਲੇ ਤਣਾਅ ਪੈਦਾ ਹੋ ਗਿਆ। ਸ਼ਿਕਾਇਤਕਰਤਾ ਅਨੁਸਾਰ ਇਸ ਦੌਰਾਨ ਸੁਰਜੀਤ ਸਿੰਘ, ਰਣਜੀਤ ਸਿੰਘ, ਸੀਰੋ ਪਤਨੀ ਸੁਰਜੀਤ ਸਿੰਘ, ਜੋ ਇੱਕ ਮੁਸੱਲਾ ਡਾਂਗ ਫੜੀ ਹੋਈ ਸੀ ਵਾਸੀਅਨ ਘੋੜੇ ਚੱਕ ਅਤੇ ਅਜੇ ਕੁਮਾਰ ਪੁੱਤਰ ਸੁਰਜੀਤ ਸਿੰਘ ਜਿਸ ਕੋਲ ਇਕ ਕਿਰਚ ਸੀ ਵਾਸੀ ਸਾਹਨ ਕੇ ਨੇ ਉਸ ਨਾਲ ਬਹਿਸਬਾਜ਼ੀ ਸ਼ੁਰੂ ਕਰ ਦਿੱਤੀ। ਇਹ ਬਹਿਸ ਗਾਲੀ-ਗਲੋਚ ਤੇ ਮਾਰਕੁੱਟ ਵਿਚ ਬਦਲ ਗਈ। ਹਰਜਿੰਦਰ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀਆਂ ਨੇ ਮਿਲ ਕੇ ਉਸ 'ਤੇ ਹਮਲਾ ਕੀਤਾ ਅਤੇ ਉਸ ਨੂੰ ਸੱਟਾਂ ਮਾਰੀਆਂ।

ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗਹਿਣਾ ਰਾਮ ਨੇ ਪੁਸ਼ਟੀ ਕੀਤੀ ਹੈ ਕਿ ਪੁਲਿਸ ਨੇ ਸ਼ਿਕਾਇਤਕਰਤਾ ਹਰਜਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਤੁਰੰਤ ਕਾਰਵਾਈ ਕੀਤੀ। ਪੁਲਿਸ ਨੇ ਚਾਰਾਂ ਦੋਸ਼ੀਅਨ ਸੁਰਜੀਤ ਸਿੰਘ, ਰਣਜੀਤ ਸਿੰਘ, ਸੀਰੋ ਤੇ ਅਜੇ ਕੁਮਾਰ ਖ਼ਿਲਾਫ਼ 118 (1), 115 (2), ਤੇ 3 (5) ਬੀਐੱਨਐੱਸ ਤਹਿਤ ਦਰਜ ਕੀਤਾ ਗਿਆ ਹੈ। ਪੁਲਸ ਨੇ ਕਿਹਾ ਕਿ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਭਾਜਪਾ ਦਮਖਮ ਨਾਲ ਲੜੇਗੀ : ਡਾ. ਹਰਜੋਤ ਕਮਲ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਇਕਾਈ ਦੀ ਮੀਟਿੰਗ ਪ੍ਰਦੇਸ਼ ਮਹਾਂਮੰਤਰੀ ਅਨਿਲ ਸਰੀਨ, ਜ਼ਿਲ੍ਹਾ ਇੰਚਾਰਜ ਕ੍ਰਿਸ਼ਨ ਨਾਗਪਾਲ ਦੀ ਦੇਖ-ਰੇਖ ਵਿੱਚ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਅਗਵਾਈ ਵਿੱਚ ਹੋਈ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਧਰਮਕੋਟ ਦੇ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਭਾਜਪਾ ਦੇ ਵਰਕਰ ਹਰ ਤਰ੍ਹਾਂ ਦੀ ਮਦਦ ਲਈ ਤਿਆਰ ਰਹਿਣਗੇ।ਜਨਰਲ ਸਕੱਤਰ ਅਨਿਲ ਸਰੀਨ ਨੇ ਕਿਹਾ ਕਿ ਹੜ ਪੀੜਤ ਖੇਤਰਾਂ ਵਿੱਚ ਵਰਕਰ ਹੁਣੇ ਹੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝ ਲੈਣ ਤਾਂ ਜੁ ਐਮਰਜੈਂਸੀ ਵੇਲੇ ਉਹ ਹਰ ਤਰ੍ਹਾਂ ਦੀ ਮਦਦ ਲਈ ਤਿਆਰ ਰਹਿਣ।

ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਭਾਜਪਾ ਨੇ ਪੂਰੀ ਰੂਪ ਰੇਖਾ ਤਿਆਰ ਕਰ ਲਈ ਹੈ ਤੇ ਵਰਕਰਾਂ ਦੀਆਂ ਜ਼ਿੰਮੇਵਾਰੀਆਂ ਲਗਾ ਦਿੱਤੀਆਂ ਹਨ ਕਿ ਕਿਸ ਤਰ੍ਹਾਂ ਪਿੰਡਾਂ ਵਿੱਚ ਪਹੁੰਚ ਕੇ ਲੋਕਾਂ ਦੀ ਮਦਦ ਕੀਤੀ ਜਾ ਸਕਦੀ ਹੈ, ਜਿਸਦਾ ਜਾਇਜ਼ਾ ਖੁਦ ਉਨ੍ਹਾਂ ਨੇ ਧਰਮਕੋਟ ਦੇ ਪਿੰਡਾਂ ਵਿੱਚ ਜਾ ਕੇ ਲਿਆ ਹੈ।ਅਨਿਲ ਸਰੀਨ ਨੇ ਪੰਜਾਬ ਸਰਕਾਰ ਦੇ ਮੰਤਰੀਆਂ ਵਲੋਂ ਕੇਂਦਰ ਸਰਕਾਰ ਵੱਲੋਂ ਰਾਸ਼ਨ ਕਾਰਡ ਕੱਟਣ ਦੀਆਂ ਦਲੀਲਾਂ ਨੂੰ ਪੂਰੀ ਤਰ੍ਹਾਂ ਬੇਬੁਨਿਆਦ ਦੱਸਦਿਆਂ ਕਿਹਾ ਕਿ ਰਾਸ਼ਨ ਕਾਰਡਾਂ ਦੀ ਕੇ.ਵਾਈ.ਸੀ. ਕੁਝ ਸਮੇਂ ਬਾਅਦ ਹੋਣੀ ਹੁੰਦੀ ਹੈ ਤੇ ਅਦਾਲਤ ਦੇ ਹੁਕਮਾਂ ਅਨੁਸਾਰ ਹੀ ਹੋ ਰਹੀ ਹੈ ਅਤੇ ਇਸ ਨੂੰ ਪੰਜਾਬ ਸਰਕਾਰ ਦੇ ਕਰਮਚਾਰੀ ਹੀ ਕਰ ਰਹੇ ਹਨ।ਉਨ੍ਹਾਂ ਪੰਜਾਬ ਸਰਕਾਰ ਦੇ ਮੰਤਰੀਆਂ ਦੀਆਂ ਦਲੀਲਾਂ ਦੀ ਘੋਰ ਨਿਖੇਧੀ ਕਰਦਿਆਂ ਕਿਹਾ ਕਿ ਲੋਕਾਂ ਨੂੰ ਹੁਣ ਗੁੰਮਰਾਹ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਖਤਰਾ ਕਿਉਂ ਮਹਿਸੂਸ ਹੋ ਰਿਹਾ ਹੈ, ਜਿਹੜਾ ਯੋਗ ਹੋਵੇਗਾ ਉਸਦਾ ਰਾਸ਼ਨ ਕਾਰਡ ਨਹੀਂ ਕੱਟਿਆ ਜਾਵੇਗਾ ਤੇ ਜੋ ਅਯੋਗ ਹੋਵੇਗਾ, ਉਸਦਾ ਕਾਰਡ ਕੱਟਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਜੇ ਪੰਜਾਬ ਸਰਕਾਰ ਦਾ ਕੋਈ ਕ੍ਰਮਚਾਰੀ ਯੋਗ ਲੋਕਾਂ ਦੇ ਰਾਸ਼ਨ ਕਾਰਡ ਕੱਟ ਰਿਹਾ ਹੈ ਤਾਂ ਸਰਕਾਰ ਨੂੰ ਉਸ ਕਰਮਚਾਰੀ ਖਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ, ਪਰ ਕੇਂਦਰ ਸਰਕਾਰ ਤੇ ਝੂਠੇ ਦੋਸ਼ ਲਾ ਕੇ ਲੋਕਾਂ ਨੂੰ ਗੁੰਮਰਾਹ ਨਹੀਂ ਕਰਨਾ ਚਾਹੀਦਾ।ਇਸ ਮੀਟਿੰਗ ਵਿੱਚ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਦੀ ਰੂਪ-ਰੇਖਾ ਤਿਆਰ ਕੀਤੀ ਗਈ।ਇਸ ਮੌਕੇ ਡਾ. ਹਰਜੋਤ ਕਮਲ ਸਿੰਘ ਨੇ ਕਿਹਾ ਕਿ ਭਾਜਪਾ ਪੂਰੇ ਦਮ-ਖਮ ਨਾਲ ਚੋਣਾਂ ਲੜੇਗੀ ਵੀ ਤੇ ਜਿੱਤੇਗੀ ਵੀ।

# ਮਹਾਪ੍ਰਗਿਆ ਸਕੂਲ ਜਗਰਾਉਂ 'ਚ ਤਣਾਅ ਨੂੰ ਦੂਰ ਕਰਨ ਲਈ ਵਰਕਸ਼ਾਪ ਲਗਾਈ



**ਜਗਰਾਉਂ (ਸੰਜੀਵ ਅਰੋੜਾ)**-ਜਗਰਾਉਂ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਮਹਾਪ੍ਰਗਿਆ ਸਕੂਲ 'ਚ ਡਾਇਰੈਕਟਰ ਵਿਸ਼ਾਲ ਜੈਨ ਦੀ ਅਗਵਾਈ ਹੇਠ ਵਰਕ ਲਾਈਫ ਬੈਲੇਂਸ ਅਤੇ ਸਟ੍ਰੈਸ ਮੈਨੇਜਮੈਂਟ ਸਬੰਧੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਇੰਡੀਆਨਿਕਾ ਲਰਨਿੰਗ ਵੱਲੋਂ ਜੋਸ਼ੀਲੀ ਟ੍ਰੇਨਰ ਨੇਹਾ ਸੂਦ ਨੇ ਅਧਿਆਪਕਾਂ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਤਣਾਅ ਨੂੰ ਦੂਰ ਕਰਨ ਬਾਰੇ ਜਾਣਕਾਰੀ ਦਿੱਤੀ। ਅੰਗਰੇਜ਼ੀ ਵਿਸ਼ੇ ਦੀ ਅਧਿਆਪਕਾ ਮੈਡਮ ਬਲਜਿੰਦਰ ਕੌਰ ਨੇ ਨੇਹਾ ਸੂਦ ਨੂੰ ਜੀ ਆਇਆਂ ਕਹਿੰਦੇ ਹੋਏ ਵਰਕਸ਼ਾਪ ਦੀ ਸ਼ੁਰੂਆਤ ਕੀਤੀ। ਪ੍ਰੋਜੈਕਟਰ ਪ੍ਰਜ਼ੈਂਟੇਸ਼ਨ, ਵੀਡੀਓ ਅਤੇ ਸਲਾਈਡਾਂ ਦੀ ਸਹਾਇਤਾ ਨਾਲ ਅਧਿਆਪਕਾਂ ਨੂੰ ਦੱਸਿਆ ਗਿਆ ਕਿ ਤਣਾਅ ਦੇ ਕਾਰਨ ਕੀ ਹਨ ਅਤੇ ਇਹ ਮਨੁੱਖੀ ਦਿਮਾਗ 'ਤੇ ਕਿਵੇਂ ਅਸਰ ਪਾਉਂਦਾ ਹੈ। ਇਸ ਤੋਂ ਬਾਅਦ ਯੋਗ ਅਤੇ ਸਰੀਰਕ ਕਿਰਿਆਵਾਂ ਕਰਵਾਈਆਂ ਗਈਆਂ। ਨੇਹਾ ਸੂਦ ਨੇ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ ਕਿ ਰੋਜ਼ਾਨਾ ਜੀਵਨ ਵਿੱਚ ਸਰੀਰਕ ਕਿਰਿਆਵਾਂ, ਸਹੀ ਖੁਰਾਕ ਅਤੇ ਸਵੈ-ਸੰਭਾਲ ਰਾਹੀਂ ਹੀ ਅਸੀਂ ਤੰਦਰੁਸਤ ਸਰੀਰ ਅਤੇ ਤੰਦਰੁਸਤ ਦਿਮਾਗ ਰੱਖ ਸਕਦੇ ਹਾਂ। ਸਕੂਲ ਪ੍ਰਿੰਸੀਪਲ ਪ੍ਰਭਜੀਤ ਕੌਰ ਵਰਮਾ ਨੇ ਨੇਹਾ ਸੂਦ ਅਤੇ ਉਨ੍ਹਾਂ ਦੀ ਟੀਮ ਨੂੰ ਟੋਕਨ ਆਫ ਲਵ ਦੇ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜੀਵਨ ਦੇ ਕੰਮਕਾਜਾਂ ਵਿੱਚ ਰੁੱਝੇ ਰਹਿਣ ਨਾਲ ਸਾਨੂੰ ਆਪਣੀ ਸਿਹਤ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਤੰਦਰੁਸਤ ਸਰੀਰ ਵਿੱਚ ਹੀ ਤੰਦਰੁਸਤ ਦਿਮਾਗ ਵੱਸਦਾ ਹੈ। ਇਸ ਮੌਕੇ ਸਕੂਲ ਕੋਆਰਡੀਨੇਟਰ ਮੈਡਮ ਸੁਰਿੰਦਰ ਕੌਰ, ਮੈਨੇਜਰ ਮਨਜੀਤ ਇੰਦਰ ਕੁਮਾਰ ਅਤੇ ਸਕੂਲ ਦੇ ਹੋਰ ਅਧਿਆਪਕ ਸਾਹਿਬਾਨ ਨੇ ਵੀ ਸਰਗਮ ਹਿੱਸਾ ਲਿਆ ਅਤੇ ਵਰਕਸ਼ਾਪ ਤੋਂ ਬਹੁਤ ਲਾਭ ਪ੍ਰਾਪਤ ਕੀਤਾ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੇ ਕੀਤੀ ਕਮਾਲ, ਤਸਕਰ ਕੰਬੇ



**ਸਮਰਾਲਾ (ਸੁਰਜੀਤ ਸਿੰਘ)**-ਐਸਐਸਪੀ ਪੁਲਸ ਜ਼ਿਲ੍ਹਾ ਖੰਨਾ ਡਾ ਜਯੋਤੀ ਯਾਦਵ ਬੈਂਸ ਦੀ ਅਗਵਾਈ ਵਿੱਚ ਪੁਲਸ ਇਸ ਇਲਾਕੇ ਵਿੱਚ ਨਸ਼ਿਆਂ ਦਾ ਬੀਜ ਨਾਸ ਕਰਨ ਲਈ ਸਰਗਰਮ ਹੈ। ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ ਆਪਣੀ ਟੀਮਾਂ ਜਿਸ ਵਿਚ ਐਮਿਊਨਲ ਪੱਤਰਕਾਰ, ਜਸਵਿੰਦਰ ਸਿੰਘ ਜੱਸੀ ਅਤੇ ਹੋਰ ਇਲਾਕੇ ਦੇ ਸਹੀ ਸੋਚ ਵਾਲੇ ਲੋਕ ਪੂਰੀ ਤਰ੍ਹਾਂ ਸਰਗਰਮ ਹਨ। ਇਹ ਟੀਮ ਯੂਨੀਵਰਸਿਟੀਆਂ, ਕਾਲਜਾਂ, ਪਿੰਡਾਂ, ਸਕੂਲਾਂ ਅਤੇ ਕਾਲਜਾਂ ਵਿੱਚ ਸੈਮੀਨਾਰ ਕਰਾ ਕੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਆਪਣੇ ਨਿੱਜੀ ਖ਼ਰਚਾ ਛੱਡ ਕੇ ਦਿਨ ਰਾਤ ਲੱਗੀ ਹੋਈ ਹੈ। ਸ਼ਿਵਲੀ ਨੇ ਦੱਸਿਆ ਕਿ ਉਹ ਜੇਕਰ ਨਸ਼ਾ ਫਰੋਸ਼ਾਂ ਨੂੰ ਲਗਾਮ ਨਾ ਲੱਗੇ ਅਤੇ ਨਸ਼ਿਆਂ ਵਿਚ ਗਲਤਾਨ ਨੌਜਵਾਨਾਂ ਦੀ ਜ਼ਿੰਦਗੀ ਬਚਾਅ ਲਈ ਤਾਂ ਸਮਝੋ ਸਾਡਾ ਉਦੇਸ਼ ਪੂਰਾ ਹੋ ਗਿਆ। ਜ਼ਿਕਰਯੋਗ ਹੈ ਕਿ ਮਾਛੀਵਾੜਾ ਬਲਾਕ ਵਿੱਚ ਦੋ ਸਾਲ ਪਹਿਲਾ ਇੱਕ ਨੌਜਵਾਨ ਪੁਲਸ ਅਫਸਰ ਕੁੜੀ ਮਨਦੀਪ ਕੌਰ ਡੀਐਸਪੀ ਦੀ ਪੋਸਟਿੰਗ ਹੋਈ ਸੀ, ਜਿਸਨੇ ਆਉਂਦੇ ਸਾਰ ਹੀ ਤਸਕਰੀਆਂ ਮਚਾ ਦਿੱਤੀਆਂ ਸਨ। ਉਸ ਨੇ ਗੈਰ ਸਮਾਜੀ ਅਨਸਰਾਂ ਵਿਚ ਅਜਿਹਾ ਖ਼ੌਫ ਪੈਦਾ ਕੀਤਾ ਕਿ ਨਸ਼ਾ ਤਸਕਰ ਇਲਾਕਾ ਛੱਡ ਕੇ ਭੱਜ ਗਏ। ਬਦਕਿਸਮਤੀ ਨੂੰ ਉਸਦੀ ਥੋੜ੍ਹੇ ਸਮੇਂ ਬਾਅਦ ਹੀ ਬਦਲੀ ਹੋ ਗਈ ਅਤੇ ਨਸ਼ਾ ਫਰੋਸ਼ਾਂ ਨੇ ਮੁੱਖ ਦਾ ਸਾਹ ਲਿਆ। ਉਸਦੀ ਬਦਲੀ ਤੋਂ ਇਲਾਕੇ ਦੇ ਲੋਕਾਂ ਨੇ ਕਈ ਤਰ੍ਹਾਂ ਦੇ ਸਵਾਲ ਚੁੱਕੇ। ਉਸਦੀ ਸਖਤੀ ਸਦਕਾ ਨਸ਼ਾ ਫਰੋਸ਼ੀ ਨੂੰ ਇਸ ਇਲਾਕੇ ਵਿਚ ਕੁੱਝ ਹੱਦ ਤਕ ਲਗਾਮ ਲਾ ਗਈ ਸੀ। ਪੁਲਸ ਦੀ ਸਖ਼ਤੀ ਕਾਰਨ ਬੇਸ਼ੱਕ ਹੁਣ ਨਸ਼ਾ ਮਿਲਣਾ ਔਖਾ ਹੋ ਗਿਆ, ਪਰ ਇਲਾਕੇ ਦੀ ਫ਼ਿਜ਼ਾ ਵਿਚੋਂ ਅਜੇ ਇਹ ਜ਼ਹਿਰ ਸਾਫ ਨਹੀਂ ਹੋਇਆ। ਸਕੂਲਾਂ ਕਾਲਜਾਂ ਵਿੱਚ ਕਰਵਾਏ ਜਾ ਰਹੇ ਸੈਮੀਨਾਰਾਂ ਵਿਚ ਨੌਜਵਾਨ ਪੁਲਸ ਅਫ਼ਸਰਾਂ ਦੀ ਮੌਜੂਦਗੀ ਨਵੇਂ ਮੁੰਡੇ-ਕੁੜੀਆਂ ਨੂੰ ਬਹੁਤ ਪ੍ਰਭਾਵਤ ਕਰਦੀ ਹੈ। ਅਜਿਹਾ ਇੱਕ ਸੈਮੀਨਾਰ ਹੋਲੇ ਬੇਟ ਦੇ 'ਮੂਨ ਲਾਈਟ' ਪਬਲਿਕ ਸਕੂਲ ਵਿੱਚ ਕਰਾਇਆ ਗਿਆ, ਜਿਸ ਵਿੱਚ ਪੁਲਸ ਅਫਸਰ ਹਰਪਿੰਦਰ ਕੌਰ ਗਿੱਲ ਡੀਐਸਪੀ ਹੈਡਕੁਆਟਰ ਪੁਲਸ ਜ਼ਿਲ੍ਹਾ ਖੰਨਾ ਉਚੇਚੇ ਤੌਰ 'ਤੇ ਹਾਜ਼ਰ ਰਹੇ।

# ਅਮਲੋਹ ਬਲਾਕ ਦੇ ਪਿੰਡਾਂ 'ਚ ਪਿੰਡ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ ਜਾਰੀ



**ਅਮਲੋਹ/ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਤੇ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਅਮਲੋਹ ਦੇ ਪਿੰਡਾਂ ਵਿੱਚ ਪਿੰਡ ਡਿਫੈਂਸ ਕਮੇਟੀਆਂ ਦਾ ਗਠਨ ਕਰਨ ਦੇ ਨਾਲ ਨਾਲ ਨਾਗਰਿਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨ ਲਈ ਮੀਟਿੰਗਾਂ ਜੰਗ-ਖ਼ਰੋਸ਼ ਨਾਲ ਜਾਰੀ ਹਨ। ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਓਂਕਾਰ ਸਿੰਘ ਚੌਹਾਨ ਤੇ ਬਲਾਕ ਪ੍ਰਧਾਨ ਇਕਬਾਲ ਸਿੰਘ ਰਾਏ ਨੇ ਵੱਖ-ਵੱਖ ਪਿੰਡਾਂ ਵਿੱਚ ਦੌਰਾ ਕਰਕੇ ਪਿੰਡਾਂ ਦੇ ਵਸਨੀਕਾਂ ਅਤੇ ਪਾਰਟੀ ਵਲੰਟੀਅਰਾਂ ਨੂੰ ਪੰਜਾਬ ਸਰਕਾਰ ਦੀਆਂ ਨਸ਼ਾ ਵਿਰੋਧੀ ਕਾਰਵਾਈਆਂ ਬਾਰੇ ਜਾਣੂ ਕਰਵਾਇਆ ਅਤੇ ਨਸ਼ਿਆਂ ਦੀ ਰੋਕਥਾਮ ਲਈ ਉੱਠੇ ਜਾਣ ਵਾਲੇ ਕਦਮਾਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਓਂਕਾਰ ਸਿੰਘ ਚੌਹਾਨ ਨੇ ਕਿਹਾ ਕਿ ਸੂਬੇ ਨੂੰ ਮੁਕੰਮਲ ਨਸ਼ਾ ਮੁਕਤ ਕਰਨ ਦੀ ਇਹ ਮੁਹਿੰਮ ਜ਼ਮੀਨੀ ਤੌਰ 'ਤੇ ਸਫ਼ਲ ਬਣਾਉਣ ਵਿੱਚ ਲੋਕਾਂ ਦੇ ਭਰਪੂਰ ਸਹਿਯੋਗ ਦੀ ਬੇਹੱਦ ਲੋੜ ਹੈ ਤੇ ਇਸ ਆਸ਼ੇ ਦੀ ਪੂਰਤੀ ਹਿੱਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪਿੰਡਾਂ ਵਿੱਚ ਪਿੰਡ ਡਿਫੈਂਸ ਕਮੇਟੀਆਂ ਦੇ ਗਠਨ ਤੇ ਮੀਟਿੰਗਾਂ ਦੀ ਪ੍ਰਕਿਰਿਆ ਚੱਲ ਰਹੀ ਹੈ, ਜਿਸ ਤੋਂ ਬਾਅਦ ਸਹਿਰੀ ਵਾਰਡਾਂ ਵਿੱਚ ਅਜਿਹੀਆਂ ਹੀ ਮੀਟਿੰਗਾਂ ਕਰਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਜ਼ਮੀਨੀ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਤਾਂ ਜ ਵੱਧ ਤੋਂ ਵੱਧ ਲੋਕ ਸ਼ਮੂਲੀਅਤ ਕਰ ਕੇ ਸਹਿਯੋਗ ਦੇ ਸਕਣ। ਜ਼ਿਲ੍ਹਾ ਪ੍ਰਧਾਨ ਓਂਕਾਰ ਸਿੰਘ ਚੌਹਾਨ ਨੇ ਦੱਸਿਆ ਕਿ ਬਲਾਕ ਅਮਲੋਹ ਦੇ ਪਿੰਡਾਂ ਵਿੱਚ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਚੰਦ ਸਿੰਘ, ਥਾਣਾ ਮੁਖੀ ਬਲਜਿੰਦਰ ਸਿੰਘ ਤੋਂ ਇਲਾਵਾ ਸਬੰਧਤ ਪਿੰਡ ਦਾ ਸਰਪੰਚ, ਪਾਰਟੀ ਵਲੰਟੀਅਰ ਤੇ ਪਿੰਡ ਡਿਫੈਂਸ ਕਮੇਟੀਆਂ ਦੇ ਹੋਰ ਮੈਂਬਰ ਵਿਚਾਰ ਵਟਾਂਦਰਾ ਕਰਦੇ ਹੋਏ ਨਸ਼ਿਆਂ ਦੀ ਮੁਕੰਮਲ ਰੋਕਥਾਮ ਲਈ ਫੀਡਬੈਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਹਨ ਤਾਂ ਜ ਇਸ ਮੁਹਿੰਮ ਨੂੰ ਸਫਲਤਾ ਦਾ ਜਾਮਾ ਪਹਿਨਾਇਆ ਜਾ ਸਕੇ।

# ਸਹਾਇਕ ਕਮਿਸ਼ਨਰ ਵੱਲੋਂ ਪ੍ਰਾਇਮਰੀ ਸਕੂਲ ਦਾ ਅਚਨਚੇਤ ਦੌਰਾ



**ਮਲੇਰਕੋਟਲਾ (ਅਰਸ਼ਦ ਪਰਿਹਾਰ)**-ਮੁੱਖ ਮੰਤਰੀ ਫੀਲਡ ਅਫਸਰ-ਕਮ-ਸਹਾਇਕ ਕਮਿਸ਼ਨਰ (ਜਨਰਲ) ਰਾਕੇਸ਼ ਗਰਗ ਵੱਲੋਂ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਥਾਨਕ ਪ੍ਰਾਇਮਰੀ ਸਕੂਲ ਦਾ ਅਚਨਚੇਤ ਦੌਰਾ ਕੀਤਾ ਗਿਆ ਤਾਂ ਜ ਸਕੂਲਾਂ ਵਿਚਲੀਆਂ ਤਰੁੱਟੀਆਂ ਨੂੰ ਦੂਰ ਕਰਕੇ ਵਿਦਿਆਰਥੀਆਂ ਨੂੰ ਸਕਾਰਾਤਮਕ ਮਾਹੌਲ ਦਿੱਤਾ ਜਾ ਸਕੇ। ਇਸ ਮੌਕੇ ਉਨ੍ਹਾਂ ਸਕੂਲ ਵਿਚਲੇ ਪਖਾਨਿਆਂ ਦੀ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ, ਕਲਾਸ ਰੂਮ, ਸਟਾਫ ਦੀ ਹਾਜ਼ਰੀ, ਸਕੂਲ ਦੇ ਬੁਨਿਆਦੀ ਢਾਂਚੇ, ਰਸੋਈ ਆਦਿ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਕੂਲ ਦੀ ਸਾਫ ਸਫ਼ਾਈ ਦਾ ਵੀ ਪ੍ਰਬੰਧ ਦੇਖਿਆ। ਸਕੂਲ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਕੁੱਕ ਬੀਬੀਆਂ ਵੱਲੋਂ ਵਿਦਿਆਰਥੀਆਂ ਲਈ ਤਿਆਰ ਕੀਤੇ ਜਾ ਰਹੇ ਦੁਪਹਿਰ ਦੇ ਖਾਣੇ ਦਾ ਜਾਇਜ਼ਾ ਲਿਆ। ਉਨ੍ਹਾਂ ਸਕੂਲ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਪੌਸ਼ਟਿਕ ਆਹਾਰ ਲਈ ਜਾਗਰੂਕ ਕਰਨ ਲਈ ਵੀ ਕਿਹਾ ਤਾਂ ਜ ਬੱਚਿਆਂ ਦਾ ਸੰਪੂਰਨ ਵਿਕਾਸ ਸੰਭਵ ਹੋ ਸਕੇ। ਉਨ੍ਹਾਂ ਕੁੱਕ ਬੀਬੀਆਂ ਨੂੰ ਖਾਣਾ ਤਿਆਰ ਕਰਨ ਵੇਲੇ ਸਾਫ ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣ ਦੀ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਮਿਡ ਡੇ ਮੀਲ ਦੀ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਬੱਚਿਆਂ ਦੀ ਸਿਹਤ ਪ੍ਰਤੀ ਕਿਸੇ ਵੀ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਕਾਮਰਸ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ



**ਧੂਰੀ (ਬਿੰਨੀ ਗਰਗ)**-ਪੰਜਾਬੀ ਯੂਨੀਵਰਸਿਟੀ ਵੱਲੋਂ ਹਾਲ ਹੀ 'ਚ ਐਲਾਨੇ ਨਤੀਜੇ ਦੌਰਾਨ ਯੂਨੀਵਰਸਿਟੀ ਕਾਲਜ ਬੇਨੜਾ ਦੇ ਕਾਮਰਸ ਵਿਭਾਗ ਦੀ ਬੀ ਕਾਮ ਭਾਗ ਤੀਜਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਹਾਸਲ ਕੀਤੇ। ਨਤੀਜੇ ਸਬੰਧੀ ਕਾਮਰਸ ਵਿਭਾਗ ਦੇ ਕੋਆਰਡੀਨੇਟਰ ਡਾ. ਅਮੀਤਾ ਜੈਨ ਨੇ ਕਿਹਾ ਕਿ ਅਨਾਮਿਕਾ ਨੇ 80.42 ਫ਼ੀਸਦੀ, ਬਲਰਾਜ ਨੇ 78.35 ਫ਼ੀਸਦੀ ਤੇ ਸ਼ੁਭਮ ਨੇ 77.32 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਗ ਨੇ ਵਿਦਿਆਰਥੀਆਂ ਦੀਆਂ ਇੰਨ੍ਹਾਂ ਅਕਾਦਮਿਕ ਪ੍ਰਾਪਤੀਆਂ ਲਈ ਮੁਬਾਰਕਬਾਦ ਦਿੱਤੀ ਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਚੰਗੇ ਅਕਾਦਮਿਕ ਪ੍ਰਦਰਸ਼ਨ ਲਈ ਕਾਲਜ ਦੇ ਯੋਗ ਤੇ ਤਜ਼ਰਬੇਕਾਰ ਅਧਿਆਪਕਾਂ ਦੀ ਵੀ ਪ੍ਰਸ਼ੰਸਾ ਕੀਤੀ।

# ਸਲਾਇਟ ਲੌਂਗੋਵਾਲ 'ਚ ਰਾਸ਼ਟਰੀ ਸਿੱਖਿਆ ਨੀਤੀ-2020 'ਤੇ ਵਰਕਸ਼ਾਪ



**ਲੌਂਗੋਵਾਲ (ਪ੍ਰਦੀਪ ਸੱਪਲ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ) 2020 ਦੇ ਦ੍ਰਿਸ਼ਟੀਕੋਣ ਨੂੰ ਸਮਝਣ ਲਈ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਇਟ) ਵਿਖੇ ਤਕਨੀਕੀ ਤੇ ਆਮ ਸਿੱਖਿਆ ਦੇ ਨਾਲ ਕਿੱਤਾਮੁਖੀ ਸਿੱਖਿਆ ਦਾ ਏਕੀਕਰਨ ਵਿਸ਼ੇ 'ਤੇ ਦੋ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਡਾਇਰੈਕਟਰ ਪ੍ਰੋ. (ਡਾ.) ਮਣੀਕਾਂਤ ਪਾਸਵਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਵਰਕਸ਼ਾਪ ਦੀ ਸ਼ੁਰੂਆਤ ਉਦਘਾਟਨੀ ਸੈਸ਼ਨ ਨੂੰ ਸਮਰਪਤ ਰਵਾਇਤੀ ਦੀਪ ਜਗਾਉਣ ਸਮਾਰੋਹ ਨਾਲ ਹੋਈ। ਇਸ ਮੌਕੇ ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਆਰ.ਪੀ. ਤਿਵਾਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਡਾਇਰੈਕਟਰ ਸਲਾਇਟ ਪ੍ਰੋ. (ਡਾ.) ਮਣੀਕਾਂਤ ਪਾਸਵਾਨ, ਰਜਿਸਟਰਾਰ ਰਵੀ ਮੋਹਨ ਅਰੋੜਾ, ਡੀਨ ਪ੍ਰੋ. ਆਰ. ਕੇ. ਮਿਸ਼ਰਾ, ਡਾ. ਜਗਰਾਮ ਅਤੇ ਡਾ. ਇਕਬਾਲ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਵਿਕੋ ਨੂੰ ਸੰਬੋਧਨ ਕਰਦੇ ਹੋਏ ਪ੍ਰੋ. (ਡਾ.) ਆਰ.ਪੀ. ਤਿਵਾਰੀ ਨੇ ਕਿੱਤਾਮੁਖੀ ਸਿੱਖਿਆ ਨੂੰ ਮੁੱਖ ਧਾਰਾ ਦੀ ਸਿੱਖਿਆ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਐਨਈਪੀ-2020 ਦਾ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਡਿਗਰੀ ਧਾਰਕ ਹੀ ਨਹੀਂ, ਸਗੋਂ ਹੁਨਰ-ਮੁਖੀ ਪੇਸ਼ੇਵਰ ਬਣਾਉਣਾ ਹੈ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਸਮਰਪਤ ਪ੍ਰੋਗਰਾਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬੀ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ 350ਵੇਂ ਸਾਲ ਨੂੰ ਸਮਰਪਤ ਪ੍ਰੋਗਰਾਮਾਂ ਦੀ ਲੜੀ ਵਿੱਚ ਪੰਜਵਾਂ ਪ੍ਰੋਗਰਾਮ ਕਰਵਾਇਆ ਗਿਆ। ਯੂਨੀਵਰਸਿਟੀ ਦੇ ਕੰਪਿਊਟਰ ਵਿਗਿਆਨ ਤੇ ਇੰਜਨੀਅਰਿੰਗ ਵਿਭਾਗ ਵੱਲੋਂ ਸੁਕ੍ਰਿਤ ਟਰੱਸਟ ਲੁਧਿਆਣਾ ਦੇ ਸਹਿਯੋਗ ਨਾਲ ਕਰਾਏ ਗਏ ਇਸ ਪ੍ਰੋਗਰਾਮ ਵਿੱਚ 'ਸ੍ਰੀ ਗੁਰੂ ਤੇਗ ਬਹਾਦਰ ਜੀ: ਸਿੱਖਿਆਵਾਂ ਤੇ ਸ਼ਹਾਦਤ' ਵਿਸ਼ੇ ਉੱਤੇ ਚਰਚਾ ਕੀਤੀ ਗਈ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਪ੍ਰਧਾਨਗੀ ਕਰਦਿਆਂ ਕਿਹਾ ਕਿ ਅਸੀਂ ਖੁਸ਼ਕਿਸਮਤ ਹਾਂ ਕਿ ਇੱਕ ਅਜਿਹੀ ਮਹਾਨ ਸ਼ਹਾਦਤ, ਜਿਸ ਵਰਗੀ ਮਿਸਾਲ ਪੂਰੀ ਦੁਨੀਆਂ ਵਿੱਚ ਕਿਤੇ ਵੀ ਹੋਰ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਗਿਆਨ ਦਾ ਚਾਨਣ ਵੰਡ ਰਹੀ ਪੰਜਾਬੀ ਯੂਨੀਵਰਸਿਟੀ ਤਾਂ ਇਸ ਪੱਖੋਂ ਵੀ ਖੁਸ਼ਕਿਸਮਤ ਹੈ ਕਿ ਇਹ ਅਜਿਹੇ ਇਲਾਕੇ ਵਿੱਚ ਹੈ, ਜਿਸ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਹੈ।

ਮੁੱਖ ਵਕਤਾ ਡਾ. ਸਰਬਜੀਤ ਸਿੰਘ ਰੇਣੂਕਾ ਨੇ ਕਿਹਾ ਕਿ ਸੰਸਾਰ ਭਰ ਵਿੱਚ ਮਨੁੱਖੀ ਅਧਿਕਾਰਾਂ ਦੀ ਗੱਲ ਬਹੁਤ ਬਾਅਦ ਵਿੱਚ ਤੁਰੀ ਹੈ, ਪਰ ਸਾਡੇ ਗੁਰੂ ਸਾਹਿਬ ਨੇ ਬਹੁਤ ਪਹਿਲਾਂ ਕਿਸੇ ਦੂਜੇ ਧਰਮ ਦੇ ਲੋਕਾਂ ਦੀ ਧਾਰਮਿਕ ਅਜ਼ਾਦੀ ਬਰਕਰਾਰ ਰੱਖਣ ਲਈ ਆਪਣੀ ਸ਼ਹਾਦਤ ਦੇ ਦਿੱਤੀ ਸੀ। ਉਨ੍ਹਾਂ ਗੁਰੂ ਸਾਹਿਬ ਦੀ ਬਾਣੀ 'ਚੋਂ ਹਵਾਲੇ ਦੇ ਕੇ ਦੱਸਿਆ ਕਿ ਕਿਸ ਤਰ੍ਹਾਂ ਗੁਰਮਤਿ ਫ਼ਲਸਫ਼ੇ ਨੇ ਸਾਨੂੰ ਚੜ੍ਹਦੀ ਕਲਾ ਦੇ ਸੰਕਲਪ ਨਾਲ ਜਿਊਣ ਦੀ ਜਾਚ ਸਿਖਾਈ ਹੈ। ਉਨ੍ਹਾਂ ਦੱਸਿਆ ਕਿ ਗੁਰੂ ਜੀ ਨੇ ਸਾਨੂੰ ਦੁੱਖ ਅਤੇ ਸੁੱਖ ਨੂੰ ਬਰਾਬਰ ਮੰਨ ਕੇ ਹਰ ਹਾਲਤ ਵਿੱਚ ਉਤਸ਼ਾਹ ਨਾਲ ਜਿਊਣਾ ਸਿਖਾਇਆ ਹੈ।

ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ ਨੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਹੁਣ ਜਦੋਂ ਮਨੁੱਖ ਤਿਕੋਲਤਾ ਤੇ ਸਵੈ-ਕੇਂਦਰਤ ਹੋਣ ਨਾਲ ਜੁੜੀਆਂ ਕਈ ਕਿਸਮ ਦੀਆਂ ਸਮੱਸਿਆਵਾਂ ਦੇਖ ਰਿਹਾ ਹੈ ਤੇ ਹਰ ਪਾਸੇ ਪਦਾਰਥਵਾਦ ਹਾਵੀ ਹੋ ਰਿਹਾ ਹੈ ਤਾਂ ਅਜਿਹੀ ਸਥਿਤੀ ਵਿੱਚ ਗੁਰੂ ਸਾਹਿਬ ਦੀ ਸ਼ਹਾਦਤ ਤੇ ਸਿੱਖਿਆਵਾਂ ਦੇ ਅਰਥ ਹੋਰ ਵੀ ਵਧੇਰੇ ਮਹੱਤਵ ਗ੍ਰਹਿਣ ਕਰ ਗਏ ਹਨ।

ਪ੍ਰੋ. ਪਰਮਵੀਰ ਸਿੰਘ ਨੇ ਆਪਣੇ ਭਾਸ਼ਣ ਵਿੱਚ ਦੱਸਿਆ ਕਿ ਗੁਰੂ ਸਾਹਿਬ ਦੇ ਫ਼ਲਸਫ਼ੇ ਨੇ ਸਾਨੂੰ ਕਿਸੇ ਵੀ ਸਥਿਤੀ ਨਾਲ ਜ਼ਿੰਮੇਵਾਰੀ ਸਹਿਤ ਨਜਿੱਠਣਾ ਸਿਖਾਇਆ ਹੈ। ਗੁਰਮਤਿ ਫ਼ਲਸਫ਼ੇ 'ਚ ਸਥਿਤੀਆਂ ਤੋਂ ਭਗੌੜਾ ਹੋਣ ਨੂੰ ਕੋਈ ਥਾਂ ਨਹੀਂ ਹੈ।

# ਵੋਟ ਚੋਰੀ ਤੋਂ ਬਾਅਦ ਭਾਜਪਾ ਵੱਲੋਂ ਰਾਸ਼ਨ ਚੋਰੀ ਦੀ ਤਿਆਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਐਡਵੋਕੇਟ ਭੰਗਾਲ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਲਕਾ ਗਿੱਦੜਬਾਹਾ ਦੇ ਵੱਖ-ਵੱਖ ਪਿੰਡਾਂ 'ਚ ਸੰਗਠਨ ਇੰਚਾਰਜ ਅਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਦੀਪ ਸਿੰਘ ਭੰਗਾਲ, ਬਲਾਕ ਪ੍ਰਧਾਨ ਵਨੀਤ ਜਿੰਦਲ ਮੋਟੀ, ਕਿਰਨਪਾਲ ਸਿੰਘ ਮਾਨ, ਲਾਭ ਸਿੰਘ ਸਿੱਧੂ, ਸੁਖਮੰਦਰ ਸਿੰਘ ਢਿੱਲੋਂ, ਧਰਮ ਸਿੰਘ ਐਸ ਸੀ ਵਿੰਗ, ਸਰਪੰਚ ਰਾਜਵਿੰਦਰ ਸਿੰਘ, ਸਰਪੰਚ ਸੁਖਵਿੰਦਰ ਸਿੰਘ ਅਤੇ ਜਤਿੰਦਰ ਸਿੰਘ ਭੁੱਟੀਵਾਲਾ ਅਤੇ ਹੋਰ ਆਗੂਆਂ ਵੱਲੋਂ ਹਲਕੇ ਦੇ ਪਿੰਡਾਂ ਵਿਚ ਨੁੱਕੜ ਮੀਟਿੰਗਾਂ ਕੀਤੀਆਂ ਗਈਆਂ।

ਸੰਗਠਨ ਇੰਚਾਰਜ ਅਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਦੀਪ ਸਿੰਘ ਭੰਗਾਲ ਨੇ ਕਿਹਾ ਕਿ ਪਹਿਲਾਂ ਇਹ ਸਰਕਾਰ ਵੋਟ ਚੋਰੀ ਕਰ ਰਹੀ ਸੀ। ਫਿਰ ਪੰਜਾਬ ਦੇ ਪਾਣੀਆਂ ਨੂੰ ਚੋਰੀ ਕਰਨਾ ਚਾਹੁੰਦੀ ਸੀ। ਪੰਜਾਬ ਦੇ ਲੋਕਾਂ ਦਾ ਨਿੱਜੀ ਡਾਟਾ ਇਹ ਚੋਰੀ ਕਰ ਰਹੇ ਹਨ ਤੇ ਹੁਣ ਪੰਜਾਬ ਦੇ ਗਰੀਬ ਲੋਕਾਂ ਦਾ ਰਾਸ਼ਨ ਚੋਰੀ ਕਰਨ ਦੀ ਯੋਜਨਾ ਕੇਂਦਰ ਦੀ ਭਾਜਪਾ ਸਰਕਾਰ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੇਂਦਰ ਸਰਕਾਰ ਦੀਆਂ ਸਕੀਮਾਂ ਦੇ ਲਾਭ ਜਨਤਾ ਤੱਕ ਪਹੁੰਚਾਉਣ ਲਈ ਲਾਏ ਜਾ ਰਹੇ ਕੈਂਪਾਂ ਵਿੱਚ ਲੋਕਾਂ ਦੇ ਚੋਰੀ ਹੋ ਰਹੇ ਪਰਸਨਲ ਡਾਟੇ ਦੀ ਦੁਰਵਰਤੋਂ ਨੂੰ ਦੇਖਦਿਆਂ ਹੋਇਆ ਪੰਜਾਬ ਸਰਕਾਰ ਕਿਸੇ ਨੂੰ ਵੀ ਪਰਸਨਲ ਕੈਂਪ ਲਾਉਣ ਦੀ ਇਜਾਜ਼ਤ ਨਹੀਂ ਦੇਵੇਗੀ, ਜੇਕਰ ਜ਼ਬਰਦਸਤੀ ਕਿਸੇ ਵੱਲੋਂ ਕੈਂਪ ਲਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਉਸ ਖਿਲਾਫ ਸਖਤ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾਵੇਗੀ। ਐਡਵੋਕੇਟ ਭੰਗਾਲ ਕਿਹਾ ਕਿ ਅੱਜ ਕੇਂਦਰ ਸਰਕਾਰ ਦੀ ਪੰਜਾਬ ਵਿਰੋਧੀ ਤੇ ਗ਼ਰੀਬ ਵਿਰੋਧੀ ਸੋਚ ਦਾ ਪਰਦਾਫਾਸ਼ ਹੋਇਆ ਹੈ। ਉਨ੍ਹਾਂ ਕੇ.ਵਾਈ.ਸੀ ਦੇ ਨਾਂਅ 'ਤੇ ਗਰੀਬਾਂ ਨੂੰ ਮਿਲ ਰਹੀ ਸਹੂਲਤ ਖੋਹਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ 1.55 ਕਰੋੜ ਲੋਕਾਂ ਵਿੱਚੋਂ ਲਗਭਗ 55 ਲੱਖ ਲੋਕਾਂ ਨੂੰ ਸਕੀਮ ਵਿਚੋ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਹਿਲਾ ਰਾਸ਼ਨ ਕਾਰਡ ਰੱਦ ਹੋਣਗੇ ਅਤੇ ਉਸ ਤੋਂ ਬਾਅਦ ਸਿਹਤ ਕਾਰਡ, ਆਯੁਸ਼ਮਾਨ ਕਾਰਡ ਕੇਂਦਰ ਸਰਕਾਰ ਵੱਲੋਂ ਰੱਦ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਐਸ ਮੀਟਿੰਗਾਂ ਦੌਰਾਨ ਲੋਕਾਂ ਨੂੰ ਜਾਗਰੂਕ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਨੇਹਾ ਲੋਕਾਂ ਤੱਕ ਪੁਚਾਇਆ ਕਿ ਜਿਨ੍ਹਾਂ ਸਮਾਂ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਓਨਾ ਸਮਾਂ ਕਿਸੇ ਵੀ ਵਿਅਕਤੀ ਦਾ ਰਾਸ਼ਨ ਕਾਰਡ ਨਹੀਂ ਕੱਟਿਆ ਜਾਵੇਗਾ ਅਤੇ ਕਿਸੇ ਗਰੀਬ ਨੂੰ ਰਾਸ਼ਨ ਤੋ ਵਾਂਝਾ ਨਹੀਂ ਹੋਣ ਦਿੱਤਾ ਜਾਵੇਗਾ।

# ਕਾਂਗੜ ਦੀ ਬਠਿੰਡਾ ਸ਼ਹਿਰੀ ਅਬਜ਼ਰਵਰ ਵਜੋਂ ਨਿਯੁਕਤੀ 'ਤੇ ਵਧਾਈ



**ਬਠਿੰਡਾ (ਰਾਜੀਵ ਗੋਇਲ)**-ਸੂਬੇ ਅੰਦਰ ਦਿਨੋ-ਦਿਨ ਵਧ ਰਹੀਆਂ ਵਾਰਦਾਤਾਂ ਨੇ ਲੋਕਾਂ ਅੰਦਰ ਦਹਿਸ਼ਤ ਪੈਦਾ ਕਰ ਦਿੱਤੀ ਹੈ ਤੇ ਸੂਬੇ ਦੇ ਵਸਨੀਕ ਹੁਣ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਨ ਵਿੱਚ ਅਸਮਰਥ ਹਨ, ਜਿਸ ਕਾਰਨ ਹੁਣ ਲੋਕਾਂ ਵੱਲੋਂ ਕਾਂਗਰਸ ਦੇ ਰਾਜ ਨੂੰ ਯਾਦ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਬੜੀ ਹੀ ਬੇਸਬਰੀ ਨਾਲ ਉਡੀਕ ਕੀਤੀ ਜਾ ਰਹੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਦਾ ਕਿਲ੍ਹਾ ਹਰ ਹਾਲਤ ਵਿੱਚ ਕਾਂਗਰਸ ਫਤਹਿ ਕਰੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਪੰਚਾਇਤ ਭਗਤਾ ਦੇ ਪ੍ਰਧਾਨ ਬੂਟਾ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਜਿੱਥੇ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਨੂੰ ਬਠਿੰਡਾ ਸ਼ਹਿਰੀ ਦਾ ਅਬਜ਼ਰਵਰ ਨਿਯੁਕਤ ਹੋਣ 'ਤੇ ਵਧਾਈ ਦਿੱਤੀ ਗਈ ਹੈ, ਉੱਥੇ ਕਾਂਗਰਸ ਹਾਈਕਮਾਨ ਦਾ ਧੰਨਵਾਦ ਵੀ ਕੀਤਾ ਗਿਆ ਹੈ।

# ਨਾਰੀ ਅਧਿਐਨ ਕੇਂਦਰ ਵੱਲੋਂ ਔਰਤ ਸਮਾਨਤਾ ਦਿਵਸ ਸੰਬੰਧੀ ਵਿਸ਼ੇਸ਼ ਪ੍ਰੋਗਰਾਮ

## 'ਐਂਪਾਵਰਿੰਗ ਵਿਮੈਨ ਫਾਰ ਏ ਸਸਟੇਨੇਬਲ ਫਿਊਚਰ' ਨਾਂਅ ਦੀ ਪੁਸਤਕ ਰਿਲੀਜ਼



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬੀ ਯੂਨੀਵਰਸਿਟੀ ਦੇ ਨਾਰੀ ਅਧਿਐਨ ਕੇਂਦਰ ਵੱਲੋਂ ਔਰਤ ਸਮਾਨਤਾ ਦਿਵਸ ਸਬੰਧੀ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਯੂਨੀਵਰਸਿਟੀ ਦੇ ਫਾਰਮਾਸਿਊਟੀਕਲ ਸਾਇੰਸਜ਼ ਐਂਡ ਡਰੱਗ ਰਿਸਰਚ ਵਿਭਾਗ ਤੋਂ ਪ੍ਰੋਫ਼ੈਸਰ ਰਿਚਾ ਸ਼੍ਰੀ ਨੇ ਇਸ ਮੌਕੇ ਲਿੰਗਕ ਬਰਾਬਰੀ ਵਾਲ਼ੇ ਸੰਸਾਰ ਵੱਲ ਕਦਮ: ਨਿੱਜੀ ਪਹਿਲਕਦਮੀਆਂ ਵਿਸ਼ੇ ਉੱਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸੇ ਗਤੀਵਿਧੀ ਦੇ ਦੂਜੇ ਹਿੱਸੇ ਵਿੱਚ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਨਾਰੀ ਅਧਿਐਨ ਕੇਂਦਰ ਵੱਲੋਂ ਸੰਪਾਦਿਤ ਪੁਸਤਕ 'ਐਂਪਾਵਰਿੰਗ ਵਿਮਨ ਫਾਰ ਏ ਸਸਟੇਨੇਬਲ ਫਿਊਚਰ' ਨੂੰ ਰਿਲੀਜ਼ ਕੀਤਾ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਮੌਕੇ ਬੋਲਦਿਆਂ ਔਰਤਾਂ ਦੇ ਵਿਅਕਤੀਤਵ ਪ੍ਰਤੀ ਸਹੀ ਸੋਚ ਪੈਦਾ ਕਰਨ ਦੀ ਲੋੜ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨਾਰੀ ਅਧਿਐਨ ਕੇਂਦਰ ਵੱਲੋਂ ਇਸ ਦਿਸ਼ਾ ਵਿੱਚ ਕੀਤੇ ਜਾ ਰਹੇ ਵੱਖ-ਵੱਖ ਕਾਰਜਾਂ ਦੀ ਸ਼ਲਾਘਾ ਕੀਤੀ। ਪ੍ਰੋਫ਼ੈਸਰ ਰਿਚਾ ਸ਼੍ਰੀ ਨੇ ਆਪਣੇ ਨਿੱਜੀ ਅਨੁਭਵਾਂ ਦੇ ਹਵਾਲੇ ਨਾਲ਼ ਗੱਲ ਕਰਦਿਆਂ ਦੱਸਿਆ ਕਿ ਕਿਸ ਤਰ੍ਹਾਂ ਲਿੰਗਕ ਬਰਾਬਰੀ ਵਾਲ਼ੇ ਸਮਾਜ ਦੀ ਸਿਰਜਣਾ ਦੇ ਰਾਹ ਵਿੱਚ ਚੁਣੌਤੀਆਂ ਆਉਂਦੀਆਂ ਹਨ ਅਤੇ ਉਨ੍ਹਾਂ ਚੁਣੌਤੀਆਂ ਨਾਲ਼ ਕਿਸ ਤਰ੍ਹਾਂ ਨਜਿੱਠਿਆ ਜਾ ਸਕਦਾ ਹੈ। ਨਾਰੀ ਅਧਿਐਨ ਕੇਂਦਰ ਦੇ ਡਾਇਰੈਕਟਰ ਡਾ. ਹਰਪ੍ਰੀਤ ਕੌਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਇਸ ਪ੍ਰੋਗਰਾਮ ਵਿੱਚ ਭਾਗ ਲੈ ਰਹੇ ਵਿਦਿਆਰਥੀਆਂ ਨੂੰ ਇਸ ਅਹਿਮ ਅਤੇ ਸੰਵੇਦਨਸ਼ੀਲ ਮੁੱਦੇ ਉੱਪਰ ਆਪਣਾ ਸਕਾਰਾਤਮਕ ਰਵੱਈਆ ਅਪਣਾਉਣ ਤੇ ਜ਼ੋਰ ਦਿੱਤਾ। ਨਾਰੀ ਅਧਿਐਨ ਕੇਂਦਰ ਵਿੱਚ ਫੀਲਡ ਇਨਵੈਸਟੀਗੇਟਰ ਵਜੋਂ ਕਾਰਜਸ਼ੀਲ ਡਾ. ਅਮਨਦੀਪ ਕੌਰ ਵੱਲੋਂ ਧੰਨਵਾਦੀ ਭਾਸ਼ਣ ਦਿੱਤਾ ਗਿਆ।

ਪੁਸਤਕ ਰਿਲੀਜ਼ ਸੈਸ਼ਨ ਮੌਕੇ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ ਅਤੇ ਰਜਿਸਟਰਾਰ ਪ੍ਰੋ. ਦਵਿੰਦਰਪਾਲ ਸਿੰਘ ਸਿੱਧੂ ਵੀ ਮੌਜੂਦ ਰਹੇ। ਜ਼ਿਕਰਯੋਗ ਹੈ ਕਿ ਕੇਂਦਰ ਵੱਲੋਂ ਸੰਪਾਦਿਤ ਪੁਸਤਕ ਨੂੰ ਯੂਨੀਵਰਸਿਟੀ ਦੇ ਪਬਲੀਕੇਸ਼ਨ ਬਿਊਰੋ ਵੱਲੋਂ ਹੀ ਛਾਪਿਆ ਗਿਆ ਹੈ।

# ਹਰਜੋਤ ਸਿੰਘ ਦਾ ਆਸਟ੍ਰੇਲੀਆ ਸਟੂਡੈਂਟ ਵੀਜ਼ਾ ਲਵਾਇਆ





**ਮੋਗਾ (ਇਕਬਾਲ ਸਿੰਘ ਖਹਿਰਾ)**-ਰਾਇਟ ਵੇਅ ਏਅਰਲਿੰਕਸ ਇਮੀਗ੍ਰੇਸ਼ਨ ਤੇ ਆਈਲੈਟਸ ਸੰਸਥਾ ਜੋ ਪੰਜਾਬ ਤੋਂ ਇਲਾਵਾ ਪੂਰੇ ਭਾਰਤ ਵਿੱਚ ਕੰਮ ਕਰ ਰਹੀ ਹੈ। ਸੰਸਥਾ ਨੇ ਹਜ਼ਾਰਾਂ ਹੀ ਵਿਦਆਰਥੀਆਂ ਦੇ ਵਿਦੇਸ਼ 'ਚ ਪੜ੍ਹਾਈ ਕਰਨ ਦੇ ਸੁਪਨਿਆ ਨੂੰ ਪੂਰਾ ਕੀਤਾ ਹੈ। ਸੰਸਥਾ ਨੇ ਹਰਜੋਤ ਸਿੰਘ ਪੁੱਤਰ ਗੁਲਾਬ ਸਿੰਘ ਵਾਸੀ ਪਿੰਡ ਚੀਮਾ, ਸੰਗਰੂਰ ਦਾ ਆਸਟ੍ਰੇਲੀਆ ਦੇ ਐਲਐਚਆਈ ਕਾਲਜ ਦਾ ਸਟੂਡੈਂਟ ਵੀਜ਼ਾ ਲਵਾ ਕੇ ਦਿੱਤਾ। ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਕਿਹਾ ਕਿ ਅਫ਼ਵਾਹਾਂ 'ਤੇ ਧਿਆਨ ਨਾ ਦਿਉ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂਕੇ ਦੇ ਸਟੱਡੀ ਕੇਸ ਰੀਫਿਊਜ ਹੋ ਚੁੱਕੇ ਹਨ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹੈ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂਕੇ, ਕੈਨੇਡਾ ਜਾ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਬੱਚੇ ਕਾਲਜ ਦੀ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ।

# ਲੋਕਾਂ ਦੀ ਸੁਰੱਖਿਆ ਲਈ ਪ੍ਰਸ਼ਾਸਨ ਗੰਭੀਰ, ਲੋੜੀਂਦੀਆਂ ਟੀਮਾਂ ਤਾਇਨਾਤ : ਐਸ.ਡੀ.ਐਮ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਭਾਰੀ ਬਰਸਾਤਾਂ ਦੇ ਮੱਦੇਨਜ਼ਰ ਉਪ ਮੰਡਲ ਧਰਮਕੋਟ 'ਚ ਬਣੀ ਹੜ੍ਹਾਂ ਵਰਗੀ ਸਥਿਤੀ ਨੂੰ ਲੈ ਕੇ ਪ੍ਰਸ਼ਾਸ਼ਨ ਪੂਰੀ ਤਰ੍ਹਾਂ ਗੰਭੀਰਤਾ ਨਾਲ ਕੰਮ ਕਰ ਰਿਹਾ ਹੈ। ਹੜ੍ਹ ਸੰਭਾਵੀ ਇਲਾਕਿਆਂ ਦੇ ਨਿਵਾਸੀਆਂ ਦੀ ਮੱਦਦ ਲਈ ਹਰੇਕ ਯੋਗ ਪ੍ਰਬੰਧ ਕੀਤੇ ਜਾ ਰਹੇ ਹਨ। ਪ੍ਰਸ਼ਾਸ਼ਨ ਇਨ੍ਹਾਂ ਇਲਾਕਿਆਂ ਦੇ ਲੋਕਾਂ ਦੀ ਹਰੇਕ ਤਰੀਕੇ ਨਾਲ ਮੱਦਦ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਐਸ.ਡੀ.ਐਮ. ਧਰਮੋਕਟ ਹਿਤੇਸ਼ਵੀਰ ਗੁਪਤਾ ਨੇ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਨੂੰ ਆਪਣੀਆਂ-ਆਪਣੀਆਂ ਡਿਊਟੀਆਂ ਲਈ ਤਾਇਨਾਤ ਕੀਤਾ ਗਿਆ ਹੈ ਤੇ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਤਿਆਰੀ ਰੱਖੀ ਗਈ ਹੈ। ਉਹਨਾਂ ਕਿਹਾ ਕਿ ਕਿਸੇ ਕਿਸਮ ਦੀ ਅਫ਼ਵਾਹ 'ਤੇ ਧਿਆਨ ਨਾ ਦੇਣ। ਸਹੀ ਤੇ ਸਟੀਕ ਜਾਣਕਾਰੀ ਲਈ ਸਿਰਫ਼ ਪ੍ਰਸ਼ਾਸਨ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦਾ ਹੀ ਪਾਲਣਾ ਕੀਤਾ ਜਾਵੇ। ਹਿਤੇਸ਼ਵੀਰ ਗੁਪਤਾ ਨੇ ਦੱਸਿਆ ਕਿ ਜੇਕਰ ਕਿਸੇ ਇਲਾਕੇ ਵਿੱਚ ਹੜ੍ਹ ਨਾਲ ਸਬੰਧਤ ਸਮੱਸਿਆ ਜਾਂ ਐਮਰਜੈਂਸੀ ਬਣਦੀ ਹੈ ਤਾਂ ਤੁਰੰਤ ਪ੍ਰਸ਼ਾਸਨ ਨੂੰ ਜ਼ਿਲ੍ਹਾ ਕੰਟਰੋਲ ਰੂਮ ਦੇ ਟੈਲੀਫੋਨ ਨੰਬਰ 01636-235206 ਉਪਰ ਸੂਚਿਤ ਕੀਤਾ ਜਾ ਸਕਦਾ ਹੈ ਤਾਂ ਜੁ ਸਮੇਂ ਸਿਰ ਮਦਦ ਪ੍ਰਦਾਨ ਕੀਤੀ ਜਾ ਸਕੇ।

# ਗੁਰਬਚਨ ਸਿੰਘ ਕਾਲਾ ਟਿੱਬਾ ਬਣੇ ਕਾਂਗਰਸ ਪਾਰਟੀ ਬਲਾਕ ਮਮਦੋਟ ਦੇ ਪ੍ਰਧਾਨ



**ਫਿਰੋਜ਼ਪੁਰ (ਹਰਪਾਲ ਸਿੰਘ ਸੋਢੀ)**
ਕਾਂਗਰਸ ਪਾਰਟੀ ਦੇ ਅਣਥੱਕ, ਨਿਧੜਕ, ਜੁਝਾਰੂ ਟਕਸਾਲੀ ਆਗੂ ਅਤੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਖਾਰਾ (ਕਾਲਾ ਟਿੱਬਾ) ਨੂੰ ਕਾਂਗਰਸ ਦਾ ਬਲਾਕ ਮਮਦੋਟ ਦਾ ਪ੍ਰਧਾਨ ਬਣਾਏ ਜਾਣ 'ਤੇ ਕਾਂਗਰਸੀ ਖੇਮੇ 'ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਹੋਈ ਨਿਯੁਕਤੀ ਨਾਲ ਜਿੱਥੇ ਪੂਰੇ ਬਲਾਕ 'ਚ ਕਾਂਗਰਸ ਨੂੰ ਵਧੇਰੇ ਬਲ ਮਿਲੇਗਾ, ਉੱਥੇ ਕਾਂਗਰਸ ਵਰਕਰਾਂ ਅਤੇ ਆਗੂਆਂ ਨੇ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ, ਹਲਕਾ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ। ਪਾਰਟੀ ਵੱਲੋਂ ਜੋ ਜਿੰਮੇਵਾਰੀ ਦਿੱਤੀ ਗਈ ਹੈ ਉਸ ਨੂੰ ਤਨਦੇਹੀ ਨਾਲ ਨਿਭਾਵਾਗਾ, ਗੁਰਬਚਨ ਸਿੰਘ ਖਾਰਾ (ਕਾਲਾ ਟਿੱਬਾ) ਨੂੰ ਪ੍ਰਧਾਨ ਬਣਾਏ ਜਾਣ 'ਤੇ ਕਾਂਗਰਸੀ ਵਰਕਰਾਂ ਦਾ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ। ਵਧਾਈ ਦੇਣ ਵਾਲਿਆਂ 'ਚ ਬਲਜੀਤ ਕੌਰ ਬੰਗੜ ਜ਼ਿਲ੍ਹਾ ਮੀਤ ਪ੍ਰਧਾਨ ਫਿਰੋਜ਼ਪੁਰ, ਗੁਰਭੇਜ ਸਿੰਘ ਟਿੱਬੀ, ਬਲਾਕ ਮਮਦੋਟ ਦੇ ਸ਼ਹਿਰੀ ਪ੍ਰਧਾਨ ਹਰਪਾਲ ਸਿੰਘ ਨੀਟਾ ਸੋਢੀ, ਡਾਕਟਰ ਕੁਲਦੀਪ ਸਿੰਘ ਧੀਰਾ ਪੱਤਰਾਂ ਸੀਨੀਅਰ ਵਾਇਸ ਚੇਅਰਮੈਨ ਕਾਂਗਰਸ ਐਸ ਸੀ ਡਿਪਾਰਟਮੈਂਟ ਫਿਰੋਜ਼ਪੁਰ, ਕਮਲ ਗਿੱਲ ਸੋਨੂੰ ਜ਼ਿਲ੍ਹਾ ਵਾਇਸ ਚੇਅਰਮੈਨ ਐਸ ਸੀ ਡਿਪਾਰਟਮੈਂਟ ਫਿਰੋਜ਼ਪੁਰ, ਸੀਨੀਅਰ ਆਗੂ ਸੁਖਵਿੰਦਰ ਸਿੰਘ ਸ਼ੀਸ਼ਾ ਸੰਧੂ, ਮਨੀਸ਼ ਸੁਲਹਾਣੀ, ਸਾਬਕਾ ਸਰਪੰਚ ਮਲਕੀਤ ਸਿੰਘ ਜੱਥੇਦਾਰ, ਜਗਸੀਰ ਸਿੰਘ ਖੋਸਾ, ਗੋਪੀ ਔਲਖ, ਬਲਾਕ ਪ੍ਰਧਾਨ ਕੰਵਲਪ੍ਰੀਤ ਸਿੰਘ ਗਿੱਲ, ਮਨਪ੍ਰੀਤ ਸਿੰਘ ਭੁੱਲਰ, ਹਰਮਨ ਸਿੰਘ ਸੰਧੂ ਸਾਈਆਂ ਵਾਲਾ, ਮਹਿੰਦਰ ਪਾਲ ਗਿੱਲ ਜ਼ਿਲ੍ਹਾ ਜਰਨਲ ਸਕੱਤਰ ਫਿਰੋਜ਼ਪੁਰ, ਜੋਬਨ ਜੀਤ ਧਾਲੀਵਾਲ ਜ਼ਿਲ੍ਹਾ ਸੈਕਟਰੀ, ਚਮਕੌਰ ਸਿੰਘ ਢੀਂਡਸਾ, ਅਮਰਿੰਦਰ ਸਿੰਘ ਟਿੱਕਾ, ਪੁਸ਼ਪਿੰਦਰ ਸਿੰਘ ਸੰਧੂ ਜ਼ਿਲ੍ਹਾ ਜਰਨਲ ਸਕੱਤਰ, ਖੰਡਾ ਸਿੰਘ ਰਾਉ ਕੇ, ਮੁਖਤਿਆਰ ਸਿੰਘ ਮੁੱਖਾ, ਹੈਰੀ ਜੋਸ਼ਨ, ਬਲਜਿੰਦਰ ਸਿੰਘ ਥਿੰਦ, ਗੁਰਪ੍ਰੀਤ ਸੋਨੀ ਜ਼ਿਲ੍ਹਾ ਜਰਨਲ ਸਕੱਤਰ ਐਸ ਸੀ ਡਿਪਾਰਟਮੈਂਟ ਫਿਰੋਜ਼ਪ, ਕਿੱਕਰ ਸਿੰਘ, ਪਿੱਪਲ ਸਿੰਘ, ਦੀਦਾਰ ਸਿੰਘ, ਸ਼ਰਮਾ ਸਿੰਘ, ਬਲਕਾਰ ਸਿੰਘ ਬਲਾਕ ਸੰਮਤੀ ਮੈਂਬਰ, ਦਵਿੰਦਰ ਸਿੰਘ ਸੰਧੂ, ਮਨਪ੍ਰੀਤ ਸਿੰਘ ਸੋਢੀ, ਗੁਰਮੀਤ ਸਿੰਘ ਛਾਂਗਾ ਖੁਰਦ, ਬਲਜਿੰਦਰ ਸਿੰਘ ਮੱਬੋ ਕੇ, ਵੀਰ ਸਰਪੰਚ, ਕਰਨ ਮਨਚੰਦਾ, ਚਿਮਨ ਸਿੰਘ ਫ਼ਤੇ ਵਾਲਾ, ਕੁਲਵੰਤ ਸਿੰਘ, ਮੁਖਤਿਆਰ ਸਿੰਘ ਸਾਬਕਾ ਸਰਪੰਚ, ਨਰਿੰਦਰ ਸਿੰਘ ਹਜ਼ਾਰਾਂ ਸਿੰਘ ਵਾਲਾ, ਦਲਜੀਤ ਸਿੰਘ ਬਿੱਟੂ ਵਾਘੇ ਵਾਲਾ, ਦਰਸ਼ਨ ਸਿੰਘ ਸਾਬਕਾ ਸਰਪੰਚ, ਗੁਰਸੇਵਕ ਸਿੰਘ ਭੂਰੇ ਕਲਾਂ, ਸਾਬਕਾ ਜਗਦੀਸ਼ ਸਿੰਘ ਦੀਸ਼ਾ, ਸਾਬਕਾ ਸਰਪੰਚ ਬੱਬਲ ਜੀਤ ਸਿੰਘ, ਦੇਸ ਰਾਜ ਅਹੂਜਾ, ਕਮਲ ਅਗਰਵਾਲ, ਸਾਬਕਾ ਸਰਪੰਚ ਭਗਵੰਤ ਸਿੰਘ ਭੰਗਾਲੀ, ਸਾਬਕਾ ਜਸਵੀਰ ਸਿੰਘ ਕੋਟਲਾ, ਸਾਰਜ ਸਿੰਘ ਸਰਪੰਚ, ਹੈਪੀ ਜਨੇਰ ਤੋਂ ਇਲਾਵਾ ਪੀ ਏ ਤਰਨ ਬੁੱਟਰ ਆਦਿ ਹਾਜ਼ਰ ਸਨ।

# 15 ਕਿਲੋਗ੍ਰਾਮ ਭੁੱਕੀ ਸਮੇਤ ਪੁਲਸ ਅੜਿੱਕੇ

**ਧੂਰੀ (ਮਨੋਹਰ ਸਿੰਘ ਸੱਗੂ)**-ਥਾਣੇ ਸਿਟੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਭਾਰੀ ਮਾਤਰਾ 'ਚ ਭੁੱਕੀ ਚੂਰਾ ਪੋਸਤ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦੀ ਖਬਰ ਹੈ। ਥਾਣੇਦਾਰ ਮਲਕੀਤ ਸਿੰਘ ਨੂੰ ਆਪਣੀ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਗੁਪਤ ਸੂਚਨਾ ਮਿਲੀ ਕਿ ਬਿਪਨ ਟੰਡਣ ਵਾਸੀ ਸੁਨਾਮ ਹਾਲ ਆਬਾਦ ਮੁਹੱਲਾ ਮਾਧੋਪੁਰੀ ਧੂਰੀ ਭੁੱਕੀ ਚੂਰਾ ਪੋਸਤ ਵੇਚਣ ਦਾ ਆਦੀ ਹੈ ਤੇ ਘੁੰਮ ਫਿਰ ਕੇ ਭੁੱਕੀ ਵੇਚਦਾ ਹੈ, ਜੋ ਸ਼ਹਿਰ ਦੇ ਮਾਨਵਾਲਾ ਰੇਲ ਫਾਟਕਾਂ ਵੱਲ ਆ ਰਿਹਾ ਹੈ। ਪੁਲਸ ਵੱਲੋਂ ਇਤਲਾਹ ਦੇ ਆਧਾਰ 'ਤੇ ਮੁਲਜ਼ਮ ਖਿਲਾਫ਼ ਨਸ਼ਾ ਵਿਰੋਧੀ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਸ਼ਹਿਰੋਂ ਬਾਹਰ ਮਾਨਵਾਲਾ ਰੇਲਵੇ ਫਾਟਕਾਂ ਨੇੜੇ ਕੀਤੀ ਨਾਕਾਬੰਦੀ ਦੌਰਾਨ ਮੁਲਜ਼ਮ ਬਿਪਨ ਟੰਡਨ ਨੂੰ 15 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਸਿਟੀ ਪੁਲਿਸ ਦੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਪੁਸ਼ਟੀ ਕਰਦਿਆਂ ਕਿਹਾ ਕਿ ਮੁਲਜ਼ਮ ਨੂੰ ਸਬੰਧਤ ਅਦਾਲਤ 'ਚ ਪੇਸ਼ ਕੀਤਾ ਗਿਆ।

# ਦੇਸ਼ ਭਗਤ 'ਵਰਸਿਟੀ ਦੇ ਵਿਦਿਆਰਥੀਆਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਦੇ ਵਿਦਿਆਰਥੀਆਂ ਨੇ ਮੋਹਾਲੀ ਵਿੱਚ ਕਰਾਏ ਆਈਐਮ ਪੰਜਾਬ ਸਟਾਰਟਅੱਪ ਫੇਅਰ 2.0 ਵਿੱਚ ਉੱਚ ਸਨਮਾਨ ਪ੍ਰਾਪਤ ਕਰਕੇ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ ਹੈ। ਯੂਨੀਵਰਸਿਟੀ ਦੀ ਟੀਮ ਨੇ ਆਈਐਮ ਪੰਜਾਬ ਕੈਂਪਸ ਅੰਬੈਸਡਰ ਪ੍ਰੋਗਰਾਮ -ਟਾਇਅਰ -2 ਵਿੱਚ ਜਿੱਤ ਪ੍ਰਾਪਤ ਕੀਤੀ, ਜੋ ਪੰਜਾਬ ਭਰ ਦੇ ਭਾਗੀਦਾਰਾਂ 'ਚੋਂ ਇੱਕ ਵੱਖਰੀ ਪ੍ਰਾਪਤੀ ਹੈ। ਇਸ ਸ਼ਾਨਦਾਰ ਪ੍ਰਦਰਸ਼ਨ ਦੇ ਜੇਤੂਆਂ ਵਿੱਚ ਲਕਸ਼ਮਣ ਕੁਮਾਰ (ਬੀ.ਟੈਕ ਸੀਐਸਈ-ਸਾਈਬਰ ਫੋਰੈਂਸਿਕਸ), ਖੁਸ਼ੀ ਅਗਰਵਾਲ (ਬੀ.ਟੈਕ ਸੀ ਐਸ ਈ-ਆਰਟੀਫੀਸ਼ੀਅਲ ਇੰਟੈਲੀਜੈਂਸ), ਰਿਸ਼ਭ ਕੁਮਾਰ (ਬੀਏ ਐਲਐਲ.ਬੀ) ਤੇ ਵਰਦਾਨ ਰਾਏ (ਐਲਐਲ.ਬੀ) ਸ਼ਾਮਲ ਹਨ। ਲੀਡਰਸ਼ਿਪ, ਨਵੀਨਤਾ ਤੇ ਸਮਰਪਣ ਲਈ ਉਨ੍ਹਾਂ ਦੀ ਮਾਨਤਾ ਨੇ ਉੱਦਮੀ ਉੱਤਮਤਾ ਵਿੱਚ ਡੀਬੀਯੂ ਲਈ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ ਹੈ। ਆਪਣੀ ਇਸ ਪ੍ਰਾਪਤੀ ਦੇ ਨਾਲ-ਨਾਲ ਡੀਬੀਯੂ ਦੇ ਵਿਦਿਆਰਥੀਆਂ ਨੇ ਪੈਨਲ ਚਰਚਾਵਾਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲਿਆ ਤੇ ਡਾ. ਅਨਿਰੁਧ ਗੁਪਤਾ, ਸ੍ਰੀ ਸੌਰਭ ਮੁੰਜਾਲ, ਸ੍ਰੀ ਸਾਰਥਕ ਅਗਰਵਾਲ, ਸ੍ਰੀ ਸਾਹਿਲ ਬਾਂਸਲ ਤੇ ਸ੍ਰੀ ਆਰੁਸ਼ ਚੋਪੜਾ ਵਰਗੇ ਪ੍ਰਮੁੱਖ ਉੱਦਮੀਆਂ ਨਾਲ ਗੱਲਬਾਤ ਕੀਤੀ, ਜਿਸ ਨਾਲ ਉਨ੍ਹਾਂ ਨੂੰ ਅਨਮੋਲ ਸੂਝ ਤੇ ਪ੍ਰੇਰਣਾ ਮਿਲੀ।

# ਵਿਧਾਇਕ ਸਵਨਾ ਨੇ ਹੜ੍ਹ ਪ੍ਰਭਾਵਤ ਪਿੰਡਾਂ ਦੇ ਲੋਕਾਂ ਦਾ ਹਾਲ-ਚਾਲ ਪੁੱਛਿਆ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**
ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਪਿੰਡ ਝੰਗੜ ਭੈਣੀ, ਰਾਮ ਸਿੰਘ ਭੈਣੀ, ਰੇਤੇਵਾਲੀ ਭੈਣੀ, ਗੁਲਾਬਾ ਭੈਣੀ, ਗੱਟੀ ਨੰ: 1 ਤੇ ਮਹਾਤਮ ਨਗਰ, ਤੇਜਾ ਰੁਹੇਲਾ ਤੇ ਦੋਨਾ ਨਾਨਕਾ ਵਿਖੇ ਪਹੁੰਚ ਕੇ ਹੜ੍ਹ ਪ੍ਰਭਾਵਤ ਲੋਕਾਂ ਦਾ ਹਾਲ ਚਾਲ ਜਾਣਿਆ। ਇਸ ਦੌਰਾਨ ਉਨ੍ਹਾਂ ਹੜ੍ਹ ਪ੍ਰਭਾਵਤ ਪਿੰਡਾਂ ਦੇ ਲੋਕਾਂ ਨੂੰ ਪਸ਼ੂਆਂ ਦੀ ਫੀਡ ਵੀ ਵੰਡੀ। ਵਿਧਾਇਕ ਸਵਨਾ ਨੇ ਕਿਹਾ ਕਿ ਪਹਾੜੀ ਖੇਤਰਾਂ ਵਿੱਚ ਪੈ ਰਹੀ ਭਾਰੀ ਬਾਰਿਸ਼ ਕਾਰਨ ਸਤਲੁਜ ਰਾਹੀਂ ਪਾਣੀ ਕਾਵਾਂਵਾਲੀ ਪੁਲ਼ ਪਾਰ ਦੇ ਪਿੰਡ ਪਾਣੀ ਦੀ ਮਾਰ ਹੇਠ ਆ ਗਏ ਹਨ ਤੇ ਇਨ੍ਹਾਂ ਪਿੰਡਾਂ ਵਿੱਚ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਹਲਕੇ ਦੇ ਇਨ੍ਹਾਂ ਲੋਕਾਂ ਨਾਲ ਹਨ ਤੇ ਉਹ ਹੁਣ ਇਨ੍ਹਾਂ ਲੋਕਾਂ ਲਈ ਰਾਹਤ ਸਮੱਗਰੀ ਲੈ ਕੇ ਆਏ ਹਨ। ਉਨ੍ਹਾਂ ਕਿਹਾ ਕਿ ਪਾਣੀ ਦੇ ਵਧ ਰਹੇ ਪੱਧਰ ਨੂੰ ਦੇਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਜਿਵੇਂ ਕਿ ਸਿਹਤ ਵਿਭਾਗ, ਪਸ਼ੂ ਵਿਭਾਗ ਤੇ ਹੋਰਨਾਂ ਵਿਭਾਗਾਂ ਦੀਆਂ ਟੀਮਾਂ ਲੋਕਾਂ ਦੀ ਮਦਦ ਲਈ ਜੁਟੀਆਂ ਹੋਈਆਂ ਹਨ। ਇਸ ਤੋਂ ਇਲਾਵਾ ਐਨ.ਡੀ.ਆਰ.ਐਫ ਦੀਆਂ ਟੀਮਾਂ ਵੀ ਬੁਲਾਈਆਂ ਗਈਆਂ ਹਨ, ਜੇਕਰ ਹੋਰ ਪਾਣੀ ਵਧਣ ਕਾਰਨ ਇਨ੍ਹਾਂ ਪਿੰਡਾਂ ਨਾਲ ਸੜਕੀ ਸੰਪਰਕ ਟੁੱਟਦਾ ਹੈ ਤਾਂ ਮੋਟਰ ਬੋਟ ਦਾ ਸਹਾਰਾ ਲੈ ਕੇ ਇਨ੍ਹਾਂ ਪਿੰਡਾਂ ਨਾਲ ਸੰਪਰਕ ਜਾਰੀ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਨੂੰ ਰਾਸ਼ਨ ਤੇ ਪਸ਼ੂਆਂ ਲਈ ਫੀਡ ਵੰਡ ਦਿੱਤੀ ਗਈ ਹੈ ਤਾਂ ਜੁ ਉਹ ਇਸ ਕੁਦਰਤੀ ਆਫਤ ਸਮੇਂ ਆਪਣਾ ਗੁਜ਼ਾਰਾ ਕਰ ਸਕਣ ਤੇ ਬੇਜ਼ੁਬਾਨ ਪਸ਼ੂ ਵੀ ਭੁੱਖੇ ਨਾ ਰਹਿਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਮੋਟਰ ਬੋਟ ਰਾਹੀਂ ਇਨ੍ਹਾਂ ਹੜ੍ਹ ਪ੍ਰਭਾਵਤ ਪਿੰਡਾਂ ਵਿੱਚ ਰਾਸ਼ਨ ਤੇ ਪਸ਼ੂਆਂ ਦੀ ਫੀਡ ਦੀ ਵੰਡ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਇਸ ਆਪਾਤ ਦੀ ਸਥਿਤੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਹੜ੍ਹ ਪ੍ਰਭਾਵਤ ਪਿੰਡਾਂ ਦੇ ਲੋਕਾਂ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਹ ਇਸ ਮੁਸ਼ਕਲ ਦੀ ਘੜੀ ਵਿੱਚ ਉਨ੍ਹਾਂ ਨਾਲ ਹਨ ਤੇ ਕਦੀ ਵੀ ਉਹ ਉਨ੍ਹਾਂ ਦੇ ਫੋਨ ਨੰ: 97813-77710 'ਤੇ ਸੰਪਰਕ ਕਰ ਸਕਦੇ ਹਨ।

# ਮਾਤਾ ਸੁੰਦਰੀ ਗਰੁੱਪ ਦਾ ਨਤੀਜਾ ਰਿਹਾ ਸ਼ਾਨਦਾਰ, ਹਰਕਿਰਨ ਕੌਰ ਪਹਿਲੇ ਸਥਾਨ 'ਤੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**
ਲੜਕੀਆਂ ਦੀ ਸਿੱਖਿਆ ਨੂੰ ਸਮਰਪਤ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੇ ਐਜੂਕੇਸ਼ਨ ਕਾਲਜ ਦਾ ਨਤੀਜਾ ਅੱਵਲ ਰਿਹਾ। ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਨੇ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਉੱਪਰ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਸਾਡੀ ਹਮੇਸ਼ਾ ਹੀ ਇਹ ਕੋਸ਼ਿਸ਼ ਰਹੀ ਹੈ ਕਿ ਅਸੀਂ ਐਜੂਕੇਸ਼ਨ ਕੋਰਸ ਵਾਲੇ ਵਿਦਿਆਰਥੀਆਂ ਵਿੱਚੋਂ ਸਮਾਜ ਲਈ ਬਿਹਤਰੀਨ ਅਧਿਆਪਕ ਤਿਆਰ ਕਰਕੇ ਵਿਦਿਆਰਥੀਆਂ ਦਾ ਸੁਨਿਹਰਾ ਭਵਿੱਖ ਬਣਾਉਣ ਨੂੰ ਤਰਜ਼ੀਹ ਦਿੰਦੇ ਹਾਂ। ਸੰਸਥਾ ਦੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਇਨ੍ਹਾਂ ਬਿਹਤਰੀਨ ਨਤੀਜਿਆਂ ਲਈ ਸੰਸਥਾ ਦੇ ਪ੍ਰਿੰਸੀਪਲ, ਸਟਾਫ਼, ਵਿਦਿਆਰਥੀ ਤੇ ਮਾਪਿਆਂ ਨੂੰ ਵਧਾਈ ਦਿੰਦੇ ਹਾਂ ਅਤੇ ਭਵਿੱਖ ਵਿੱਚ ਇਹ ਕਾਮਨਾ ਕਰਦੇ ਹਾਂ ਕਿ ਸਾਡੇ ਵਿਦਿਆਰਥੀ ਹਮੇਸਾ ਚੰਗੇ ਨਤੀਜੇ ਲਿਆਉਣ ਵਿੱਚ ਸਫਲ ਹੋਣ। ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਸਾਡੇ ਅਧਿਆਪਕਾਂ ਦੀ ਹਮੇਸ਼ਾ ਇਹੀ ਕੋਸ਼ਿਸ਼ ਰਹੀ ਹੈ ਕਿ ਅਸੀਂ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰੀਏ ਅਤੇ ਉਨ੍ਹਾਂ ਨੂੰ ਨੈਤਿਕ ਤੌਰ 'ਤੇ ਮਜਬੂਤ ਕਰਕੇ ਸਮਾਜ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਵਿੱਚ ਕਾਮਯਾਬ ਹੋਈਏ। ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਇਨ੍ਹਾਂ ਸ਼ਾਨਦਾਰ ਨਤੀਜਿਆਂ ਲਈ ਮੁਬਾਰਕਬਾਦ ਦਿੱਤੀ। ਐਜੂਕੇਸ਼ਨ ਵਿਭਾਗ ਦੇ ਮੁਖੀ ਪ੍ਰੋ. ਮਨਪ੍ਰੀਤ ਕੌਰ ਨੇ ਦੱਸਿਆ ਕਿ ਹਰਕਿਰਨ ਕੌਰ ਪੁੱਤਰੀ ਭਰਤਾਰ ਸਿੰਘ ਨੇ 82.4% ਅੰਕ ਪ੍ਰਾਪਤ ਪਹਿਲੀ ਪੁਜੀਸ਼ਨ, ਮਨਦੀਪ ਕੌਰ ਪੁੱਤਰੀ ਜਰਨੈਲ ਸਿੰਘ ਨੇ 82% ਨੇ ਦੂਜੀ ਪੁਜੀਸ਼ਨ ਤੇ ਵੀਰਦੀਪ ਕੌਰ ਪੁੱਤਰੀ ਬਰਮਚੇਤ ਸਿੰਘ ਨੇ 81.8 ਤੀਜੀ ਪੁਜੀਸ਼ਨ ਹਾਸਲ ਕਰਕੇ ਸੰਸਥਾ ਦਾ ਮਾਣ ਵਧਾਇਆ ਅਤੇ ਹਰਦੀਪ ਕੌਰ ਪੁੱਤਰੀ ਗੁਰਮੇਲ ਸਿੰਘ, ਗੁਰਮੀਤ ਕੌਰ ਪੁੱਤਰੀ ਭੋਲਾ ਸਿੰਘ, ਸੁਖਪ੍ਰੀਤ ਕੌਰ ਪੁੱਤਰੀ ਮੋਹਨ ਸਿੰਘ, ਮੋਨਿਕਾ ਆਹੂਜਾ ਪੁੱਤਰੀ ਰਾਜੀਵ ਕੁਮਾਰ, ਵੀਰਪਾਲ ਕੌਰ ਪੁੱਤਰੀ ਗੁਰਜੰਟ ਸਿੰਘ, ਕੋਮਲ ਗਰਗ ਪੁੱਤਰੀ ਵਿਨੈ ਕੁਮਾਰ, ਇੰਦਰਜੀਤ ਕੌਰ ਪੁੱਤਰੀ ਅਮਰਪਾਲ ਸਿੰਘ ਵਿਦਿਆਰਥਣਾਂ ਨੇ ਪਹਿਲੀਆਂ ਦਸ ਪੁਜੀਸ਼ਨਾ ਵਿੱਚ ਆਪਣਾ ਨਾਂਅ ਦਰਜ ਕਰਾਇਆ।

# ਹੜ੍ਹ ਪੀੜਤਾਂ ਦੇ ਠਹਿਰਾਅ ਲਈ ਛੇ ਰਾਹਤ ਕੈਂਪ ਬਣਾਏ : ਡੀ ਸੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪੀੜਤਾਂ ਦੇ ਆਰਜ਼ੀ ਠਹਿਰਾਓ ਲਈ ਛੇ ਰਾਹਤ ਕੈਂਪ ਬਣਾਏ ਗਏ ਹਨ। ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਸਰਕਾਰੀ ਸਕੂਲ ਪਿੰਡ ਮੌਜਮ ਵਿੱਚ ਬਣੇ ਰਾਹਤ ਕੈਂਪ ਦਾ ਜਾਇਜ਼ਾ ਲੈਣ ਮੌਕੇ ਦੱਸੀ। ਉਨ੍ਹਾਂ ਕਿਹਾ ਕਿ ਮੌਜਮ ਤੋਂ ਇਲਾਵਾ ਹਸਤਾਂ ਕਲਾਂ, ਸਲੇਮ ਸ਼ਾਹ, ਰਾਣਾ, ਸੰਤ ਕਬੀਰ ਪੋਲੀਟੈਕਨਿਕ ਕਾਲਜ ਫਾਜ਼ਿਲਕਾ ਤੇ ਅਸਫ ਵਾਲਾ ਵਿਖੇ ਰਾਹਤ ਕੈਂਪ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਫਿਲਹਾਲ ਇਨ੍ਹਾਂ ਕੈਂਪਾਂ ਵਿੱਚ 25 ਲੋਕ ਆਏ ਹਨ। ਉਨ੍ਹਾਂ ਨੇ ਕਿਹਾ ਕਿ ਲੋਕ ਕਿਸੇ ਵੀ ਅਪਾਤ ਸਥਿਤੀ ਵਿੱਚ ਇਹਨਾਂ ਕੈਂਪਾਂ ਵਿੱਚ ਪਹੁੰਚ ਕਰ ਸਕਦੇ ਹਨ। ਉਨ੍ਹਾਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਹਰੇਕ ਕੈਂਪ ਲਈ ਇੱਕ ਸੀਨੀਅਰ ਅਧਿਕਾਰੀ ਨੂੰ ਇੰਚਾਰਜ ਲਾਇਆ ਗਿਆ ਹੈ ਤਾਂ ਜੁ ਇੱਥੇ ਇੰਤਜ਼ਾਮ ਕਰਨ ਵਿੱਚ ਕੋਈ ਕਮੀ ਨਾ ਰਹੇ। ਇਸ ਮੌਕੇ ਉਨ੍ਹਾਂ ਨਾਲ ਐਸਐਸਪੀ ਗੁਰਮੀਤ ਸਿੰਘ ਵੀ ਹਾਜ਼ਰ ਸਨ।


**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 13.08.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਡਬਲਯੂ ਸੀ ਟੀ ਐਲ 'ਚ ਕਰਜ਼ਦਾਰ) : ਸ੍ਰੀ ਪਵਨ ਕੁਮਾਰ ਪੁੱਤਰ ਮੁਲਖਰਾਜ ਵਾਸੀ ਵਾਰਡ ਨੰ. 12, ਨੰਦਪੁਰ, ਸਾਹਨੇਵਾਲ, ਲੁਧਿਆਣਾ, ਪੰਜਾਬ-141120
2. (ਡਬਲਯੂ ਸੀ ਟੀ ਐਲ 'ਚ ਕਰਜ਼ਦਾਰ) : ਸ੍ਰੀਮਤੀ ਵੀਨਾ ਰਾਣੀ ਪਤਨੀ ਪਵਨ ਕੁਮਾਰ ਵਾਸੀ ਵਾਰਡ ਨੰ. 12, ਨੰਦਪੁਰ, ਸਾਹਨੇਵਾਲ, ਲੁਧਿਆਣਾ, ਪੰਜਾਬ-141120
3. (ਡਬਲਯੂ ਸੀ ਟੀ ਐਲ 'ਚ ਕਰਜ਼ਦਾਰ) : ਸ੍ਰੀ ਅਮਨ ਕੁਮਾਰ ਪੁੱਤਰ ਸ੍ਰੀ ਪਵਨ ਕੁਮਾਰ ਵਾਸੀ ਵਾਰਡ ਨੰ. 12, ਨੰਦਪੁਰ, ਸਾਹਨੇਵਾਲ, ਲੁਧਿਆਣਾ, ਪੰਜਾਬ-141120
4. (ਡਬਲਯੂ ਸੀ ਟੀ ਐਲ 'ਚ ਗਰੰਟਰ) : ਸ੍ਰੀ ਸੁੰਦਰ ਪੁੱਤਰ ਬੰਸੀ ਲਾਲ ਵਾਸੀ ਨੇੜੇ ਕੇਸਰ ਕਾ ਢਾਬਾ, ਡੇਹਲੋਂ ਰੋਡ, ਸਾਹਨੇਵਾਲ, ਲੁਧਿਆਣਾ, ਪੰਜਾਬ-141120

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.08.2025 ਤੋਂ ਬਿਨਾਂ ਵਿਆਜ) |
|---|---|---|
| WCTL/013612001003 | Rs. 7,00,000/- | Rs. 6,92,146.16/- |

**ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 1291 ਮਿਤੀ 29-06-2017 ਅਨੁਸਾਰ ਸ੍ਰੀਮਤੀ ਵੀਨਾ ਰਾਣੀ ਪਤਨੀ ਪਵਨ ਕੁਮਾਰ ਦੀ ਮਲਕੀਅਤ ਜਾਇਦਾਦ ਰਕਬਾ 100 ਵਰਗ ਗਜ਼, ਪਿੰਡ ਨੰਦਪੁਰ, ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ, ਹੱਦਬਸਤ ਨੰ. 233 ਨਾਲ ਸੰਬੰਧਤ ਸਭ ਕੁਝ। ਮੌਜੂਦਾ ਪਤਾ : ਗਣਪਤੀ ਕਲੋਨੀ, ਪਿੰਡ ਨੰਦਪੁਰ, ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ**

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ, ਜਲੰਧਰ (ਐੱਮ ਐੱਸ ਐੱਮ ਈ ਵਰਟੀਕਲ) 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 27.08.2025 | ਸਥਾਨ : ਜੀ.ਟੀ. ਰੋਡ, ਜਲੰਧਰ | ਅਧਿਕਾਰਤ ਅਫਸਰ



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 13.08.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਲ ਏ ਪੀ 'ਚ ਕਰਜ਼ਦਾਰ) : ਸ੍ਰੀ ਨੀਰਜ ਕਪਾਨੀਆ ਪੁੱਤਰ ਵਿਜੇ ਮੋਹਨ ਕਪਾਨੀਆ ਵਾਸੀ ਮਕਾਨ ਨੰ. 1065, ਵਾਰਡ ਨੰ. 13 ਪੁਰਾਣਾ ਡਾਕਖਾਨਾ, ਚਰਸੀ ਗੇਟ, ਨਕੋਦਰ, ਜਲੰਧਰ, ਪੰਜਾਬ-144040
2. (ਐੱਲ ਏ ਪੀ 'ਚ ਕਰਜ਼ਦਾਰ) : ਸ੍ਰੀ ਮੁਨੀਸ਼ ਕਪਾਨੀਆ ਪੁੱਤਰ ਵਿਜੇ ਮੋਹਨ ਕਪਾਨੀਆ ਵਾਸੀ ਮਕਾਨ ਨੰ. 1065, ਵਾਰਡ ਨੰ. 13, ਮੁਹੱਲਾ ਜਲੋਟਿਆਂ, ਨਕੋਦਰ, ਜਲੰਧਰ, ਪੰਜਾਬ-144040
3. (ਐੱਲ ਏ ਪੀ 'ਚ ਕਰਜ਼ਦਾਰ) : ਨੀਤੂ ਪਤਨੀ ਮਨੀਸ਼ ਕਪਾਨੀਆ ਵਾਸੀ ਮਕਾਨ ਨੰ. 1065, ਵਾਰਡ ਨੰ. 13, ਮੁਹੱਲਾ ਚਰਸੀ ਗੇਟ, ਨਕੋਦਰ, ਜਲੰਧਰ, ਪੰਜਾਬ-144040
4. (ਐੱਲ ਏ ਪੀ 'ਚ ਗਰੰਟਰ) : ਰਿੰਕੀ ਕਪਾਨੀਆ ਪੁੱਤਰੀ ਵਿਜੇ ਮੋਹਨ ਕਪਾਨੀਆ ਵਾਸੀ ਮਕਾਨ ਨੰ. 1065, ਵਾਰਡ ਨੰ. 13, ਮੁਹੱਲਾ ਚਰਸੀ ਗੇਟ, ਨਕੋਦਰ, ਜਲੰਧਰ, ਪੰਜਾਬ-144040
5. (ਐੱਲ ਏ ਪੀ 'ਚ ਗਰੰਟਰ) : ਰਾਧਾ ਰਾਣੀ ਪਤਨੀ ਵਿਜੇ ਕੁਮਾਰ (ਵਿਜੇ ਮੋਹਨ ਕਪਾਨੀਆ) ਮਕਾਨ ਨੰ. 1065, ਵਾਰਡ ਨੰ. 13, ਚਰਸੀ ਗੇਟ, ਮੁਹੱਲਾ ਜਲੋਟਿਆਂ, ਨਕੋਦਰ, ਜਲੰਧਰ-144040
6. (ਐੱਲ ਏ ਪੀ 'ਚ ਗਰੰਟਰ) : ਸ੍ਰੀ ਤਰਸੇਮ ਲਾਲ ਪੁੱਤਰ ਪ੍ਰਭ ਦਿਆਲ ਵਾਸੀ ਮਕਾਨ ਨੰ. 2863, ਵਾਰਡ ਨੰ. 10, ਮੁਹੱਲਾ ਰੌਤਾਂ, ਨਕੋਦਰ, ਜਲੰਧਰ, ਪੰਜਾਬ-144040

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.08.2025 ਤੋਂ ਬਿਨਾਂ ਵਿਆਜ) |
|---|---|---|
| LAP/001602000394 | Rs. 18,50,000/- | Rs. 17,23,443.60 |

**ਪ੍ਰਾਇਮਰੀ ਸਕਿਉਰਿਟੀ : (ਏ) ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2019-20/184/1/516 ਮਿਤੀ 17.07.2019 ਅਨੁਸਾਰ ਸ੍ਰੀ ਨੀਰਜ ਕਪਾਨੀਆ ਪੁੱਤਰ ਵਿਜੇ ਮੋਹਨ ਕਪਾਨੀਆ ਦੀ ਮਲਕੀਅਤ ਜਾਇਦਾਦ ਰਕਬਾ 1 ਮਰਲਾ (272 ਵਰਗ ਫੁੱਟ) ਆਬਾਦੀ ਪੁਰਾਣਾ ਡਾਕਖਾਨਾ ਬਜ਼ਾਰ, ਚਰਸੀ ਗੇਟ, ਨਕੋਦਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ।**

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਨਕੋਦਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 27.08.2025 | ਸਥਾਨ : ਨਕੋਦਰ | ਅਧਿਕਾਰਤ ਅਫਸਰ

## ਸ੍ਰੀ ਅਨੰਦਪੁਰ ਸਾਹਿਬ ਵਿਖੇ ਸਕੂਲ ਈਕੋ ਕਲੱਬਾਂ ਲਈ ਕਲਸਟਰ ਪੱਧਰੀ ਵਰਕਸ਼ਾਪ ਲਗਾਈ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਵਾਤਾਵਰਣ ਸਿੱਖਿਆ ਸਮਾਗਮ 2025 ਦੇ ਅਧੀਨ ਸ੍ਰੀ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਕੂਲ ਈਕੋ-ਕਲੱਬਾਂ ਲਈ ਕਲਸਟਰ ਪੱਧਰੀ ਵਰਕਸ਼ਾਪ ਲਗਾਈ ਗਈ।ਇਹ ਵਰਕਸ਼ਾਪ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰੇਮ ਕੁਮਾਰ ਮਿੱਤਲ ਦੀ ਅਗਵਾਈ ਅਤੇ ਜ਼ਿਲ੍ਹਾ ਵਾਤਾਵਰਣ ਸਿੱਖਿਆ ਕੋਆਰਡੀਨੇਟਰ ਸੁਖਜੀਤ ਸਿੰਘ ਦੀ ਨਿਗਰਾਨੀ ਹੇਠ ਹੋਈ।ਜਿਸ ਵਿੱਚ ਪੰਜਾਬ ਰਾਜ ਵਿਗਿਆਨ ਅਤੇ ਤਕਨੀਕੀ ਕੌਂਸਲ ਦੇ ਨਾਲ ਭਾਰਤ ਸਰਕਾਰ ਦੇ ਜੰਗਲਾਤ, ਮੌਸਮ ਅਤੇ ਵਾਤਾਵਰਣ ਮੰਤਰਾਲੇ ਦਾ ਪੂਰਨ ਸਹਿਯੋਗ ਰਿਹਾ। ਇਸ ਸਮਾਗਮ ਵਿੱਚ ਸੰਯੁਕਤ ਨਿਰਦੇਸ਼ਕ ਡਾ. ਕੇ.ਐਸ. ਬਾਠ ਵਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਜਦੋਂਕਿ ਡਾ. ਮੰਦਾਕਨੀ, ਜਨਰਲ ਮੈਨੇਜਰ ਡਾ. ਰੀਨਾ ਚੱਢਾ, ਵਿਸ਼ਾਲੀ ਸਿੰਘ ਅਤੇ ਡਿਪਟੀ ਸ਼ਰਮਾ ਆਦਿ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।ਇਹ ਵਰਕਸ਼ਾਪ ਖ਼ਾਸ ਤੌਰ 'ਤੇ ਸਕੂਲ ਈਕੋ-ਕਲੱਬਾਂ ਦੇ ਇੰਚਾਰਜ ਅਧਿਆਪਕਾਂ ਲਈ ਕਰਵਾਈ ਗਈ ਸੀ, ਤਾਂ ਜੋ ਉਹ ਆਪਣੇ-ਆਪਣੇ ਜ਼ਿਲ੍ਹਿਆਂ ਦੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰ ਸਕਣ।ਇਸ ਵਰਕਸ਼ਾਪ ਵਿੱਚ ਫਤਿਹਗੜ੍ਹ ਸਾਹਿਬ, ਜਲੰਧਰ, ਪਟਿਆਲਾ, ਰੂਪਨਗਰ, ਐਸ.ਏ.ਐਸ. ਨਗਰ ਅਤੇ ਐਸ.ਬੀ.ਐਸ. ਨਗਰ ਦੇ ਸਕੂਲਾਂ ਦੇ ਈਕੋ-ਕਲੱਬ ਇੰਚਾਰਜਾਂ ਨੇ ਹਿੱਸਾ ਲਿਆ। ਬੁਲਾਰਿਆਂ ਨੇ ਕਿਹਾ ਕਿ ਅਜੋਕੇ ਸਮੇਂ ਅੰਦਰ ਵਾਤਾਵਰਣ ਦੀ ਸੰਭਾਲ ਇੱਕ ਬਹੁਤ ਹੀ ਗੰਭੀਰ ਮਸਲਾ ਹੈ।ਜਿਸ ਲਈ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੋ ਚੁੱਕਾ ਹੈ। ਅੰਤ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਪ੍ਰੇਮ ਕੁਮਾਰ ਮਿੱਤਲ ਨੇ ਸਾਰੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਕੁਲਵੰਤ ਸਿੰਘ ਵਲੋਂ ਨਿਭਾਈ ਗਈ। ਸਮਾਗਮ ਦੌਰਾਨ ਬੂਟਿਆਂ ਦੀ ਸੰਭਾਲ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਲਈ ਅਧਿਆਪਕ ਸੰਜੀਵ ਧਰਮਾਣੀ ਅਤੇ ਅਧਿਆਪਕ ਜਰਨੈਲ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ, ਮਨਜੀਤ ਕੌਰ, ਕੁਲਜਿੰਦਰ ਕੌਰ, ਸੁਖਜੀਤ ਸਿੰਘ, ਮੀਨਾ ਕੁਮਾਰੀ, ਅਵਤਾਰ ਸਿੰਘ, ਭੁਪਿੰਦਰ ਸਿੰਘ, ਵਨੀਤਾ ਸੈਣੀ, ਇਲੈਕਟ੍ਰੋਨਿਕਸ ਮੀਡੀਆ ਇੰਚਾਰਜ ਦਿਸ਼ਾਂਤ ਮਹਿਤਾ, ਮਨਦੀਪ ਕੌਰ, ਸ਼ਾਲੂ, ਅਨਾਮਿਕਾ ਸ਼ਰਮਾ, ਚਰਨਜੀਤ ਸਿੰਘ ਗੋਰਾ, ਵਾਤਾਵਰਣ ਪ੍ਰੇਮੀ ਸੰਜੀਵ ਧਰਮਾਣੀ, ਓਮ ਪ੍ਰਕਾਸ਼, ਸੁਖਵਿੰਦਰ ਸਿੰਘ, ਅਤੁਲ ਦੁਬੇਦੀ, ਵਿਵੇਕ ਕੁਮਾਰ, ਜਗਮੋਹਨ ਸਿੰਘ, ਜਗਜੀਤ ਸਿੰਘ, ਜਰਨੈਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

## ਸੂਬੇ 'ਚ ਹੜ੍ਹ ਕੰਟਰੋਲ ਰੂਮ ਦਿਨ-ਰਾਤ ਕਾਰਜਸ਼ੀਲ : ਗੋਇਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹੰਗਾਮੀ ਸਥਿਤੀਆਂ ਵਿੱਚ ਲੋਕਾਂ ਦੀ ਸਹਾਇਤਾ ਲਈ ਸੂਬੇ ਭਰ ਵਿੱਚ ਹੜ੍ਹ ਕੰਟਰੋਲ ਰੂਮ 24×7 ਕੰਮ ਕਰ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਇਨ੍ਹਾਂ ਨੰਬਰਾਂ 'ਤੇ ਤੁਰੰਤ ਸੰਪਰਕ ਕਰ ਸਕਦੇ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਲੁਧਿਆਣਾ ਦਾ ਹੜ੍ਹ ਕੰਟਰੋਲ ਰੂਮ ਨੰਬਰ 0161-2433100 ਹੈ ਜਦਕਿ ਜ਼ਿਲ੍ਹਾ ਰੋਪੜ ਦਾ ਕੰਟਰੋਲ ਰੂਮ ਨੰਬਰ 01881-221157, ਗੁਰਦਾਸਪੁਰ ਕੰਟਰੋਲ ਰੂਮ ਨੰ. 01874-266376 ਅਤੇ 18001801852, ਮਾਨਸਾ ਕੰਟਰੋਲ ਰੂਮ ਨੰਬਰ 01652-229082, ਪਠਾਨਕੋਟ ਕੰਟਰੋਲ ਰੂਮ ਨੰ. 0186-2346944 ਅਤੇ 97791-02351, ਅੰਮ੍ਰਿਤਸਰ ਕੰਟਰੋਲ ਰੂਮ ਨੰ. 0183-2229125, ਤਰਨ ਤਾਰਨ ਕੰਟਰੋਲ ਰੂਮ ਨੰ. 01852-224107, ਹੁਸ਼ਿਆਰਪੁਰ ਕੰਟਰੋਲ ਰੂਮ ਨੰ. 01882-220412, ਜਲੰਧਰ ਕੰਟਰੋਲ ਰੂਮ ਨੰ. 0181-2224417 ਅਤੇ 94176-57802, ਐਸ.ਬੀ.ਐਸ ਨਗਰ ਕੰਟਰੋਲ ਰੂਮ ਨੰ. 01823-220645, ਸੰਗਰੂਰ ਕੰਟਰੋਲ ਰੂਮ ਨੰ. 01672-234196, ਪਟਿਆਲਾ ਕੰਟਰੋਲ ਰੂਮ ਨੰ. 0175-2350550 ਅਤੇ 2358550, ਐਸ.ਏ.ਐਸ ਨਗਰ ਕੰਟਰੋਲ ਰੂਮ ਨੰ. 0172-2219506, ਸ੍ਰੀ ਮੁਕਤਸਰ ਸਾਹਿਬ ਕੰਟਰੋਲ ਰੂਮ ਨੰ. 01633-260341, ਫ਼ਰੀਦਕੋਟ ਕੰਟਰੋਲ ਰੂਮ ਨੰ. 01639-250338, ਫ਼ਾਜ਼ਿਲਕਾ ਕੰਟਰੋਲ ਰੂਮ ਨੰ. 01638-262153, ਫ਼ਿਰੋਜ਼ਪੁਰ ਕੰਟਰੋਲ ਰੂਮ ਨੰ. 01632-245366, ਬਰਨਾਲਾ ਕੰਟਰੋਲ ਰੂਮ ਨੰ. 01679-233031, ਬਠਿੰਡਾ ਹੜ੍ਹ ਕੰਟਰੋਲ ਰੂਮ ਨੰ. 0164-2862100 ਅਤੇ 0164-2862101, ਕਪੂਰਥਲਾ ਕੰਟਰੋਲ ਰੂਮ ਨੰ. 01822-231990, ਫਤਹਿਗੜ੍ਹ ਸਾਹਿਬ ਹੜ੍ਹ ਕੰਟਰੋਲ ਰੂਮ ਨੰ. 01763-232838, ਮੋਗਾ ਹੜ੍ਹ ਕੰਟਰੋਲ ਰੂਮ ਨੰ. 01636-235206 ਅਤੇ ਜ਼ਿਲ੍ਹਾ ਮਾਲੇਰਕੋਟਲਾ ਲਈ ਹੜ੍ਹ ਕੰਟਰੋਲ ਰੂਮ ਨੰ. 01675-252003 ਹੈ।

## ਗਲੈਮੀਫਾਈ ਸਟੂਡੀਓ ਦੇ ਉਦਘਾਟਨ ਸਮਾਰੋਹ ਦਾ ਆਯੋਜਨ



**ਜਲੰਧਰ (ਸ਼ੈਲੀ ਐਲਬਰਟ)**-ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਸ, ਨਾਰਥ ਕੈਂਪਸ (ਮਕਸੂਦਾਂ) ਵਿੱਚ ਬਿਊਟੀ ਐਂਡ ਐਸਥੈਟਿਕਸ ਵਿਭਾਗ ਦੇ ਵਿਦਿਆਰਥੀਆਂ ਦੁਆਰਾ ਸ਼ੁਰੂ ਕੀਤੇ ਗਏ ਵਿਦਿਆਰਥੀ-ਨੇਤ੍ਰਿਤ ਸਟਾਰਟਅੱਪ 'ਗਲੈਮੀਫਾਈ ਸਟੂਡੀਓ' ਦਾ ਭਵਿਆ ਉਦਘਾਟਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਮਜ਼ਬੂਤ ਫੈਕਲਟੀ ਮਾਰਗਦਰਸ਼ਨ ਅਤੇ ਪੂਰੇ ਸੰਸਥਾਗਤ ਸਮਰਥਨ ਨਾਲ ਇਹ ਉੱਦਮ ਨਵੀਨਤਾ, ਸਵੈ-ਨਿਰਭਰਤਾ ਅਤੇ ਹੁਨਰ-ਅਧਾਰਤ ਉੱਦਮਸ਼ੀਲਤਾ ਪ੍ਰਤੀ ਸੀ.ਟੀ. ਗਰੁੱਪ ਦੀ ਨਿਰੰਤਰ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ। ਸੀ.ਟੀ. ਗਰੁੱਪ ਦੇ ਬੀ.ਟੈਕ ਸੀ.ਐਸ.ਈ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੇ ਗਲੈਮੀਫਾਈ ਸਟੂਡੀਓ ਲਈ ਇੱਕ ਸਮਰਪਿਤ ਮੋਬਾਈਲ ਐਪਲੀਕੇਸ਼ਨ ਵਿਕਸਿਤ ਕੀਤੀ ਹੈ, ਜੋ ਗਾਹਕਾਂ ਨੂੰ ਅਪਾਇੰਟਮੈਂਟ ਬੁੱਕ ਕਰਨ ਦੇ ਯੋਗ ਬਣਾਉਂਦੀ ਹੈ। ਇਸ ਐਪ ਨੂੰ ਸਮਾਰੋਹ ਦੇ ਦੌਰਾਨ ਲਾਂਚ ਕੀਤਾ ਗਿਆ। ਇਸ ਮੌਕੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ, ਜੌਇੰਟ ਮੈਨੇਜਿੰਗ ਡਾਇਰੈਕਟਰ ਤਾਨਿਕਾ ਚੰਨੀ, ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਦੇ ਨਾਲ-ਨਾਲ ਮਾਣਯੋਗ ਮਹਿਮਾਨ ਜਲੰਧਰ ਦੇ ਮੇਅਰ ਦੀ ਧਰਮ ਪਤਨੀ ਸ੍ਰੀਮਤੀ ਸ਼ਵੇਤਾ ਧੀਰ ਅਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਨੇਤਾ ਰਾਜਵਿੰਦਰ ਕੌਰ ਥਿਆਰਾ ਦੀ ਆਦਰਯੋਗ ਉਪਸਥਿਤੀ ਰਹੀ। ਉਨ੍ਹਾਂ ਦੇ ਉਤਸ਼ਾਹ ਨੇ ਵਿਦਿਆਰਥੀਆਂ ਨੂੰ ਲਗਨ ਨਾਲ ਆਪਣੀ ਉਦਯੋਗਿਕ ਭਾਵਨਾ ਨੂੰ ਪਾਲਣ ਲਈ ਪ੍ਰੇਰਿਤ ਕੀਤਾ। ਰਿਬਨ ਕੱਟਣ ਦਾ ਕਾਰਜ ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ ਅਤੇ ਜੌਇੰਟ ਮੈਨੇਜਿੰਗ ਡਾਇਰੈਕਟਰ ਤਾਨਿਕਾ ਚੰਨੀ ਨੇ ਸੰਯੁਕਤ ਰੂਪ ਵਿੱਚ ਕੀਤਾ।ਇਸ ਮੌਕੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਕਿਹਾ: ਸੀ.ਟੀ. ਗਰੁੱਪ ਨੇ ਹਮੇਸ਼ਾ ਕਲਾਸਰੂਮਾਂ ਤੋਂ ਪਰੇ ਦੀ ਸਿੱਖਿਆ 'ਤੇ ਵਿਸ਼ਵਾਸ ਕੀਤਾ ਹੈ। ਗਲੈਮੀਫਾਈ ਸਟੂਡੀਓ ਅਨੁਭਵਾਤਮਕ ਸਿੱਖਿਆ, ਵਿਵਹਾਰਿਕ ਪੱਖ ਅਤੇ ਆਪਣਾ ਭਵਿੱਖ ਖੁਦ ਬਣਾਉਣ ਦੇ ਵਿਸ਼ਵਾਸ ਨਾਲ ਵਿਦਿਆਰਥੀਆਂ ਨੂੰ ਸਸ਼ਕਤ ਬਣਾਉਣ ਦੇ ਸਾਡੇ ਮਿਸ਼ਨ ਨੂੰ ਦਰਸਾਉਂਦਾ ਹੈ।

## ਵਿਧਾਨ ਸਭਾ ਹਲਕਾ ਮੁਹਾਲੀ ਦੇ ਸਰਕਲ ਪ੍ਰਧਾਨਾਂ ਦਾ ਐਲਾਨ



**ਮੁਹਾਲੀ, (ਗੁਰਜੀਤ ਬਿੱਲਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਆਦੇਸ਼ ਅਤੇ ਸਲਾਹ ਮਸ਼ਵਰੇ ਉਪਰੰਤ ਪਰਵਿੰਦਰ ਸਿੰਘ ਸੋਹਾਣਾ ਵੱਲੋਂ ਵਿਧਾਨ ਸਭਾ ਹਲਕਾ ਮੁਹਾਲੀ ਦੇ ਸਰਕਲ ਪ੍ਰਧਾਨਾਂ ਦਾ ਐਲਾਨ ਕਰ ਦਿੱਤਾ ਗਿਆ। ਜਿਸ ਅਨੁਸਾਰ ਸਰਕਲ ਦਾਊਂ ਲਈ ਅਵਤਾਰ ਸਿੰਘ ਗੋਸਲ, ਬਲੌਂਗੀ ਲਈ ਜਰਨੈਲ ਸਿੰਘ, ਲਾਂਡਰਾਂ ਲਈ ਬਲਵਿੰਦਰ ਸਿੰਘ ਲਖਨੌਰ, ਮਨੌਤਾ ਲਈ ਬਿਕਰਮਜੀਤ ਸਿੰਘ ਗੀਗੇਮਾਜਰਾ, ਮਨੌਲੀ ਲਈ ਗੁਰਦੀਪ ਸਿੰਘ ਵਿੱਕੀ ਮਨੌਲੀ ਅਤੇ ਜਗਤਪੁਰਾ ਲਈ ਜਗਤਾਰ ਸਿੰਘ ਧਰਮਗੜ੍ਹ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ। ਨਵ ਨਿਯੁਕਤ ਪ੍ਰਧਾਨਾਂ ਨੂੰ ਨਿਯੁਕਤੀ ਪੱਤਰ ਦੇਣ ਉਪਰੰਤ ਜਥੇਦਾਰ ਸੋਹਾਣਾ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਦੇਕੇ ਸਨਮਾਨਤ ਵੀ ਕੀਤਾ ਗਿਆ।

## ਭਾਰਤੀ ਵਪਾਰੀ ਤੇ ਨਾਗਰਿਕ ਅਮਰੀਕੀ ਬ੍ਰਾਂਡ ਦੀਆਂ ਵਸਤੂਆਂ ਦਾ ਕਰਨ ਬਾਈਕਾਟ : ਰਾਹੁਲ



**ਟਾਂਡਾ ਉੜਮੁੜ (ਸੁਰਜਿੰਦਰ ਸਿੰਘ ਸੰਧੂ,ਓਂਕਾਰ ਸਿੰਘ)**-ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟ੍ਰੰਪ ਨੇ ਭਾਰਤ ਤੇ 25% ਟੈਰਿਫ ਵਧਾ ਕੇ 50% ਕਰਕੇ ਜਿਹੜਾ ਸਿਆਸੀ ਦਬਾਅ ਪਾਇਆ ਹੈ ਉਸ ਦਾ ਢੁੱਕਵਾਂ ਜਵਾਬ ਦੇਣ ਤੇ ਅਮਰੀਕੀ ਪਦਾਰਥਾਂ ਦਾ ਬਾਈਕਾਟ ਕਰਨ ਸਬੰਧੀ ਸ਼ਿਵ ਸੈਨਾ ਹਿੰਦੁਸਤਾਨ ਯੂਥ ਦੇ ਪੰਜਾਬ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੈਨਾ ਦਫਤਰ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਵਿੱਚ ਸ਼ਿਵ ਸੈਨਾ ਦੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਯੂਥ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਵਾਇਸ ਚੇਅਰਮੈਨ ਸੰਜੀਵ ਖੰਨਾ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਚੌਗਰਾ, ਯੂਥ ਨੇਤਾ ਰਾਜੂ ਖੋਸਲਾ, ਯੂਥ ਸਿਟੀ ਪ੍ਰਧਾਨ ਗੁਰਨਾਮ ਸਿੰਘ ਗੋਨੀ, ਆਰ.ਕੇ ਰਾਮਪੁਰ, ਰਘੁਵੀਰ ਸਿੰਘ, ਗਗਨ ਕੁਮਾਰ, ਜਸਪ੍ਰੀਤ ਸੈਣੀ, ਬੇਬੀ ਸ਼ਾਹਪੁਰ, ਸੂਰਜ ਕੁਮਾਰ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਟਰੰਪ ਨੇ ਭਾਰਤ ਉੱਤੇ ਟੈਰਿਫ ਜਿਹੜਾ ਪਹਿਲਾਂ 25% ਲਗਾਇਆ ਸੀ, ਨੂੰ ਵਧਾ ਕੇ 50% ਕਰ ਦਿੱਤਾ ਹੈ ਜਿਸ ਦਾ ਭਾਰਤ ਸਰਕਾਰ ਨੂੰ ਢੁੱਕਵਾਂ ਜਵਾਬ ਦੇਣਾ ਚਾਹੀਦਾ ਹੈ। ਉਨ੍ਹਾਂ ਪੰਜਾਬ ਦੇ ਸਾਰੇ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਅਮਰੀਕਾ ਦੇ ਬਣੇ ਬ੍ਰਾਂਡ ਜਿਵੇਂ ਕਿ ਕੋਕਾ ਕੋਲਾ, ਪੈਪਸੀ ਕੋਲ ਆਦਿ ਤੋਂ ਇਲਾਵਾ ਹੋਰ ਖਾਣ ਪੀਣ ਵਾਲੀਆਂ ਵਸਤੂਆਂ ਦਾ ਬਾਈਕਾਟ ਕਰੋ ਤਾਂ ਜੋ ਅਮਰੀਕਾ ਨੂੰ ਢੁਕਵਾਂ ਜਵਾਬ ਦਿੱਤਾ ਜਾ ਸਕੇ।

## ਮੰਡਿਆਲਾ ਅਗਨੀ ਕਾਂਡ ਪੀੜਤਾਂ ਦੇ ਉਚਿਤ ਮੁਆਵਜ਼ੇ ਲਈ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕਿਰਤੀ ਕਿਸਾਨ ਯੂਨੀਅਨ ਪੰਜਾਬ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਦੀ ਅਗਵਾਈ ਹੇਠ ਵੱਖ ਵੱਖ ਜਨਤਕ ਜਥੇਬੰਦੀਆਂ ਦੇ ਇੱਕ ਵਫ਼ਦ ਨੇ ਮੰਡਿਆਲਾ ਅਗਨੀ ਕਾਂਡ ਪੀੜਤਾਂ ਨੂੰ ਉਚਿਤ ਮੁਆਵਜ਼ਾ ਦਿਵਾਉਣ ਅਤੇ ਮੁੜ ਵਸੇਬੇ ਦੀ ਮੰਗ ਕਰਦਿਆਂ ਮੁੱਖ ਮੰਤਰੀ ਪੰਜਾਬ ਦੇ ਨਾਂ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਰਾਹੀਂ ਭੇਜਿਆ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਕੁਲਵਿੰਦਰ ਸਿੰਘ ਚਾਹਲ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ (ਡੀ ਐੱਮ ਐੱਫ਼) ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ ਟੀ ਐੱਫ਼) ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ ਪੀ ਪੀ ਐੱਫ਼.) ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ ਤੇ ਮੁਕੇਸ਼ ਗੁਜਰਾਤੀ ਆਦਿ ਆਗੂਆਂ ਦੀ ਅਗਵਾਈ ਹੇਠ ਵੱਖ ਵੱਖ ਜਨਤਕ ਜੱਥੇਬੰਦੀਆਂ ਦੇ ਆਗੂਆਂ ਦਾ ਵਫ਼ਦ ਸਹਾਇਕ ਕਮਿਸ਼ਨਰ ਮੈਡਮ ਓਇਸ਼ੀ ਮੰਡਲ ਨੂੰ ਮਿਲਿਆ ਤੇ ਉਨ੍ਹਾਂ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਦਿੱਤਾ। ਵਫ਼ਦ ਦੇ ਆਗੂਆਂ ਨੇ ਮੰਗ ਕੀਤੀ ਕਿ ਅਗਨੀ ਕਾਂਡ ਵਿੱਚ ਜਾਨ ਗਵਾਉਣ ਵਾਲੇ ਵਿਅਕਤੀਆਂ ਦੇ ਵਾਰਸਾਂ ਨੂੰ ਘਟੋ ਘਟ 50 ਲੱਖ ਦੀ ਵਿੱਤੀ ਮਦਦ ਦਿੱਤੀ ਜਾਵੇ ਅਤੇ ਜ਼ਖਮੀਆਂ ਨੂੰ 20 ਲੱਖ ਦੀ ਮਦਦ ਦਿੱਤੀ ਜਾਵੇ।

## ਗੈਸਟ ਫੈਕਲਟੀ ਇੰਸਟਰਕਟਰਾਂ ਦੀ ਭਰਤੀ ਲਈ ਅਰਜ਼ੀਆਂ ਮੰਗੀਆਂ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਇੰਸਟੀਚਿਊਟ ਮੈਨੇਜਮੈਂਟ ਕਮੇਟੀ ਸਰਕਾਰੀ ਉਦਯੋਗਿਕ ਸਿਖ਼ਲਾਈ ਸੰਸਥਾ, ਲੋਹੀਆਂ ਖਾਸ (ਜਲੰਧਰ) ਵੱਲੋਂ ਸੈਸ਼ਨ 2025-26 ਲਈ ਪਲੰਬਰ ਅਤੇ ਮਕੈਨਿਕ ਇਲੈਕਟ੍ਰਿਕ ਵਹੀਕਲ ਟਰੇਡ ਲਈ ਗੈਸਟ ਫ਼ਕੈਲਟੀ ਇੰਸਟਰਕਟਰਾਂ ਦੀ ਇੱਕ-ਇੱਕ ਅਸਾਮੀ 'ਤੇ ਆਰਜ਼ੀ ਤੌਰ 'ਤੇ ਭਰਤੀ ਕੀਤੀ ਜਾਣੀ ਹੈ, ਜਿਸ ਦੇ ਲਈ ਬਿਨੈ ਪੱਤਰਾਂ ਦੀ ਮੰਗ ਕੀਤੀ ਗਈ ਹੈ। ਆਈ ਐੱਮ ਸੀ ਦੇ ਮੈਂਬਰ ਸਕੱਤਰ-ਕਮ-ਪ੍ਰਿੰਸੀਪਲ, ਸਰਕਾਰੀ ਆਈ ਟੀ ਆਈ ਲੋਹੀਆਂ ਖਾਸ (ਜਲੰਧਰ) ਜਸਮਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਅਸਾਮੀਆਂ ਲਈ ਲੋੜੀਂਦੀ ਯੋਗਤਾ ਲਈ ਜਾਣਕਾਰੀ ਡਾਇਰੈਕਟਰ ਜਨਰਲ ਟ੍ਰੇਨਿੰਗ ਦੀ ਵੈਬਸਾਇਟ https//dgt.gov.in/cts_details ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇੰਟਰਵਿਊ 5 ਸਤੰਬਰ ਨੂੰ ਸਵੇਰੇ 11 ਵਜੇ ਤੱਕ ਸਰਕਾਰੀ ਉਦਯੋਗਿਕ ਸਿਖ਼ਲਾਈ ਸੰਸਥਾ, ਲੋਹੀਆਂ ਖਾਸ (ਜਲੰਧਰ) ਵਿਖੇ ਹੋਵੇਗੀ, ਜਿਸ ਵਿੱਚ ਚਾਹਵਾਨ ਉਮੀਦਵਾਰ ਆਪਣੀ ਯੋਗਤਾ ਅਤੇ ਤਜ਼ਰਬੇ ਨਾਲ ਸਬੰਧਤ ਅਸਲ ਦਸਤਾਵੇਜ਼ ਸਮੇਤ ਫੋਟੋ ਕਾਪੀਆਂ ਨਾਲ ਲੈ ਕੇ ਆਉਣ। ਚਾਹਵਾਨ ਉਮੀਦਵਾਰ 5 ਸਤੰਬਰ ਤੋਂ ਪਹਿਲਾਂ ਆਪਣੇ ਦਸਤਾਵੇਜ਼ ਸੰਸਥਾ ਵਿਖੇ ਭੇਜ ਸਕਦੇ ਹਨ।




### Change of Name

I,Sunil Nanda S/O Kishore Chand Nanda R/O H. No. 215, Street No. 9, NRI Colony, Loharka Road, Amritsar, Punjab have changed my name from Sunil Nanda to Sunil Kumar Nanda. Concerned note.

I, Jasvinder Kaur W/o Joginder Singh R/o H.No. B-23/458/2 Aslamabad Distt. Hoshiarpur 146001 Punjab have changed my name from Jasvinder Kaur to Jaswinder Kaur. Concerned note.

I, Kuldip Kaur W/o Manjit Singh R/o VPO Tarsikka, Tehsil Baba Bakala, Distt. Amritsar, Punjab-143116 have changed my name from Kuldip Kaur to Kuldeep Kaur.

I, Gurjit Singh S/o Sukhdev Singh R/o VPO Sohian Kalan, Distt. Amritsar, Punjab-143601 have changed my name from Gurjit Singh to Gurjeet Singh.

I, Harjinder Singh S/o Harbhajan Singh R/o VPO Chawinda Devi, Distt. Amritsar, Punjab-143504 have changed my name from Harjinder Singh to Singh is my surname and Harjinder is my given name.

I Jasbir Singh S/O Darshan Singh Vpo. Begowal, Teh. Bholath, Distt. Kapurthala, Punjab I Have Changed My Name Jasbir Singh To Singh Jasbir (Singh As Surname Name). All Please Note.

I, Vijay Singh alias Vijay, son of Gurmail Singh, resident of Village Jatike, District Kapurthala (Punjab), hereby declare that I have changed my name from Vijay Singh alias Vijay to Vijay Singh for all purposes henceforth.

I, Kawalmeet Singh S/o Balkar Singh R/o Village Sangna Colony, Chabhal Road, Sangna Amritsar have changed my name from Kanwalmeet Singh to Kawalmeet Singh

I, Gurphinder Singh S/o Avtar Singh R/o VPO Bolewal Teh Batala Distt Gurdaspur have changed my name from Gurphinder Singh to Gurbhinder Singh.

I, Anmol D/o Jagtar Singh W/o Bhupinder Singh R/o H.No.10, Street No. 3, New Professor Colony, Jalandhar, Punjab, 144006 changed my name to Anmol Bajwa (Bajwa as Surname).

I, Vikas Jain S/o Mahabir Jain R/o H.No.93L, Model Town, Jalandhar, Punjab-144001 have changed the name of my minor son Viyaan Jain aged 13 years and he shall hereafter be known as Veersen Jain.

I, Balwinder Singh S/o Gurdev Singh R/o H.No.600, Vpo. Jandu Singha Moga Patti, Jalandhar have changed my name to Balwinder Singh Sangha. All concerned please note.

I, Harjot Singh Sandhar S/o Karanvir Singh R/o Kotli Than Singh, Jalandhar declare that in some documents my Great Grand Father name is entered Mehtab Singh & some documents my Great Grand Father's name is entered Didar Singh. Mehtab Singh & Didar Singh both the name is one and the same person. All concerned please note.

I Kamaljot Singh s/o Amarjit Singh Resident of Village Ghug P.O. Pattar Kalan District Jalandhar, have Changed my name from Kamaljot Singh to Singh Kamaljot.

I Rajvinder Bhatty D/o Bakhtawar Singh R/o H. No. 38, Professor Colony, PO. PAP Lines, Jalandhar, Punjab 144006 have changed my name from Rajvinder Bhatty to Rajvinder Kaur.

I Sukhwinder Singh S/o Narinder Singh R/o VPO. Bhojowal, Jalandhar, Punjab 144101 Have changed my name from Sukhwinder Singh to Sukhwinder Singh Bassan.

I, Vicky S/o Bagga Singh R/o Army Enclave, Phase-2, Dhina, Po. Jalandhar Cantt., Jalandhar, Punjab have changed my name from Vicky to Vicky Abraham (Surname as Abraham) All Please Note.

### Change of Name

I, Harvinder Singh S/o Kulvir Singh R/o Village Gobindpur, Po. Nijran, Distt. Jalandhar, Punjab have changed the spelling of my name from Harvinder Singh to Harwinder Singh. All Please Note.

I, Manjot Kaur Rekhi D/o Harvinder Singh Rekhi R/o APT 9C, Royal Residency, 66 Feet Road, Opp. Eco Homes Jalandhar Punjab have changed my name Manjot Kaur Rekhi to Manjot Kaur. All Please Note.

I, Amarjit W/o Rakesh kumar R/o H. No. B-1/182, Ravi Dass Nagar Maqsudan, Jalandhar have changed my name from Amarjit to Amarjit Kaur. All Please Note.

I, Rakesh Kumar S/o Harbans Lal R/o H.No. B-1/182, Ravi Dass Nagar Maqsudan, Jalandhar have changed the name of my minor daughter from Muskan to Muskan Kaur. All Please Note.

I, Pankaj S/o Dev Rattan Sharma R/o Near Janj Ghar, Birring, Po. Jalandhar Cantt, Jalandhar have change my name form Pankaj to Pankaj Sharma (Surname as Sharma) All Please Note.

I, Meenu Khanna Alias Sweena Khanna W/o Suman Khanna R/o H.No.1500 A, Mohalla Sunder Nagar, Nakodar, Distt. Jalandhar, Punjab have changed my name from Meenu Khanna Alias Sweena Khanna to Sweena Khanna. All Please Note. (R)

I, Suman Rani W/o Sham Lal R/o H.No. 206/2, Mohalla Bohar Wala, Kartarpur, Distt.Jalandhar, Punjab have changed my name from Suman Rani to Suman. All Please Note. (R)

### PUBLIC NOTICE

I, Jaininder Singh S/o Harbhag Singh R/o Village Singhpura. PO. Dhariwal, Tehsil/Distt. Gurdaspur, Punjab-143519, declare that my given name as Jaininder and my Surname as Singh.

I, Sukhdev Singh S/o Inder Singh R/o H.No. 2, Badri Colony, Basti Danishmanda, Jalandhar, Punjab declare that my son Vikram is out of my control. I disinherit him from my moveable and immovable properties. I and my family shall not be held responsible for any of his acts, deeds and things. All please note.

I, hitherto known as Sham Lal S/o Mangal Nath R/o Street No. 8, Mohalla Prempura, Phagwara, District Kapurthala-144401, Punjab, India have changed my name and shall hereafter be known as Shyam Lal Gill.

### ਆਮ ਸੂਚਨਾ

ਗੁਰਮੇਲ ਸਿੰਘ ਪੁੱਤਰ ਮੁਕੰਦ ਸਿੰਘ ਵਾਸੀ ਅਲੀਪੁਰ ਖ਼ਾਲਸਾ ਤਹਿਸ਼ੀਲ ਧੂਰੀ (ਸੰਗਰੂਰ) ਦੇ ਨਾਮ ਚਲਦਾ ਮੋਟਰ ਕੁਨੈਕਸ਼ਨ ਖਾਤਾ ਨੰਬਰ ਏਕੇ-75/ਏਪੀ ਪਾਵਰ 15, ਹਰਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਅਲੀਪੁਰ ਦੇ ਨਾਮ ਕਰਨਾ ਹੈ। ਇਤਰਾਜਕਰਤਾ 15 ਦਿਨਾਂ ਅੰਦਰ ਸਹਾਇਕ ਇੰਜਨੀਅਰ ਪੀਐਸਪੀਸੀਐਲ ਉਪ-ਮੰਡਲ, ਸ਼ੇਰਪੁਰ-2 ਕੋਲ ਇਤਲਾਹ ਕਰੇ।

ਮੈਂ, ਗੁਰਮੇਲ ਸਿੰਘ ਪੁੱਤਰ ਭਾਗ ਸਿੰਘ ਵਾਸੀ ਪੱਤੀ ਲੰਮੀ, ਮੀਨੀਆ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਭੁਪਿੰਦਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਅਖ਼ਬਾਰੀ ਨੋਟਿਸ ਰਾਹੀਂ ਬੇਦਖ਼ਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਭੁਪਿੰਦਰ ਸਿੰਘ ਮੇਰੇ ਕਹਿਣੇ ਵਿਚ ਹੈ ਅਤੇ ਹਰ ਗੱਲ ਨਾਲ ਸਹਿਮਤ ਹੈ। ਇਸ ਲਈ ਮੇਰਾ ਲੜਕਾ ਭੁਪਿੰਦਰ ਸਿੰਘ ਮੇਰੀ ਚੱਲ-ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਮੈਂ ਆਪਣੇ ਲੜਕੇ ਦੀ ਬੇਦਖ਼ਲੀ ਰੱਦ ਕਰਦਾ ਹਾਂ।

### ਨਾਂਅ ਦੀ ਬਦਲੀ

ਮੈਂ ਸਵਿਤਾ (ਯੂਆਈਡੀ ਨੰ. 6090-2042-1583) ਪਤਨੀ ਰਜਿੰਦਰ ਕੁਮਾਰ ਨਿਵਾਸੀ ਹਾਊਸ ਨੰ. 1F A, ਫਰੈਂਡਜ਼ ਕਲੋਨੀ, ਰਾਮਗੜ੍ਹ, ਲੁਧਿਆਣਾ, ਪੰਜਾਬ, 141123. ਮੈਂ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਸਵਿਤਾ ਢੱਲ ਤੋਂ ਬਦਲ ਕੇ ਸਵਿਤਾ ਰੱਖ ਲਿਆ ਹੈ ਸਾਰੇ ਸਕੇ ਸਬੰਧੀ ਨੋਟ ਕਰਨ।

ਮੈਂ ਰਜਿੰਦਰ ਕੁਮਾਰ ਢੱਲ (ਯੂਆਈਡੀ ਨੰਬਰ 9545-7386-3160) S/O ਉਜਾਗਰ ਲਾਲ ਢੱਲ, ਮਕਾਨ ਨੰ: 1F A ਫਰੈਂਡਜ਼ ਕਾਲੋਨੀ, ਰਾਮਗੜ੍ਹ, ਲੁਧਿਆਣਾ, ਪੰਜਾਬ, 141123.ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਰਜਿੰਦਰ ਕੁਮਾਰ ਤੋਂ ਬਦਲ ਕੇ ਰਜਿੰਦਰ ਕੁਮਾਰ ਢੱਲ ਰੱਖ ਲਿਆ ਹੈ ਸਾਰੇ ਸਕੇ ਸਬੰਧੀ ਨੋਟ ਕਰਨ।

ਮੈਂ, ਪ੍ਰਸ਼ਾਂਤ ਪੁੱਤਰ ਧਰਮ ਪਾਲ ਵਾਸੀ ਬਜਾੜ ਮੁਹੱਲਾ, ਰੱਤੇਵਾਲ, ਸ਼ਹੀਦ ਭਗਤ ਸਿੰਘ ਨਗਰ-144521, ਪੰਜਾਬ ਨੇ ਆਪਣਾ ਨਾਮ ਪ੍ਰਸ਼ਾਂਤ ਤੋਂ ਬਦਲ ਕੇ ਪ੍ਰਸ਼ਾਂਤ ਚੌਧਰੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਦੇ ਦਾਅਵਿਆਂ ਦੀ ਜ਼ਿੰਮੇਵਾਰੀ ਸਾਡੀ ਨਹੀਂ ਹੈ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਬੇਦਖਲੀ ਨੋਟਿਸ

ਮੈ ਪਰਦੇਸੀ ਪੁੱਤਰ ਜੇਖੂ ਰਾਮ ਵਾਸੀ ਵਾਰਡ ਨੰ 6. ਗਲੀ ਮੋਦੀਆਂ ਵਾਲੀ, ਪਿੰਡ ਰਾਜਾਸਾਂਸੀ ਤਹਿਸੀਲ ਅਜਨਾਲਾ ਜਿਲਾ ਅੰਮ੍ਰਿਤਸਰ ਹਲਫੀਆ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਸ਼ਾਲ ਕੁਮਾਰ ਮੇਰੇ ਕਹੇ ਸੁਣੇ ਤੋ ਬਾਹਰ ਹੈ ਅਤੇ ਮੇਰੀ ਕੋਈ ਗੱਲ ਨਹੀ ਮੰਨਦਾ। ਵਿਸ਼ਾਲ ਕੁਮਾਰ ਬਾਹਰ ਕਿਸੇ ਨਾਲ ਲੜਾਈ ਝਗੜਾ ਕਰਦਾ ਹੈ ਜਾਂ ਬਾਹਰ ਕਿਸੇ ਨਾਲ ਪੈਸਿਆਂ ਸੰਬੰਧੀ ਕੋਈ ਲੈਣ ਦੇਣ ਕਰਦਾ ਹੈ ਜਾ ਉਸ ਦਾ ਕੋਈ ਹੋਰ ਮਸਲਾ ਖੜਾ ਹੁੰਦਾ ਹੈ ਤਾਂ ਮੈ ਜਾਂ ਮੇਰਾ ਪਰਿਵਾਰ ਇਸ ਸੰਬੰਧੀ ਜਿੰਮੇਵਾਰ ਨਹੀ ਹੋਵਾਂਗੇ। ਮੈ ਆਪਣੇ ਲੜਕੇ ਵਿਸ਼ਾਲ ਕੁਮਾਰ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਵਿਚੋ ਬੇਦਖਲ ਕਰਦਾ ਹਾਂ।

ਮੈਂ, ਬਲਵੀਰ ਸਿੰਘ ਪੁੱਤਰ ਨਿਰਮਲ ਸਿੰਘ, ਵਾਸੀ ਪਿੰਡ ਪੰਡੋਰੀ ਸੂਮਲਾਂ, ਡਾਕ. ਧੂਤ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਦੀਪ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਵੀਰਪਾਲ ਕੌਰ ਪਤਨੀ ਹਰਪ੍ਰੀਤ ਸਿੰਘ, ਵਾਸੀ ਨੇੜੇ ਬਰਨਾਲਾ ਰੋਡ, ਭੁੱਲਰ ਪੱਤੀ, ਬੁੱਟਰ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਾਲੁਕ-ਵਾਸਤਾ ਨਹੀਂ ਹੈ।

ਮੈਂ, ਜੀਤ ਸਿੰਘ ਪੁੱਤਰ ਸੁਦਾਗਰ ਸਿੰਘ ਵਾਸੀ ਨੇੜੇ ਗਊਸ਼ਾਲਾ, ਮਣੀਆ ਪੱਤੀ, ਹਿੰਮਤਪੁਰਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੁਖਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹਾਂ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਾਲੁਕ-ਵਾਸਤਾ ਨਹੀਂ ਹੈ।

ਮੈਂ, ਸੁਰਿੰਦਰ ਕੁਮਾਰ ਪੁੱਤਰ ਸ੍ਰੀ ਨਾਨਕ ਚੰਦ ਵਾਸੀ 273, ਗੁਪਤਾ ਕਲੋਨੀ, ਕਪੂਰਥਲਾ ਰੋਡ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ੁਭਮ ਮਿੱਡਾ ਵਾ ਉਸਦੀ ਪਤਨੀ ਸੁਨਾਕਸ਼ੀ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਵੇਦ ਰਾਣੀ ਪਤਨੀ ਸ੍ਰੀ ਮਹਿੰਦਰ ਪਾਲ ਵਾਸੀ 256/9, ਨਿਊ ਸੰਤ ਨਗਰ, ਬਸਤੀ ਸ਼ੇਖ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰੋਹਿਤ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਅਸ਼ੋਕ ਕੁਮਾਰ ਪੁੱਤਰ ਦਰਸ਼ਨ ਲਾਲ ਵਾ ਕਾਂਤਾ ਰਾਣੀ ਪਤਨੀ ਅਸ਼ੋਕ ਕੁਮਾਰ ਵਾਸੀਆਨ ਕੋਟਰਾਣੀ, ਸਤਨਾਮਪੁਰਾ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਸੂਚਿਤ ਕਰਦੇ ਹਾਂ ਕਿ ਅਮਨਦੀਪ ਸਿੰਘ ਸਾਡਾ ਲੜਕਾ ਹੈ ਜੋ ਪਰਵੀਨ ਕੁਮਾਰੀ ਨਾਲ ਵਿਆਹਿਆ ਹੋਇਆ ਹੈ, ਇਹ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਕਿਸ਼ਨ ਚੰਦ ਪੁੱਤਰ ਚਰਨ ਦਾਸ ਤੇ ਦਲਬੀਰ ਕੌਰ ਪਤਨੀ ਕਿਸ਼ਨ ਚੰਦ ਵਾਸੀ ਮਕਾਨ ਨੰ. 63, ਗਲੀ ਨੰ. 3, ਜਵਾਹਰ ਨਗਰ, ਮਹਿਤਾ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਲਵਪ੍ਰੀਤ ਸਿੰਘ ਤੇ ਉਸ ਦੀ ਪਤਨੀ ਰੇਨੂੰ ਬਾਲਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ, ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਚਰਨਜੀਤ ਕੌਰ ਪਤਨੀ ਅਮਰਜੀਤ ਸਿੰਘ ਵਾਸੀ ਪੱਤੀ ਬਗੁਵਾਣਾ, ਵੱਲ੍ਹਾ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਲੜਕਿਆਂ ਦੀਪਕ ਸਿੰਘ ਤੇ ਸਿਪੂ ਸਿੰਘ, ਉਸ ਦੀ ਪਤਨੀ ਗੁਰਲੀਨ ਕੌਰ, ਜੋ ਮੇਰੇ ਕਹਿਣੇ ਵਿੱਚ ਨਹੀਂ ਹਨ, ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਉਮੇਸ਼ ਕੁਮਾਰ ਪੁੱਤਰ ਸ੍ਰੀ ਰਾਮ ਸੇਵਕ ਸਿੰਘ ਅਤੇ ਸੁਨੀਤਾ ਦੇਵੀ ਪਤਨੀ ਉਮੇਸ਼ ਕੁਮਾਰ ਵਾਸੀ 1299, ਗੁਰੂ ਅਮਰਦਾਸ ਕਲੋਨੀ, ਨਰੈਣਗੜ੍ਹ, ਛੇਹਰਟਾ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਰੋਹਿਤ ਕੁਮਾਰ ਸਾਡੇ ਕਹਿਣੇ ਵਿੱਚ ਨਹੀਂ ਹੈ, ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਰਾਮ ਸਿੰਘ ਪੁੱਤਰ ਪ੍ਰੀਤਮ ਰਾਮ ਵਾਸੀ ਪਿੰਡ ਸ਼ਾਹਪੁਰ ਪੱਟੀ ਤਹਿਸੀਲ ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਉਸਦੀ ਪਤਨੀ ਜਸਵੀਰ ਕੌਰ ਅਤੇ ਉਹਨਾਂ ਦਾ ਲੜਕਾ ਗੁਰਸੰਤਵੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅਮਰੀਕ ਸਿੰਘ ਪੁੱਤਰ ਵੱਸਣ ਸਿੰਘ ਵਾਸੀ ਪਿੰਡ ਵਜ਼ੀਰ ਭੁੱਲਰ, ਤਹਿਸੀਲ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਗੁਰਵਿੰਦਰ ਸਿੰਘ ਨੂੰ ਉਸ ਦੇ ਪਰਵਾਰ (ਪਤਨੀ ਕਿਰਨਦੀਪ ਕੌਰ) ਸਮੇਤ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਤਾਰਾ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਨੌਸ਼ੇਰਾ (ਫੌਜੀ ਕਲੋਨੀ) ਤਿਬੜੀ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਕੁਲਦੀਪ ਸਿੰਘ (ਕਾਲਾ) ਅਤੇ ਨੂੰਹ ਗੁਰਪ੍ਰੀਤ ਕੌਰ (ਗੋਪੀ) ਅਤੇ ਉਸ ਦੀ ਬੇਟੀ ਗੁਰਸਾਜ ਕੌਰ, ਇਹ ਸਾਰੇ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਤਿੰਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

### ਬੇਦਖਲੀ ਨੋਟਿਸ

ਅਸੀ ਭਜਨ ਚੰਦ ਪੁੱਤਰ ਬਿਹਾਰੀ ਲਾਲ ਅਤੇ ਦਰਸ਼ਨਾ ਕੁਮਾਰੀ ਪਤਨੀ ਭਜਨ ਚੰਦ ਵਾਸੀਆਨ ਮਕਾਨ ਨੰਬਰ 2, ਗਾਂਧੀ ਨਗਰ ਕੈਂਪ, ਬਟਾਲਾ, ਜਿਲ੍ਹਾ ਗੁਰਦਾਸਪੁਰ । ਸਾਡਾ ਲੜਕਾ ਯੋਗੇਸ਼ ਕੁਮਾਰ ਅਤੇ ਇਸਦੀ ਪਤਨੀ ਹਰਮਨਪ੍ਰੀਤ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀ ਇਹਨਾ ਦੋਵਾ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ । ਲੈਣ ਦੇਣ ਕਰਨ ਵਾਲੇ ਖੁਦ ਜਿੰਮੇਵਾਰ ਹੋਣਗੇ

ਮੈਂ ਪ੍ਰੀਤੀ ਸਿੰਘ ਪਤਨੀ ਡਾ. ਮਨਮੀਤ ਸਿੰਘ ਸਪੁੱਤਰੀ ਡਾ. ਅਮਰੀਕ ਸਿੰਘ ਅਤੇ ਸ੍ਰੀਮਤੀ ਹਰਸ਼ਰਨਜੀਤ ਕੌਰ ਵਾਸੀ 870, ਅਨੰਦ ਐਵੀਨਿਊ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਪ੍ਰੀਤੀ ਸਿੰਘ ਤੋਂ ਬਦਲਕੇ ਹਰਮਨਪ੍ਰੀਤ ਕੌਰ ਰੱਖ ਲਿਆ ਹੈ। ਸੰਬਧਤ ਨੋਟ ਕਰਨ।

ਮੈਂ ਊਸ਼ਾ ਪਤਨੀ ਮੁੰਨਾ ਯਾਦਵ ਵਾਸੀ ਮਕਾਨ ਨੰ. 4/1596, ਤੁੰਗਪਾਈ, ਜੱਜ ਨਗਰ, ਜੋੜਾ ਫਾਟਕ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਵੱਡੀ ਲੜਕੀ ਪਲਕ (18 ਸਾਲ) ਜੋ ਕਿ ਮੇਰੇ ਅਤੇ ਮੇਰੇ ਪਤੀ ਦੇ ਕਹਿਣੇ, ਸੁਨਣੇ ਤੋਂ ਬਾਹਰ ਹੈ ਅਤੇ ਉਸਨੇ ਸਾਡੀ ਮਰਜੀ ਤੋਂ ਬਗੈਰ ਘਰੋਂ ਭੱਜ ਕੇ ਮੋਨੂੰ ਸ਼ਰਮਾ ਉਰਫ ਕਾਕਾ ਦੇ ਨਾਲ ਸ਼ਾਦੀ ਕਰ ਲਈ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਅਤੇ ਰਿਸ਼ਤੇ ਨਾਤਿਆਂ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ । ਮੇਰਾ ਅਤੇ ਮੇਰੇ ਪਰਿਵਾਰ ਦਾ ਪਲਕ ਅਤੇ ਉਸਦੇ ਸੋਹਰੇ ਪਰਿਵਾਰ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਸਤਪਾਲ ਪੁੱਤਰ ਸਗਲੀ ਰਾਮ ਵਾਸੀ ਪਿੰਡ ਤੇ ਡਾਕ. ਭੀਲੋਵਾਲ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਤੀਸ਼ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਵਰਨਾ ਰਾਮ ਪੁੱਤਰ ਫੱਲੀ ਰਾਮ ਵਾਸੀ ਮਕਾਨ ਨੰ: 318, ਨਿਊ ਅਬਾਦੀ ਜੱਲੋਵਾਲ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰੀਨਾ ਪਤਨੀ ਮਨੀਸ਼ ਵਾਸੀ ਪਿੰਡ ਕੋਟ ਸਦੀਕ, ਜ਼ਿਲ੍ਹਾ ਜਲੰਧਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਵਰਨਾ ਰਾਮ ਪੁੱਤਰ ਫੱਲੀ ਰਾਮ ਵਾਸੀ ਮਕਾਨ ਨੰ: 318, ਨਿਊ ਅਬਾਦੀ ਜੱਲੋਵਾਲ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੀਮਾ ਪਤਨੀ ਜਸਬੀਰ ਵਿਰਦੀ, ਵਾਸੀ ਪਿੰਡ ਜਗਰਾਲ, ਜ਼ਿਲ੍ਹਾ ਜਲੰਧਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮਨਜੀਤ ਕੌਰ ਪਤਨੀ ਭੋਲਾ ਸਿੰਘ ਵਾਸੀ ਜਗਤਪੁਰਾ, ਸੁਨਾਮ ਜਿਲ੍ਹਾ ਸੰਗਰੂਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ ਅਤੇ ਜੋ ਮੇਰੀ ਕੋਈ ਗੱਲ ਨਹੀ ਮੰਨਦਾ ਹੈ । ਇਸ ਲਈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ਼ ਕਰਦੀ ਹਾਂ, ਇਸ ਨਾਲ ਲੈਣ ਦੇਣ ਕਰਨ ਵਾਲਾ ਹਰ ਵਿਅਕਤੀ ਖੁਦ ਜੁੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਜਾ ਮੇਰੇ ਪਰਿਵਾਰ ਦੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ। ਸਬੰਧਤ ਨੋਟ ਕਰਨ ।

ਮੈਂ ਮਨਜੀਤ ਕੌਰ ਵਿਧਵਾ ਹਰਪਾਲ ਸਿੰਘ, ਵਾਸੀ ਭੋਰਸ਼ੀ ਰਾਜਪੂਤਾਂ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਕਵਲਜੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ, ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੁਰਜੀਤ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਰਾਮਗੜ੍ਹ ਸੀਕਰੀ ਤਹਿਸੀਲ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅੰਮ੍ਰਿਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸਨੂੰ ਤੁਰੰਤ ਪ੍ਰਭਾਵ ਨਾਲ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਨਿਰਮਲ ਸਿੰਘ ਪੁੱਤਰ ਤੇਗਾ ਸਿੰਘ ਅਤੇ ਰਾਜਵਿੰਦਰ ਕੌਰ ਪਤਨੀ ਨਿਰਮਲ ਸਿੰਘ ਵਾਸੀਅਨ ਪਿੰਡ ਕਾਉਕੇ, ਪੁਲਿਸ ਥਾਣਾ ਘਰਿੰਡਾ ਸਬ ਤਹਿਸੀਲ ਅਟਾਰੀ ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਪ੍ਰੀਤ ਸਿੰਘ ਜੋ ਕਿ ਸਾਡੇ ਕਹਿਣੇ ਤੋ ਬਾਹਰ ਹੈ। ਇਹ ਹੈ ਕਿ ਸਾਡਾ ਲੜਕਾ ਗੁਰਪ੍ਰੀਤ ਸਿੰਘ ਨੂੰ ਅਸੀਂ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋ ਬੇਦਖਲ ਕਰਦੇ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਇਸ ਦੇ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ ।ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ ਨਰਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਮਕਾਨ ਨੰਬਰ 30 , ਗੁਰੂ ਇਨਕਲੇਵ ਬਸਤੀ ਦਾਨਿਸ਼ਮੰਦਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਉਰਪਿੰਦਰ ਸਿੰਘ ਅਤੇ ਉਸ ਦੀ ਪਤਨੀ ਹਰਸਿਮਰਨ ਕੌਰ ਅਤੇ ਇਹਨਾਂ ਦਾ ਲੜਕਾ ਜਸ਼ਨਜੀਤ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ । ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਜੋ ਕੋਈ ਵੀ ਇਨ੍ਹਾਂ ਦੇ ਨਾਲ ਕਿਸੇ ਤਰਾਂ ਦਾ ਲੈਣ-ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

ਮੈਂ, ਵਿਨੋਦ ਕੁਮਾਰ ਧੀਰ ਪੁੱਤਰ ਸੁਰਿੰਦਰ ਪਾਲ ਧੀਰ ਵਾਸੀ ਨਿਊ ਫਰੈਂਡਸ ਕਲੋਨੀ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਿਵਮ ਧੀਰ ਜੋ ਕਿ ਕੁਆਰਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸ਼ਸ਼ੀ ਦੇਵੀ ਪਤਨੀ ਗਿਆ ਪ੍ਰਸ਼ਾਦ ਵਾਸੀ ਮਕਾਨ ਨੰ: 255, ਪਿੰਡ ਘੁਰਾਲਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦੀ ਹਾਂ ਕਿ ਮੇਰਾ ਪੁੱਤਰ ਮਨੋਜ ਕੁਮਾਰ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।


### ਉੱਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-104 | 15.09.25 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ):14508/F2, 14614/F1, 14654/R1, 14614/R1, 14654/F2, 14654/F1, 14630/F1, 14630/R1, 14730/R1 & 14730/F2. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2588/25


### ਫਾਰਮ ਨੰ ਯੂਆਰਸੀ-2

ਕੰਪਨੀਜ਼ ਐਕਟ ਦੇ ਅਧਿਆਇ XXI ਦੇ ਭਾਗ I ਤਹਿਤ ਪੰਜੀਕਰਣ ਬਾਰੇ ਸੂਚਨਾ ਦੇਣ ਵਾਲਾ ਇਸ਼ਤਿਹਾਰ

[ਕੰਪਨੀਜ਼ ਐਕਟ, 2013 ਦੀ ਧਾਰਾ 374 (ਬੀ) ਅਤੇ ਕੰਪਨੀਜ਼ (ਪੰਜੀਕਰਣ ਲਈ ਅਧਿਕਾਰਤ) ਨਿਯਮਾਂਵਲੀ, 2014 ਦੇ ਨਿਯਮ 4(1) ਅਨੁਸਾਰ।

1. ਇਸ ਇਸ਼ਤਿਹਾਰ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਕੰਪਨੀਜ਼ ਐਕਟ, 2013 ਦੀ ਧਾਰਾ 366 ਦੀ ਉਪ-ਧਾਰਾ (2) ਅਨੁਸਾਰ, ਇਸ ਇਸ਼ਤਿਹਾਰ ਦੇ ਜਾਰੀ ਹੋਣ ਤੋਂ ਪੰਦਰਾਂ (15) ਦਿਨਾਂ ਬਾਅਦ ਪਰੰਤੂ ਤੀਹ (30) ਦਿਨਾਂ ਦੇ ਅੰਦਰ, ਕੰਪਨੀਆਂ ਦੇ ਰਜਿਸਟਰਾਰ, ਪੰਜਾਬ ਤੇ ਚੰਡੀਗੜ੍ਹ ਅੱਗੇ ਇਹ ਬਿਨੈ ਪੱਤਰ ਦਿੱਤਾ ਜਾਣਾ ਪ੍ਰਸਤਾਵਿਤ ਹੈ ਕਿ ਮੈਸਰਜ਼ ਮਿੱਤਲ ਸਿਰੈਮਿਕਸ, ਜੋ ਕਿ ਇੱਕ ਭਾਈ ਵਾਲੀ ਫਰਮ ਹੈ, ਨੂੰ ਕੰਪਨੀਜ਼ ਐਕਟ, 2013 ਦੇ ਅਧਿਆਇ XXI ਦੇ ਭਾਗ I ਦੇ ਤਹਿਤ ਇਕ ਸੀਮਤ ਸ਼ੇਅਰਾਂ ਵਾਲੀ ਕੰਪਨੀ ਵਜੋਂ ਰਜਿਸਟਰ ਕੀਤਾ ਜਾਵੇ।
2. ਕੰਪਨੀ ਦੇ ਪ੍ਰਮੁੱਖ ਉਦੇਸ਼ ਹੇਠ ਲਿਖੇ ਅਨੁਸਾਰ ਹਨ :-
"ਹਰ ਕਿਸਮ ਦੇ ਸਟੀਲ ਇੰਗਾਟਸ, ਆਇਰਨ ਅਤੇ ਸਟੀਲ, ਕਾਸਟਿੰਗ ਰੋਲਸ ਅਤੇ ਅਲੋਏ ਸਟੀਲ ਦੇ ਨਿਰਮਾਣ ਅਤੇ ਵਪਾਰ ਅਤੇ ਹੋਰ ਸਬੰਧਤ ਗਤੀਵਿਧੀਆਂ ਵਿੱਚ ਲੱਗੀ ਹੋਈ ਕੰਪਨੀ ਵਜੋਂ ਕੰਮ ਕਰਨਾ।"
3. ਪ੍ਰਸਤਾਵਿਤ ਕੰਪਨੀ ਦੇ ਮੌਜੂਦਾ ਮੈਮੋਰੰਡਮ ਅਤੇ ਆਰਟੀਕਲਜ਼ ਆਫ ਐਸੋਸੀਏਸ਼ਨ ਦੀ ਨਕਲ ਪਿੰਡ ਕੂੰਭ, ਅਲਮੋਹ ਰੋਡ, ਮੰਡੀ ਗੋਬਿੰਦਗੜ੍ਹ ਸਥਿਤ ਦਫਤਰ ਵਿੱਚ ਜਾਂਚੀ ਜਾ ਸਕਦੀ ਹੈ।
4. ਇਸ ਇਸ਼ਤਿਹਾਰ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਜੇ ਕਿਸੇ ਵਿਅਕਤੀ ਨੂੰ ਇਸ ਬਿਨੈ-ਪੱਤਰ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣੇ ਇਤਰਾਜ਼ ਲਿਖਤੀ ਰੂਪ ਵਿੱਚ ਰਜਿਸਟਰਾਰ ਅੱਗੇ Central Registration Centre (CRC), Indian Institute of Corporate Affairs (IICA), Plot No. 6, 7, 8, Sector 5, IMT Manesar, District Gurgaon (Haryana), Pin Code-122050 ਵਿਖੇ ਇਸ ਸੂਚਨਾ ਦੀ ਪ੍ਰਕਾਸ਼ਨਾ ਦੇ 21 ਦਿਨਾਂ ਦੇ ਅੰਦਰ - ਅੰਦਰ ਪੇਸ਼ ਕਰ ਸਕਦਾ ਹੈ, ਲੇਕਿਨ ਉਸ ਨੂੰ ਇਸ ਦੀ ਇੱਕ ਨਕਲ ਕੰਪਨੀ ਦੇ ਰਜਿਸਟਰਡ ਦਫਤਰ' ਤੇ ਵੀ ਭੇਜਣੀ ਲਾਜ਼ਮੀ ਹੋਵੇਗੀ।

ਮਿਤੀ : 28 ਅਗਸਤ, 2025

ਮੈਸਰਜ਼ ਮਿੱਤਲ ਸੈਰਾਮਿਕਸ ਵੱਲੋਂ,
ਅਰਜ਼ੀਦਾਤਾ
1. ਕਰਨ ਗੋਇਲ
2. ਸ਼ਿਵਮ ਗੋਇਲ

### CREDIFIN LIMITED

(FORMERLY KNOWN AS PHF LEASING LIMITED)
CIN: L65110PB1992PLC012488
Regd. Off: 87, Radio Colony, BMC Chowk, Jalandhar–144001, PB
E-Mail id:compliance@credifin.in Website : www.credifin.in, Ph : +91 91151-00401

**33ਵੀਂ ਸਾਲਾਨਾ ਜਨਰਲ ਮੀਟਿੰਗ ਦਾ ਨੋਟਿਸ**

[illegible]

ਸਥਾਨ : ਜਲੰਧਰ
ਮਿਤੀ : 28 ਅਗਸਤ 2025

ਸਹੀ/-
ਸ਼ਿਖਾ ਕਪੂਰ
ਕੰਪਨੀ ਸੈਕਟਰੀ,
ਐਮ ਨੰ: ਏ 19146

### ਪਬਲਿਕ ਨੋਟਿਸ

**(ਨਾਂਅ ਦੀ ਸੋਧ ਕਰਨ ਸੰਬੰਧੀ)**

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਜਾਂਦਾ ਹੈ ਕਿ ਭੁਪਿੰਦਰ ਸਿੰਘ ਪੁੱਤਰ ਸਵਰਨ ਸਿੰਘ, ਵਾਸੀ ਪਿੰਡ ਪਿਪਲੀ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨੇ ਇਕ ਦਰਖਾਸਤ ਮਿਤੀ 26-08-2025 ਨੂੰ ਦਿੱਤੀ ਹੈ,ਜਿਸ ਵਿੱਚ ਉਸ ਨੇ ਲਿਖਿਆ ਹੈ ਕਿ ਭੁਪਿੰਦਰ ਸਿੰਘ ਪੁੱਤਰ ਸਵਰਨ ਸਿੰਘ ਦੀ ਮਾਤਾ ਸਿਮਰਜੀਤ ਕੌਰ ਉਰਫ ਸਿਮਰ ਕੌਰ ਵਿਧਵਾ ਸਰਵਨ ਸਿੰਘ ਉਰਫ ਸਵਰਨ ਸਿੰਘ ਪੁੱਤਰ ਜਗਤ ਸਿੰਘ ਅਤੇ ਗੁਰਚਰਨ ਸਿੰਘ ਉਰਫ ਗੁਰਨਾਮ ਸਿੰਘ ਪੁੱਤਰ ਸਰਵਨ ਸਿੰਘ ਉਰਫ ਸਵਰਨ ਸਿੰਘ ਲਿਖਿਆ ਜਾਵੇ।ਇਸ ਸੰਬੰਧੀ ਕਿਸੇ ਵਿਅਕਤੀ ਨੂੰ ਕੋਈ ਉਜ਼ਰ-ਇਤਰਾਜ਼ ਹੋਵੇ ਤਾਂ ਉਹ ਉਕਤ ਅਦਾਲਤ ਵਿਚ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰੇ। ਲਿਖਤੀ ਰੂਪ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਨਾਂਅ ਦੀ ਸੋਧ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈ ਯੋਗ ਨਹੀਂ ਹੋਵੇਗਾ।

ਅੱਜ ਮੇਰੇ ਹਸਤਾਖਰ ਅਤੇ ਦਫਤਰੀ ਮੋਹਰ ਸਹਿਤ ਜਾਰੀ ਕੀਤਾ ਗਿਆ

ਸਹੀ/-ਨਾਇਬ ਤਹਿਸੀਲਦਾਰ-ਕਮ ਸੀ. ਆਰ. ਓ., ਲੋਹੀਆਂ

### PUBLIC NOTICE

Notice is hereby given to general public that Sonu Arora Chopra and Shivani Arora Ds/o Prem Nath Arora are the co-owners in possession of the property/ house bearing No.8 total measuring 497.2 Sq. Yds. comprising out of Khasra No.784 Min, situated in the revenue estate of Amritsar Urban Circle No.109, Abadi Mohindra Colony, Tehsil & Distt. Amritsar. That the previous sale deed/title deed in the name of Mrs.Sudershan Arora W/o Dr.Prem Arora dated 19-02-1985 forming part of the chain of the title of the aforesaid property/house bearing Document No.8393, Bahi No.1, Page No.25 whose copy is lying pasted in Jild No.4158, Page No.44 has been lost by Dr. Prem Arora S/o Sohan Lal Arora on 07-03-2007 in the area of Police Post Circuit House, Amritsar near Asia Diagnostic Centre, Albert Road, Amritsar and he could not find the said sale deed despite putting in his best efforts. That a lost report vide G.D.No.8 dated 08-03-2007 with Police Post Circuit House, Amritsar on the duly sworn affidavit of Dr. Prem Arora S/o Sohan Lal Arora R/o H.No.8, Mohindra Colony, Tehsil & Distt. Amritsar has been lodged in connection with loss of sale deeds/title deeds along with BP apparatus carried in the bag. Now if anybody i.e. bank/financial institution/ NBFC/ individual or any other person/persons has got any objection regarding the loss of sale deed of the aforementioned property in question he/she should contact or submit his/her objections in writing to the undersigned within fifteen days from the date of publication in the news papers failing which the aforementioned property shall be treated as free from all encumbrances and shall be mortgaged with my client i.e. State Bank of India, RACPC, Rani Ka Bagh, Amritsar by way of deposit of sale deed of the said property in the names of the intended borrowers namely Rita Sharma W/o Vijay Sharma and Aashi Sharma W/o Amit Sharma both R/o H.No.9 Mahindra Colony, Rani Ka Bagh, Amritsar for a sum of Rs.1,50,00,000/-only.

Naresh Behl Advocate
37-C Distt. Courts Amritsar
M.No. 9888931922

### PUBLIC NOTICE

I, Randhir Singh S/o of Shri Charan Dass, Resident of House No. 446, Dashmesh Avenue, Majitha Road, Tehsil and District Amritsar declare that previous Original Sale Deed bearing Document No. 3191, Book No. 1, Page No. 171, Jild No. 4723, Page No. 46 registered on 17.06.1987 of my Property i.e. bearing private No. 446, having length 55 feet and width 30 feet, area measuring 183.33 Sq. yds., forming part of Khasra No. 79/9, 12 min, situated at Rakba Naushehra, Tehsil and District Amritsar executed by The Pearl Co-operative House Building Society in favour of Shri Vijay Mahajan S/o Shri Babu Ram Mahajan has been lost on 17.07.2025 and report in this regard has been lodged vide General Diary No. 021 dated 30.07.2025 in Police Station Majitha road, Amritsar. Now, I want to Mortgage the above said Property with Canara Bank, Retail Assets Hub, Amritsar. If any person has any objection or interest with regard to equitable mortgage of above said Property or is having any Claim/Knowledge of above said Document allege to have been lost, he may approach and file objection within 7 days before undersigned. There after bank will allow Loan against equitable mortgage of said Property considering the above said previous Registry to be lost and not deposited with any bank, private agency or person as security and thereafter, later on bank will not entertain any Claim/Objection in this regard. Anybody dealing in any manner regarding the property mentioned in lost Old Registry shall be responsible of his own. If anybody/borrower find/get the lost Old Registry, the same will have to deposit to the Canara Bank, Retail Assets Hub, Amritsar.

### COURT NOTICE

**(U/o 5 Rule 20 CPC)**
**In The Court of**
**Sh. Vineet Kumar Narang**
**Additional Principal Judge**
**Family Court, Nakodar**
**CNR No. PBJLF2-000350-2025**
**Next Date:- 13-10-2025**
**GW/31/2025**
**Jasminder Kaur Purewal**
**Vs.**
**Gurshabad Singh Purewal**
**Publication Issued To:**
**General Public**
**:- General Public**

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 13-10-2025 at 10:00 a.m.

For details logon to https://highcourtchd.gov.in/?mod=district_notice&district=Jalandhar

Additional Principal Judge
Family Court, Nakodar
Dated, this day of 22-08-2025

### ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਰਤਨਜੀਤ ਸਿੰਘ ਖੁੱਲਰ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ, ਦਰਜਾ ਅੱਵਲ, ਖੇਮਕਰਨ।

ਵਿਸ਼ਾ : ਅਣ-ਰਜਿਸਟਰਡ ਵਸੀਅਤ ਦਰਜ ਕਰਨ ਸੰਬੰਧੀ ਦਰਖਾਸਤ ਵੱਲੋਂ ਸ੍ਰੀਮਤੀ ਭੁਪਿੰਦਰ ਕੌਰ ਵਿਧਵਾ ਤੀਰਥ ਸਿੰਘ ਪੁੱਤਰ ਸੁਰਤਾ ਸਿੰਘ, ਵਾਕਿਆ ਰਕਬਾ ਪਿੰਡ ਕਾਲੀਆ ਸਕੱਤਰਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ।

ਸ੍ਰੀਮਤੀ ਭੁਪਿੰਦਰ ਕੌਰ ਵਿਧਵਾ ਤੀਰਥ ਸਿੰਘ ਪੁੱਤਰ ਸੁਰਤਾ ਸਿੰਘ ਵਾਸੀ ਕਾਲੀਆ ਸਕੱਤਰਾ, ਤਹਿ. ਪੱਟੀ, ਜ਼ਿਲ੍ਹਾ ਤਰਨ ਤਾਰਨ, ਵਾਕਿਆ ਰਕਬਾ ਕਾਲੀਆ ਸਕੱਤਰਾ ਨੇ ਨਿਮਨ ਹਸਤਾਖਰ ਕੋਲ ਆਪਣੇ ਪਤੀ ਲੇਟ ਤੀਰਥ ਸਿੰਘ ਪੁੱਤਰ ਸ੍ਰੀ ਸੁਰਤਾ ਸਿੰਘ ਦੇ ਭਰਾ ਦੀ ਜਾਇਦਾਦ ਵਾਕਿਆ ਰਕਬਾ ਪਿੰਡ ਕਾਲੀਆ ਸਕੱਤਰਾ, ਤਹਿ. ਪੱਟੀ, ਜ਼ਿਲ੍ਹਾ ਤਰਨ ਤਾਰਨ ਅਣ-ਰਜਿਸਟਰਡ ਵਸੀਅਤ-ਨਾਮਾ ਮਿਤੀ 23-01-2025 ਮੁਤਾਬਕ ਆਪਣੇ ਹੱਕ ਵਿੱਚ ਰਜਿਸਟਰਡ ਕਰਨ ਲਈ ਦਰਖਾਸਤ ਪੇਸ਼ ਕੀਤੀ ਹੈ। ਦਰਖਾਸਤਕਰਤਾ ਵੱਲੋਂ ਲਿਖਿਆ ਗਿਆ ਹੈ ਕਿ ਉਸ ਦੇ ਪਤੀ ਦੇ ਭਰਾ ਵੱਲੋਂ ਆਪਣੇ ਵਸੀਅਤਨਾਮਾ ਵਿੱਚ ਲਿਖਿਆ ਹੈ ਕਿ ਉਸ ਦੀ ਸ਼ਾਦੀ ਨਹੀਂ ਹੋਈ ਅਤੇ ਨਾ ਹੀ ਕੋਈ ਕਿਸੇ ਦਾ ਬੱਚਾ ਗੋਦ ਲਿਆ ਹੈ। ਉਸ ਦੇ ਮਾਤਾ ਪਿਤਾ ਦੀ ਮੌਤ ਹੋ ਚੁੱਕੀ ਹੈ। ਜੱਜ ਸਿੰਘ ਪੁੱਤਰ ਸੁਰਤਾ ਸਿੰਘ ਪੁੱਤਰ ਸੁਦਾਗਰ ਸਿੰਘ ਵਾਸੀ ਕਾਲੀਆ ਸਕੱਤਰਾ, ਜ਼ਿਲ੍ਹਾ ਤਰਨ ਤਾਰਨ ਵੱਲੋਂ ਲਿਖਿਆ ਹੈ ਕਿ ਉਸ ਦੀ ਮੌਤ ਤੋਂ ਬਾਅਦ ਉਸ ਦੀ ਜਾਇਦਾਦ ਵਿਚ ਉਸ ਦੀ ਭੈਣ ਨਿਰਮਲ ਕੌਰ, ਪ੍ਰਕਾਸ਼ ਸਿੰਘ ਪੁੱਤਰ ਸੁਰਤਾ ਸਿੰਘ ਪੁੱਤਰ ਸੁਦਾਗਰ ਸਿੰਘ ਬਰਾਬਰ 1/2 ਹਿੱਸਾ ਅਤੇ ਮੇਰੀ ਭਰਜਾਈ ਭੁਪਿੰਦਰ ਕੌਰ ਵਿਧਵਾ ਤੀਰਥ ਸਿੰਘ ਪੁੱਤਰ ਸੁਰਤਾ ਸਿੰਘ 1/4 ਹਿੱਸਾ ਅਤੇ ਮੇਰਾ ਭਤੀਜਾ ਗੁਰਸੇਵਕ ਸਿੰਘ ਪੁੱਤਰ ਸੱਤਪਾਲ ਸਿੰਘ ਪੁੱਤਰ ਸੁਰਤਾ ਸਿੰਘ 1/4 ਹਿੱਸਾ ਮਾਲਕ ਹੋਣਗੇ। ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਵਸੀਅਤਨਾਮਾ ਨੂੰ ਰਜਿਸਟਰਡ ਕਰਨ ਸੰਬੰਧੀ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਇਸ ਨੋਟਿਸ ਦੇ ਪਬਲਿਸ਼ ਹੋਣ ਦੀ ਮਿਤੀ ਤੋਂ ਪੰਦਰਾਂ ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿੱਚ ਅਸਾਲਤਨ/ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ਼/ਪੱਖ ਰੱਖ ਸਕਦਾ ਹੈ। ਜੇਕਰ ਨਿਸ਼ਚਿਤ ਸਮੇਂ ਵਿੱਚ ਕੋਈ ਇਤਰਾਜ਼ ਪੇਸ਼ ਨਹੀਂ ਹੁੰਦਾ ਤਾਂ ਮੰਨ ਲਿਆ ਜਾਵੇਗਾ ਕਿ ਕਿਸੇ ਵੀ ਵਿਅਕਤੀ ਨੂੰ ਉਕਤ ਵਸੀਅਤ ਨੂੰ ਰਜਿਸਟਰਡ ਕਰਨ ਸੰਬੰਧੀ ਕੋਈ ਇਤਰਾਜ਼ ਨਹੀਂ ਹੈ ਅਤੇ ਇਸ ਵਸੀਅਤਨਾਮਾ ਨੂੰ ਰਜਿਸਟਰਡ ਕਰਨ ਸੰਬੰਧੀ ਅਗਲੇਰੀ ਕਾਰਵਾਈ ਅਮਲ ਵਿੱਚ ਲਿਆ ਦਿੱਤੀ ਜਾਵੇਗੀ।

ਇਹ ਪਬਲੀਕੇਸ਼ਨ ਨੋਟਿਸ ਅੱਜ ਮਿਤੀ 25.8.25 ਨੂੰ ਮੇਰੀ ਮੋਹਰ ਅਤੇ ਹਸਤਾਖਰਾਂ ਨਾਲ ਜਾਰੀ ਹੋਇਆ ਹੈ।

ਨੰਬਰ ਰੀਡਰ 266 ਮਿਤੀ 22/8/25

ਸਹੀ/-ਸਹਾਇਕ ਕੁਲੈਕਟਰ, ਦਰਜਾ ਅੱਵਲ, ਖੇਮਕਰਨ, ਤਰਨ ਤਾਰਨ।

# ਧੁੱਸੀ ਬੰਨ੍ਹ ਦੀ ਮੁਰੰਮਤ 'ਚ ਰਾਧਾ ਸੁਆਮੀ ਸਤਿਸੰਗ ਬਿਆਸ ਦਾ ਸਹਿਯੋਗ ਸ਼ਲਾਘਾਯੋਗ : ਘੁੰਮਣ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਬਿਆਸ ਦਰਿਆ ਵਿੱਚ ਪਾਣੀ ਜਿਆਦਾ ਆਉਣ ਕਾਰਨ ਪਿੰਡ ਧੁੱਸੀ ਬੰਦ ਨਜ਼ਦੀਕ ਧੁੱਸੀ ਬੰਨ੍ਹ ਦੇ ਕਿਨਾਰਿਆਂ ਵਿੱਚ ਪਾੜ ਪੈਣ ਲੱਗ ਪਏ ਸਨ ਜਿਨ੍ਹਾਂ ਦੀ ਮੁਰੰਮਤ ਤੇ ਦੇਖਭਾਲ ਲਈ ਹਲਕਾ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ, ਐੱਸ ਡੀ ਐੱਮ ਦਸੂਹਾ ਕਮਲਜੀਤ ਸਿੰਘ, ਤਹਿਸੀਲਦਾਰ ਹਰਕਰਨ ਸਿੰਘ, ਡ੍ਰੇਨੇਜ ਵਿਭਾਗ ਦੇ ਐਕਸੀਅਨ ਰਾਜਕੁਮਾਰ, ਬੀ ਡੀ ਪੀ ਓ ਸੁਖਵਿੰਦਰ ਸਿੰਘ, ਐਸ ਡੀ ਓ ਡ੍ਰੇਨੇਜ ਵਿਭਾਗ ਜਤਿੰਦਰ ਸਿੰਘ, ਐਸ ਡੀ ਓ ਸੁਖਪ੍ਰੀਤ ਸਿੰਘ, ਮਾਰਕੀਟ ਕਮੇਟੀ ਚੇਅਰਮੈਨ ਕੇ ਪੀ ਸੰਧੂ ਅਤੇ ਧੁੱਸੀ ਬੰਦ ਦੇ ਸਰਪੰਚ ਲਖਵਿੰਦਰ ਪਾਲ ਸਿੰਘ ਪਿੰਡ ਨਿਵਾਸੀਆਂ ਦੀ ਮਦਦ ਲਈ ਧੁੱਸੀ ਬੰਨ੍ਹ ਪਹੁੰਚੇ। ਧੁੱਸੀ ਬੰਨ੍ਹ ਦੀ ਮੁਰੰਮਤ ਲਈ ਐਸ ਡੀ ਐਮ ਦਸੂਹਾ ਕਮਲਜੀਤ ਸਿੰਘ ਅਤੇ ਡੀ ਸੀ ਦਫ਼ਤਰ ਹੁਸ਼ਿਆਰਪੁਰ ਨੇ ਰਾਧਾ ਸੁਆਮੀ ਸਤਸੰਗ ਬਿਆਸ ਹੁਸ਼ਿਆਰਪੁਰ 2 ਦੇ ਏਰੀਆ ਸੈਕਟਰੀ ਨਾਲ ਉਨ੍ਹਾਂ ਦੀ ਸਹਾਇਤਾ ਲੈਣ ਲਈ ਸੰਪਰਕ ਕੀਤਾ, ਜਿਨ੍ਹਾਂ ਨੇ ਜ਼ੋਨਲ ਸੈਕਟਰੀ ਤੋਂ ਇਜਾਜ਼ਤ ਲੈ ਕੇ ਝਾਂਸ (ਟਾਂਡਾ) ਅਤੇ ਬਸੋਆ ਸਤਸੰਗ ਘਰਾਂ ਤੋਂ ਸੈਂਕੜੇ ਸੇਵਾਦਾਰ ਧੁੱਸੀ ਬੰਨ ਦੀ ਮੁਰੰਮਤ ਲਈ ਮੁਹੱਈਆ ਕਰਵਾ ਦਿੱਤੇ। ਇਨ੍ਹਾਂ ਸੇਵਾਦਾਰਾਂ ਨੇ ਅੱਧੀ ਰਾਤ ਤੱਕ ਪੂਰੀ ਲਗਨ ਨਾਲ ਮਿਹਨਤ ਕਰਕੇ ਧੁੱਸੀ ਬੰਨ੍ਹ ਵਿਚ ਪਾੜ ਪਏ ਥਾਵਾਂ ਤੇ ਰੇਤ ਨਾਲ ਭਰੇ ਬੋਰੇ ਲਗਾ ਕੇ ਬੰਨ ਦੀ ਮੁਰੰਮਤ ਕਰ ਦਿੱਤੀ। ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਕਿਹਾ ਕਿ ਮਾਨ ਸਰਕਾਰ ਦੀਆਂ ਸਖ਼ਤ ਹਦਾਇਤਾਂ ਅਨੁਸਾਰ ਹੜ ਪੀੜਿਤ ਪਿੰਡਾਂ ਦਾ ਦੌਰਾ ਕਰਕੇ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਪ੍ਰਕਾਰ ਦੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਮੈਡੀਕਲ ਕੈਂਪ ਲਗਾਉਣ ਦੇ ਇਲਾਵਾ ਪਸ਼ੂਆਂ ਦਾ ਚਾਰਾ, ਪੀਣ ਵਾਲੇ ਪਾਣੀ ਤੋਂ ਇਲਾਵਾ ਲੋਕਾਂ ਦੇ ਘਰਾਂ ਨੂੰ ਪਹੁੰਚੇ ਨੁਕਸਾਨ ਦਾ ਜਾਇਜ਼ਾ ਲੈਣ ਲਈ ਮਾਲ ਵਿਭਾਗ ਨੂੰ ਸਖ਼ਤ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।



# ਕਾਰ ਤੇ ਐਕਟਿਵਾ ਦੀ ਟੱਕਰ 'ਚ 1 ਹਲਾਕ, 1 ਜ਼ਖ਼ਮੀ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਬਿਸਤ ਦੁਆਬ ਧੂਨੀ ਨਹਿਰ ਵਾਲੀ ਸੜਕ ਤੇ ਅੱਡਾ ਕੋਟਫਤੂਹੀ 'ਚ ਇਕ ਆਈ ਟਵੈਂਟੀ ਕਾਰ ਤੇ ਐਕਟਿਵਾ ਦੀ ਟੱਕਰ ਵਿਚ ਐਕਟਿਵਾ ਸਵਾਰ ਨਹਿਰ ਦੇ ਕਿਨਾਰੇ ਨਾ ਹੋਣ ਕਰ ਕੇ ਨਹਿਰ ਵਿਚ ਡਿੱਗ ਪਏ, ਜਿਸ ਵਿਚ ਐਕਟਿਵਾ ਚਾਲਕ ਪਾਣੀ ਦੇ ਤੇਜ਼ ਵਹਾਓ ਵਿਚ ਵਹਿ ਗਿਆ। ਉਸ ਦੀ ਡੁਬਣ ਨਾਲ ਮੌਤ ਹੋ ਗਈ, ਜਦਕਿ ਉਸ ਦੇ ਦੂਸਰੇ ਜ਼ਖ਼ਮੀ ਸਾਥੀ ਨੂੰ ਲੋਕਾਂ ਵੱਲੋਂ ਨਹਿਰ ਵਿਚੋਂ ਕੱਢ ਕੇ ਸਥਾਨਕ ਪ੍ਰਾਈਵੇਟ ਹਸਪਤਾਲ ਵਿਖੇ ਦਾਖਲ ਕਰਵਾਇਆ, ਜਿੱਥੇ ਡਾਕਟਰਾਂ ਅਨੁਸਾਰ ਉਸ ਦਾ ਸੱਜਾ ਪੈਰ ਟੁੱਟ ਗਿਆ। ਲੋਕੀਂ ਤੇ ਐਕਟਿਵਾ ਨੰਬਰ ਪੀ. ਬੀ. 24 ਈ 1795 ਜਿਸ ਨੂੰ ਸਤਨਾਮ ਸਿੰਘ ਨਿਵਾਸੀ ਲੰਗੇਰੀ ਚਲਾ ਰਿਹਾ ਸੀ, ਉਸ ਦੇ ਨਾਲ ਉਸ ਦਾ ਸਾਥੀ ਜਤਿੰਦਰ ਸਿੰਘ ਨਿਵਾਸੀ ਬਘੋਰਾ ਕੋਟਫਤੂਹੀ ਬਿਸਤ ਦੁਆਬ ਨਹਿਰ ਵਾਲੀ ਸੜਕ ਰਾਹੀਂ ਜਲੰਧਰ ਨੂੰ ਜਾ ਰਹੇ ਸਨ, ਜਦੋਂ ਉਹ ਬਿਸਤ ਦੁਆਬ ਨਹਿਰ ਵਾਲੇ ਪੁਲ ਤੋਂ 500 ਗਜ਼ ਅੱਗੇ ਆਏ ਤਾਂ ਅੱਗਿਓਂ ਆ ਰਹੀ ਆਈ ਟਵੈਂਟੀ ਕਾਰ ਪੀ. ਬੀ. 08 ਸੀ. ਕੇ 6992 ਜਿਸ ਨੂੰ ਆਕਾਸ਼ ਨਿਵਾਸੀ ਪਚਨੰਗਲ ਚਲਾ ਰਿਹਾ ਸੀ, ਦੀ ਟੱਕਰ ਹੋ ਗਈ।



# ਸਿਹਤ ਵਿਭਾਗ ਲੋਕਾਂ ਦੀ ਸਿਹਤ ਸੁਰੱਖਿਆ ਯਕੀਨੀ ਬਣਾਉਣ ਲਈ ਵਚਨਬੱਧ : ਡਾ. ਮਾਨ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਰਹਿਨੁਮਾਈ ਹੇਠ ਸਿਹਤ ਵਿਭਾਗ ਹੜ੍ਹਾਂ ਦੇ ਸੰਭਾਵਿਤ ਖ਼ਤਰੇ ਨਾਲ ਨਜਿੱਠਣ ਲਈ ਚੌਕਸ ਹੈ। ਇਸੇ ਤਹਿਤ ਸੈਕ. ਜਨਰਲ ਬਿਕਰਮ ਸਿੰਘ ਸਬ ਡਵੀਜਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਨੇ ਲਗਾਤਾਰ ਪੈ ਰਹੇ ਮੀਂਹ ਕਾਰਨ ਹੜ੍ਹਾਂ ਦੇ ਖ਼ਤਰੇ ਦੇ ਮੱਦੇਨਜ਼ਰ ਚੌਕਸੀਆਂ ਸਿਹਤ ਬਲਾਕ ਬਲਾਚੌਰ ਅਧੀਨ ਸਤਲੁਜ ਦਰਿਆ ਨਾਲ ਲੱਗਦੇ ਪਿੰਡ ਔਲੀਆਪੁਰ ਵਿੱਚ ਬੰਨ੍ਹ ਇਲਾਕੇ ਦਾ ਦੌਰਾ ਕੀਤਾ ਤੇ ਮੈਡੀਕਲ ਐਮਰਜੈਂਸੀ ਦੀ ਸਥਿਤੀ ਪੈਦਾ ਹੋਣ ਦੀ ਸੂਰਤ ਵਿੱਚ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਡਾ. ਕੁਲਵਿੰਦਰ ਮਾਨ ਨੇ ਹਦਾਇਤ ਕੀਤੀ ਕਿ ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਨਾਲ ਨਜਿੱਠਣ ਲਈ ਜ਼ਰੂਰੀ ਦਵਾਈਆਂ, ਮੈਡੀਕਲ ਸਾਜੋ-ਸਮਾਨ ਦੀ ਉਪਲੱਬਧਤਾ ਯਕੀਨੀ ਬਣਾਉਣ ਤੇ ਮੈਨਪਾਵਰ ਦੀ ਤਰਕਸੰਗਤ ਢੰਗ ਨਾਲ ਵਰਤੋਂ ਕੀਤੀ ਜਾਵੇ। ਉਨ੍ਹਾਂ ਸਿਹਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੜ੍ਹਾਂ ਦੀ ਸੰਭਾਵਨਾ ਦੇ ਮੱਦੇਨਜ਼ਰ ਸਤਲੁਜ ਦਰਿਆ ਨਾਲ ਲੱਗਦੇ ਸਾਰੇ ਪਿੰਡਾਂ ਵਿੱਚ ਐਮਰਜੈਂਸੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੁਖਤਾ ਪ੍ਰਬੰਧ ਕੀਤੇ ਜਾਣ। ਉਨ੍ਹਾਂ ਦੱਸਿਆ ਕਿ ਮੈਡੀਕਲ ਐਮਰਜੈਂਸੀ ਦੀ ਸਥਿਤੀ ਵਿੱਚ ਸਤਲੁਜ ਦਰਿਆ ਨਾਲ ਲੱਗਦੇ ਸਾਰੇ ਪਿੰਡਾਂ ਵਿੱਚ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰੈਪਿਡ ਰਿਸਪਾਂਸ ਮੈਡੀਕਲ ਟੀਮਾਂ ਚੌਕਸ ਰਹਿਣ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਸ ਕੁਦਰਤੀ ਆਫਤ ਵਿਚ ਲੋਕਾਂ ਨੂੰ ਆਪਣੀ ਸਿਹਤ ਨੂੰ ਲੈ ਕੇ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਬਰਸਾਤ ਦੇ ਮੌਸਮ ਵਿੱਚ ਆਮ ਨਾਗਰਿਕਾਂ ਲਈ ਸਿਹਤ ਅਡਵਾਈਜ਼ਰੀ ਜਾਰੀ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਬਰਸਾਤ ਦੇ ਮੌਸਮ ਵਿੱਚ ਖਾਸ ਕਰਕੇ ਦੂਸ਼ਿਤ ਪਾਣੀ ਅਤੇ ਵੈਕਟਰ ਬੌਰਨ ਬਿਮਾਰੀਆਂ ਫੈਲਣ ਦਾ ਖਦਸ਼ਾ ਹੁੰਦਾ ਹੈ, ਇਸ ਲਈ ਲੋੜੀਂਦੀਆਂ ਸਾਵਧਾਨੀਆਂ ਵਰਤੀਆਂ ਜਾਣ ਅਤੇ ਦੂਸ਼ਿਤ ਪਾਣੀ ਅਤੇ ਵੈਕਟਰ ਬੋਰਨ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਢੁੱਕਵੇਂ ਕਦਮ ਉਠਾਉਣ ਦੇ ਨਾਲ-ਨਾਲ ਲੋਕਾਂ ਵਿੱਚ ਜਾਗਰੂਕਤਾ ਫੈਲਾਈ ਜਾਵੇ। ਡਾ. ਮਾਨ ਨੇ ਕਿਹਾ ਕਿ ਸਿਹਤ ਵਿਭਾਗ ਹੜ੍ਹਾਂ ਦੀ ਸੰਭਾਵਨਾ ਦੇ ਮੱਦੇਨਜ਼ਰ ਲੋਕਾਂ ਦੀ ਸਿਹਤ ਸੁਰੱਖਿਆ ਲਈ ਵਚਨਬੱਧ ਹੈ। ਇਸ ਮੌਕੇ ਸਿਹਤ ਇੰਸਪੈਕਟਰ ਦਿਲਬਾਗ ਸਿੰਘ ਤੇ ਹੋਰ ਵੀ ਹਾਜ਼ਰ ਸਨ।



# ਸੀ ਪੀ ਆਈ ਐੱਮ ਸੂਬੇ ਦੀਆਂ ਸਰਕਾਰੀ ਜ਼ਮੀਨਾਂ ਵੇਚਣ ਨਹੀਂ ਦੇਵੇਗੀ : ਸੇਖੋਂ

**ਬੰਗਾ (ਅਵਤਾਰ ਕਲੇਰ)**- ਸੂਬੇ ਦੀ ਵਿਗੜਦੀ ਜਾ ਰਹੀ ਰਾਜ ਸਰਕਾਰ ਆਪਣੇ ਬੇਲੋੜੇ ਖ਼ਰਚ ਘੱਟ ਕਰਨ ਤੇ ਆਮਦਨ ਦੇ ਨਵੇਂ ਵਸੀਲੇ ਵੱਲ ਉਚੇਚਾ ਧਿਆਨ ਦੇਵੇ। ਇਹ ਵਿਚਾਰ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਇਸ ਪੱਤਰਕਾਰ ਨਾਲ ਫੋਨ ਵਾਰਤਾ ਦੌਰਾਨ ਪ੍ਰਗਟ ਕੀਤੇ। ਉਹ ਸਰਕਾਰ ਵੱਲੋਂ ਖਾਲੀ ਪਈਆਂ ਜ਼ਮੀਨਾਂ ਦੀ ਵੇਚਣ ਲਈ ਕੀਤੀ ਜਾ ਰਹੀ ਸਨਾਖ਼ਤ ਦੇ ਸੰਦਰਭ ਵਿੱਚ ਗੱਲ ਕਰ ਰਹੇ ਸਨ। ਕਾ: ਸੇਖੋਂ ਨੇ ਕਿਹਾ ਕਿ ਸਰਕਾਰ ਦਾ ਰਹਿਣਾ ਦਾ ਖ਼ਰਚ ਪੂਰਾ ਕਰਨ ਲਈ ਕੀਤੇ ਜਾ ਰਹੇ ਬੇਲੋੜੇ ਖ਼ਰਚੇ ਘੱਟ ਕੀਤੇ ਜਾ ਸਕਦੇ ਹਨ ਤੇ ਆਮਦਨ ਦੇ ਨਵੇਂ ਵਸੀਲੇ ਪੈਦਾ ਕੀਤੇ ਜਾ ਸਕਦੇ ਹਨ। ਉਹਨਾਂ ਕਿਹਾ ਕਿ ਜੇਕਰ ਸੂਬਾ ਸਰਕਾਰ ਨੇ ਸਰਕਾਰੀ ਜਾਇਦਾਦਾਂ ਵੇਚਣ ਵੱਲ ਕਦਮ ਵਧਾਇਆ ਤਾਂ ਸੀ ਪੀ ਆਈ ਐੱਮ ਪੰਜਾਬ ਦੀਆਂ ਹਮਖਿਆਲੀ ਪਾਰਟੀਆਂ ਅਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਡਟਵਾਂ ਵਿਰੋਧ ਕਰੇਗੀ।

# ਗਰਭਵਤੀ ਨਾਲ 6 ਵਿਅਕਤੀਆਂ ਨੇ ਅਸ਼ਲੀਲ ਹਰਕਤ ਕਰਕੇ ਕੀਤੀ ਕੁੱਟਮਾਰ

**ਮਾਹਿਲਪੁਰ (ਸਫਰੀ)**- ਥਾਣਾ ਚੱਬੇਵਾਲ ਅਧੀਨ ਪੈਂਦੇ ਪਿੰਡ ਜੈਤਪੁਰ ਦੀ ਇੱਕ 8 ਮਹੀਨੇ ਦੀ ਗਰਭਵਤੀ ਮਹਿਲਾ ਨੂੰ ਪਿੰਡ ਦੇ ਹੀ ਛੇ ਵਿਅਕਤੀਆਂ ਵਲੋਂ ਘਰ ਅੰਦਰ ਦਾਖਲ ਹੋ ਕੇ ਅਸ਼ਲੀਲ ਹਰਕਤਾਂ ਕਰਨ, ਜਾਤੀ ਸੂਚਕ ਸ਼ਬਦ ਬੋਲਣ ਅਤੇ ਕੁੱਟਮਾਰ ਕਰਕੇ ਜ਼ਖਮੀ ਕਰਨ ਦੇ ਆਰੋਪ ਲਗਾਏ ਹਨ। ਜ਼ਖਮੀ ਹਾਲਤ ਵਿਚ ਮਹਿਲਾ ਨੂੰ ਸਿਵਲ ਹਸਪਤਾਲ ਮਾਹਿਲਪੁਰ ਭਰਤੀ ਕਰਾਇਆ ਗਿਆ, ਜਿਥੇ ਡਾਕਟਰਾਂ ਨੇ ਉਸਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਸਿਵਲ ਹਸਪਤਾਲ ਹੁਸ਼ਿਆਰਪੁਰ ਭੇਜ ਦਿੱਤਾ। ਮਹਿਲਾ ਨੇ ਜ਼ਿਲ੍ਹਾ ਪੁਲਸ ਕਪਤਾਨ ਹੁਸ਼ਿਆਰਪੁਰ ਨੂੰ ਇਨਸਾਫ ਲਈ ਗੁਹਾਰ ਲਗਾਈ ਹੈ। ਜਾਣਕਾਰੀ ਮੁਤਾਬਿਕ ਨੀਲਮ ਰਾਣੀ ਪੁੱਤਰੀ ਸੁਰਜੀਤ ਕੁਮਾਰ ਨਿਵਾਸੀ ਜੈਤਪੁਰ ਨੇ ਜ਼ਿਲ੍ਹਾ ਪੁਲਸ ਮੁਖੀ ਹੁਸ਼ਿਆਰਪੁਰ ਨੂੰ ਦਿੱਤੀ ਦਰਖ਼ਾਸਤ ਵਿਚ ਕਿਹਾ ਕਿ 8 ਅਗਸਤ ਦਿਨ ਸੋਮਵਾਰ ਨੂੰ ਉਹ ਆਪਣੇ ਘਰ ਵਿਚ ਸੀ ਤਾਂ ਅਚਾਨਕ 10 ਵਜੇ ਦੇ ਕਰੀਬ ਹਰਪਾਲ ਸਿੰਘ ਉਰਫ ਪਾਲ, ਗੁਰਚਰਨ ਸਿੰਘ, ਜੋਗਿੰਦਰ ਪਾਲ, ਕਮਲਜੀਤ ਸਿੰਘ, ਮਨਦੀਪ ਸਿੰਘ ਅਤੇ ਅਮਰਜੀਤ ਸਿੰਘ ਉਨ੍ਹਾਂ ਦੇ ਘਰ ਅੰਦਰ ਦਾਖਲ ਹੋਏ ਤਾਂ ਮੇਰੇ ਭਰਾ ਅੰਕੁਸ਼ ਬਾਰੇ ਪੁੱਛ ਕੇ ਅਪਸ਼ਬਦ ਕਹਿਣ ਲਗ ਪਏ। ਉਸ ਨੇ ਕਿਹਾ ਕਿ ਜਦ ਉਸ ਨੇ ਉਨ੍ਹਾਂ ਨੂੰ ਅਪਸ਼ਬਦ ਕਹਿਣ ਤੋਂ ਰੋਕਿਆ ਤਾਂ ਕਮਲਜੀਤ ਨੇ ਅਸ਼ਲੀਲ ਹਰਕਤਾਂ ਕਰ ਕੇ ਉਸ ਨੂੰ ਧੱਕਾ ਦੇ ਦਿੱਤਾ ਅਤੇ ਗੁਰਚਰਨ ਸਿੰਘ ਉਸ ਦੇ ਥੱਪੜ ਮਾਰਨ ਲੱਗ ਪਿਆ। ਉਸ ਨੇ ਦੱਸਿਆ ਕਿ ਮਨਦੀਪ ਸਿੰਘ ਨੇ ਉਸਦੇ ਪੇਟ ਵਿੱਚ ਲੱਤਾਂ ਮਾਰੀਆਂ ਤੇ ਉਹ ਜ਼ਮੀਨ ਤੇ ਡਿੱਗ ਪਈ। ਉਸ ਤੋਂ ਬਾਅਦ ਜੋਗਿੰਦਰਪਾਲ ਅਤੇ ਅਮਰਜੀਤ ਸਿੰਘ ਨੇ ਉਸਦੇ ਵਾਲ ਪੁੱਟੇ ਤੇ ਕਮਲਜੀਤ ਸਿੰਘ ਤੇ ਹਰਪਾਲ ਸਿੰਘ ਨੇ ਉਸ ਨੂੰ ਜਾਤੀ ਸੂਚਕ ਸ਼ਬਦ ਬੋਲ ਕੇ ਜ਼ਲੀਲ ਕੀਤਾ। ਸ਼ੋਰ ਮਚਾਉਣ ਤੇ ਉਕਤ ਵਿਅਕਤੀ ਉਸ ਨੂੰ ਜ਼ਖਮੀ ਹਾਲਤ ਵਿੱਚ ਛੱਡਕੇ ਫਰਾਰ ਹੋ ਗਏ। ਉਸ ਨੇ ਦੱਸਿਆ ਕਿ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਮਾਹਿਲਪੁਰ ਭਰਤੀ ਕਰਾਇਆ ਗਿਆ, ਜਿਥੇ ਉਸ ਦੀ ਐੱਮ ਐੱਲ ਆਰ ਕੱਟੀ ਗਈ ਤੇ ਡਾਕਟਰਾਂ ਨੇ ਉਸ ਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਸਿਵਲ ਹਸਪਤਾਲ ਹੁਸ਼ਿਆਰਪੁਰ ਭੇਜ ਦਿੱਤਾ ਜਿੱਥੇ ਉਸਦਾ ਇਲਾਜ ਚੱਲ ਰਿਹਾ ਹੈ।



# ਮੁਫ਼ਤ ਮੈਡੀਕਲ ਕੈਂਪ ਲਗਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਯੂਸ਼ ਹੈਲਥ ਐਂਡ ਵੈਲਨੈਸ ਸੈਂਟਰ, ਹਰਦੋਖਾਨਪੁਰ ਵਿਖੇ ਨੋਡਲ ਅਫ਼ਸਰ ਡਾ. ਰਵਜੋਤ ਕੌਰ ਆਯੁਰਵੈਦਿਕ ਮੈਡੀਕਲ ਅਫ਼ਸਰ ਦੀ ਅਗਵਾਈ ਹੇਠ ਗੁਰਦੁਆਰਾ ਸਿੰਘ ਸਭਾ ਹਰਦੋਖਾਨਪੁਰ ਵਿਖੇ ਮੁਫ਼ਤ ਆਯੂਸ਼ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਡਾ. ਅੰਮ੍ਰਿਤ ਪਾਲ ਸਿੰਘ, ਆਫਿਸ ਸੁਪਰਡੈਂਟ ਮੈਡਮ ਦਲਜੀਤ ਕੌਰ, ਸਰਪੰਚ ਅਮਨਦੀਪ ਸਿੰਘ ਅਤੇ ਸਮੂਹ ਪੰਚਾਇਤ ਮੈਂਬਰਾਂ ਵਲੋਂ ਸਾਂਝੇ ਤੌਰ ਤੇ ਕੀਤਾ ਗਿਆ। ਇਸ ਮੌਕੇ ਬੋਲਦਿਆਂ ਨੋਡਲ ਅਫ਼ਸਰ ਡਾ. ਰਵਜੋਤ ਕੌਰ, ਆਯੁਰਵੈਦਿਕ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਇਸ ਕੈਂਪ ਵਿਚ ਪਿੰਡ ਹਰਦੋਖਾਨਪੁਰ ਤੋਂ ਇਲਾਵਾ ਇਲਾਕੇ ਦੇ ਪਿੰਡਾਂ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਆਪਣਾ ਮੈਡੀਕਲ ਚੈੱਕ-ਅਪ ਕਰਵਾਇਆ। ਕੈਂਪ ਦੌਰਾਨ ਮਾਹਿਰ ਡਾਕਟਰਾਂ ਵਲੋਂ ਵੱਖ-ਵੱਖ ਬਿਮਾਰੀਆਂ ਜਿਵੇਂ ਬਲੱਡ ਪ੍ਰੈਸ਼ਰ, ਜੋੜਾਂ ਦਾ ਦਰਦ, ਹਾਜ਼ਮੇਂ ਅਤੇ ਸਾਹ ਸੰਬੰਧੀ ਰੋਗ, ਮਨੋਰੋਗਾਂ ਨਾਲ ਗ੍ਰਸਤ ਮਰੀਜ਼ਾਂ ਨੂੰ ਮੁਫ਼ਤ ਸਲਾਹ ਦਿੱਤੀ ਅਤੇ ਸ਼ੂਗਰ ਦੇ ਮੁਫ਼ਤ ਟੈਸਟ ਕੀਤੇ ਗਏ। ਇਸ ਕੈਂਪ ਵਿਚ ਵੱਖ-ਵੱਖ ਬਿਮਾਰੀਆਂ ਨਾਲ ਗ੍ਰਸਤ 427 ਮਰੀਜ਼ਾਂ ਨੂੰ ਆਯੁਰਵੈਦਿਕ ਅਤੇ 315 ਮਰੀਜ਼ਾਂ ਨੂੰ ਹੋਮਿਓਪੈਥਿਕ ਦਵਾਈਆਂ ਦਿੱਤੀਆਂ ਗਈਆਂ। ਇਸ ਕੈਂਪ ਨੂੰ ਨੇਪਰੇ ਚਾੜ੍ਹਨ ਲਈ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਮਨੋਜ ਕੁਮਾਰ, ਡਾ. ਰਿਤੂ, ਡਾ. ਸ਼ੁਭਮ, ਉਪਵੈਦ ਸ੍ਰੀ ਸੰਜ਼ਰ ਸ਼ਰਮਾ, ਜਸਵੀਰ ਠਾਕੁਰ, ਅੰਮ੍ਰਿਤ ਪਾਲ ਸਿੰਘ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਕੈਂਪ ਦੇ ਅੰਤ ਵਿਚ ਆਏ ਹੋਏ ਸਾਰੇ ਮਹਿਮਾਨਾਂ ਨੂੰ ਔਸ਼ਧੀ ਪੌਦੇ ਦੇ ਕੇ ਸਨਮਾਨਤ ਕੀਤਾ।

# ਐੱਮ ਐੱਲ ਏ ਗਰਭਵਤੀ ਔਰਤ ਲਈ ਰੱਬ ਬਣ ਕੇ ਬਹੁੜੇ

**ਕਾਲਾ ਸੰਘਿਆਂ (ਮਨਜੀਤ ਮਾਨ)**- ਬੀਤੀ ਰਾਤ 11:30 ਵਜੇ ਪਿੰਡ ਚਕਰਾਲਾ ਤੋਂ ਮਾਂ ਭਗਵਤੀ ਦੇ ਜਾਗਰਣ ਤੋਂ ਵਾਪਸ ਪਰਤ ਰਹੇ ਰਸਤੇ ਵਿੱਚ ਇਕ ਗੱਡੀ ਦਾ ਐਕਸੀਡੈਂਟ ਹੋਇਆ ਸੀ ਜਦੋਂ ਐੱਮ ਐੱਲ ਏ ਬਲਕਾਰ ਸਿੰਘ ਨੇ ਦੇਖਿਆ ਤਾਂ ਉਨ੍ਹਾਂ ਕਾਫ਼ਲਾ ਰੁਕ ਗਿਆ। ਉਨ੍ਹਾਂ ਦੇਖਿਆ ਕਿ ਇਸ ਐਕਸੀਡੈਂਟ ਵਿੱਚ ਇੱਕ ਗਰਭਵਤੀ ਔਰਤ ਦਰਦ ਨਾਲ ਤੜਫ ਰਹੀ ਸੀ ਤੇ ਮੌਕੇ 'ਤੇ ਹੀ ਬਲਕਾਰ ਸਿੰਘ ਨੇ ਆਪਣੀ ਗੱਡੀ ਵਿੱਚ ਬਿਠਾ ਕੇ ਗਰਭਵਤੀ ਔਰਤ ਨੂੰ ਹਸਪਤਾਲ ਪਹੁੰਚਾਇਆ ਤੇ ਹਸਪਤਾਲ ਪਹੁੰਚ ਕੇ ਜਦੋਂ ਬਲਕਾਰ ਸਿੰਘ ਆਪਣੇ ਘਰ ਨੂੰ ਤੁਰਨ ਲੱਗੇ ਤੇ ਕੁੱਝ ਭਾਈਚਾਰੇ ਦੀਆਂ ਔਰਤਾਂ ਨੇ ਪਿੱਛੋਂ ਆਵਾਜ ਮਾਰ ਕੇ ਬਲਕਾਰ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ ਇਹ ਜਾਣਕਾਰੀ ਦਵਿੰਦਰਜੀਤ ਸਿੰਘ ਚੁਗਾਵਾਂ ਤੇ ਹਿੰਮਤ ਸਿੰਘ ਅਵਾਨਾਨ ਵਲੋਂ ਦਿੱਤੀ ਗਈ।



# ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਨੂਮਤ ਆਈ ਐੱਮ ਟੀ ਕਾਲਜ ਕੈਂਪਸ ਵਿਖੇ ਫੋਰਟਿਸ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਇੱਕ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ। ਜਿਸ ਵਿੱਚ ਇਲਾਕੇ ਭਰ ਦੇ ਲੋਕਾਂ ਨੇ ਪਹੁੰਚ ਕੇ ਫਰੀ ਟੈਸਟਾਂ ਦਾ ਲਾਭ ਲਿਆ। ਕਾਲਜ ਡਾਇਰੈਕਟਰ ਡਾ. ਸ਼ੈਲੀ ਏਸੀ ਸ਼ਰਮਾ ਦੀ ਦੇਖਰੇਖ ਹੇਠ ਆਯੋਜਿਤ ਕੈਂਪ ਦੌਰਾਨ ਦਿਲ ਦੇ ਰੋਗਾਂ ਦੇ ਮਾਹਿਰ ਡਾ. ਸੰਦੀਪ ਚੋਪੜਾ, ਅੱਖਾਂ ਦੇ ਮਾਹਿਰ ਡਾ. ਪੁਨੀਤ ਰਾਣੀ, ਗੁਰਦੇ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਵਿਪੁਲ ਗੁਪਤਾ ਅਤੇ ਗਾਇਨੀਕੋਲੋਜਿਸਟ ਡਾ. ਗੁਰਸਮਰਣ ਕੌਰ ਪ੍ਰਿੰਸੀਪਲ ਕੰਸਲਟੈਂਟ ਅਬਸਟੈਟ੍ਰਿਕਸ ਤੇ ਗਾਇਨੀਕੋਲੋਜਿਸਟ ਨੇ ਲੋੜਵੰਦਾਂ ਦੀ ਜਾਂਚ ਕੀਤੀ ਅਤੇ ਜ਼ਰੂਰੀ ਸਲਾਹ ਦਿੱਤੀ। ਮਾਹਿਰ ਡਾਕਟਰਾਂ ਨੇ ਹਾਜ਼ਰੀਨ ਨੂੰ ਸਿਹਤ ਪ੍ਰਤੀ ਹਮੇਸ਼ਾ ਸੁਚੇਤ ਰਹਿਣ ਲਈ ਕਿਹਾ ਅਤੇ ਹਦਾਇਤ ਕੀਤੀ ਕਿ ਜੇਕਰ ਕਿਸੇ ਬਿਮਾਰੀ ਦੇ ਲੱਛਣ ਨਜ਼ਰ ਆਉਣ ਤਾਂ ਤੁਰੰਤ ਮਾਹਿਰ ਡਾਕਟਰ ਨਾਲ ਸਲਾਹ-ਮਸ਼ਵਰਾ ਕਰਨਾ ਚਾਹੀਦਾ ਹੈ। ਮੈਡੀਕਲ ਮਾਹਿਰਾਂ ਦਾ ਹਸਪਤਾਲ ਪ੍ਰਬੰਧਨ ਵੱਲੋਂ ਸਨਮਾਨ ਵੀ ਕੀਤਾ ਗਿਆ।



# ਦਿਆ ਭੂੰਬਲਾ ਨੇ 1500 ਮੀਟਰ ਦੌੜ 'ਚ ਪਹਿਲਾ ਸਥਾਨ ਕੀਤਾ ਹਾਸਲ

**ਬਲਾਚੌਰ (ਜਸਵਿੰਦਰ ਬੈਂਸ)**- ਹਲਕਾ ਬਲਾਚੌਰ ਦੇ ਪਿੰਡ ਮਾਲੇਵਾਲ ਬਲਾਕ ਸੜੋਆ ਦੀ ਖਿਡਾਰਨ ਦਿਆ ਭੂੰਬਲਾ ਪੁੱਤਰੀ ਸੁਨੀਲ ਕੁਮਾਰ ਨੇ ਬਲਾਕ ਪੱਧਰੀ ਖੇਡ ਵਿਚ ਚੌਧਰੀ ਮੇਲਾ ਰਾਮ ਭੂੰਬਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਲੇਵਾਲ ਵੱਲੋ ਭਾਗ ਲਿਆਂ ਅਤੇ ਆਪਣੀ ਸ਼ਾਨਦਾਰ ਪ੍ਰਦਰਸ਼ਨੀ ਨਾਲ ਪਿੰਡ ਅਤੇ ਖੇਤਰ ਦਾ ਨਾਮ ਰੌਸ਼ਨ ਕੀਤਾ ਹੈ। ਬਲਾਕ ਸੜੋਆ ਵਿਖੇ ਹੋਏ ਬਲਾਕ ਪੱਧਰੀ ਖੇਡ ਵਿੱਚ ਜੋਨ ਨੰਬਰ 10 ਤਹਿਤ ਹੋਈ 1500 ਮੀਟਰ ਦੌੜ ਵਿੱਚ ਦਿਆ ਭੂੰਬਲਾ ਨੇ ਪਹਿਲਾ ਸਥਾਨ ਹਾਸਲ ਕਰਕੇ ਸੁਨਹਿਰਾ ਇਤਿਹਾਸ ਰਚਿਆ। ਜਿੱਤ ਦੀ ਖੁਸ਼ੀ ਵਿੱਚ ਪਿੰਡ ਵਾਸੀਆਂ ਵੱਲੋਂ ਉਸ ਦਾ ਜ਼ਬਰਦਸਤ ਸਵਾਗਤ ਕੀਤਾ ਗਿਆ ਤੇ ਸਨਮਾਨ ਸਮਾਰੋਹ ਦਾ ਆਯੋਜਨ ਕਰਕੇ ਉਸ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਸਮੂਹ ਪਿੰਡ ਵਾਸੀਆਂ ਨੇ ਦਿਆ ਭੂੰਬਲਾ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਬੇਟੀ ਨੇ ਆਪਣੀ ਮਿਹਨਤ ਅਤੇ ਸਮਰਪਣ ਨਾਲ ਪਿੰਡ ਦਾ ਮਾਣ ਵਧਾਇਆ ਹੈ। ਦਿਆ ਭੂੰਬਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਸ ਦੀ ਇਹ ਉਪਲਬਧੀ ਪਿੰਡ, ਅਧਿਆਪਕਾਂ ਅਤੇ ਮਾਤਾ-ਪਿਤਾ ਦੇ ਆਸ਼ੀਰਵਾਦ ਨਾਲ ਸੰਭਵ ਹੋਈ ਹੈ। ਇਸ ਮੌਕੇ ਬਾਬੂ ਸਤਪਾਲ ਭੂੰਬਲਾ, ਸਰਪੰਚ ਰਾਮ ਸਰੂਪ ਭੂੰਬਲਾ, ਬਿਸੰਬਰ ਭੂੰਬਲਾ,ਪ੍ਰਿੰਸੀਪਲ ਪਰਮਿੰਦਰ ਭਾਟੀਆ, ਮਾਸਟਰ ਰਾਕੇਸ਼ ਕੁਮਾਰ, ਤੀਰਥ ਰਾਮ, ਰਾਮ ਪ੍ਰਕਾਸ਼, ਸਮੂਹ ਸਕੂਲ ਸਟਾਫ ਹਾਜ਼ਰ ਸਨ।



# ਸ਼੍ਰੋਮਣੀ ਰੰਘਰੇਟਾ ਸ਼ਹੀਦ ਬਾਬਾ ਜੀਵਨ ਸਿੰਘ ਦੇ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਨਾ ਕੀਤਾ ਜਾਵੇ : ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ

**ਕਾਲਾ ਸੰਘਿਆਂ (ਮਨਜੀਤ ਮਾਨ)**- ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਯਾਦਗਾਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀ ਜਾ ਰਹੀ ਹੈ। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਕਿ ਜਿਸ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਵਲੋਂ 5 ਸਤੰਬਰ ਨੂੰ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਕੀਤਾ ਜਾਵੇਗਾ। ਬਹੁਤ ਸ਼ਲਾਘਾਯੋਗ ਕਾਰਜ ਹੈ।ਇਸ ਸਬੰਧੀ ਪੰਜਾਬ ਸਰਕਾਰ ਨੂੰ ਦੱਸਣਾ ਚਾਹੁੰਦੇ ਹਾਂ ਕਿ ਬਾਬਾ ਜੀਵਨ ਸਿੰਘ ਜੀ ਦੇ ਇਤਿਹਾਸ ਨਾਲ ਤੋੜ ਮਰੋੜ ਨਾ ਕੀਤੀ ਜਾਵੇ। ਮਜ਼ਬੀ ਸਿੱਖ ਸਮਾਜ ਇਸ ਨੂੰ ਬਰਦਾਸ਼ਤ ਨਹੀਂ ਕਰੇਗਾ। ਭਾਈ ਜੈਤਾ ਜੀ ਦੀ ਯਾਦਗਾਰ ਸ੍ਰੀ ਅਨੰਦਪੁਰ ਸਾਹਿਬ ਤੋਂ ਪਹਿਲਾਂ ਇਹ ਧਿਆਨ ਦੇਣ ਯੋਗ ਹੈ ਕਿ ਚਮਕੌਰ ਸਾਹਿਬ ਵਿਖੇ ਦਾਸਤਾਨ-ਏ-ਸ਼ਹਾਦਤ ਜੋ ਤਤਕਾਲੀਨ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਬਣਵਾਈ ਗਈ ਸੀ, ਉਸ ਵਿੱਚ ਚਮਕੌਰ ਗੜ੍ਹੀ ਦੇ ਆਖ਼ਰੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਸ਼ਹਾਦਤ ਦਾ ਜ਼ਿਕਰ ਨਹੀਂ ਕੀਤਾ। ਇਹ ਰੰਘਰੇਟਿਆਂ ਦੇ ਇਤਿਹਾਸ ਨਾਲ ਬਹੁਤ ਬੇ-ਅਨਿਆਂਈ ਕੀਤੀ ਗਈ।ਇਸ ਬਾਰੇ ਵੀ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਵਿਚ ਸੋਧ ਕਰਵਾਈ ਜਾਵੇ। ਧਾਰਮਿਕ ਸ਼ਖ਼ਸੀਅਤਾਂ, ਵਿਦਵਾਨਾਂ ਤੇ ਬੁੱਧੀਜੀਵੀਆਂ ਜਸਵੰਤ ਸਿੰਘ ਡੀ ਪੀ ਓ, ਨਰੰਜਨ ਸਿੰਘ ਆਰਫੀ, ਡਾ. ਭੁਪਿੰਦਰ ਸਿੰਘ ਮੱਟੂ, ਬੂਟਾ ਸਿੰਘ ਪੰਡੋਰੀ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਬਾਬਾ ਤੀਰਥ ਸਿੰਘ ਜੱਦੀ ਪੁਸ਼ਤੀ ਸੇਵਾਦਾਰ ਗੁਰਦੁਆਰਾ ਤਪ ਅਸਥਾਨ ਸਾਹਿਬ ਅਨੰਦਪੁਰ, ਬਾਬਾ ਧਰਮ ਸਿੰਘ ਚਮਕੌਰ ਸਾਹਿਬ ਵਾਲੇ, ਜਥੇਦਾਰ ਬਾਬਾ ਕੁਲਵਿੰਦਰ ਸਿੰਘ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲ੍ਹਾ ਨਾਲ ਮਿਲ ਕੇ ਗੁਰਮਤਾ ਕਰਨਾ ਅਤੀ ਜ਼ਰੂਰੀ ਹੈ।ਇੱਥੇ ਹੀ ਬੱਸ ਨਹੀਂ ਬਹੁਤ ਸਾਰੇ ਹੋਰ ਵੀ ਕਈ ਇਤਿਹਾਸਕ ਮੁੱਦੇ ਹਨ ਜਿਨ੍ਹਾਂ ਉੱਤੇ ਵਿਚਾਰ ਵਟਾਂਦਰਾ ਕਰਨਾ ਅਤੀ ਜ਼ਰੂਰੀ ਹੈ। ਜਿਵੇਂ ਕਿ 5 ਸਤੰਬਰ ਦੀ ਭਾਈ ਜੈਤਾ ਜੀ ਦੇ ਜਨਮ ਦਿਹਾੜੇ ਦੀ ਗਜ਼ਟਿਡ ਛੁੱਟੀ ਕੀਤੀ ਜਾਵੇ ਤੇ ਭਾਈ ਜੈਤਾ ਜੀ ਦੀ ਚੇਅਰ ਜੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਥਾਪਿਤ ਕੀਤੀ ਗਈ ਸੀ, ਉਸ ਨੂੰ ਚਾਲੂ ਕਰਵਾਇਆ ਜਾਵੇ।ਉਪਰੋਕਤ ਜਾਣਕਾਰੀ ਬਲਵੀਰ ਸਿੰਘ ਚੀਮਾ ਚੇਅਰਮੈਨ 11 ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਸ਼ਹੀਦੀ ਸਰਸਾ ਨਦੀ ਦੇ ਕਿਨਾਰੇ ਦਿਖਾਈ ਜਾ ਰਹੀ ਹੈ ਜਦਕਿ ਉਹ ਗੜ੍ਹੀ ਚਮਕੌਰ ਵਿੱਚ ਉਨ੍ਹਾਂ ਦੀ ਸ਼ਹਾਦਤ 23 ਦਸੰਬਰ 1704 ਈਸਵੀ ਨੂੰ ਹੋਈ ਹੈ, ਉਥੇ ਉਨ੍ਹਾਂ ਦਾ ਸ਼ਹੀਦੀ ਬੁਰਜ ਵੀ ਬਣਿਆ ਹੋਇਆ ਹੈ ਜਿਥੇ ਮੌਜੂਦਾ ਸੇਵਾਦਾਰ ਬਾਬਾ ਧਰਮ ਸਿੰਘ ਚਮਕੌਰ ਸਾਹਿਬ ਵਾਲੇ ਸੇਵਾਵਾਂ ਨਿਭਾਅ ਰਹੇ ਹਨ।



# ਸੰਤ ਬਾਬਾ ਭੁੱਲਾ ਦਾਸ ਦਾ ਸਾਲਾਨਾ ਮੇਲਾ ਅੱਜ

**ਜਲੰਧਰ (ਸੁਰਿੰਦਰ ਕੁਮਾਰ)**- ਸੰਤ ਬਾਬਾ ਭੁੱਲਾ ਦਾਸ ਡੇਰੇ ਦੇ ਮੁੱਖ ਸੇਵਾਦਾਰ ਸਾਬਕਾ ਸਰਪੰਚ ਸੋਫ਼ੀ ਪਿੰਡ ਸ਼ਿੰਗਾਰਾ ਰਾਮ, ਟੋਨੀ ਸਾਂਪਲਾ, ਸ਼ੌਂਕੀ ਅਤੇ ਤਾਰਾ ਚੰਦ ਗੜ੍ਹਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਸੰਤ ਬਾਬਾ ਭੁੱਲਾ ਦਾਸ ਦੀ ਬਰਸੀ ਮੌਕੇ ਸਾਲਾਨਾ ਮੇਲਾ 28 ਅਗਸਤ ਨੂੰ ਪੂਰੀ ਸ਼ਰਧਾ ਤੇ ਉਤਸਾਹ ਨਾਲ ਮਨਾਇਆ ਜਾਵੇਗਾ ਜਿਸ ਵਿੱਚ ਪੰਜਾਬ ਦੇ ਵੱਖ ਵੱਖ ਪਿੰਡਾਂ ਸ਼ਹਿਰਾਂ ਤੋਂ ਸੰਗਤ ਨਤਮਸਤਕ ਹੋਵੇਗੀ। ਸੰਤ ਬਾਬਾ ਭੁੱਲਾ ਦਾਸ 1988 ਵਿੱਚ ਪੂਰੇ ਹੋਏ ਸਨ ਉਦੋਂ ਤੋਂ ਹੀ ਸੋਫ਼ੀ ਪਿੰਡ ਦੇ ਉਹਨਾਂ ਦੇ ਦਰਬਾਰ ਵਿਖੇ ਹਰ ਸਾਲ ਉਹਨਾਂ ਦੀ ਯਾਦ ਵਿੱਚ ਮੇਲਾ ਕਰਵਾਇਆ ਜਾਂਦਾ ਹੈ।ਮੇਲੇ ਵਿੱਚ ਲੰਗਰ ਪਾਣੀ ਦਾ ਵਿਸ਼ੇਸ਼ ਪ੍ਰਬੰਧ ਹੁੰਦਾ ਹੈ, ਕਈ ਗਾਇਕ ਕਲਾਕਾਰ ਵੀ ਆਪਣੀ ਕਲਾ ਦੇ ਜੌਹਰ ਦਿਖਾਉਂਦੇ ਹਨ।

# ਸਾਲਾਨਾ ਛਿੰਞ ਮੇਲਾ ਧੂਮਧਾਮ ਨਾਲ ਮਨਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਅਜਨੋਹਾ ਦੇ ਛਕੰਡੀ ਦਰਬਾਰ ਵਿਖੇ ਗੁੱਗਾ ਜਾਹਰ ਵੀਰ ਦਾ ਸਲਾਨਾ ਛਿੰਞ ਮੇਲਾ ਸੇਵਾਦਾਰ ਹਰਕੀਰਤ ਸਿੰਘ ਉਰਫ ਗੋਰਖਾ ਦੀ ਰਹਿਨੁਮਾਈ ਹੇਠ ਬਹੁਤ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਪੰਜਾਬ ਤੇ ਬਾਹਰਲੇ ਰਾਜਾਂ ਦੇ ਚੋਟੀ ਦੇ ਪਹਿਲਵਾਨਾਂ ਨੇ ਕੁਸ਼ਤੀ ਵਿੱਚ ਆਪਣੀ ਜੋਰ ਅਜਮਾਇਸ਼ੀ ਕੀਤੀ। ਪਟਕੇ ਦੀ ਕੁਸ਼ਤੀ ਵਿੱਚ ਸੁਰਮੂ ਭਲਵਾਨ ਹੁਸ਼ਿਆਰਪੁਰ ਨੇ ਸ਼ੇਰਾ ਕੁਰਾਲੀ ਨੂੰ ਹਰਾ ਕੇ ਪਟਕਾ ਤੇ ਇੱਕਵੰਜਾ ਹਜ਼ਾਰ ਨਕਦ ਇਨਾਮ ਆਪਣੇ ਨਾਮ ਕੀਤਾ। ਇਸ ਮੌਕੇ ਸੂਬੇਦਾਰ ਪਿਆਰਾ ਸਿੰਘ, ਸਤਨਾਮ ਸਿੰਘ, ਮਨਜੀਤ ਸਿੰਘ ਏ. ਐਸ. ਆਈ, ਹਰਨੇਕ ਸਿੰਘ ਉਰਫ ਨੈਕੂ, ਰਾਜਾ ਅਜਨੋਹਾ, ਤਰਸੇਮ ਸਿੰਘ ਪੰਚ, ਸੋਹਣ ਸਿੰਘ ਪੰਚ, ਭੋਲੂ ਅਜਨੋਹਾ, ਸਮੂਹ ਨਗਰ ਨਿਵਾਸੀ, ਐਨ ਆਰ ਆਈ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।



# ਜ਼ਿਲ੍ਹਾ ਪੱਧਰੀ ਖੇਡਾਂ 'ਚ ਪ੍ਰਾਪਤੀਆਂ ਕਰਨ ਵਾਲੀਆਂ ਵਿਦਿਆਰਥਣਾਂ ਸਨਮਾਨਤ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- 69 ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦੇ ਲੜਕੀਆਂ ਦੇ ਵਾਲੀਬਾਲ ਮੁਕਾਬਲਿਆਂ ਵਿੱਚ ਗੌਰਮਿੰਟ ਗਰਲਜ ਸੀਨੀਅਰ ਸੈਕੰਡਰੀ ਸਕੂਲ ਆਨੰਦਪੁਰ ਸਾਹਿਬ ਦੀਆਂ ਵਿਦਿਆਰਥਣਾਂ ਨੇ ਅੰਡਰ -14 ਅਤੇ ਅੰਡਰ -19 ਵਿੱਚ ਦੂਸਰਾ ਸਥਾਨ ਜਦਕਿ ਅੰਡਰ -17 ਵਿੱਚ ਤੀਸਰਾ ਸਥਾਨ ਹਾਸਿਲ ਕਰਨ ਤੇ ਸਕੂਲ ਪ੍ਰਿੰਸੀਪਲ ਨੀਰਜ਼ ਵਰਮਾ ਵਲੋਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਵਰਮਾ ਵਲੋਂ ਸਾਰੇ ਸਕੂਲ ਦੀਆਂ ਵਿਦਿਆਰਥਣਾਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਰੋਏ ਸਮਾਜ ਦੀ ਸਿਰਜਣਾ ਲਈ ਪੁਰਜ਼ੋਰ ਯਤਨ ਕਰ ਰਹੀ ਹੈ ਜਿਸ ਨੂੰ ਲੈ ਕੇ ਖੇਡਾਂ ਵਤਨ ਪੰਜਾਬ ਦੀਆਂ ਸ਼ੁਰੂ ਕੀਤੀਆਂ ਗਈਆਂ ਹਨ। ਫਿਜ਼ੀਕਲ ਐਜੂਕੇਸ਼ਨ ਦੇ ਲੈਕਚਰਾਰ ਰਣਜੀਤ ਸਿੰਘ ਭੱਠਲ ਵਲੋਂ ਖੇਡਾਂ ਵਿੱਚ ਪ੍ਰਾਪਤੀ ਉਪਰੰਤ ਸਪੋਰਟਸ ਕੋਟੇ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਜੇਕਰ ਖਿਡਾਰੀ ਖੇਡਾਂ ਦੇ ਨਾਲ ਨਾਲ ਪੜ੍ਹਾਈ ਵਿੱਚ ਵੀ ਮਿਹਨਤ ਕਰਦਾ ਹੈ ਤਾਂ ਉਹ ਚੰਗੀ ਪੋਸਟ ਪ੍ਰਾਪਤ ਕਰ ਸਕਦਾ ਹੈ। ਇਸ ਮੌਕੇ ਵਾਲੀਬਾਲ ਟੀਮ ਦੇ ਕੋਚ ਡੀਪੀਈ ਸੁਮਨ ਚਾਂਦਲਾ, ਲੈਕਚਰਾਰ ਰਣਜੀਤ ਸਿੰਘ ਭੱਠਲ,ਲੈਕਚਰਾਰ ਜਤਿੰਦਰਪਾਲ ਸਿੰਘ, ਹਰਪ੍ਰੀਤ ਬਾਵਾ, ਧੰਨਰਾਜ ਸਿੰਘ,ਲੈਕ ਸੁਨੀਤਾ ਗੇਰਾ,ਲੈਕ ਮਨਜੀਤ ਕੌਰ,ਲੈਕ ਸੀਮਾ ਜੱਸਲ,ਲੈਕ ਮੀਨਾ,ਲੈਕ ਮਨਜਿੰਦਰ ਪਾਲ ਕੌਰ, ਮੈਡਮ ਗੁਰਦੀਪ ਕੌਰ, ਰਜਿੰਦਰ ਕੌਰ, ਬਲਜੀਤ ਕੌਰ ਅਤੇ ਮਨਜਿੰਦਰ ਕੌਰ ਆਦਿ ਹਾਜ਼ਰ ਸਨ।



# ਅਧਿਆਪਕ ਦਿਵਸ 'ਤੇ ਐੱਨ ਪੀ ਐੱਸ ਕਰਮਚਾਰੀ ਕਰਨਗੇ ਭੁੱਖ ਹੜਤਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ 'ਤੇ ਪੰਜ ਸਤੰਬਰ ਨੂੰ ਅਧਿਆਪਕ ਦਿਵਸ ਤੇ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਸਾਂਝੇ ਤੌਰ 'ਤੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ 5 ਸਤੰਬਰ ਨੂੰ ਅਧਿਆਪਕ ਤੇ ਕਰਮਚਾਰੀ ਬੈਠਣਗੇ ਤੇ ਜੇਕਰ ਸਾਡੀ ਮੰਗ ਨੂੰ ਅਣਗੌਲਿਆ ਕੀਤਾ ਤਾਂ 25 ਨਵੰਬਰ ਨੂੰ ਦਿੱਲੀ ਕੂਚ ਕੀਤਾ ਜਾਵੇਗਾ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਜਸਵੀਰ ਸਿੰਘ ਤਲਵਾੜਾ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੁਖਜੀਤ ਸਿੰਘ ਨੇ ਦੱਸਿਆ ਕਿ ਕੇਂਦਰ ਅਤੇ ਰਾਜ ਸਰਕਾਰਾਂ ਅਧਿਆਪਕ ਦਿਵਸ 'ਤੇ ਅਧਿਆਪਕਾਂ ਦੇ ਮਾਣ ਸਨਮਾਨ ਦੇ ਫੋਕੇ ਦਾਅਵੇ ਕਰਦੇ ਹਨ ਪਰ ਅਧਿਆਪਕਾਂ ਦਾ ਮਾਣ ਸਨਮਾਨ ਸਮਾਜਿਕ ਸੁਰੱਖਿਆ ਵਿੱਚ ਹੈ ਜੋ ਕਿ ਰਾਜ ਅਤੇ ਕੇਂਦਰ ਸਰਕਾਰ ਦੋਵੇਂ ਦੇਣ ਤੋਂ ਮੁਨਕਰ ਹਨ।ਜਿੱਥੇ ਰਾਜ ਸਰਕਾਰ ਆਪਣਾ ਤਿੰਨ ਸਾਲ ਪਹਿਲਾਂ ਕੀਤਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਕੇ ਚੋਣਾਂ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਦੀ ਦਿੱਤੀ ਗਰੰਟੀ ਤੇ ਕੀਤੇ ਵਾਅਦੇ ਤੋਂ ਮੂੰਹ ਫੇਰ ਲਿਆ ਹੈ ਉੱਥੇ ਦੂਜੇ ਪਾਸੇ ਕੇਂਦਰ ਦੀ ਮੋਦੀ ਸਰਕਾਰ ਕਰਮਚਾਰੀਆਂ ਤੇ ਯੂ ਪੀ ਐਸ ਥੋਪ ਕੇ ਉਨ੍ਹਾਂ ਦੀ ਜਮ੍ਹਾਂ ਪੂੰਜੀ ਹੀ ਪੈਨਸ਼ਨ ਦੇ ਰੂਪ ਵਿੱਚ ਪਰੋਸ ਕੇ ਕਾਰਪੋਰੇਟ ਦੀ ਸੇਵਾ ਕਰ ਰਹੀ ਹੈ। ਤਾਜ਼ਾ ਪੀ ਐਫ ਆਰ ਡੀ ਏ ਦੇ ਜਾਰੀ ਆਂਕੜਿਆ ਅਨੁਸਾਰ ਕੇਂਦਰ ਦੇ 30 ਲੱਖ ਕਰਮਚਾਰੀਆਂ ਚੋਂ 90 ਹਜ਼ਾਰ ਨੇ ਹੀ ਯੂ ਪੀ ਐਸ ਨੂੰ ਚੁਣਿਆ ਕਹਿਣ ਦਾ ਭਾਵ ਮਹਿਜ਼ 3% ਕਰਮਚਾਰੀਆਂ ਨੇ ਇਸ ਨੂੰ ਚੁਣਿਆ ਹੈ ਜਦੋਂਕਿ 97% ਨੇ ਇਸ ਨੂੰ ਨਕਾਰਿਆ ਹੈ, ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਇਹ ਪੈਨਸ਼ਨ ਪ੍ਰਣਾਲੀ ਵੀ ਓ ਪੀ ਐਸ ਦਾ ਬਦਲ ਨਹੀਂ ਬਣ ਸਕਦੀ। ਸੂਬਾਈ ਆਗੂ ਜਰਨੈਲ ਸਿੰਘ ਪੱਟੀ, ਰਣਬੀਰ ਸਿੰਘ ਉੱਪਲ, ਅਜੀਤਪਾਲ ਸਿੰਘ ਜਸੋਵਾਲ, ਲਖਵਿੰਦਰ ਸਿੰਘ ਭੌਰ, ਜਗਸੀਰ ਸਿੰਘ ਸਹੋਤਾ, ਜਸਵਿੰਦਰ ਸਿੰਘ ਜੱਸਾ, ਕਰਮਜੀਤ ਸਿੰਘ ਤਾਮਕੋਟ, ਵਿਕਰਮ ਸਿੰਘ ਕੱਦੋਂ, ਵਰਿੰਦਰ ਵਿੱਕੀ ਤੇ ਰਣਬੀਰ ਸਿੰਘ ਢੱਡੇ ਨੇ ਕਿਹਾ ਕਿ ਅਧਿਆਪਕ ਦਿਵਸ 'ਤੇ ਪੂਰੇ ਦੇਸ਼ ਵਿੱਚ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਅਧਿਆਪਕ ਅਤੇ ਕਰਮਚਾਰੀ ਭੁੱਖ ਹੜਤਾਲ 'ਤੇ ਬੈਠ ਕੇ ਰਾਜ ਅਤੇ ਕੇਂਦਰ ਸਰਕਾਰ ਨੂੰ ਸਪਸ਼ਟ ਸੰਦੇਸ਼ ਦੇਣਗੇ ਕਿ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਤੋਂ ਬਿਨਾਂ ਸਮਾਜਿਕ ਸੁਰੱਖਿਆ ਸੰਭਵ ਨਹੀਂ। ਇਸ ਲਈ ਕਰਮਚਾਰੀ ਦਾ ਸਹੀ ਸਨਮਾਨ ਪੁਰਾਣੀ ਪੈਨਸ਼ਨ ਬਹਾਲੀ ਨਾਲ ਹੀ ਹੋਵੇਗਾ। ਇਸ ਹੜਤਾਲ ਦੇ ਵਿੱਚ ਪੰਜਾਬ ਦੇ ਸਮੂਹ ਐਨ ਪੀ ਐਸ ਕਰਮਚਾਰੀ ਭਾਗ ਲੈਣਗੇ।



# 30 ਸਿਖਿਆਰਥਣਾਂ ਨੂੰ ਜੱਚਾ-ਬੱਚਾ ਕੇਅਰ ਗਿਵਰ ਦੀ ਟ੍ਰੇਨਿੰਗ ਦਿੱਤੀ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਵਿੱਚ ਮਹਿਲਾ ਸਸ਼ਕਤੀਕਰਨ ਦੇ ਮੰਤਵ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਨਿਵੇਕਲੀ ਪਹਿਲਕਦਮੀ ਤਹਿਤ 30 ਸਿਖਿਆਰਥਣਾਂ ਨੂੰ ਪੰਜਾਬ ਹੁਨਰ ਵਿਕਾਸ ਮਿਸ਼ਨ ਤਹਿਤ ਜੱਚਾ-ਬੱਚਾ ਕੇਅਰ ਗਿਵਰ ਦੀ ਟ੍ਰੇਨਿੰਗ ਪ੍ਰਦਾਨ ਕੀਤੀ ਗਈ। ਕੋਰਸ ਦੀ ਸਮਾਪਤੀ 'ਤੇ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਕ ਸਾਦਾ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਅਪਰਨਾ ਐੱਮ ਬੀ, ਸ਼੍ਰੀਮਤੀ ਸਮੀਧਾ ਅਤੇ ਸਹਾਇਕ ਕਮਿਸ਼ਨਰ (ਯੂ.ਟੀ.) ਮੁਕਿਲਨ ਆਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਉਮੀਦਵਾਰਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। 3 ਮਹੀਨਿਆਂ ਦੇ ਕੋਰਸ ਦੌਰਾਨ ਸਿਖਿਆਰਥਣਾਂ ਨੂੰ ਨਵਜਨਮੇ ਬੱਚਿਆਂ ਦੀ ਸਿਹਤ, ਪੋਸ਼ਣ, ਸੁਰੱਖਿਆ ਤੇ ਮਾਂ ਦੀ ਸਿਹਤ ਸਬੰਧੀ ਜ਼ਰੂਰੀ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਉਪਰਾਲੇ ਦਾ ਉਦੇਸ਼ ਮਹਿਲਾਵਾਂ ਨੂੰ ਰੋਜ਼ਗਾਰ ਮੁਖੀ ਸਿਖ਼ਲਾਈ ਦੇ ਕੇ ਸਸ਼ਕਤ ਬਣਾਉਣਾ ਹੈ।ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਯੂਨਿਟ ਤੋਂ ਸੂਰਜ ਕਲੇਰ ਆਦਿ ਵੀ ਮੌਜੂਦ ਸਨ।

# ਐੱਸ ਐੱਸ ਪੀ ਨੇ ਰਾਹਤ ਕਾਰਜਾਂ ਤੇ ਸੁਰੱਖਿਆ ਦਾ ਲਿਆ ਜਾਇਜ਼ਾ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਐੱਸ ਐੱਸ ਪੀ ਕਪੂਰਥਲਾ ਗੌਰਵ ਤੂਰਾ ਮੰਡ ਖੇਤਰ ਦੇ ਪਿੰਡ ਆਹਲੀ ਕਲਾਂ ਪੁੱਜੇ। ਉਨ੍ਹਾਂ ਪਿੰਡ ਦੇ ਲੋਕਾਂ ਨਾਲ ਗੱਲਬਾਤ ਦੌਰਾਨ ਬਿਆਸ ਦਰਿਆ ਵਿੱਚ ਪਾਣੀ ਦੇ ਵਧੇ ਪੱਧਰ ਕਾਰਨ ਪੈਦਾ ਹੋਏ ਹਾਲਾਤ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਇਸ ਮੌਕੇ ਮੰਡ ਖੇਤਰ ਵਿੱਚ ਲੋਕਾਂ ਲਈ ਰਾਹਤ ਕਾਰਜਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਤੇ ਕਿਹਾ ਕਿ ਪੰਜਾਬ ਪੁਲਿਸ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਲੋਕਾਂ ਦੀ ਸਹਾਇਤਾ ਲਈ ਵਚਨਬੱਧ ਹੈ। ਉਨ੍ਹਾਂ ਇਸ ਮੌਕੇ ਪੁਲਿਸ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਹਦਾਇਤ ਕੀਤੀ ਕਿ ਪ੍ਰਭਾਵਿਤ ਖੇਤਰ ਵਿੱਚ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਮੰਡ ਖੇਤਰ ਦੇ ਪਿੰਡਾਂ ਵਿਚ ਸੁਰੱਖਿਆ ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤੇ ਗਸ਼ਤ ਵੀ ਯਕੀਨੀ ਬਣਾਈ ਜਾਵੇ। ਇਸ ਮੌਕੇ ਡੀ ਐਸ ਪੀ ਹਰਗੁਰਦੇਵ ਸਿੰਘ ਤੇ ਪਿੰਡ ਵਾਸੀ ਹਾਜ਼ਰ ਸਨ।



# ਹੜ੍ਹ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੀਤੇ ਪੁਖਤਾ ਪ੍ਰਬੰਧ : ਸਚਿਨ

**ਨੰਗਲ (ਸੁਰਜੀਤ ਸਿੰਘ)**- ਹਿਮਾਚਲ ਪ੍ਰਦੇਸ਼ ਵਿਚ ਬੀਤੇ ਕੁਝ ਦਿਨਾਂ ਤੋਂ ਹੋ ਰਹੀ ਭਾਰੀ ਬਰਸਾਤ ਅਤੇ ਭਾਖੜਾ ਡੈਮ ਦੀ ਗੋਬਿੰਦ ਸਾਗਰ ਝੀਲ ਵਿੱਚ ਵਾਧੂ ਮਾਤਰਾ ਵਿਚ ਪਾਣੀ ਆਉਣ ਕਾਰਨ ਲੋਕਾਂ ਵਿੱਚ ਕਈ ਵਾਰ ਜਾਣਕਾਰੀ ਦੀ ਘਾਟ ਕਾਰਨ ਬੇਚੈਨੀ ਦਾ ਆਲਮ ਹੋ ਜਾਦਾ ਹੈ, ਪ੍ਰੰਤੂ ਅਸੀ ਲੋਕਾਂ ਨੂੰ ਇਹ ਭਰੋਸਾ ਦੇ ਰਹੇ ਹਾਂ ਕਿ ਪ੍ਰਸਾਸ਼ਨ ਹਰ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰਾਂ ਤਿਆਰ ਹੈ। ਭਾਖੜਾ ਡੈਮ ਪਾਣੀ ਦਾ ਪੱਧਰ ਹਾਲੇ ਖਤਰੇ ਦੇ ਨਿਸ਼ਾਨ ਤੋਂ ਹੇਠਾਂ ਹੈ ਤੇ ਪਹਾੜਾਂ ਤੋਂ ਬਰਸਾਤ ਦੇ ਪਾਣੀ ਦੀ ਆਮਦ ਵੀ ਘੱਟ ਰਹੀ ਹੈ। ਇਸ ਲਈ ਲੋਕ ਅਫਵਾਹਾ ਤੇ ਭਰੋਸਾ ਨਾ ਕਰਨ ਸਗੋਂ ਸਹੀ ਤੇ ਸਟੀਕ ਜਾਣਕਾਰੀ ਪ੍ਰਸਾਸ਼ਨ ਦੇ ਕੰਟਰੋਲ ਰੂਮ ਨੰਬਰ 01887-221030 ਤੇ ਪ੍ਰਾਪਤ ਕੀਤੀ ਜਾ ਸਕਦੀ ਹੈ। ਇਹ ਪ੍ਰਗਟਾਵਾ ਸ੍ਰੀ ਸਚਿਨ ਪਾਠਕ ਪੀ.ਸੀ.ਐਸ ਉਪ ਮੰਡਮ ਮੈਜਿਸਟ੍ਰੇਟ ਨੰਗਲ ਵੱਲੋਂ ਬੇਲਾ ਧਿਆਨੀ ਖੇਤਰ ਦਾ ਦੌਰਾ ਕਰਨ ਮੌਕੇ ਇਲਾਕਾ ਵਾਸੀਆਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਦੇ ਨਾਲ ਕੁਲਵੀਰ ਸਿੰਘ ਡੀ.ਐਸ.ਪੀ ਨੰਗਲ ਤੇ ਹੋਰ ਵਿਭਾਗਾ ਦੇ ਅਧਿਕਾਰੀ ਵੀ ਮੌਜੂਦ ਸਨ। ਦੋਵੇ ਅਧਿਕਾਰੀਆਂ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸੰਭਾਵੀ ਹੜ੍ਹ ਵਰਗੇ ਹਾਲਾਤ ਬਣਨ ਤੇ ਜੋ ਪ੍ਰਸਾਸ਼ਨ ਵੱਲੋਂ ਕੰਮ ਕੀਤੇ ਜਾਣੇ ਹਨ, ਉਨ੍ਹਾਂ ਦੀ ਮੋਕ ਡਰਿੱਲ ਪਹਿਲਾ ਕੀਤੀ ਜਾ ਚੁੱਕੀ ਹੈ।



# ਕਿਸੇ ਗਰੀਬ ਦਾ ਚੁੱਲ੍ਹਾ ਬੰਦ ਨਹੀਂ ਹੋਣ ਦੇਵਾਂਗੇ : ਸੰਜੇ ਅਟਵਾਲ



**ਗੁਰਾਇਆ (ਬਿੰਦਰ ਸੁੰਮਨ)**- ਕੇਂਦਰ ਸਰਕਾਰ ਨੇ ਜੁਲਾਈ ਤੋਂ ਪੰਜਾਬ ਦੇ 23 ਲੱਖ ਗਰੀਬ ਲੋਕਾਂ ਦਾ ਰਾਸ਼ਨ ਇਹ ਕਹਿ ਕਿ ਰੋਕ ਦਿੱਤਾ ਕਿ ਉਨਾਂ ਨੇ ਈ ਕੇ ਵਾਈ ਸੀ ਨਹੀਂ ਕਰਵਾਈ ਹੈ, ਹੁਣ ਭਾਜਪਾ ਸਰਕਾਰ ਸਤੰਬਰ ਮਹੀਨੇ ਤੋਂ ਲੱਗਭੱਗ 32 ਲੱਖ ਹੋਰ ਪੰਜਾਬੀਆਂ ਦਾ ਰਾਸ਼ਨ ਇਹ ਕਹਿ ਕਿ ਰੋਕਣ ਜਾ ਰਹੀ ਹੈ ਕਿ ਇਹ ਲੋਕ ਗਰੀਬ ਨਹੀਂ ਹਨ। ਭਾਜਪਾ ਕੁਲ 55 ਲੱਖ ਗਰੀਬ ਲੋਕਾਂ ਦਾ ਰਾਸ਼ਣ ਰੋਕਣ ਦੀ ਯੋਜਨਾ ਬਣਾ ਰਹੀ ਹੈ, ਇੰਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਫਿਲੌਰ ਤੋ ਸੰਗਠਨ ਇੰਚਾਰਜ ਸੰਜੇ ਅਟਵਾਲ ਨੇ ਵਿਧਾਨ ਸਭਾ ਹਲਕਾ ਫਿਲੌਰ ਦੇ ਵੱਖ ਵੱਖ ਪਿੰਡਾਂ 'ਚ ਭਾਜਪਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਪ੍ਰਤੀ ਲੋਕਾਂ ਨੂੰ ਜਾਣੂ ਕਰਵਾਉਣ ਲਈ ਰੱਖੀ ਗਈ ਇੱਕ ਮੀਟਿੰਗ ਦੌਰਾਨ ਕੀਤਾ। ਉਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਵਿੱਚ ਕਿਸੇ ਗਰੀਬ ਦਾ ਚੁੱਲ੍ਹਾ ਬੰਦ ਨਹੀਂ ਹੋਣ ਦੇਣਗੇ। ਮੀਟਿੰਗ ਦੌਰਾਨ ਦੀਪਾਂਕਾਰ ਪਾਂਡੇ, ਜ਼ਿਲ੍ਹਾ ਪ੍ਰਧਾਨ ਪ੍ਰਦੀਪ ਦੁੱਗਲ, ਜ਼ਿਲ੍ਹਾ ਜੁਆਇੰਟ ਸੈਕਟਰੀ ਮਨਦੀਪ ਰਾਏ, ਹਰਦੀਪ ਦੀਪਾ, ਸਾਗਰ ਰਾਠੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਪਾਰਟੀ ਦੇ ਆਗੂ ਹਾਜ਼ਰ ਸਨ।

# ਸਮੱਗਰ ਸਿੱਖਿਆ ਅਭਿਆਨ ਕਰਮਚਾਰੀਆਂ ਨੇ ਈਸ਼ਾਂਕ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਮਗਰ ਸਿੱਖਿਆ ਅਭਿਆਨ ਹੁਸ਼ਿਆਰਪੁਰ ਦੇ ਦਫ਼ਤਰੀ ਕਰਮਚਾਰੀ ਯੂਨੀਅਨ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਸੌਂਪਿਆ। ਇਸ ਦੌਰਾਨ ਯੂਨੀਅਨ ਦੇ ਮੈਂਬਰਾਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਦਫ਼ਤਰੀ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ। ਯੂਨੀਅਨ ਦੇ ਮੈਂਬਰ ਨਿਰਮਲ ਅਤੇ ਕੰਚਨ ਨੇ ਦੱਸਿਆ ਕਿ ਸਰਵ ਸਿੱਖਿਆ ਅਭਿਆਨ ਹੇਠ ਰਮਸਾ ਅਧੀਨ ਕੰਮ ਕਰ ਰਹੇ ਦਫ਼ਤਰੀ ਕਰਮਚਾਰੀਆਂ ਨੂੰ ਅਜੇ ਤੱਕ ਪੱਕੇ ਨਹੀਂ ਕੀਤਾ ਗਿਆ। ਉਨ੍ਹਾਂ ਨੇ ਮੰਗ ਰੱਖੀ ਕਿ ਇਨ੍ਹਾਂ ਕਰਮਚਾਰੀਆਂ ਨੂੰ 8,886 ਰਮਸਾ ਅਧਿਆਪਕਾਂ ਦੇ ਪੈਟਰਨ 'ਤੇ ਰੈਗੂਲਰ ਕੀਤਾ ਜਾਵੇ। ਨਾਲ ਹੀ ਆਰਡਰ 1 ਅਪ੍ਰੈਲ 2018 ਤੋਂ ਲਾਗੂ ਕੀਤੇ ਜਾਣ। ਉਨ੍ਹਾਂ ਨੇ ਅੱਗੇ ਕਿਹਾ ਕਿ ਦਸੰਬਰ 2024 ਅਤੇ ਜਨਵਰੀ 2025 ਦੀ ਤਨਖਾਹ ਵੀ ਰੋਕ ਦਿੱਤੀ ਗਈ ਹੈ, ਜਿਸ ਨਾਲ ਕਰਮਚਾਰੀਆਂ ਨੂੰ ਭਾਰੀ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਰਮਚਾਰੀਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਤੁਰੰਤ ਪ੍ਰਭਾਵ ਨਾਲ ਰੁਕੀ ਹੋਈ ਤਨਖਾਹ ਜਾਰੀ ਕੀਤੀ ਜਾਵੇ । ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਰਮਚਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਮੁੱਖ ਮੰਤਰੀ ਪੰਜਾਬ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਯੂਨੀਅਨ ਵੱਲੋਂ ਵਰੁਣ ਜੈਨ, ਅੰਕੁਰ ਸ਼ਰਮਾ, ਨਿਰਮਲ, ਕੰਚਨ, ਤਮੰਨਾ, ਦਵਿੰਦਰ ਕੌਰ, ਜਗਦੀਪ ਕੌਰ, ਸੁਖਦੀਪ ਕੌਰ, ਮਨਜੀਤ ਕੌਰ, ਗੀਨਾ, ਵੰਦਨਾ, ਸੁਭਾਸ਼, ਅਮਿਤ, ਕਰਮਜੀਤ ਕੌਰ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।



# ਪੰਜਾਬ ਪੈਨਸ਼ਨ ਯੂਨੀਅਨ ਦੀ ਮੀਟਿੰਗ

- ਪੰਜਾਬ ਰੋਡਵੇਜ਼ ਦੀ ਮਾੜੀ ਹਾਲਤ ਲਈ ਵੀ ਇਸ ਸਰਕਾਰ ਨੇ ਵੀ ਕੁਝ ਨਹੀਂ ਕੀਤਾ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਪੈਨਸ਼ਨ ਯੂਨੀਅਨ ਦੀ ਮੀਟਿੰਗ ਨਵਾਂਸ਼ਹਿਰ ਮਲਕੀਤ ਚੰਦ ਮੇਹਲੀ ਭਵਨ ਵਿਖੇ ਕੀਤੀ ਗਈ ਜਿਸ ਵਿਚ ਪੰਜਾਬ ਸਰਕਾਰ ਦੇ ਪੈਨਸ਼ਨਾਂ ਪ੍ਰਤੀ ਵਤੀਰੇ ਅਤੇ ਵਾਰ-ਵਾਰ ਮੀਟਿੰਗਾਂ ਦਾ ਸੱਦਾ ਦੇ ਕੇ ਗੱਲਬਾਤ ਨਾ ਕਰਨਾ ਅਤੇ ਮੀਟਿੰਗਾਂ ਮੁਲਤਵੀ ਵੀ ਕਰਨਾ ਸਰਕਾਰ ਦੇ ਫੇਲ੍ਹ ਹੋਣ ਦਾ ਸਬੂਤ ਹੈ। ਇਸ ਲਈ ਲਾਮਬੰਦ ਘੋਲਾਂ ਨੂੰ ਸਰਕਾਰ ਸੱਦਾ ਦੇ ਰਹੀ ਹੈ। ਪੈਨਸ਼ਨ ਸਾਥੀਆਂ ਦੀ ਹਾਜ਼ਰੀ ਵਿਚ ਪੰਜਾਬ ਰੋਡਵੇਜ਼ ਦੀ ਮਾੜੀ ਹਾਲਤ ਲਈ ਵੀ ਜ਼ਿੰਮੇਵਾਰ ਪਿਛਲੀਆਂ ਸਰਕਾਰਾਂ ਵਾਂਗ ਹੀ ਇਸ ਸਰਕਾਰ ਨੇ ਵੀ ਕੁਝ ਨਹੀਂ ਕੀਤਾ। ਲੋਕਾਂ ਨੂੰ ਮੁਫਤ ਦੀ ਛੂਟ ਦੇ ਕੇ ਮਹਿਕਮੇ ਦਾ ਬੇੜਾ ਗਰਕ ਕਰ ਦਿੱਤਾ ਹੈ ਅਤੇ ਮਜ਼ਦੂਰ ਲੋਕ ਜੋ ਦਿਨ ਰਾਤ ਮਿਹਨਤਾਂ ਕਰਦੇ ਹਨ ਉਨ੍ਹਾਂ ਦੀਆਂ ਤਨਖਾਹਾਂ ਲਈ ਵੀ ਉਨ੍ਹਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਪੈਨਸ਼ਨ ਯੂਨੀਅਨ ਮੰਗ ਕਰਦੀ ਹੈ ਕਿ ਸਿਰਫ 60 ਸਾਲਾ ਔਰਤਾਂ ਲਈ ਹੀ ਸਫਰ ਸਹੂਲਤਾਂ ਦਿੱਤੀਆਂ ਜਾਣ ਤਾਂ ਜੋ ਮਹਿਕਮੇ ਦੀ ਨਿੱਘਰਦੀ ਹਾਲਤ ਨੂੰ ਬਚਾਇਆ ਜਾ ਸਕੇ। ਠੇਕੇ 'ਤੇ ਰੱਖੇ ਕਰਮਚਾਰੀਆਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇ ਅਤੇ ਅਦਾਲਤ ਦੇ ਫੈਸਲਿਆਂ ਨੂੰ ਇੰਨ ਬਿੰਨ ਲਾਗੂ ਕੀਤਾ ਜਾਵੇ। ਜਿਸ ਵਿਚ ਬਰਾਬਰ ਕੰਮ ਬਰਾਬਰ ਤਨਖਾਹ ਵੀ ਸ਼ਾਮਲ ਹੈ ਅਤੇ ਪੈਨਸ਼ਨ ਸਾਥੀਆਂ ਦਾ ਬਕਾਇਆ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ 13 ਫੀਸਦੀ ਦਰ ਨਾਲ ਤੁਰੰਤ ਰਿਲੀਜ਼ ਕੀਤੀਆਂ ਜਾਣ। ਮੀਟਿੰਗ ਵਿਚ ਸੈਕਟਰੀ ਗੁਰਮੀਤ ਚੰਦ ਨੇ ਦੱਸਿਆ ਕਿ 13 ਸਤੰਬਰ ਨੂੰ ਲੁਧਿਆਣਾ ਦੇ ਵਿਤ ਮੰਤਰੀ ਸੰਜੀਵ ਅਰੋੜਾ ਨੂੰ ਰੋਸ ਤੇ ਪੱਤਰ ਦੇਣ ਲਈ ਭਾਰੀ ਗਿਣਤੀ ਵਿਚ ਸਾਥੀ 'ਚ ਸ਼ਾਮਲ ਹੋਣਗੇ।ਕੇਂਦਰ ਸਰਕਾਰ ਦਾ ਪੰਜਾਬ ਪ੍ਰਤੀ ਵਤੀਰਾ ਵੀ ਨਿੰਦਣ ਯੋਗ ਹੈ।ਮੀਟਿੰਗ ਵਿਚ ਸਾਥੀ ਗੁਰਮੇਲ ਚੰਦ, ਅਮਰਾਓ ਸਿੰਘ, ਸੋਹਣ ਸਿੰਘ, ਗੁਰਪਾਲ ਸਿੰਘ, ਜਸਵਿੰਦਰ ਭੰਗਲ, ਦਸੌਂਧਾ ਸਿੰਘ, ਸੁਰਿੰਦਰ ਸਿੰਘ, ਪ੍ਰੇਮ ਲਾਲ, ਪ੍ਰੇਮ ਸਿੰਘ, ਕੇਹਰ ਚੰਦ, ਸੁਰਿੰਦਰ ਪਾਲ, ਬਖਸ਼ੀਸ਼ ਸਿੰਘ, ਆਦਿ ਸ਼ਾਮਲ ਸਨ ।

# ਬਰਸਾਤ ਕਾਰਨ ਗ਼ਰੀਬ ਪਰਵਾਰ ਦਾ ਮਕਾਨ ਢਹਿ-ਢੇਰੀ

**ਫਿਲੌਰ (ਨਿਰਮਲ)**- ਭਾਰੀ ਬਰਸਾਤ ਦੇ ਕਾਰਨ ਪਿੰਡ ਭੈਣੀ ਵਿੱਚ ਇੱਕ ਗਰੀਬ ਪਰਿਵਾਰ ਦਾ ਮਕਾਨ ਢਹਿ ਢੇਰੀ ਹੋ ਗਿਆ, ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ ਪਰ ਪਰਿਵਾਰ ਦਾ ਭਾਰੀ ਮਾਲੀ ਨੁਕਸਾਨ ਹੋਇਆ। ਲੋਕ ਇਨਸਾਫ਼ ਮੰਚ ਦੀ ਟੀਮ ਵੱਲੋਂ ਪੀੜਤ ਪ੍ਰੀਵਾਰ ਨਾਲ ਮੁਲਾਕਾਤ ਕੀਤੀ ਤੇ ਜਾਣਕਾਰੀ ਹਾਸਲ ਕੀਤੀ ਅਤੇ ਪੀੜਤ ਪਰਿਵਾਰ ਲਈ ਯੋਗ ਮੁਆਵਜ਼ੇ ਦੀ ਮੰਗ ਕੀਤੀ। ਇਸ ਮੌਕੇ ਪੀੜਤ ਪ੍ਰੀਵਾਰ ਦੀ ਮੈਂਬਰ ਰਾਮ ਪਿਆਰੀ ਅਤੇ ਅਮੀ ਚੰਦ ਨੇ ਸਰਕਾਰ ਨੂੰ ਮਕਾਨ ਦੋਬਾਰਾ ਬਣਾਉਣ ਲਈ ਮਦਦ ਦੀ ਗੁਹਾਰ ਲਗਾਈ। ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਆਗੂਆਂ ਵੱਲੋਂ ਭਰੋਸਾ ਦਵਾਇਆ ਕਿ ਪਰਵਾਰ ਨੂੰ ਬਣਦਾ ਮੁਆਵਜ਼ਾ ਦਵਾਉਣ ਲਈ ਉਹ ਜਲਦੀ ਹੀ ਪੀੜਤ ਪਰਵਾਰ ਨੂੰ ਲੈਕੇ ਸਥਾਨਿਕ ਪ੍ਰਸ਼ਾਸ਼ਨ ਨੂੰ ਮਿਲਣਗੇ। ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ, ਪ੍ਰਸ਼ੋਤਮ ਫਿਲੌਰ, ਮਾਸਟਰ ਹੰਸ ਰਾਜ, ਸਰਬਜੀਤ ਸਾਬੀ ਸਾਬਕਾ ਸਰਪੰਚ ਰਾਮਗੜ੍ਹ ,ਡਾਕਟਰ ਸੰਦੀਪ ਕੁਮਾਰ, ਅਮਰਜੀਤ ਲਾਡੀ ਮਹਿਸਮਪੁਰ, ਰਾਜਵਿੰਦਰ ਸਿੰਘ ਮੁਠੱਡਾ ਕਲਾਂ, ਹਨੀ ਸੰਤੋਖਪੁਰਾ, ਰਾਮਜੀ ਦਾਸ ਗੰਨਾ ਪਿੰਡ, ਸੋਮ ਨਾਥ ਸ਼ੇਖੂਪੁਰ, ਰਵੀ ਦਲੇਰ ਆਦਿ ਹਾਜ਼ਰ ਸਨ।



## ਮਜ਼ਦੂਰ-ਕਿਸਾਨ ਜਥੇਬੰਦੀਆਂ ਵੱਲੋਂ ਨਕੋਦਰ ਥਾਣੇ ਅੱਗੇ ਧਰਨਾ 1 ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)**- ਸਥਾਨਕ ਦਿਹਾਤੀ ਮਜ਼ਦੂਰ ਸਭਾ ਦੇ ਦਫ਼ਤਰ ਵਿਖੇ ਵੱਖ ਵੱਖ ਮਜ਼ਦੂਰ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਹੋਈ ਸਾਂਝੀ ਮੀਟਿੰਗ ਵਿੱਚ ਸਥਾਨਕ ਪੁਲਸ ਦੇ ਮਾੜੇ ਰਵੱਈਏ ਵਿਰੁੱਧ ਪਹਿਲੀ ਸਤੰਬਰ ਨੂੰ ਨਕੋਦਰ ਥਾਣੇ ਅੱਗੇ ਧਰਨਾ ਲਾਉਣ ਦਾ ਐਲਾਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਬਲਜੀਤ ਜੀਤੀ ਅਤੇ ਉਸ ਦੇ ਦੋ ਭਰਾਵਾਂ ਨੂੰ ਗੁੰਡਾ ਅਨਸਰਾਂ ਵੱਲੋਂ ਘੇਰ ਕੇ ਜਾਨਲੇਵਾ ਹਮਲਾ ਕੀਤਾ ਗਿਆ ਜਿਸ ਵਿੱਚ ਉਹ ਗੰਭੀਰ ਜ਼ਖ਼ਮੀ ਹੋ ਗਏ ਅਤੇ ਜੇਰੇ ਇਲਾਜ ਹਨ ਪਰ ਦੋਸ਼ੀ ਖ਼ੁਦ ਹੀ ਆਪਣੇ ਸੱਟਾਂ ਮਾਰਕੇ ਅੱਧੀ ਰਾਤ ਨੂੰ ਦਾਖ਼ਲ ਹੋ ਕੇ ਉਲਟਾ ਯੂਨੀਅਨ ਆਗੂਆਂ ਤੇ ਹੋਰਨਾਂ ਨੌਜਵਾਨਾਂ ਨੂੰ ਝੂਠੇ ਕੇਸ ਵਿੱਚ ਫਸਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਆਗੂਆਂ ਨੇ ਕਿਹਾ ਕਿ ਸਥਾਨਕ ਪੁਲਸ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਨਕੋਦਰ ਦੇ ਸੁੰਦਰ ਨਗਰ ਤੋਂ ਦੋ ਮਹੀਨੇ ਪਹਿਲਾਂ ਕੁੱਝ ਲੋਕ ਸ਼ਰੇਆਮ ਇਕ ਔਰਤ ਦੀ ਉਸਦੇ ਘਰੋਂ ਹੀ ਕਾਰ ਖੋਹ ਕੇ ਲੈ ਗਏ ਪਰ ਦੋਸ਼ੀਆਂ ਦਾ ਪਤਾ ਹੋਣ ਦੇ ਬਾਵਜੂਦ ਵੀ ਅਜੇ ਤਾਈਂ ਪੁਲਸ ਨੇ ਪਰਚਾ ਦਰਜ ਨਹੀਂ ਕੀਤਾ। ਉਨ੍ਹਾਂ ਕਿਹਾ ਸੈਂਕੜੇ ਔਰਤਾਂ ਸਮੇਤ ਵੱਡੀ ਗਿਣਤੀ ਮਜ਼ਦੂਰ ਅਤੇ ਕਿਸਾਨ ਰੋਸ ਪ੍ਰਦਰਸ਼ਨ ਵਿਚ ਸ਼ਾਮਿਲ ਹੋਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਨਛੱਤਰ ਨਾਹਰ , ਦਿਲਬਾਗ ਸਿੰਘ ਚੰਦੀ, ਬਲਦੇਵ ਰਾਜ ਮਾਲੜੀ ਆਦਿ ਹਾਜ਼ਰ ਸਨ।



ਮਜ਼ਦੂਰ ਕਿਸਾਨ ਆਗੂਆਂ ਸਰਵਸਾਥੀ ਦਰਸ਼ਨ ਨਾਹਰ, ਸੂਬਾ ਪ੍ਰਧਾਨ ਦਿਹਾਤੀ ਮਜ਼ਦੂਰ ਸਭਾ,ਹਰਮੇਸ਼ ਮਾਲੜੀ ਸੂਬਾ ਵਿੱਤ ਸਕੱਤਰ ਪੰਜਾਬ ਖੇਤ ਮਜ਼ਦੂਰ ਯੂਨੀਅਨ,ਹੰਸਰਾਜ ਪੱਬਵਾ ਅਤੇ ਤਰਸੇਮ ਪੀਟਰ, ਸੂਬਾ ਆਗੂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ,ਮਨੋਹਰ ਸਿੰਘ ਗਿੱਲ ਸੂਬਾ ਆਗੂ ਜਮਹੂਰੀ ਕਿਸਾਨ ਸਭਾ ਅਤੇ ਸੰਦੀਪ ਅਰੋੜਾ ਜ਼ਿਲ੍ਹਾ ਪ੍ਰਧਾਨ ਪੰਜਾਬ ਕਿਸਾਨ ਸਭਾ ਨੇ ਕਿਹਾ ਕਿ 22 ਅਗਸਤ ਨੂੰ ਪਿੰਡ ਨੂਰਪੁਰ ਚੱਠਾ ਵਿਖੇ

## ਵਧੀਕ ਡਿਪਟੀ ਕਮਿਸ਼ਨਰ ਨੇ ਧੁੱਸੀ ਬੰਨ੍ਹ ਦਾ ਲਿਆ ਜਾਇਜ਼ਾ



**ਨਵਾਂਸ਼ਹਿਰ (ਮਨੋਜ ਲਾਡੀ)**- ਬੀਤੇ ਦਿਨਾਂ ਤੋਂ ਦਰਿਆ ਸਤਲੁਜ ਵਿੱਚ ਪਾਣੀ ਦੇ ਪੱਧਰ ਵਿੱਚ ਹੋਏ ਵਾਧੇ ਨਾਲ ਨੇੜਲੇ ਪਿੰਡ ਬੁਰਜ ਟਹਿਲਦਾਸ, ਪੰਦਰਾਵਲ ਵਿਖੇ ਬੰਨ੍ਹ ਲਾਗੇ ਬਰਮ ਨੂੰ ਲੱਗੀ ਢਾਅ ਵਾਲੀ ਥਾਂ ਦਾ ਜਾਇਜ਼ਾ ਲੈਣ ਪਹੁੰਚੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਰਮ ਦੀ ਮਜ਼ਬੂਤੀ ਅਤੇ ਢਾਅ ਨੂੰ ਹੋਰ ਵਧਣ ਤੋਂ ਰੋਕਣ ਲਈ ਲਗਾਤਾਰ ਕਾਰਜ ਜਾਰੀ ਹੈ। ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਪਹੁੰਚੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦਰਿਆ ਵਿੱਚ ਪਿਛਲੇ ਦਿਨਾਂ ਤੋਂ ਵਧੇ ਪਾਣੀ ਦੇ ਪੱਧਰ ਉਪਰੰਤ ਮੌਜੂਦਾ ਸਮੇਂ 60 ਹਜ਼ਾਰ ਕਿਊਸਿਕ ਪਾਣੀ ਦਾ ਵਹਾਅ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਦਰਾਵਲ ਵਿਖੇ ਬਰਮ ਵਿੱਚ 30 ਫੁੱਟ ਤੋਂ ਵੱਧ ਦੀ ਲੱਗੀ ਢਾਅ ਨੂੰ ਰੋਕਣ ਲਈ ਡਰੇਨੇਜ ਵਿਭਾਗ ਵੱਲੋਂ ਰੇਤਾ ਦੀਆਂ ਬੋਰੀਆਂ ਲਾ ਕੇ ਰੋਕਿਆ ਗਿਆ ਹੈ ਅਤੇ ਇਸ ਨੂੰ ਹੋਰ ਵੱਧਣ ਤੋਂ ਰੋਕਣ ਲਈ ਢੁੱਕਵੇਂ ਪ੍ਰਬੰਧ ਅਮਲ ਵਿੱਚ ਲਿਆਂਦੇ ਗਏ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਪਿੰਡ ਤਾਜੋਵਾਲ ਨੇੜੇ ਵੀ ਬੰਨ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਕੁੱਝ ਦਿਨ ਪਹਿਲਾਂ 35 ਤੋਂ 38 ਹਜ਼ਾਰ ਕਿਊਸਿਕ ਪਾਣੀ ਦਾ ਵਹਾਅ ਸੀ ਜੋ ਕਿ ਹੁਣ ਵਧ ਚੁੱਕਾ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਸਥਿਤੀ ਸਬੰਧੀ ਪੂਰੀ ਤਰ੍ਹਾਂ ਚੌਕਸ ਹਨ।

## 31 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ

**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)**- ਆਖ਼ਰੀ ਉਮੀਦ ਵੈੱਲਫੇਅਰ ਸੁਸਾਇਟੀ ਵੱਲੋਂ ਬਸਤੀ ਦਾਨਿਸ਼ਮੰਦ ਰੋਡ ਨੇੜੇ ਸ਼ਿਵਪੁਰੀ ਮੰਦਿਰ ਜਲੰਧਰ ਵਿਖੇ 31 ਲੋੜਵੰਦ ਅਤੇ ਵਿਧਵਾਂ ਔਰਤਾਂ ਨੂੰ ਸਿਰਫ 11 ਰੁਪਈਆ ਵਿਚ ਘਰ ਦਾ ਰਾਸ਼ਨ ਜਿਸ ਵਿੱਚ ਆਟਾ, ਦਾਲ,ਨਮਕ,ਤੇਲ, ਹਲਦੀ, ਮਿਰਚਾਂ, ਮਸਾਲਾ,ਚਾਹ ਪੱਤੀ, ਖੰਡ ਆਦਿ ਹੋਰ ਵੀ ਜਰੂਰੀ ਦਾ ਸਮਾਨ ਇਲਾਕੇ ਦੇ ਕੌਂਸਲਰ ਸੌਰਵ ਸੇਠ ਨੇ ਕਰ ਕਮਲਾਂ ਨਾਲ ਵੰਡਿਆ। ਉਨ੍ਹਾਂ ਦੱਸਿਆ ਕਿ ਇਹ ਸੇਵਾ ਉਹਨਾਂ ਪਰਵਾਰਾਂ ਤੱਕ ਪਹੁੰਚਾਉਂਦੇ ਹਨ ਜੋ ਜ਼ਰੂਰਤਮੰਦ ਹਨ ਤੇ ਜਿਨ੍ਹਾਂ ਦੇ ਘਰ ਵਿੱਚ ਕਮਾਉਣ ਵਾਲਾ ਕੋਈ ਨਹੀਂ ਹੈ ਜਾਂ ਕਮਾਈ ਦਾ ਕੋਈ ਸਾਧਨ ਨਹੀਂ ਹੈ ਜਾਂ ਘਰ ਵਿੱਚ ਕੋਈ ਬਿਮਾਰ ਹੋਵੇ। ਇਸ ਮੌਕੇ ਤੇ ਸੰਸਥਾ ਦੇ ਪ੍ਰਧਾਨ ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਹਰ ਮਹੀਨੇ ਦੀ 11 ਤਰੀਕ ਨੂੰ 11 ਵਜੇ ਬਸਤੀ ਦਾਨਿਸ਼ਮੰਦ ਰੋਡ ਆਖ਼ਰੀ ਉਮੀਦ ਵੈਲਫੇਅਰ ਸੁਸਾਇਟੀ ਦੇ ਦਫ਼ਤਰ ਵਿਚ ਹਰ ਮਹੀਨੇ ਨਿਭਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜੋ ਵੀ ਲੋੜਵੰਦ ਪਰਿਵਾਰ ਸਾਡੇ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਤੇ ਸੰਸਥਾ ਦੀ ਸਮੁੱਚੀ ਟੀਮ, ਸ਼ਾਮ ਦੇ ਦੀਵਾਨੇ ਦੀ ਸਮੁੱਚੀ ਟੀਮ ਅਤੇ ਮਹਾਂਵੀਰ ਸਤਸੰਗ ਸਭਾ ਵੱਲੋਂ ਯਾਦਵਿੰਦਰ ਸਿੰਘ ਰਾਣਾ, ਰਮਿੰਦਰ ਸਿੰਘ , ਪ੍ਰਭੂ ਦਿਆਲ ਸਿੰਘ,ਚੇਤਨ ਸਿੰਘ



(ਭਾਸ਼ਾ ਵਿਭਾਗ ਡਾਇਰੈਕਟਰ ) ਪਰਮਿੰਦਰ ਸਿੰਘ, ਸੁਖਦੀਪ ਸਿੰਘ, ਤਜਿੰਦਰਪਾਲ ਸਿੰਘ,ਬੰਟੀ ਪ੍ਰਾਪਰਟੀ ਡੀਲਰ, ਵਿਜੇ ਕੁਮਾਰ (ਜਲੰਧਰ ਵਿਰਸਾ ਫੈਸਟ) ਵਿਜੇ ਕਲਸੀ, ਪ੍ਰਕਾਸ਼ ਕੌਰ,ਨੇਹਾ ਸ਼ਰਮਾ ਆਦਿ ਹੋਰ ਵੀ ਸੰਸਥਾ ਦੇ ਮੈਂਬਰ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਬਰਸਾਤੀ ਪਾਣੀ ਦੀ ਨਿਕਾਸੀ ਦਾ ਯੋਗ ਪ੍ਰਬੰਧ ਨਹੀਂ



**ਫਿਲੌਰ (ਨਿਰਮਲ)**- ਫਿਲੌਰ ਨਗਰ ਕੌਂਸਲ ਪਿਛਲੇ 30-40 ਸਾਲਾਂ ਤੋਂ ਕਿਲਾ ਰੋਡ 'ਤੇ ਬਰਸਾਤੀ ਪਾਣੀ ਦੇ ਨਿਕਾਸ ਦਾ ਯੋਗ ਪ੍ਰਬੰਧ ਨਹੀਂ ਕਰ ਸਕੀ, ਜਿਸ ਕਾਰਨ ਹਰ ਬਰਸਾਤੀ ਮੌਸਮ ਤੇ ਦੁਕਾਨਾਂ, ਘਰਾਂ ਮੂਹਰੇ ਭਾਰੀ ਮਾਤਰਾ ਵਿੱਚ ਪਾਣੀ ਖੜ੍ਹਾ ਹੋ ਜਾਂਦਾ ਹੈ। ਨਗਰ ਕੌਂਸਲ ਇਧਰ ਧਿਆਨ ਨਹੀਂ ਦੇ ਰਹੀ। ਦੁਕਾਨਦਾਰ, ਮੁਹੱਲਾ ਨਿਵਾਸੀ ਅਤੇ ਰਾਹਗੀਰ ਬੇਹੱਦ ਪ੍ਰੇਸ਼ਾਨ ਹੁੰਦੇ ਹਨ। ਕਈ ਕਈ ਘੰਟੇ ਟ੍ਰੈਫਿਕ ਵਿੱਚ ਵਿਘਨ ਪਿਆ ਰਹਿੰਦਾ ਹੈ। ਇਲਾਕਾ ਨਿਵਾਸੀ, ਦੁਕਾਨਦਾਰਾਂ ਦੀ ਮੰਗ ਕਰ ਰਹੇ ਹਨ ਕਿ ਸੀਵਰੇਜ ਦੇ ਪਾਈਪ ਵੱਡੇ ਪਾਏ ਜਾਣ ਤਾਂ ਜੋ ਬਰਸਾਤੀ ਗੰਦੇ ਪਾਣੀ ਦਾ ਨਿਕਾਸ ਹੋ ਸਕੇ। ਹਲਕਾ ਵਿਧਾਇਕ ਚੌਧਰੀ ਵਿਕਰਮਜੀਤ ਨੂੰ ਵੀ ਇਸ ਸਬੰਧ ਵਿੱਚ ਕਿਹਾ ਗਿਆ ਹੈ।

## ਸਰਕਾਰ ਵਾਧੂ ਡਾਕਟਰਾਂ ਤੇ ਨਰਸਾਂ ਨਾਲ ਪੀ ਐੱਚ ਸੀ ਪੱਧਰ 'ਤੇ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰੇਗੀ : ਡਾ. ਬਲਬੀਰ ਸਿੰਘ



**ਖਰੜ (ਹਰਨਾਮ ਸਿੰਘ ਡੱਲਾ)**- ਪੰਜਾਬ ਰਾਜ ਨੇ ਮਾਨਸਿਕ ਸਿਹਤ ਅਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਸੰਬੰਧੀ ਵਿਕਾਰਾਂ ਦੀ ਦੇਖਭਾਲ ਨੂੰ ਮੁੱਖ ਧਾਰਾ ਦੀ ਸਿਹਤ ਸੰਭਾਲ ਪ੍ਰਣਾਲੀ ਨਾਲ ਜੋੜਨ ਵੱਲ ਇੱਕ ਮੋਹਰੀ ਕਦਮ ਚੁੱਕਿਆ ਹੈ, ਜੋ ਕਿ ਪਿੰਡ ਪੱਧਰ ਤੋਂ ਸ਼ੁਰੂ ਕੀਤਾ ਗਿਆ ਹੈ। ਸਿਹਤ ਅਤੇ ਪਰਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਮੋਹਾਲੀ ਦੇ ਪ੍ਰਾਇਮਰੀ ਹੈਲਥ ਸੈਂਟਰ, ਬੂਥਗੜ੍ਹ ਵਿਖੇ ਇਸ ਪ੍ਰੋਜੈਕਟ ਦੇ ਪਾਇਲਟ ਤੌਰ ਤੇ ਲਾਗੂ ਕਰਨ ਦੀ ਰਸਮੀ ਸ਼ੁਰੂਆਤ ਕੀਤੀ। ਸਿਹਤ ਮੰਤਰੀ ਨੇ ਕਿਹਾ ਕਿ ਇਸ ਸਮੇਂ, ਭਾਰਤ ਵਿੱਚ ਮਾਨਸਿਕ ਸਿਹਤ ਸਥਿਤੀਆਂ ਦਾ ਇਲਾਜ ਜ਼ਿਲ੍ਹਾ ਪੱਧਰ ਤੱਕ ਸੀਮਤ ਹੈ, ਜਿਸ ਨਾਲ ਇਲਾਜ ਦਾ ਇੱਕ ਵੱਡਾ ਪਾੜਾ ਰਹਿ ਜਾਂਦਾ ਹੈ, ਜਿਸ ਵਿੱਚ ਸਿਰਫ 10-25 ਫ਼ੀਸਦੀ ਮਰੀਜ਼ ਹੀ ਦੇਖਭਾਲ ਪ੍ਰਾਪਤ ਕਰ ਰਹੇ ਹਨ।ਇਹ ਪ੍ਰੋਜੈਕਟ, ਇੰਡੀਅਨ ਕੌਂਸਲ ਆਫ਼ ਮੈਡੀਕਲ ਰਿਸਰਚ ਦੁਆਰਾ ਸਮਰਥਤ ਅਤੇ ਪੀ ਜੀ ਆਈ, ਚੰਡੀਗੜ੍ਹ ਦੀ ਤਕਨੀਕੀ ਮੁਹਾਰਤ ਨਾਲ ਲਾਗੂ ਕੀਤਾ ਗਿਆ ਹੈ। ਇਹ ਪ੍ਰੋਜੈਕਟ ਇਸ ਵੇਲੇ ਸੱਤ ਰਾਜਾਂ (ਪੰਜਾਬ, ਅਸਾਮ, ਓਡੀਸ਼ਾ, ਮੱਧ ਪ੍ਰਦੇਸ਼, ਕਰਨਾਟਕ, ਗੁਜਰਾਤ ਅਤੇ ਹਰਿਆਣਾ) ਵਿੱਚ ਚਲਾਇਆ ਜਾ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ, ਮੋਹਾਲੀ ਜ਼ਿਲ੍ਹੇ ਨੂੰ ਪਾਇਲਟ ਸਾਈਟ ਵਜੋਂ ਚੁਣਿਆ ਗਿਆ ਹੈ। ਇਹ ਪ੍ਰੋਜੈਕਟ ਪਿੰਡ-ਪੱਧਰੀ ਕੇਂਦਰਾਂ ਤੋਂ ਪੀ ਐੱਚ ਸੀ ਅਤੇ ਜ਼ਿਲ੍ਹਾ ਹਸਪਤਾਲਾਂ ਤੱਕ ਰੈਫਰਲ ਲਿੰਕੇਜ ਨੂੰ ਮਜ਼ਬੂਤ ਕਰੇਗਾ ਅਤੇ ਪੀ ਐਚ ਸੀ ਪੱਧਰ 'ਤੇ ਜ਼ਰੂਰੀ ਮਨੋਵਿਗਿਆਨਕ ਦਵਾਈਆਂ ਦੀ ਵਿਵਸਥਾ ਕਰੇਗਾ।

## ਵਿਦਿਆਰਥੀ ਸਿਵਲ ਸੇਵਾਵਾਂ ਨੂੰ ਜਨਤਕ ਸੇਵਾ ਦੀ ਜ਼ਿੰਮੇਵਾਰੀ ਵਜੋਂ ਸਮਝਣ : ਡਾ. ਮਿੱਤਲ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਮਿਸ਼ਨ ਕਰਤਵਯ ਨਾਲ ਭਾਈਵਾਲੀ ਕੀਤੀ ਹੈ, ਜੋ ਕਿ ਇੱਕ ਰਾਸ਼ਟਰੀ ਪੱਧਰ ਦੀ ਨਿਰਸਵਾਰਥ ਪਹਿਲ ਹੈ ਜੋ ਸੇਵਾਮੁਕਤ ਅਤੇ ਸੇਵਾ ਮੁਕਤ ਆਈ ਏ ਐਸ, ਆਈ ਪੀ ਐਸ, ਆਈ ਆਰ ਐਸ, ਨਿਆਂਇਕ ਅਧਿਕਾਰੀਆਂ ਤੇ ਹੋਰ ਉੱਘੇ 'ਕਰਮਯੋਗੀਆਂ' ਦੁਆਰਾ ਚਲਾਈ ਜਾਂਦੀ ਹੈ, ਜੋ ਸਿਵਲ ਸੇਵਾਵਾਂ ਅਤੇ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰਨ ਵਾਲੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦੀ ਹੈ। ਇਸ ਪਹਿਲ ਦੀ ਅਗਵਾਈ ਐੱਲ ਪੀ ਯੂ ਦੇ ਸਾਬਕਾ ਵਿਦਿਆਰਥੀ ਤੇ ਆਈ ਏ ਐਸ ਰੈਂਕ-335 (2022) ਪ੍ਰਾਂਜਲ ਜੈਨ ਕਰਤਵਯ ਨੂੰ ਭਾਰਤ ਵਿੱਚ ਸਿਵਲ ਸੇਵਾਵਾਂ ਦੀ ਸਮਰੱਥਾ ਨਿਰਮਾਣ ਵਿੱਚ ਇੱਕ ਪਰਿਵਰਤਨ ਲਿਆਉਣ ਲਈ ਇੱਕ ਪਲੇਟਫਾਰਮ ਵਜੋਂ ਦੇਖਦੇ ਹੈ, ਜੋ ਨਿਰੰਤਰ ਸਿਖਲਾਈ ਪ੍ਰਦਾਨ ਕਰਕੇ ਅਤੇ ਉਮੀਦਵਾਰਾਂ ਨੂੰ ਭਵਿੱਖ ਲਈ ਤਿਆਰ ਬਣਾ ਕੇ ਕਰਦੇ ਹੈ। ਐੱਲ ਪੀ ਯੂ ਵਿਖੇ ਮਿਸ਼ਨ ਕਰਤਵਯ ਦੇ ਉਦਘਾਟਨ ਸਮੇਂ ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ, ਸ਼੍ਰੀਲੰਕਾ ਦੇ ਸੁਪਰੀਮ ਕੋਰਟ ਦੇ ਸਾਬਕਾ ਮਾਣਯੋਗ ਮੁੱਖ ਜੱਜ, ਡਾ. ਮੋਹਨ ਪੀਰੀਸ (ਸੰਯੁਕਤ ਰਾਸ਼ਟਰ ਵਿੱਚ ਸ਼੍ਰੀਲੰਕਾ ਦੇ ਰਾਜਦੂਤ ਅਤੇ ਸਥਾਈ ਪ੍ਰਤੀਨਿਧੀ), ਨਰਸਿਮਹਾ ਕੋਮਾਰ, ਆਈ ਪੀ ਐੱਸ (ਪੁਲਸ ਕਮਿਸ਼ਨਰ, ਵਡੋਦਰਾ ਸ਼ਹਿਰ, ਗੁਜਰਾਤ), ਸ਼੍ਰੀ ਕਮਲ ਕਿਸ਼ੋਰ ਯਾਦਵ, ਆਈ ਏ ਐਸ (ਪ੍ਰਬੰਧਕੀ ਸਕੱਤਰ, ਉਦਯੋਗ ਅਤੇ ਵਣਜ ਵਿਭਾਗ, ਪੰਜਾਬ ਸਰਕਾਰ), ਅਤੇ ਡਾ. ਅੰਜੂ ਜੈਨ, ਦਿੱਲੀ ਯੂਨੀਵਰਸਿਟੀ ਦੇ ਪ੍ਰੋਫੈਸਰ ਮੌਜੂਦ ਸਨ। ਉਨ੍ਹਾਂ ਦੀ ਮੌਜੂਦਗੀ ਨੇ ਨੌਜਵਾਨ ਉਮੀਦਵਾਰਾਂ ਨੂੰ ਬੌਧਿਕ ਪ੍ਰੇਰਨਾ ਪ੍ਰਦਾਨ ਕੀਤੀ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਨੇ ਇਸ ਮਹਾਨ ਮਿਸ਼ਨ ਦੀ ਸ਼ੁਰੂਆਤ ਦੀ ਸ਼ਲਾਘਾ ਕੀਤੀ ਅਤੇ ਇਸ ਨੂੰ ਐੱਲ ਪੀ ਯੂ ਦੇ ਰਾਸ਼ਟਰ ਨਿਰਮਾਣ ਦੇ ਆਪਣੇ ਦ੍ਰਿਸ਼ਟੀਕੋਣ ਨਾਲ ਜੋੜਿਆ। ਡਾ. ਮਿੱਤਲ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਿਵਲ ਸੇਵਾਵਾਂ ਨੂੰ ਸੱਤਾ ਦੇ ਰਸਤੇ ਵਜੋਂ ਨਾ ਸਮਝਣ, ਸਗੋਂ ਜਨਤਕ ਸੇਵਾ ਦੀ ਜ਼ਿੰਮੇਵਾਰੀ ਵਜੋਂ ਸਮਝਣ। ਅੰਤਰਰਾਸ਼ਟਰੀ ਪੱਧਰ 'ਤੇ ਪ੍ਰਤੀਨਿਧਤਾ ਕਰਦੇ ਹੋਏ, ਸਾਬਕਾ ਮਾਣਯੋਗ ਚੀਫ਼ ਜਸਟਿਸ ਡਾ: ਮੋਹਨ ਪੀਰੀਸ, ਸੰਯੁਕਤ ਰਾਸ਼ਟਰ ਵਿੱਚ ਸ਼੍ਰੀਲੰਕਾ ਦੇ ਰਾਜਦੂਤ ਅਤੇ ਸਥਾਈ ਪ੍ਰਤੀਨਿਧੀ, ਨੇ ਉਨ੍ਹਾਂ ਮੁੱਲਾਂ ਬਾਰੇ ਗੱਲ ਕੀਤੀ ਜੋ ਸਰਹੱਦਾਂ ਦੇ ਪਾਰ ਸ਼ਾਸਨ ਨੂੰ ਕਾਇਮ ਰੱਖਦੇ ਹਨ; ਇਮਾਨਦਾਰੀ, ਹਮਦਰਦੀ ਅਤੇ ਹਿੰਮਤ। ਸ਼੍ਰੀ ਕਮਲ ਕਿਸ਼ੋਰ ਯਾਦਵ, ਆਈਏਐਸ, ਪ੍ਰਬੰਧਕੀ ਸਕੱਤਰ, ਉਦਯੋਗ ਅਤੇ ਵਣਜ ਵਿਭਾਗ, ਪੰਜਾਬ ਸਰਕਾਰ, ਨੇ ਇਸ ਗੱਲ ਤੇ ਚਾਨਣਾ ਪਾਇਆ ਕਿ ਸਿਵਲ ਸੇਵਾ ਜਨਤਕ ਸੇਵਾ ਦੇ ਸਭ ਤੋਂ ਸੱਚੇ ਰੂਪਾਂ ਵਿੱਚੋਂ ਇੱਕ ਹੈ। ਡਾ. ਅੰਜੂ ਜੈਨ, ਪ੍ਰੋਫੈਸਰ, ਦਿੱਲੀ ਯੂਨੀਵਰਸਿਟੀ, ਨੇ ਸਿਵਲ ਸੇਵਾ ਦੀ ਤਿਆਰੀ ਨੂੰ ਇੱਕ ਤਪੱਸਿਆ ਵਜੋਂ ਦੱਸਿਆ ਜਿਸ ਲਈ ਅਨੁਸ਼ਾਸਨ, ਇਕਸਾਰਤਾ ਅਤੇ ਨਿਰਸਵਾਰਥਤਾ ਦੀ ਲੋੜ ਹੁੰਦੀ ਹੈ।



## ਸੂਰਜ ਨੇ ਕੁਸ਼ਤੀ 'ਚ ਜਿੱਤਿਆ ਕਾਂਸੀ ਦਾ ਤ਼ਗਮਾ

**ਗੁਰਾਇਆ (ਬਿੰਦਰ ਸੁੰਮਨ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਉਪ-ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਰਹਿਨੁਮਾਈ ਤੇ ਪ੍ਰਿੰ.(ਡਾ.)ਜਗਸੀਰ ਸਿੰਘ ਬਰਾੜ ਦੀ ਯੋਗ ਅਗਵਾਈ ਹੇਠ ਕੁਸ਼ਤੀ ਦੇ ਖਿਡਾਰੀ ਸੂਰਜ ਨੇ ਜਿੱਤਿਆ ਕਾਂਸੀ ਦਾ ਤ਼ਗਮਾ। ਪ੍ਰਿੰਸੀਪਲ ਨੇ ਦੱਸਿਆ ਕਿ ਪ੍ਰੋਫ਼ੈਸਰ (ਡਾ.)ਸਰੋਜ ਅਰੋੜਾ ਡੀਨ ਕਾਲਜ ਡਿਵੈਲਪਮੈਂਟ ਕੌਂਸਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਖਿਡਾਰੀ ਨੂੰ ਝਾਰਖੰਡ ਰਾਜ ਦੇ ਰਾਂਚੀ ਸ਼ਹਿਰ ਵਿੱਚ ਅੰਡਰ-23 ਸੀਨੀਅਰ ਨੈਸ਼ਨਲ ਫ਼ਰੀ ਸਟਾਈਲ 23ਵੀਂ ਨੈਸ਼ਨਲ ਗੇਮ ਕੁਸ਼ਤੀ ਮੁਕਾਬਲੇ ਖੇਡਣ ਲਈ ਭੇਜਿਆ ਗਿਆ। ਇਹਨਾਂ ਮੁਕਾਬਲਿਆਂ ਵਿੱਚ ਕਾਲਜ ਦੇ ਬੀ ਪੀ ਈ ਐੱਸ ਭਾਗ ਦੂਜਾ ਦੇ ਵਿਦਿਆਰਥੀ ਸੂਰਜ ਨੇ 70 ਕਿਲੋ ਭਾਰ ਵਰਗ ਫ਼ਰੀ ਸਟਾਈਲ ਵਿੱਚ ਕਾਂਸੀ ਦਾ ਤ਼ਗਮਾ ਜਿੱਤ ਕੇ ਕਾਲਜ ਦਾ ਨਾਮ ਰੋਸ਼ਨ ਕੀਤਾ। ਪ੍ਰਿੰ. (ਡਾ.) ਬਰਾੜ ਵੱਲੋਂ ਖਿਡਾਰੀ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਉਹਨਾਂ ਨੂੰ ਹਮੇਸ਼ਾ ਸੱਚੀ- ਸੁੱਚੀ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਆ। ਇਸ ਮੌਕੇ ਤੇ ਕਾਲਜ ਦੇ ਸਮੂਹ ਵਿਭਾਗਾਂ ਦੇ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।



## ਮੰਡਿਆਲਾ ਗੈਸ ਕਾਂਡ ਦੀ ਜਾਂਚ ਕਰਾਉਣ ਦੀ ਮੰਗ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ, ਸੋਨੂੰ ਮਹਿਤਪੁਰ ਤੇ ਕਾਂਗਰਸੀ ਆਗੂ ਸੋਢੀ ਰਾਮ ਨੇ ਮੰਡਿਆਲਾ ਗੈਸ ਕਾਂਡ ਦੇ ਲੋਕਾਂ ਨਾਲ ਦੁੱਖ ਸਾਂਝਾ ਕਰਦੇ ਦੱਸਿਆ ਕਿ ਸਾਰੇ ਨਿਯਮਾਂ ਨੂੰ ਤਾਕ ਉਤੇ ਕੀਤੇ ਜਾ ਰਹੇ ਕੰਮਾਂ ਦੇ ਨਤੀਜਿਆਂ ਕਾਰਨ ਘਟਨਾ ਵਾਪਰੀ ਤੇ ਇਹ ਘਟਨਾ ਅਨੇਕਾਂ ਸਵਾਲ ਪੈਦਾ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਅਨੇਕਾਂ ਸਵਾਲ ਖੜੇ ਕਰ ਦਿਤੇ ਹਨ।ਉਨ੍ਹਾਂ ਸਿਵਲ ਸਰਜਨ ਤੋਂ ਪਤਾ ਕੀਤਾ ਕਿ ਪੀੜਤਾਂ ਵਿਚ ਮੌਤਾਂ ਦੀ ਗਿਣਤੀ 7 ਹੋ ਗਈ ਹੈ। ਧੀਮਾਨ ਨੇ ਲੋਕਾਂ ਨੂੰ ਭਰੋਸਾ ਦਵਾਇਆ ਕਿ ਨੁਕਸਾਨ ਦੀ ਭਰਪਾਈ ਲਈ ਸਾਰਾ ਮਾਮਲਾ ਭਾਰਤ ਸਰਕਾਰ ਦੇ ਪੈਟਰੋਲੀਅਮ ਮੰਤਰਾਲੇ ਨੂੰ ਲਿੱਖਿਆ ਗਿਆ ਹੈ।



## ਤੀਸਰੀ ਕੌਮੀ ਲੋਕ ਅਦਾਲਤ 13 ਸਤੰਬਰ ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਦੇ ਦਿਸ਼ਾਂ-ਨਿਰਦੇਸ਼ਾਂ ਅਨੁਸਾਰ 13 ਸਤੰਬਰ ਨੂੰ ਜ਼ਿਲ੍ਹੇ ਵਿਚ ਸਾਲ ਦੀ ਤੀਸਰੀ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਰਜਿੰਦਰ ਅਗਰਵਾਲ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿਚ ਧਾਰਾ 138 ਅਧੀਨ ਐਨ ਆਈ ਐਕਟ ਦੇ ਮਾਮਲੇ, (ਲੰਬਿਤ ਅਤੇ ਪ੍ਰੀ-ਮੁਕੱਦਮੇਬਾਜ਼ੀ ਬੈਂਕ ਰਿਕਵਰੀ ਕੇਸ ਅਤੇ ਲੇਬਰ ਵਿਵਾਦ ਦੇ ਮਾਮਲੇ), ਐਮ ਏ ਸੀ ਟੀ ਕੇਸ, ਬਿਜਲੀ ਅਤੇ ਪਾਣੀ ਦੇ ਬਿੱਲ (ਗੈਰ-ਕੰਪਾਊਂਡੇਬਲ ਨੂੰ ਛੱਡ ਕੇ), ਵਿਆਹ ਸੰਬੰਧੀ ਝਗੜੇ, ਟ੍ਰੈਫਿਕ ਚਲਾਨ, ਮਾਲੀਆ ਕੇਸ ਤੇ ਹੋਰ ਸਿਵਲ, ਘੱਟ ਗੰਭੀਰ ਅਪਰਾਧਿਕ ਮਾਮਲੇ, ਕੰਪਾਊਂਡੇਬਲ ਕੇਸ ਤੇ ਘਰੇਲੂ ਝਗੜੇ ਆਦਿ ਦੇ ਕੇਸ ਰੱਖੇ ਜਾਣਗੇ। ਇਸ ਲੋਕ ਅਦਾਲਤ ਵਿਚ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਰਨ ਲਈ ਜੁਡੀਸ਼ੀਅਲ ਅਫ਼ਸਰਾਂ ਵੱਲੋਂ ਅਦਾਲਤਾਂ ਵਿਚ ਪ੍ਰੀ-ਲੋਕ ਅਦਾਲਤਾਂ ਲਗਾਈਆਂ ਜਾ ਰਹੀਆਂ ਹਨ, ਤਾਂ ਜੋ ਜਿਨ੍ਹਾਂ ਲੋਕਾਂ ਦੇ ਕੇਸ ਅਦਾਲਤਾਂ ਵਿਚ ਚੱਲ ਰਹੇ ਹਨ, ਉਨ੍ਹਾਂ ਨੂੰ ਲੋਕ ਅਦਾਲਤ ਦਾ ਲਾਭ ਮਿਲ ਸਕੇ। ਇਸ ਤੋ ਇਲਾਵਾ ਕੋਈ ਵੀ ਵਿਅਕਤੀ ਆਪਣੀ ਕਿਸੇ ਵੀ ਤਰ੍ਹਾਂ ਦੀ ਘਰੇਲੂ ਸਮੱਸਿਆ, ਜਿਸ ਦਾ ਕੇਸ ਅਦਾਲਤ ਵਿੱਚ ਨਾ ਚੱਲਦਾ ਹੋਵੇ, ਉਸ ਨੂੰ ਹੱਲ ਕਰਵਾਉਣ ਲਈ ਵਿਚੋਲਗਿਰੀ ਦੁਆਰਾ ਉਨ੍ਹਾਂ ਦੇ ਦਫ਼ਤਰ ਕਮਰਾ ਨੰਬਰ 58, ਨਿਊ ਜ਼ਿਲ੍ਹਾ ਤੇ ਸੈਸ਼ਨ ਕੋਰਟ ਕੰਪਲੈਕਸ ਦੇ ਮਿਡੀਏਸ਼ਨ ਅਤੇ ਕੰਸੀਲਿਏਸ਼ਨ ਸੈਂਟਰ, ਹੁਸ਼ਿਆਰਪੁਰ ਵਿਚ ਦਰਖਾਸਤ ਦੇ ਸਕਦਾ ਹੈ, ਜਿਸ ਦੇ ਸਬੰਧ ਵਿਚ ਦੋਵੇ ਧਿਰਾਂ ਨੂੰ ਬੁਲਾ ਕੇ, ਸਹਿਮਤੀ ਨਾਲ ਝਗੜੇ ਦਾ ਨਿਪਟਾਰਾ ਕੀਤਾ ਜਾਵੇਗਾ।

## ਬਾਬਾ ਗੁਸਾਈਆਣਾ ਦੇ ਸਾਲਾਨਾ ਮੇਲੇ 'ਤੇ ਕਾਂਗਰਸੀ ਆਗੂ ਪਡਿਆਲਾ ਦਾ ਸਨਮਾਨ

**ਕੁਰਾਲੀ (ਮੋਹਨ ਅੱਗਰਵਾਲ)**- ਪ੍ਰਸਿੱਧ ਪ੍ਰਾਚੀਨ ਡੇਰਾ ਬਾਬਾ ਗੋਸਾਈਆਣਾ ਵਿਖੇ ਸਾਲਾਨਾ ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਧੰਨਰਾਜ ਗਿਰ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਮੇਲੇ ਦੌਰਾਨ ਵੱਖ-ਵੱਖ ਧਾਰਮਿਕ ਸਮਾਗਮ ਵੀ ਕਰਵਾਏ ਗਏ।ਪ੍ਰਸਿੱਧ ਲੋਕ ਗਾਇਕ ਉਮਿੰਦਰ ਓਮਾ ਵੱਲੋਂ ਇੱਕ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਇਆ ਗਿਆ।ਜਿਸ ਵਿੱਚ ਪੰਜਾਬ ਦੇ ਨਾਮੀ ਗਾਇਕ ਰਣਜੀਤ ਮਣੀ, ਗੁਰਬਖਸ਼ ਸ਼ੌਂਕੀ, ਅਮਰ ਅਰਸ਼ੀ-ਬੀਬਾ ਨਰਿੰਦਰ (ਦੁਗਾਣਾ ਜੋੜੀ) ਸਮੇਤ ਕਈ ਕਲਾਕਾਰਾਂ ਨੇ ਆਪਣੇ ਗੀਤਾਂ ਰਾਹੀਂ ਦਰਸ਼ਕਾਂ ਦਾ ਮਨੋਰੰਜਨ ਕੀਤਾ। ਇਸ ਮੌਕੇ ਜਿੱਥੇ ਵੱਖ-ਵੱਖ ਧਾਰਮਿਕ ਰਾਜਨੀਤਿਕ ਸਮਾਜਿਕ ਜਥੇਬੰਦੀਆਂ ਦੇ ਆਗੂ ਸਾਹਿਬਾਨ ਨੇ ਹਾਜ਼ਰੀ ਭਰੀ।ਉੱਥੇ ਹੀ ਕਾਂਗਰਸ ਦੇ ਸੀਨੀਅਰ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ ਜਨਰਲ ਸਕੱਤਰ (ਪੰਜਾਬ ਕਿਸਾਨ ਕਾਂਗਰਸ) ਵੱਲੋਂ ਵੀ ਇਸ ਮੇਲੇ ਵਿੱਚ ਹਾਜ਼ਰੀ ਭਰੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਡਿਆਲਾ ਨੇ ਕਿਹਾ ਕਿ ਸ਼ਹਿਰ ਕੁਰਾਲੀ ਨੂੰ ਸਾਧੂ ਸੰਤਾ ਮਹਾਂਪੁਰਸ਼ਾਂ ਦਾ ਆਸ਼ੀਰਵਾਦ ਹੈ।ਇਸ ਲਈ ਇਹ ਸ਼ਹਿਰ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰ ਰਿਹਾ। ਇਸ ਮੌਕੇ ਸੱਭਿਆਚਾਰਕ ਮੇਲੇ ਲਈ ਗੁਰਪ੍ਰਤਾਪ ਸਿੰਘ ਪਡਿਆਲਾ ਵੱਲੋਂ 21000 ਰੁਪਏ ਭੇਟਾ ਦੇ ਰੂਪ ਵਿੱਚ ਦਿੱਤੇ। ਇਸ ਮੌਕੇ ਮੇਲੇ ਦੇ ਸੰਚਾਲਕਾਂ ਵੱਲੋਂ ਗੁਰਪ੍ਰਤਾਪ ਸਿੰਘ ਪਡਿਆਲਾ ਅਤੇ ਉਨਾ ਦੇ ਸਾਥੀਆਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਕੁਲਵਿੰਦਰ ਸਿੰਘ ਨਗਲੀਆਂ (ਸਾਬਕਾ ਸਰਪੰਚ) ਰਵਿੰਦਰ ਸਿੰਘ ਬੌਬੀ ਬੱਤਾ (ਸਾਬਕਾ ਸਰਪੰਚ), ਮੁਕੇਸ਼ ਰਾਣਾ (ਸਾਬਕਾ ਕੌਂਸਲਰ), ਪ੍ਰਿੰਸ ਸ਼ਰਮਾ, ਸੁਰਜੀਤ ਸਿੰਘ ਲਖਨੌਰ, ਸੁਰਿੰਦਰ ਕੌਰ ਸ਼ੇਰਗਿੱਲ ਸਮੇਤ ਕਈ ਸ਼ਖਸ਼ੀਅਤਾਂ ਹਾਜ਼ਰ ਸਨ।



## ਰਾਸ਼ਟਰੀ ਜਾਗਰੂਕਤਾ ਪੰਦਰਵਾੜਾ 7 ਸਤੰਬਰ ਤੱਕ ਮਨਾਇਆ ਜਾ ਰਿਹਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਈ ਡੋਨੇਸ਼ਨ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 40ਵਾਂ ਰਾਸ਼ਟਰੀ ਜਾਗਰੂਕਤਾ ਪੰਦਰਵਾੜਾ ਵੱਡੇ ਜੋਸ਼ ਤੇ ਸਮਰਪਣ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਦੌਰਾਨ ਵੱਖ-ਵੱਖ ਇਲਾਕਿਆਂ, ਸਕੂਲਾਂ, ਕਾਲਜਾਂ ਅਤੇ ਧਾਰਮਿਕ ਸੰਸਥਾਵਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਨੇਤਰ ਦਾਨ ਲਈ ਪ੍ਰੇਰਿਤ ਕੀਤਾ ਜਾ ਸਕੇ। ਐਸੋਸੀਏਸ਼ਨ ਪਿਛਲੇ 25 ਸਾਲਾਂ ਤੋਂ ਅੰਨ੍ਹੇ ਲੋਕਾਂ ਦੀ ਜ਼ਿੰਦਗੀ ਵਿੱਚ ਰੌਸ਼ਨੀ ਲਿਆਂਦਾ ਆ ਰਿਹਾ ਹੈ। ਹੁਣ ਤੱਕ ਲਗਭਗ 1600 ਅੰਨ੍ਹੇ ਵਿਅਕਤੀਆਂ ਨੂੰ ਕਾਰਨੀਆ ਟਰਾਂਸਪਲਾਂਟ ਰਾਹੀਂ ਨਜ਼ਰ ਪ੍ਰਦਾਨ ਕੀਤੀ ਗਈ ਹੈ। ਇਸ ਦੇ ਨਾਲ, 24 ਵਿਅਕਤੀਆਂ ਦੀਆਂ ਇੱਛਾਵਾਂ ਅਨੁਸਾਰ ਉਨ੍ਹਾਂ ਦੇ ਮਰਨ ਉਪਰਾਂਤ ਸ਼ਰੀਰ ਵੱਖ-ਵੱਖ ਮੈਡੀਕਲ ਕਾਲਜਾਂ ਨੂੰ ਦਾਨ ਕੀਤੇ ਗਏ ਹਨ। ਇਸੇ ਤਰ੍ਹਾਂ ਦੋ ਬ੍ਰੇਨ ਡੈੱਡ ਵਿਅਕਤੀਆਂ ਦੇ ਸਾਰੇ ਅੰਗ ਵੀ ਦਾਨ ਕੀਤੇ ਗਏ ਹਨ। ਰਾਸ਼ਟਰੀ ਜਾਗਰੂਕਤਾ ਪੰਦਰਵਾੜੇ ਦਾ ਸਮਾਪਨ ਸਮਾਰੋਹ 7 ਸਤੰਬਰ ਨੂੰ ਮਾਡਲ ਟਾਊਨ ਕਲੱਬ ਹੁਸ਼ਿਆਰਪੁਰ ਵਿੱਚ ਆਯੋਜਿਤ ਕੀਤਾ ਜਾਵੇਗਾ, ਜਿਸ ਦੌਰਾਨ ਨੇਤਰ ਅਤੇ ਸ਼ਰੀਰ ਦਾਤਾਵਾਂ ਦੇ ਪਰਿਵਾਰਾਂ ਨੂੰ ਸਨਮਾਨਤ ਕੀਤਾ ਜਾਵੇਗਾ। ਪ੍ਰੈੱਸ ਕਾਨਫਰੰਸ ਨੂੰ ਪ੍ਰੋ. ਬਹਾਦੁਰ ਸਿੰਘ ਸੁਨੇਤ, ਸ਼੍ਰੀ ਸੁਰੇਸ਼ ਕਪਾਟੀਆ ਅਤੇ ਇੰਜੀ. ਬਲਜੀਤ ਸਿੰਘ ਪਨੇਸਰ ਨੇ ਸੰਬੋਧਨ ਕੀਤਾ।



## ਕਲੱਬ ਵੱਲੋਂ ਰਾਮਲੀਲ੍ਹਾ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਬ੍ਰਹਮਲੀਨ ਮਹੰਤ ਸ਼੍ਰੀ ਸ਼ਾਂਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ਼੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਦੀ ਅਪਾਰ ਕਿਰਪਾ ਨਾਲ ਅਤੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਦੇ ਆਸ਼ੀਰਵਾਦ ਤੇ ਅਗਵਾਈ ਹੇਠ ਪੰਡਿਤ ਸ਼੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ ਦੇ ਡਾਇਰੈਕਟਰ ਪ੍ਰੇਮ ਕੁਮਾਰ ਸੱਦੀ ਅਤੇ ਸਰਪ੍ਰਸਤ ਗਜਰਾਜ ਵੱਲੋਂ ਦੱਸਿਆ ਗਿਆ ਕਿ ਇਸ ਵਾਰ ਰਾਮਲੀਲ੍ਹਾ ਦਾ ਬਹੁਤ ਹੀ ਵਧੀਆ ਤੇ ਧੂਮ-ਧਾਮ ਨਾਲ ਮੰਚਨ ਹੋਵੇਗਾ। ਇਸ ਵਾਰ ਨਵੇਂ ਚਿਹਰੇ, ਨਵੇਂ ਸੀਨ, ਪਵਿੱਤਰ ਗ੍ਰੰਥ ਰਮਾਇਣ ਵਿੱਚੋਂ ਮੰਚ ਤੇ ਦਿਖਾਏ ਜਾਣਗੇ, ਅਤੇ ਦੁਸ਼ਹਿਰਾ ਕੁਟੀਆ ਗਰਾਊਂਡ ਸਿੱਧੂਪੁਰ ਰੋਡ ਤੇ ਬੜੀ ਧੂਮ-ਧਾਮ ਨਾਲ ਮਨਾਇਆ ਜਾਵੇਗਾ। ਇਹ ਵੀ ਦੱਸਿਆ ਸਾਰਾ ਪ੍ਰੋਗਰਾਮ ਲੋਹੀਆਂ ਖਾਸ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਨਾਲ ਕਰਵਾਇਆ ਜਾ ਰਿਹਾ ਹੈ।



## ਖੁਰਾਣਾ ਨੇ ਹੜ੍ਹ ਪ੍ਰਭਾਵਤ ਪਿੰਡਾਂ ਦਾ ਕੀਤਾ ਦੌਰਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੌਂਗ ਡੈਮ ਤੇ ਲਗਾਤਾਰ ਪੈ ਰਹੀ ਭਾਰੀ ਬਾਰਿਸ਼ ਕਰਕੇ ਬਿਆਸ ਦਰਿਆ ਦੇ ਪਾਣੀ ਦਾ ਪੱਧਰ ਲਗਾਤਾਰ ਵੱਧਦਾ ਜਾ ਰਿਹਾ ਹੈ ਜਿਸ ਕਰਕੇ ਮਿਆਣੀ ਖੇਤਰ ਅਧੀਨ ਆਉਂਦੇ ਵੱਖ ਵੱਖ ਪਿੰਡਾਂ ਵਿੱਚ ਬਿਆਸ ਦਰਿਆ ਦੇ ਪਾਣੀ ਦੀ ਮਾਰ ਪੈ ਰਹੀ ਹੈ। ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਹੁਸ਼ਿਆਰਪੁਰ ਜਵਾਹਰ ਲਾਲ ਖੁਰਾਣਾ ਨੇ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕੀਤਾ। ਉਹਨਾਂ ਨੇ ਵੱਖ ਵੱਖ ਪਿੰਡਾਂ ਵਿਚ ਵੱਧ ਰਹੇ ਪਾਣੀ ਦੇ ਪੱਧਰ ਦਾ ਦਾ ਜਾਇਜ਼ਾ ਲਿਆ ਅਤੇ ਵੱਧ ਰਹੇ ਪਾਣੀ ਦੇ ਪੱਧਰ ਤੇ ਚਿੰਤਾ ਪ੍ਰਗਟ ਕੀਤੀ। ਖੁਰਾਣਾ ਨੇ ਕਿਹਾ ਕਿ ਹੜ੍ਹਾਂ ਕਾਰਨ ਬੇਟ ਖੇਤਰ ਦੇ ਮੰਡ ਇਲਾਕੇ ਦੀਆਂ ਹਜ਼ਾਰਾਂ ਏਕੜ ਝੋਨੇ ਦੀ ਫਸਲ ਤੇ ਹੋਰ ਫਸਲਾਂ ਵੱਡੀ ਪੱਧਰ ਤੇ ਪਾਣੀ ਦੀ ਮਾਰ ਹੇਠ ਆ ਚੁੱਕੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸੰਬੰਧਤ ਅਧਿਕਾਰੀ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਲੋਕਾਂ ਦੇ ਹੋਏ ਨੁਕਸਾਨ ਦੀਆਂ ਲਿਸਟਾਂ ਬਣਾ ਕੇ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜ਼ਾ ਦੇਣ। ਇਸ ਮੌਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਟਾਂਡਾ ਬਗੀਚਾ ਸਿੰਘ, ਸਤਨਾਮ ਸਿੰਘ, ਜੁਗਰਾਜ ਸਿੰਘ, ਬਲਵੀਰ ਸਿੰਘ, ਪ੍ਰੀਤਮ ਸਿੰਘ, ਆਦਿ ਹਾਜ਼ਰ ਸਨ।



## ਬੇਸਹਾਰਾ ਤੇ ਅਨਾਥ ਬੱਚਿਆਂ ਲਈ 'ਸਪਾਂਸਰਸ਼ਿਪ ਸਕੀਮ' ਮਾਨ ਸਰਕਾਰ ਦਾ ਸ਼ਲਾਘਾਯੋਗ ਕਦਮ : ਅੰਮ੍ਰਿਤਪਾਲ ਸਿੰਘ

**ਜਲੰਧਰ (ਸੁਰਿੰਦਰ ਕੁਮਾਰ)**- ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਬੇਸਹਾਰਾ ਤੇ ਅਨਾਥ ਬੱਚਿਆਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ 'ਸਪਾਂਸਰਸ਼ਿਪ ਸਕੀਮ' ਬਹੁਤ ਹੀ ਸਲਾਉਣਯੋਗ ਕਦਮ ਹੈ। ਇਸ ਯੋਜਨਾ ਤਹਿਤ ਹੁਣ ਤੱਕ 5,475 ਬੱਚਿਆਂ ਨੂੰ ਆਰਥਿਕ ਮਦਦ ਮਿਲ ਚੁੱਕੀ ਹੈ। ਇਸ ਯੋਜਨਾ ਅਧੀਨ ਹਰ ਲਾਭਪਾਤਰੀ ਬੱਚੇ ਨੂੰ 4,000/- ਪ੍ਰਤੀ ਮਹੀਨਾ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਆਪਣੇ ਭਵਿੱਖ ਨੂੰ ਸੁਨਿਹਰਾ ਬਣਾਉਣ ਦੇ ਯਤਨ ਕਰ ਸਕਣ। ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਇਸ ਸਕੀਮ ਦਾ ਮਕਸਦ ਲੋੜਵੰਦ ਬੱਚਿਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਦਾ ਮੌਕਾ ਦੇਣਾ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ 'ਆਪਰੇਸ਼ਨ ਜੀਵਨਜੋਤ-2' ਵੀ ਚਲਾਇਆ ਜਾ ਰਿਹਾ ਹੈ, ਜਿਸ ਦਾ ਮਕਸਦ ਮਾਸੂਮ ਬੱਚਿਆਂ ਨੂੰ ਭੀਖ ਤੋਂ ਮੁਕਤੀ ਦਿਵਾਉਣਾ ਹੈ। ਇਹ ਦੋਵੇਂ ਯੋਜਨਾਵਾਂ ਸਮਾਜ ਵਿੱਚ ਬੇਸਹਾਰਾ ਤੇ ਅਨਾਥ ਬੱਚਿਆਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣਗੀਆਂ।

## ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ 'ਚ ਖਾਲਸਾ ਸਕੂਲ ਰੋਪੜ ਪਹਿਲੇ ਸਥਾਨ 'ਤੇ

**ਰੂਪਨਗਰ** : ਤਰਕਸ਼ੀਲ ਸੁਸਾਇਟੀ ਰੋਪੜ ਦੀ ਵਿਸ਼ੇਸ਼ ਮੀਟਿੰਗ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਮੁੱਖ ਤੌਰ 'ਤੇ ਚਰਚਾ ਹੋਈ, ਜਿਸ ਸਬੰਧੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋ ਗ਼ਦਰ ਲਹਿਰ ਦੀ ਨਾਇਕਾ ਬੀਬੀ ਗੁਲਾਬ ਕੌਰ ਜੀ ਨੂੰ ਸਮਰਪਤ 7ਵੀਂ ਪੰਜਾਬ ਪੱਧਰੀ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ 29 ਅਗਸਤ ਨੂੰ ਕਰਵਾਈ ਜਾ ਰਹੀ ਹੈ ਜਿਸ ਵਿੱਚ 30 ਹਜ਼ਾਰ ਦੇ ਲੱਗਭੱਗ ਵਿਦਿਆਰਥੀ ਭਾਗ ਲੈ ਰਹੇ ਹਨ। ਮੀਡੀਆ ਮੁਖੀ ਹਰਵਿੰਦਰ ਸੁਖਰਾਮਪੁਰੀ ਨੇ ਦੱਸਿਆ ਕਿ ਰੋਪੜ ਜ਼ਿਲ੍ਹੇ ਦੇ 30 ਸਕੂਲਾਂ ਦੇ ਕੁੱਲ 2136 ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਹੋਈ ਹੈ ਜਿਨ੍ਹਾਂ ਵਿੱਚੋਂ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਰੋਪੜ ਦੇ ਵਿਦਿਆਰਥੀ ਸਾਰੇ ਸਕੂਲਾਂ ਨਾਲੋਂ ਵੱਧ (543) ਹੋਣ ਕਾਰਨ ਇਹ ਸਕੂਲ ਰੋਪੜ ਜ਼ਿਲ੍ਹੇ ਵਿੱਚੋਂ ਤੇ ਪੰਜਾਬ ਵਿੱਚੋਂ ਪਹਿਲੇ ਸਥਾਨ 'ਤੇ ਆ ਗਿਆ ਹੈ। ਪਰਖ਼ ਪ੍ਰੀਖਿਆ ਸਬੰਧੀ ਚੰਡੀਗੜ੍ਹ ਜ਼ੋਨ ਮੁਖੀ ਅਜੀਤ ਪ੍ਰਦੇਸੀ ਤੇ ਸ਼ੈਲਿੰਦਰ ਕੁਰਾਲੀ ਨੇ ਦੱਸਿਆ ਕਿ ਪਰਖ਼ ਪ੍ਰੀਖਿਆ ਦਾ ਉਦੇਸ਼ ਵਿਦਿਆਰਥੀਆਂ ਦਾ ਸੋਚਣ ਢੰਗ ਵਿਗਿਆਨਕ ਬਣਾਉਣਾ, ਵਿਦਿਆਰਥੀਆਂ ਨੂੰ ਸ਼ਾਨਾਮੱਤੇ ਭਾਰਤੀ ਇਤਿਹਾਸ ਬਾਰੇ ਜਾਣੂ ਕਰਵਾਉਣਾ ਅਤੇ ਵਿਦਿਆਰਥੀਆਂ ਨੂੰ ਫ਼ਿਲਮੀ ਨਾਇਕਾਂ ਦੀ ਥਾਂ ਤੇ ਸ਼ਹੀਦ ਭਗਤ, ਰਾਜਗੁਰੂ, ਸੁਖਦੇਵ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ ਤੇ ਗ਼ਦਰੀ ਬਾਬਿਆਂ ਵਰਗੇ ਸਮਾਜ ਦੇ ਅਸਲ ਨਾਇਕਾਂ ਦੇ ਰੂ-ਬ-ਰੂ ਕਰਵਾਉਣਾ ਹੈ।ਇਨ੍ਹਾਂ ਆਗੂਆਂ ਨੇ ਇਹ ਵੀ ਦੱਸਿਆ ਕਿ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ। ਸਕੂਲ ਮੁਖੀਆਂ ਤੇ ਸਟਾਫ਼ ਮੈਂਬਰ ਸਾਹਿਬਾਨਾਂ ਵਲੋਂ ਤਰਕਸ਼ੀਲ ਸੁਸਾਇਟੀ ਨੂੰ ਭਰਵਾਂ ਸਹਿਯੋਗ ਦਿੱਤਾ ਗਿਆ।ਇਸ ਮੀਟਿੰਗ ਵਿੱਚ ਇਕਬਾਲ ਬੇਲਾ, ਮਾ. ਪਰਵਿੰਦਰ, ਹਰਵਿੰਦਰ ਸੁਖਰਾਮਪੁਰੀ, ਅਸ਼ੋਕ ਕੁਮਾਰ, ਸ਼ੈਲਿੰਦਰ ਕੁਰਾਲੀ ਤੇ ਪਵਨ ਰੱਤੋਂ ਹਾਜ਼ਰ ਸਨ।



## ਹੜ੍ਹਾਂ ਦੌਰਾਨ ਰਾਹਤ ਦੇਣ ਲਈ ਕੇਂਦਰ ਵਿੱਤੀ ਪੈਕੇਜ ਪ੍ਰਦਾਨ ਕਰੇ : ਸੁਖਬੀਰ ਬਾਦਲ

**ਜਲੰਧਰ (ਸੁਰਿੰਦਰ ਕੁਮਾਰ)**- ਸ਼੍ਰੋਮਣੀ ਅਕਾਲੀ ਦਲ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿਚ ਹੜ੍ਹਾਂ ਨਾਲ ਹੁੰਦੀ ਸਾਲਾਨਾ ਤਬਾਹੀ ਜਿਸ ਵਿਚ ਫਸਲਾਂ ਦੇ ਨਾਲ-ਨਾਲ ਬੁਨਿਆਦੀ ਢਾਂਚੇ ਦਾ ਵੀ ਨੁਕਸਾਨ ਹੁੰਦਾ ਹੈ, ਤੋਂ ਰਾਹਤ ਦੇਣ ਵਾਸਤੇ ਸੂਬੇ ਨੂੰ ਵਿੱਤੀ ਪੈਕੇਜ ਪ੍ਰਦਾਨ ਕਰੇ। ਅਕਾਲੀ ਦਲ ਦੇ ਪ੍ਰਧਾਨ ਨੇ ਇਸ ਵਿਧਾਨ ਸਭਾ ਹਲਕੇ ਵਿਚ ਆਲੀ ਕਲਾਂ ਤੇ ਬੌਪੁਰ ਬੰਨ ਸਮੇਤ ਅਨੇਕਾਂ ਪਿੰਡਾਂ ਦਾ ਦੌਰਾ ਕੀਤਾ ਜਿਸ ਦੌਰਾਨ ਉਹਨਾਂ ਨੇ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ ਜਿਹਨਾਂ ਦੀ ਖੜ੍ਹੀ ਫਸਲ ਹੜ੍ਹਾਂ ਦੇ ਪਾਣੀ ਕਾਰਨ ਨੁਕਸਾਨੀ ਗਈ ਹੈ। ਸੜਕਾਂ 'ਤੇ ਹੜ੍ਹਾਂ ਦਾ ਪਾਣੀ ਖੜ੍ਹਾ ਹੋਣ ਕਾਰਨ ਉਹ ਬਹੁਤੇ ਪ੍ਰਭਾਵਤ ਇਲਾਕਿਆਂ ਵਿਚ ਟਰੈਕਟਰ 'ਤੇ ਸਵਾਰ ਹੋ ਕੇ ਪਹੁੰਚੇ। ਅਨੇਕਾਂ ਥਾਵਾਂ 'ਤੇ ਇਲਾਕੇ ਦੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਕਿਸਾਨਾਂ ਨੂੰ ਖੇਤਾਂ ਵਿਚ ਖੜ੍ਹਾ ਪਾਣੀ ਕੱਢਣ ਵਾਸਤੇ 1000 ਰੁਪਏ ਪ੍ਰਤੀ ਏਕੜ ਡੀਜ਼ਲ 'ਤੇ ਖਰਚ ਕਰਨਾ ਪੈ ਰਿਹਾ ਹੈ। ਸਰਦਾਰ ਬਾਦਲ ਨੇ ਇਸ ਮੌਕੇ ਕਿਸਾਨਾਂ ਨੂੰ ਤੁਰੰਤ 10 ਹਜ਼ਾਰ ਲੀਟਰ ਡੀਜ਼ਲ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਤਾਂ ਜੋ ਹੜ੍ਹਾਂ ਦਾ ਪਾਣੀ ਕੱਢਿਆ ਜਾ ਸਕੇ। ਉਹਨਾਂ ਨੇ ਕਿਸਾਨਾਂ ਨੂੰ ਇਹ ਵੀ ਵਾਅਦਾ ਕੀਤਾ ਕਿ ਉਹ 1000 ਮੀਟਰ ਪਲਾਸਟਿਕ ਪਾਈਪ ਵੀ ਪ੍ਰਦਾਨ ਕਰਨਗੇ ਅਤੇ ਹੋਰ ਵੀ ਜੇ ਕੋਈ ਜ਼ਰੂਰਤ ਹੋਵੇਗੀ ਤਾਂ ਉਹ ਵੀ ਪ੍ਰਦਾਨ ਕਰਨਗੇ।



## ਕਰਨ ਸਿੰਘ ਰਾਣਾ ਨੇ ਬੇਟ ਇਲਾਕੇ ਦੇ ਪਿੰਡਾਂ ਦਾ ਕੀਤਾ ਦੌਰਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਵਿੱਚ ਲਗਾਤਾਰ ਪੈ ਰਹੇ ਮੀਹ ਨੇ ਪੰਜਾਬ ਦੇ ਹਾਲਾਤ ਹੜ੍ਹ ਵਰਗੇ ਬਣਾ ਦਿੱਤੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਬੇਟ ਇਲਾਕੇ ਦੇ ਪਿੰਡਾਂ ਦਾ ਦੌਰਾ ਕਰਨ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਕੀਤਾ। ਉਹਨਾਂ ਦੱਸਿਆ ਕਿ ਬੇਟ ਇਲਾਕੇ ਦੇ ਲੋਕ ਬਣੇ ਹਾਲਾਤਾਂ ਤੋਂ ਕਾਫੀ ਚਿੰਤਤ ਹਨ ਕਿਉਂਕਿ ਸਤਲੁਜ ਦਰਿਆ ਕਿਸੇ ਵੇਲੇ ਵੀ ਭਾਰੀ ਨੁਕਸਾਨ ਕਰ ਸਕਦਾ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਲੋਕਾਂ ਦੀ ਜਾਨ ਮਾਲ ਅਤੇ ਘਰਾਂ ਦੇ ਸੁਰੱਖਿਆ ਲਈ ਠੋਸ ਬੰਦੋਬਸਤ ਕਰੇ ਤੇ ਬਰਬਾਦ ਹੋਈਆਂ ਫਸਲਾਂ, ਘਰਾਂ ਤੇ ਹੋਰ ਨੁਕਸਾਨ ਦਾ ਤੁਰੰਤ ਐਸਟੀਮੇਟ ਲਾ ਕੇ ਢੁਕਵੇਂ ਮੁਆਵਜ਼ੇ ਦੇਣ ਦਾ ਪ੍ਰਬੰਧ ਕਰੇ।




## ਅੰਧੇਪਣ ਨਾਲ ਪੀੜਤਾਂ ਨੂੰ ਨਵੀਆਂ ਅੱਖਾਂ ਲਗਾ ਕੇ ਰੌਸ਼ਨੀ ਪ੍ਰਦਾਨ ਕੀਤੀ : ਸੰਜੀਵ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਵਿੱਚ ਬੱਚਿਆਂ ਦੀਆਂ ਅੱਖਾਂ ਦੀ ਸੰਭਾਲ ਅਤੇ ਚੈੱਕਅਪ ਕਰਨ ਲਈ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਵਕਤਾ ਵਜੋਂ ਮੁੰਬਈ ਤੋਂ ਖਾਸ ਤੌਰ 'ਤੇ ਪ੍ਰਮੁੱਖ ਅੱਖਾਂ ਦੀ ਮਾਹਰ ਡਾ. ਦੀਕਸ਼ਾ ਰਾਣੀ ਹਾਜ਼ਰ ਸਨ ਅਤੇ ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਪ੍ਰਿੰਸੀਪਲ ਰਾਜਨ ਅਰੋੜਾ ਨੇ ਕੀਤੀ। ਇਸ ਮੌਕੇ ਡਾ. ਦੀਕਸ਼ਾ ਰਾਣੀ ਨੇ ਬੱਚਿਆਂ ਨੂੰ ਅੱਖਾਂ ਦੀ ਸੰਭਾਲ ਲਈ ਟਿੱਪਸ ਦਿੰਦਿਆਂ ਕਿਹਾ ਕਿ ਅੱਖਾਂ ਨੂੰ ਸਿੱਧੇ ਨਲਕੇ ਦੇ ਪਾਣੀ ਨਾਲ ਨਹੀਂ ਧੋਣਾ ਚਾਹੀਦਾ, ਚਿਹਰਾ ਧੋਣ ਵੇਲੇ ਅੱਖਾਂ ਬੰਦ ਰੱਖਣੀਆਂ ਚਾਹੀਦੀਆਂ ਹਨ, ਵਾਰ-ਵਾਰ ਅੱਖਾਂ ਨੂੰ ਹੱਥ ਲਾਉਣ ਨਾਲ ਇਨਫੈਕਸ਼ਨ ਹੋ ਸਕਦੀ ਹੈ ਅਤੇ ਅੱਖਾਂ ਨੂੰ ਰਗੜਨਾ ਨਹੀਂ ਚਾਹੀਦਾ ਕਿਉਂਕਿ ਇਸ ਨਾਲ ਕੈਰੇਟੋਕੋਨਸ ਵਰਗੀ ਬਿਮਾਰੀ ਹੋ ਸਕਦੀ ਹੈ ਜਿਸ ਨਾਲ ਨਜ਼ਰ ਵੀ ਜਾ ਸਕਦੀ ਹੈ। ਇਸ ਦੇ ਨਾਲ-ਨਾਲ ਉਨ੍ਹਾਂ ਨੇ ਰੋਟਰੀ ਆਈ ਬੈਂਕ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੇਸ਼ ਵਿੱਚ ਕਾਰਨੀਅਲ ਅੰਧੇਪਨ ਨਾਲ ਪੀੜਤਾਂ ਦੀ ਗਿਣਤੀ ਕਾਫ਼ੀ ਵੱਧ ਹੈ, ਇਸ ਲਈ ਮਰਣ ਉਪਰੰਤ ਨੇਤਰਦਾਨ ਕਰਨ ਲਈ ਪ੍ਰਣ ਪੱਤਰ ਜ਼ਰੂਰ ਭਰੋ ਤਾਂ ਜੋ ਦੇਸ਼ ਤੋਂ ਅੰਧੇਪਨ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਨੇਤਰਦਾਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸੋਸਾਇਟੀ ਵੱਲੋਂ ਨੇਤਰਹੀਨਤਾ ਨੂੰ ਖਤਮ ਕਰਨ ਲਈ ਪੰਜਾਬ ਦੇ ਵੱਖ-ਵੱਖ ਸ਼ਹਿਰਾਂ, ਪਿੰਡਾਂ ਅਤੇ ਤਹਿਸੀਲ ਪੱਧਰ 'ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਲੋਕ ਪ੍ਰਣ ਪੱਤਰ ਭਰਨ ਲਈ ਅੱਗੇ ਆਉਣ। ਅਰੋੜਾ ਨੇ ਦੱਸਿਆ ਕਿ ਸੋਸਾਇਟੀ ਹੁਣ ਤੱਕ 4118 ਕਾਰਨੀਅਲ ਅੰਧੇਪਨ ਨਾਲ ਪੀੜਤਾਂ ਨੂੰ ਨਵੀਆਂ ਅੱਖਾਂ ਲਗਾ ਕੇ ਰੌਸ਼ਨੀ ਪ੍ਰਦਾਨ ਕਰ ਚੁੱਕੀ ਹੈ।ਇਸ ਮੌਕੇ ਪ੍ਰੋਜੈਕਟ ਚੇਅਰਮੈਨ ਅਸ਼ਵਨੀ ਕੁਮਾਰ ਦੱਤਾ ਨੇ ਦੱਸਿਆ ਕਿ ਸਕੂਲ ਵਿੱਚ ਆਈ ਚੈਕਅਪ ਕੈਂਪ ਦੌਰਾਨ 183 ਬੱਚਿਆਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ 22 ਬੱਚਿਆਂ ਦੀਆਂ ਅੱਖਾਂ ਵਿੱਚ ਬਿਮਾਰੀ ਦਾ ਪਤਾ ਲੱਗਣ 'ਤੇ ਉਨ੍ਹਾਂ ਨੂੰ ਸਿਵਲ ਹਸਪਤਾਲ ਰੈਫਰ ਕੀਤਾ ਗਿਆ । ਦੱਤਾ ਨੇ ਕਿਹਾ ਕਿ ਸਿਵਲ ਹਸਪਤਾਲ ਵਿੱਚ ਬੱਚਿਆਂ ਦੀਆਂ ਅੱਖਾਂ ਦੇ ਇਲਾਜ ਲਈ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ ਦੇ ਦਿਨ ਨਿਰਧਾਰਤ ਕੀਤੇ ਗਏ ਹਨ ਤਾਂ ਜੋ ਬੱਚਿਆਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਾ ਆਵੇ। ਪ੍ਰਿੰਸੀਪਲ ਰਾਜਨ ਅਰੋੜਾ ਨੇ ਰੋਟਰੀ ਆਈ ਬੈਂਕ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿਸੇ ਦੀ ਹਨ੍ਹੇਰੀ ਜ਼ਿੰਦਗੀ ਵਿੱਚ ਰੌਸ਼ਨੀ ਭਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ।ਅੰਤ ਵਿੱਚ ਡਾ. ਦੀਕਸ਼ਾ ਰਾਣੀ ਅਤੇ ਰਾਜਨ ਅਰੋੜਾ ਨੂੰ ਸੋਸਾਇਟੀ ਵੱਲੋਂ ਸਮਰਿਤੀ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਰਾਕੇਸ਼ ਸ਼ਰਮਾ, ਸਕੱਤਰ ਵੀਨਾ ਚੋਪੜਾ, ਮਦਨ ਲਾਲ ਮਹਾਜਨ, ਵਿਜੇ ਅਰੋੜਾ, ਪ੍ਰੋ. ਰਾਜੀਵ ਸ਼ਰਮਾ, ਕ੍ਰਿਸ਼ਨ ਕਿਸ਼ੋਰ, ਸ਼ਰਦ ਮਹਿਤਾ, ਸਕੂਲ ਵੱਲੋਂ ਰਵਿੰਦਰ ਕੌਰ, ਪ੍ਰਦੀਪ ਪਰਿਹਾਰ, ਜਸਪ੍ਰੀਤ ਕੌਰ, ਸਰੋਜ ਕੁਮਾਰੀ, ਸਤਪਾਲ, ਰਵਿੰਦਰ ਕੁਮਾਰ, ਨਵਜੋਤ ਕੌਰ, ਪੁਨੀਤ ਅਤੇ ਹੋਰ ਹਾਜ਼ਰ ਸਨ।




## ਜ਼ਿਲ੍ਹੇ ਅੰਦਰ ਮਨਰੇਗਾ ਦਾ ਕੰਮ ਤੁਰੰਤ ਸ਼ੁਰੂ ਕਰਕੇ ਕਿਰਤੀਆਂ ਨੂੰ ਰੁਜ਼ਗਾਰ ਦਿੱਤਾ ਜਾਵੇ : ਚਰਨਜੀਤ ਕੌਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਮਨਰੇਗਾ ਦੇ ਕੰਮ ਨੂੰ ਖਤਮ ਕਰਨ ਲਈ ਸਾਜਿਸ਼ਾਂ ਰਚ ਰਹੇ ਹਨ। ਪਰ ਕਿਰਤੀ ਲੋਕ ਇਸ ਸਾਜਿਸ਼ ਨੂੰ ਸਫਲ ਨਹੀਂ ਹੋਣ ਦੇਣਗੇ ਅਤੇ ਸੰਘਰਸ਼ਾਂ ਰਾਹੀਂ ਆਪਣੇ ਹੱਕਾਂ ਦੀ ਪ੍ਰਾਪਤੀ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਚਰਨਜੀਤ ਕੌਰ ਨਵਾਂਸ਼ਹਿਰ ਸੀਨੀਅਰ ਮੀਤ ਪ੍ਰਧਾਨ ਭਾਈ ਲਾਲੋ ਲੋਕ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਅੱਜ ਇੱਥੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਦੱਸਿਆ ਕਿ ਕੇਂਦਰ ਸਰਕਾਰ ਨੇ ਇਸ ਸਾਲ ਲਈ ਮਨਰੇਗਾ ਦੇ ਕੰਮ ਲਈ 86 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ ਹੈ ਜਦ ਕਿ ਪਿਛਲੇ ਸਾਲ ਇਹ ਬਜਟ 98 ਹਜ਼ਾਰ ਕਰੋੜ ਦਾ ਸੀ। ਇਸੇ ਤਰ੍ਹਾਂ ਪੰਜਾਬ ਦੀ ਸਰਕਾਰ ਬਿਨਾਂ ਕੋਈ ਠੋਸ ਕਾਰਨ ਮਨਰੇਗਾ ਦੇ ਕੰਮਾਂ ਵਿੱਚ ਅੜਿੱਕਾ ਬਣ ਰਹੀ ਹੈ। ਸਰਕਾਰਾਂ ਦੀ ਇਸ ਮਜ਼ਦੂਰ ਵਿਰੋਧੀ ਅਤੇ ਪਿੰਡਾਂ ਦੇ ਵਿਕਾਸ ਵਿਰੋਧੀ ਨੀਤੀ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਉਹਨਾਂ ਮੰਗ ਕੀਤੀ ਕਿ ਜ਼ਿਲ੍ਹੇ ਅੰਦਰ ਸਮੁੱਚੇ ਪਿੰਡਾਂ ਵਿੱਚ ਮਨਰੇਗਾ ਦਾ ਕੰਮ ਤੁਰੰਤ ਸ਼ੁਰੂ ਕੀਤਾ ਜਾਵੇ ਅਤੇ ਪਿਛਲੇ ਕੀਤੇ ਕੰਮ ਦੀ ਅਦਾਇਗੀ ਬਿਨਾਂ ਕਿਸੇ ਦੇਰੀ ਕੀਤੀ ਜਾਵੇ। ਬੀਬੀ ਚਰਨਜੀਤ ਕੌਰ ਨੇ ਦੱਸਿਆ ਕਿ ਮਨਰੇਗਾ ਅਧਿਕਾਰ ਅੰਦੋਲਨ ਸਬੰਧਤ ਭਾਈ ਲਾਲੋ ਲੋਕ ਮੰਚ ਦੀ ਸੂਬਾ ਕਮੇਟੀ ਦੀ ਮੀਟਿੰਗ 28 ਅਗਸਤ ਨੂੰ ਲੁਧਿਆਣਾ ਵਿਖੇ ਹੋ ਰਹੀ ਹੈ ਜਿਸ ਵਿੱਚ ਮਨਰੇਗਾ ਮਜ਼ਦੂਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ 'ਤੇ ਚਰਚਾ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਸੁਰਜੀਤ ਮਲਪੁਰੀ ਜ਼ਿਲ੍ਹਾ ਜਨਰਲ ਸਕੱਤਰ ਮਨਰੇਗਾ ਅਧਿਕਾਰ ਅੰਦੋਲਨ ਅਤੇ ਜ਼ਿਲੇ ਦੇ ਆਗੂ ਬੀਬੀ ਜਸਵਿੰਦਰ ਕੌਰ ਵੀ ਹਾਜ਼ਰ ਸਨ।



## ਤਨਮਯ ਬਜਾਜ 'ਸਾਲ ਦਾ ਸਭ ਤੋਂ ਵਧੀਆ ਮਲਟੀ-ਟੈਲੈਂਟੇਡ ਕਿਡ' ਐਵਾਰਡ ਨਾਲ ਸਨਮਾਨਤ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੁਰਾਇਆ ਦੇ ਵਿਦਿਆਰਥੀ ਤਨਮਯ ਬਜਾਜ ਨੂੰ ਨਵੀਂ ਦਿੱਲੀ ਦੇ ਜਨਕਪੁਰੀ ਸਥਿਤ ਹੋਟਲ ਹਯਾਤ ਸੈਂਟਰਿਕ ਵਿਖੇ ਆਯੋਜਿਤ ਇੱਕ ਸ਼ਾਨਦਾਰ ਪੁਰਸਕਾਰ ਸਮਾਰੋਹ ਵਿੱਚ 'ਸਾਲ ਦਾ ਸਭ ਤੋਂ ਵਧੀਆ ਮਲਟੀ-ਟੈਲੈਂਟੇਡ ਕਿਡ' ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਇਹ ਸਮਾਰੋਹ ਨਵੀਂ ਦਿੱਲੀ ਵਿੱਚ ਵਰਲਡ ਆਈਕਨ ਐਵਾਰਡਸ ਅਤੇ ਇੰਟਰਨੈਸ਼ਨਲ ਪ੍ਰੈਸਟੀਜ ਐਵਾਰਡਸ 2025 ਦੇ ਤਹਿਤ ਆਯੋਜਿਤ ਕੀਤਾ ਗਿਆ ਸੀ। ਭਾਰਤ ਦੀ ਮਸ਼ਹੂਰ ਬੈਡਮਿੰਟਨ ਖਿਡਾਰਨ ਤੇ ਓਲੰਪਿਕ ਤਮਗਾ ਜੇਤੂ ਸਾਇਨਾ ਨੇਹਵਾਲ ਮੁੱਖ ਮਹਿਮਾਨ ਵਜੋਂ ਮੌਜੂਦ ਸੀ। ਉਨ੍ਹਾਂ ਨੇ ਤਨਮਯ ਨੂੰ ਪੁਰਸਕਾਰ ਭੇਟ ਕੀਤਾ ਅਤੇ ਉਸ ਦੀ ਬਹੁਪੱਖੀ ਪ੍ਰਤਿਭਾ, ਅਨੁਸ਼ਾਸਨ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ 'ਤੇ ਆਲਮ ਤਸੇਹਾਏ-ਭਾਰਤ ਵਿੱਚ ਅਫਰੀਕੀ ਗਰੁੱਪ ਆਫ਼ ਹੈੱਡਜ਼ ਆਫ਼ ਮਿਸ਼ਨ ਦੇ ਡੀਨ, ਹਰੀਸੋਏ ਲਲਿਥਯਾਨਾ-ਭਾਰਤ ਵਿੱਚ ਸ਼ੇਚੇਲਸ ਹਾਈ ਕਮਿਸ਼ਨਰ, ਡਾ. ਸੇਨੋਰੀਤਾ ਇਸਹਾਕ-ਵਪਾਰ ਕਮਿਸ਼ਨਰ, ਡਾ. ਸੰਗਰਾਮ ਮਾਲੀ-ਵਿਸ਼ਵ ਮਨੁੱਖਤਾ ਕੇਂਦਰ ਦੇ ਸੰਸਥਾਪਕ ਤੇ ਨਿਰਦੇਸ਼ਕ ਤੇ ਸ਼ਫੀ ਸ਼ੌਕਤ ਸੀ ਈ ਓ/ਸੰਸਥਾਪਕ ਈਕ ਵੈਂਚਰਸ ਨੇ ਮਹਿਮਾਨਾਂ ਦੇ ਤੌਰ 'ਤੇ ਸ਼ਿਰਕਤ ਕੀਤੀ।



# ਹਰਿਆਣਾ ਸਰਕਾਰ ਵੱਲੋਂ '84 ਸਿੱਖ ਕਤਲੇਆਮ ਦੇ ਪੀੜਤ ਪਰਵਾਰਾਂ ਨੂੰ ਨੌਕਰੀਆਂ ਦੇਣ ਦਾ ਫੈਸਲਾ



**ਜਗਰਾਉਂ (ਸੰਜੀਵ ਅਰੋੜਾ)**
ਨਵੰਬਰ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਲਈ ਹਰਿਆਣਾ ਸਰਕਾਰ ਵੱਲੋਂ 41 ਸਾਲਾਂ ਬਾਅਦ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਫੈਸਲਾ ਲਿਆ ਗਿਆ ਹੈ। ਸਰਕਾਰ ਨੇ 121 ਪੀੜਤ ਪਰਵਾਰਾਂ ਦੇ ਇਕ-ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ ਕੀਤਾ ਹੈ, ਪਰ ਇਸ ਦੇ ਬਾਵਜੂਦ ਪੀੜਤ ਪਰਵਾਰਾਂ ਨੂੰ ਪੂਰਨ ਇਨਸਾਫ ਮਿਲਣ ਦੀ ਉਡੀਕ ਅਜੇ ਵੀ ਜਾਰੀ ਹੈ। ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਸਰਕਾਰ ਨੂੰ ਸਮੁੱਚੇ ਪੀੜਤ ਪਰਵਾਰਾਂ ਲਈ ਵਿਆਪਕ ਸਰਵੇਖਣ ਅਤੇ ਸੰਪੂਰਨ ਮੁਆਵਜ਼ੇ ਦੀ ਮੰਗ ਕੀਤੀ। ਭਾਈ ਘੋਲੀਆ ਨੇ ਕਿਹਾ ਕਿ ਉਨ੍ਹਾਂ ਦੀ ਕਮੇਟੀ ਪਿਛਲੇ ਕਈ ਸਾਲਾਂ ਤੋਂ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਲਈ ਨਿਆਂ ਦੀ ਲੜਾਈ ਲੜ ਰਹੀ ਹੈ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ। ਉਨ੍ਹਾਂ ਨੇ ਸਰਕਾਰ ਦੇ ਤਾਜ਼ਾ ਫੈਸਲੇ ਨੂੰ ਸਕਾਰਾਤਮਕ ਕਦਮ ਦੱਸਿਆ, ਪਰ ਜ਼ੋਰ ਦੇ ਕੇ ਕਿਹਾ ਕਿ 41 ਸਾਲਾਂ ਦੇ ਲੰਬੇ ਸਮੇਂ ਤੋਂ ਪੀੜਤ ਪਰਵਾਰ ਸਦਮੇ ਅਤੇ ਦੁੱਖ ਵਿੱਚ ਹਨ ਅਤੇ ਅਜੇ ਵੀ ਪੂਰਨ ਨਿਆਂ ਦੀ ਉਮੀਦ ਬਣੀ ਹੋਈ ਹੈ। 1984 ਦੇ ਕਤਲੇਆਮ ਨੇ ਸਿੱਖ ਭਾਈਚਾਰੇ 'ਤੇ ਡੂੰਘੀਆਂ ਜ਼ਖਮੀ ਚੋਟਾਂ ਛੱਡੀਆਂ, ਜਿਨ੍ਹਾਂ ਦਾ ਦਰਦ ਅੱਜ ਵੀ ਸੰਗਤ ਵਿੱਚ ਮਹਿਸੂਸ ਕੀਤਾ ਜਾਂਦਾ ਹੈ। ਭਾਈ ਘੋਲੀਆ ਨੇ ਦੱਸਿਆ ਕਿ 1984 ਦੇ ਕਤਲੇਆਮ ਦੌਰਾਨ ਹਰਿਆਣਾ ਵਿੱਚ ਵਿਆਪਕ ਤਬਾਹੀ ਹੋਈ। ਨਾਨਾਵਤੀ ਕਮਿਸ਼ਨ ਦੀ ਰਿਪੋਰਟ ਮੁਤਾਬਕ, ਗੁੜਗਾਂਵ (ਗੁੜਵਾਉਂ) ਵਿੱਚ ਸਭ ਤੋਂ ਪਹਿਲਾਂ ਕਤਲੇਆਮ ਸ਼ੁਰੂ ਹੋਇਆ, ਜਿੱਥੇ 297 ਸਿੱਖ ਪਰਵਾਰਾਂ ਦੇ ਘਰ, ਦੁਕਾਨਾਂ ਅਤੇ ਫੈਕਟਰੀਆਂ ਨੂੰ ਲੁੱਟਿਆ ਅਤੇ ਅੱਗ ਦੇ ਹਵਾਲੇ ਕੀਤਾ ਗਿਆ। ਇਸ ਵਿੱਚ 30 ਸਿੱਖ ਸ਼ਹੀਦ ਕੀਤੇ ਗਏ। ਪਟੌਦੀ ਵਿੱਚ 17 ਸਿੱਖਾਂ ਨੂੰ ਬੇਰਹਿਮੀ ਨਾਲ ਮਾਰਿਆ ਗਿਆ, ਜਦਕਿ ਪਿੰਡ ਹੋਂਦ ਚਿੱਲੜ ਵਿੱਚ ਸਿੱਖਾਂ ਦੀਆਂ ਵਸੋਂ-ਵਾਲੀਆਂ ਢਾਹਣੀਆਂ ਨੂੰ ਤਬਾਹ ਕਰਕੇ 32 ਸਿੱਖ ਸ਼ਹੀਦ ਕੀਤੇ ਗਏ। ਇਸੇ ਤਰ੍ਹਾਂ ਰੇਵਾੜੀ, ਗੂੜਾ, ਮਹਿੰਦਰਗੜ੍ਹ, ਹੇਲੀ ਮੰਡੀ ਅਤੇ ਹੋਰ ਇਲਾਕਿਆਂ ਵਿੱਚ 479 ਤੋਂ ਵੱਧ ਸਿੱਖਾਂ ਦੀ ਜਾਨ ਲਈ ਗਈ। ਲਗਭਗ 1200 ਪੰਜਾਬੀ ਸਿੱਖਾਂ ਦੀਆਂ ਫੈਕਟਰੀਆਂ, ਦੁਕਾਨਾਂ ਅਤੇ ਸੰਪਤੀਆਂ ਨੂੰ ਅੱਗ ਲਗਾ ਕੇ ਸੁਆਹ ਕਰ ਦਿੱਤਾ ਗਿਆ। ਉਸ ਸਮੇਂ ਦੀ ਕਾਂਗਰਸ ਸਰਕਾਰ 'ਤੇ ਗੰਭੀਰ ਦੋਸ਼ ਲਗਾਉਂਦਿਆਂ ਭਾਈ ਘੋਲੀਆ ਨੇ ਕਿਹਾ ਕਿ ਸਰਕਾਰ ਨੇ ਨਾ ਸਿਰਫ਼ ਪੀੜਤਾਂ ਨੂੰ ਨਿਆਂ ਦੇਣ ਵਿੱਚ ਅਸਫਲਤਾ ਦਿਖਾਈ, ਸਗੋਂ ਐਫ ਆਈ ਆਰ ਵੀ ਦਰਜ ਨਹੀਂ ਹੋਣ ਦਿੱਤੀਆਂ। ਉਨ੍ਹਾਂ ਨੇ ਹਰਿਆਣਾ ਸਰਕਾਰ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਤਾਜ਼ਾ ਫੈਸਲੇ ਦੀ ਸ਼ਲਾਘਾ ਕੀਤੀ, ਜਿਸ ਵਿੱਚ 121 ਪੀੜਤ ਪਰਵਾਰਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਵਾਅਦਾ ਕੀਤਾ ਗਿਆ। ਪਰ ਉਨ੍ਹਾਂ ਨੇ ਮੰਗ ਕੀਤੀ ਕਿ ਸਰਕਾਰ ਨੂੰ ਇਕ ਵਿਆਪਕ ਸਰਵੇਖਣ ਕਰਕੇ ਸਾਰੇ ਪੀੜਤ ਪਰਵਾਰਾਂ ਨੂੰ ਸ਼ਾਮਲ ਕਰਨਾ ਚਾਹੀਦਾ ਹੈ, ਜਿਨ੍ਹਾਂ ਦਾ ਜਾਨੀ ਅਤੇ ਮਾਲੀ ਨੁਕਸਾਨ ਹੋਇਆ। ਇਸ ਮੌਕੇ ਭਾਈ ਘੋਲੀਆ ਨੇ ਸੰਗਤ ਨੂੰ ਅਪੀਲ ਕੀਤੀ ਕਿ ਇਸ ਸੰਘਰਸ਼ ਵਿੱਚ ਸਮੁੱਚੇ ਸਿੱਖ ਭਾਈਚਾਰੇ ਨੂੰ ਇਕਜੁੱਟ ਹੋਣ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ 41 ਸਾਲਾਂ ਦਾ ਲੰਬਾ ਸਮਾਂ ਬੀਤਣ ਦੇ ਬਾਵਜੂਦ ਪੀੜਤ ਪਰਿਵਾਰ ਅਜੇ ਵੀ ਸਦਮੇ ਅਤੇ ਗੁੱਸੇ ਵਿੱਚ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਨਾ ਸਿਰਫ਼ ਨੌਕਰੀਆਂ ਦੇਵੇ, ਸਗੋਂ ਜਾਨੀ ਅਤੇ ਮਾਲੀ ਨੁਕਸਾਨ ਦੀ ਪੂਰੀ ਭਰਪਾਈ ਕਰੇ। ਉਨ੍ਹਾਂ ਨੇ ਸਰਕਾਰ ਨੂੰ ਸੁਝਾਅ ਦਿੱਤਾ ਕਿ ਜਸਟਿਸ ਟੀ.ਪੀ. ਗਰਗ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ ਅਤੇ ਸਾਰੇ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਅਤੇ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ। ਇਸ ਮੌਕੇ ਭਾਈ ਘੋਲੀਆ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਹੋਰ ਸਿੱਖ ਜਥੇਬੰਦੀਆਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਪੀੜਤਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ।

## ਕਾਂਗਰਸ ਵੱਲੋਂ ਸਿਸੋਦੀਆ ਦੇ ਬਿਆਨ ਦੀ ਨਿਖੇਧੀ



**ਮਾਨਸਾ (ਆਤਮਾ ਸਿੰਘ ਪਮਾਰ)**-ਪਿਛਲੇ ਦਿਨੀਂ ਇੱਕ ਪ੍ਰੋਗਰਾਮ ਦੌਰਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਮਨੀਸ਼ ਸਿਸੋਦੀਆ ਵੱਲੋਂ ਆਗਾਮੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਜਿਤਾਉਣ ਲਈ ਸਾਮ-ਦਾਮ, ਦੰਡ-ਭੇਦ, ਸੱਚ-ਝੂਠ, ਪ੍ਰਸ਼ਨ-ਉੱਤਰ, ਲੜਾਈ ਝਗੜਾ ਜੋ ਕਰਨਾ ਪਿਆ ਕਰਾਂਗੇ ਦੇ ਦਿੱਤੇ ਬਿਆਨ ਖ਼ਿਲਾਫ਼ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਡਿਪਟੀ ਕਮਿਸ਼ਨਰ ਅਤੇ ਐਸ ਐਸ ਪੀ ਮਾਨਸਾ ਨੂੰ ਮੰਗ ਪੱਤਰ ਦੇ ਕੇ ਸਿਸੋਦੀਆ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਦੀ ਅਗਵਾਈ ਹੇਠ ਇੱਕ ਵਫ਼ਦ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਮਿਲ ਕੇ ਮੰਗ ਪੱਤਰ ਸੌਂਪਿਆ। ਉਹਨਾਂ ਕਿਹਾ ਪਾਰਟੀ ਦੇ ਸੀਨੀਅਰ ਆਗੂ ਵੱਲੋਂ ਪਾਰਟੀ ਵਰਕਰਾਂ ਨੂੰ ਹਿੰਸਾ ਅਤੇ ਲੜਾਈ ਝਗੜੇ ਕਰਨ ਲਈ ਉਕਸਾਉਣ ਭਾਰਤ ਦੇ ਸੰਵਿਧਾਨ ਦੁਆਰਾ ਨਿਰਪੱਖ ਚੋਣਾਂ ਦੀ ਪਵਿੱਤਰਤਾ ਨੂੰ ਖ਼ਤਮ ਕਰਦਾ ਹੈ। ਇਸ ਬਿਆਨ ਰਾਹੀਂ ਸਿਸੋਦੀਆ ਵੱਲੋਂ ਵਰਕਰਾਂ ਨੂੰ ਵੱਖ-ਵੱਖ ਕਾਨੂੰਨੀ ਧਾਰਾਵਾਂ ਅਧੀਨ ਅਪਰਾਧ ਕਰਨ ਲਈ ਉਕਸਾਇਆ ਗਿਆ ਹੈ। ਉਹਨਾਂ ਕਿਹਾ ਕਿ ਇਸ ਬਿਆਨ ਦੀ ਵੀਡੀਓ ਕਲਿੱਪ ਵਾਇਰਲ ਹੋ ਰਹੀ ਹੈ, ਜੋ ਇਸ ਗੰਭੀਰ ਮਾਮਲੇ ਦਾ ਸਬੂਤ ਹੈ। ਅਜਿਹੇ ਬਿਆਨ ਲੋਕਤੰਤਰ ਅਤੇ ਕਾਨੂੰਨ-ਵਿਵਸਥਾ ਲਈ ਗੰਭੀਰ ਖ਼ਤਰਾ ਹਨ ਅਤੇ ਭਾਸ਼ਣ ਗੈਰ ਕਾਨੂੰਨੀ ਹੈ। ਉਹਨਾਂ ਮੰਗ ਕੀਤੀ ਕਿ ਅਜਿਹੇ ਭੜਕਾਊ ਅਤੇ ਗੈਰਕਾਨੂੰਨੀ ਬਿਆਨਾਂ ਨੂੰ ਰੋਕਣ ਲਈ ਸਿਸੋਦੀਆ ਖ਼ਿਲਾਫ਼ ਤੁਰੰਤ ਰੋਕਥਾਮੀ ਅਤੇ ਦੰਡਾਤਮਕ ਕਾਰਵਾਈ ਕੀਤੀ ਜਾਵੇ। ਇਸ ਮੌਕੇ ਵਫ਼ਦ ਵਿਚ ਗੁਰਪ੍ਰੀਤ ਸਿੰਘ ਵਿੱਕੀ, ਐਡਵੋਕੇਟ ਬਲਕਰਨ ਸਿੰਘ ਬੱਲੀ, ਅੰਮ੍ਰਿਤਪਾਲ ਸਿੰਘ ਗੋਗਾ, ਗੁਰਦੀਪ ਸਿੰਘ ਦੀਪਾ, ਹੰਸਾ ਸਿੰਘ, ਸੰਦੀਪ ਸ਼ਰਮਾ, ਰਵੀ ਕੁਮਾਰ ਖੱਟਕ, ਕੇਵਲ ਸਿੰਘ ਅਕਲੀਆ, ਕਮਲ ਚੂਨੀਆਂ ਅਤੇ ਮਨਜੀਤ ਸਿੰਘ ਘਰਾਂਗਣਾ, ਪ੍ਰਦੀਪ ਸਿੰਘ ਆਦਿ ਸ਼ਾਮਲ ਸਨ।

## ਮੈਕਰੋ ਗਲੋਬਲ ਜਗਰਾਉਂ ਦੇ ਵਿਦਿਆਰਥੀ ਨੇ ਪ੍ਰਾਪਤ ਕੀਤੇ 7 ਬੈਂਡ



**ਜਗਰਾਉਂ (ਸੰਜੀਵ ਅਰੋੜਾ)**-ਮੈਕਰੋ ਗਲੋਬਲ ਮੋਗਾ ਦੀ ਜਗਰਾਉਂ ਬ੍ਰਾਂਚ ਆਪਣੀਆਂ ਆਈਲੈਟਸ ਅਤੇ ਸਟੂਡੈਂਟ ਵੀਜ਼ੇ ਦੀਆਂ ਸੇਵਾਵਾਂ ਨਾਲ ਪੰਜਾਬ ਦੀ ਮੰਨੀ-ਪ੍ਰਮੰਨੀ ਸੰਸਥਾ ਬਣ ਚੁੱਕੀ ਹੈ। ਸੰਸਥਾ ਵਿੱਚ ਸਟੂਡੈਂਟ ਵੀਜ਼ੇ ਦੇ ਨਾਲ-ਨਾਲ ਵਿਜ਼ਟਰ ਵੀਜ਼ੇ ਅਤੇ ਓਪਨ ਵਰਕ ਪਰਮਿਟ ਦੀਆਂ ਸੇਵਾਵਾਂ ਵੀ ਦਿੱਤੀਆਂ ਜਾਂਦੀਆਂ ਹਨ। ਮੈਕਰੋ ਗਲੋਬਲ ਜਗਰਾਉਂ ਬ੍ਰਾਂਚ ਦੇ ਵਿਦਿਆਰਥੀਆਂ ਵਿਚੋਂ ਗੁਰਤੇਜ ਸਿੰਘ ਨਿਵਾਸੀ ਰਾਮਗੜ੍ਹ ਭੁੱਲਰ ਨੇ ਲਿਸਨਿੰਗ ਵਿਚੋਂ 7.5, ਰੀਡਿੰਗ ਵਿਚੋਂ 7, ਰਾਈਟਿੰਗ ਵਿਚੋਂ 6.5, ਸਪੀਕਿੰਗ ਵਿਚੋਂ 6.5 ਬੈਂਡ ਹਾਸਲ ਕੀਤੇ ਹਨ। ਸੰਸਥਾ ਵਿੱਚ ਕਮਜ਼ੋਰ ਵਿਦਿਆਰਥੀਆਂ ਲਈ ਸਪੈਸ਼ਲ ਸੈਮੀਨਾਰ ਰੱਖਿਆ ਜਾਂਦਾ ਹੈ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਸਟਾਫ਼ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

## ਵਿਧਾਇਕ ਨੇ ਮਾਰਕੀਟ ਕਮੇਟੀ ਵਿਖੇ ਟਰੱਕ ਅਪਰੇਟਰਾਂ ਨੂੰ ਵੰਡੇ ਚੈੱਕ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਣਕ ਸੀਜ਼ਨ ਦੌਰਾਨ ਟਰੱਕ ਅਪਰੇਟਰਾਂ ਨੂੰ ਅਧਾਰਤ ਮਜ਼ਦੂਰੀ/ਭਾੜੇ ਦੇ ਬਕਾਇਆ ਭੁਗਤਾਨ ਕਰਨ ਲਈ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਅਤੇ ਟਿੱਕੂ ਮੱਲਕੇ ਵਲੋਂ ਰੱਖੇ ਗਏ ਇਕ ਪ੍ਰੋਗਰਾਮ ਦੌਰਾਨ ਉਨ੍ਹਾਂ ਵਲੋਂ ਟਰੱਕ ਅਪਰੇਟਰਾਂ ਨੂੰ ਚੈਕ ਵੰਡੇ ਗਏ। ਹਰ ਸੀਜ਼ਨ ਵਿਚ ਜਦੋਂ ਮੰਡੀਆਂ ਵਿਚ ਕਣਕ ਦੀ ਖਰੀਦ ਹੁੰਦੀ ਹੈ ਤਾਂ ਟਰੱਕ ਅਪਰੇਟਰ ਆਪਣੀਆਂ ਗੱਡੀਆਂ ਰਾਹੀਂ ਅਨਾਜ ਦੀ ਲਿਫਟਿੰਗ, ਗੋਦਾਮਾਂ ਤੱਕ ਪਹੁੰਚਾਉਣ ਅਤੇ ਹੋਰ ਆਵਾਜਾਈ ਦੇ ਕੰਮ ਕਰਦੇ ਹਨ, ਜਿਸ ਦਾ ਭੁਗਤਾਨ ਕਰਨ ਲਈ ਅੱਜ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵਲੋਂ ਟਰੱਕ ਅਪਰੇਟਰਾਂ ਨੂੰ ਚੈਕ ਸੌਂਪੇ ਗਏ ਗਏ। ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਸੁਭਾਸ਼ ਚੰਦਰ ਗੋਇਲ, ਅੰਤਰਜੀਤ ਸਿੰਘ ਮੱਲਕੇ ਪ੍ਰਧਾਨ ਟਰੱਕ ਯੂਨੀਅਨ ਬਾਘਾ ਪੁਰਾਣਾ, ਪਵਨ ਗੁਪਤਾ ਪ੍ਰਧਾਨ ਨਗਰ ਕੌਂਸਲ ਬਾਘਾ ਪੁਰਾਣਾ, ਗੁਰਮੇਲ ਸਿੰਘ ਮੈਂਬਰ, ਓਮ ਪ੍ਰਕਾਸ਼ ਮੈਂਬਰ, ਮੁਨਸ਼ੀ ਨਿਰਮਲ ਸਿੰਘ, ਮੁਨਸ਼ੀ ਅਮਨਦੀਪ ਸਿੰਘ, ਅਰਜਿੰਦਰ ਕੁਮਾਰ, ਗੁਰਮੁੱਖ ਸਿੰਘ, ਹੈਪੀ, ਮਨੋਜ ਕੁਮਾਰ, ਅੰਮ੍ਰਿਤਪਾਲ ਸਿੰਘ, ਜਗਰੂਪ ਸਿੰਘ, ਪਵਨ ਗੋਇਲ, ਭੁਪਿੰਦਰ ਸਿੰਘ, ਕੁਲਵਿੰਦਰ ਸਿੰਘ ਗੋਲੂ, ਮਲਕੀਤ ਸਿੰਘ, ਸੁਖਦੀਪ ਸਿੰਘ, ਬਲਜਿੰਦਰ ਸਿੰਘ, ਬਲਜਿੰਦਰ ਸਿੰਘ ਨਿੰਮ, ਧਰਮਵੀਰ ਸਿੰਘ, ਅਜੈਬ ਸਿੰਘ, ਪਾਲ ਸਿੰਘ, ਜਸਵਿੰਦਰ ਸਿੰਘ ਰੋਡੇ, ਬਲਬੀਰ ਚੰਦ, ਜਸਵਿੰਦਰ ਸਿੰਘ, ਲਾਲ ਸਿੰਘ, ਊਸ਼ਾ, ਜਗਜੀਤ ਸਿੰਘ, ਜਸਵਿੰਦਰ ਸਿੰਘ ਮਾਣਾ ਆਦਿ ਹਾਜ਼ਰ ਸਨ।

## ਡੀ ਸੀ ਰਾਜੇਸ਼ ਧੀਮਾਨ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਇੱਥੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਦੇ ਨਾਲ ਐਡੀਸ਼ਨਲ ਮੈਨੇਜਰ ਭਾਈ ਗੁਰਦੇਵ ਸਿੰਘ ਅਤੇ ਹੈਡ ਗ੍ਰੰਥੀ ਭਾਈ ਗੁਰਜੰਟ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜਿਥੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਉਥੇ ਹੀ ਗੁਰੂ ਕੀ ਨਗਰੀ ਤਖ਼ਤ ਸ੍ਰੀ ਦਮਦਮਾ ਸਾਹਿਬ ਨਾਲ ਜੁੜੀ ਇਤਿਹਾਸਕ ਪ੍ਰਦਰਸ਼ਨੀ ਦੇ ਦਰਸ਼ਨ ਕੀਤੇ। ਇਸ ਮੌਕੇ ਉਨ੍ਹਾਂ ਗੁਰਦੁਆਰਾ ਸਾਹਿਬ ਦੇ ਸਮੁੱਚੇ ਇਤਿਹਾਸ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੂੰ ਐਡੀਸ਼ਨਲ ਮੈਨੇਜਰ ਭਾਈ ਗੁਰਦੇਵ ਸਿੰਘ ਅਤੇ ਹੈਡ ਗ੍ਰੰਥੀ ਭਾਈ ਗੁਰਜੰਟ ਸਿੰਘ ਵੱਲੋਂ ਸਿਰੋਪਾਓ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦਾ ਮਾਡਲ ਵੀ ਭੇਟ ਕੀਤਾ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਸਿੰਘ ਸਾਹਿਬ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਦੀ ਰਿਹਾਇਸ਼ ਵਿਖੇ ਉਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਵੀ ਕੀਤੀ।

## ਭਵਿੱਖ 'ਚ ਬਹੁਤ ਸਾਰੇ ਆਗੂ ਤੇ ਸਰਗਰਮ ਵਰਕਰ ਕਾਂਗਰਸ ਪਾਰਟੀ ਨਾਲ ਜੁੜਨਗੇ : ਗਿੱਲ ਬੇਰ ਕਲਾਂ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਗਰਸ ਮਲੋਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਬਲਾਕ ਮਲੋਦ ਦੇ ਪਿੰਡਾਂ ਵਿੱਚੋਂ ਲੋਕ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਤੋਂ ਕਿਨਾਰਾ ਕਰਕੇ ਲੋਕ ਕਾਂਗਰਸ ਪਾਰਟੀ ਨਾਲ ਜੁੜਣਗੇ। ਉਨ੍ਹਾਂ ਕਿਹਾ ਕਿ ਪਾਇਲ ਹਲਕੇ ਦੇ ਲੋਕ ਹੰਕਾਰ ਭਰੀ ਰਾਜਨੀਤੀ ਅਤੇ ਝੂਠੇ ਪਰਚੇ ਦਰਜ ਕਰਵਾਉਣ ਦੀ ਰਾਜਨੀਤੀ ਤੋ ਥੱਕ ਚੁੱਕੇ ਹਨ। ਵਿਧਾਇਕ ਗਿਆਸਪੁਰਾ ਕਾਂਗਰਸੀਆਂ ਨੂੰ ਡਰਾ ਧਮਕਾ ਕੇ ਜਬਰੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਉਣ ਲਈ ਦਬਾਅ ਬਣਾ ਰਿਹਾ ਹੈ ਪਰ ਸ਼ਾਇਦ ਉਨ੍ਹਾਂ ਨੂੰ ਇਸ ਗੱਲ ਦਾ ਲੱਗਦੈ ਗਿਆਨ ਨਹੀਂ ਕਿ ਪੰਜਾਬੀ ਡਰਨ ਵਾਲੀ ਕੌਮ ਨਹੀਂ, ਇਹ ਤਾਂ ਅਹਿਮਦ ਸ਼ਾਹ ਅਬਦਾਲੀ ਤੋਂ ਨਹੀਂ ਡਰੀ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਆਉਣ ਵਾਲੀਆਂ ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਲੋਕ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਉਣਗੇ ਅਤੇ ਇਨ੍ਹਾਂ ਦੇ ਹੀ ਕਹੇ ਸ਼ਬਦ ਕਿ ਜਦੋਂ ਕਾਂਗਰਸੀ ਜਾਂ ਅਕਾਲੀ ਪਿੰਡਾਂ ਵਿੱਚ ਆਉਣ ਤਾਂ ਇਨ੍ਹਾਂ ਨੂੰ ਸਵਾਲ ਜ਼ਰੂਰ ਪੁੱਛਣ ਕਿ ਇਨ੍ਹਾਂ ਨੇ ਕਿ ਕੀ ਕੀਤਾ ਪਰ ਇਨ੍ਹਾਂ ਦੀ ਪਾਈ ਪਿਰਤ ਇਨ੍ਹਾਂ 'ਤੇ ਹੀ ਭਾਰੂ ਪਵੇਗੀ ਕਿ ਲੋਕ ਇਨ੍ਹਾਂ ਨੂੰ ਸਵਾਲ ਪੁਛਣਗੇ ਕਿ ਦੱਸੋ ਤੁਸੀਂ ਕੀ ਕੀਤਾ ? ਕਿਸਾਨ ਵਰਗ, ਅਧਿਆਪਕ ਵਰਗ ਨਾਲ ਕੀਤਾ ਹਿਸਾਬ ਕਿਤਾਬ ਪੁੱਛਿਆ ਜਾਵੇਗਾ। ——————

## ਝਾੜ ਸਾਹਿਬ ਕਾਲਜ 'ਚ ਸਿਰਜਣਾਤਮਕ ਮੁਕਾਬਲੇ ਕਰਵਾਏ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਰਹਿਨੁਮਾਈ ਹੇਠ ਪੰਜਾਬੀ ਵਿਭਾਗ, ਪੰਜਾਬੀ ਸਾਹਿਤ ਸਭਾ ਅਤੇ ਅੰਗਰੇਜ਼ੀ ਵਿਭਾਗ ਵੱਲੋਂ ਸਿਰਜਣਾਤਮਕ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸੁੰਦਰ ਲਿਖਾਈ, ਲੇਖ ਰਚਨਾ ਅਤੇ ਕਵਿਤਾ ਰਚਨਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸੁੰਦਰ ਲਿਖਾਈ ਪੰਜਾਬੀ ਵਿੱਚ ਨਵਦੀਪ ਕੌਰ, ਅੰਗਰੇਜ਼ੀ ਵਿੱਚ ਨਵਦੀਪ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਕਵਿਤਾ ਲਿਖਣ ਵਿੱਚ ਅਮਨਦੀਪ ਕੌਰ ਨੇ ਅਤੇ ਲੇਖ ਰਚਨਾ ਵਿੱਚ ਹੁਸਨਪ੍ਰੀਤ ਕੌਰ, ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਹਰ ਵਿਦਿਆਰਥਣ ਦੇ ਅੰਦਰ ਕੋਈ ਨਾ ਕੋਈ ਕਲਾ ਛੁਪੀ ਹੋਈ ਹੁੰਦੀ ਹੈ ਤੇ ਅਧਿਆਪਕ ਦਾ ਫਰਜ਼ ਹੈ ਕਿ ਉਹ ਉਸ ਕਲਾ ਨੂੰ ਪਹਿਚਾਣ ਕੇ ਇੱਕ ਬੁੱਤ ਤਰਾਸ਼ ਦੀ ਤਰ੍ਹਾਂ ਵਿਦਿਆਰਥਣਾਂ ਦੀ ਉਸ ਕਲਾ ਨੂੰ ਸੁੰਦਰ ਤੇ ਨਵੀਨ ਰੂਪ ਦੇਵੇ। ਇਸ ਮਕਸਦ ਸਦਕਾ ਹੀ ਕਾਲਜ ਦੇ ਵੱਖ-ਵੱਖ ਵਿਭਾਗਾਂ ਵਲੋਂ ਅਨੇਕਾਂ ਗਤੀਵਿਧੀਆਂ ਜਿਨ੍ਹਾਂ ਵਿਚ ਐਕਸਟੈਨਸ਼ਨ ਲੈਕਚਰ, ਰੂਬਰੂ ਪ੍ਰੋਗਰਾਮ, ਗੋਸ਼ਟੀਆਂ ਅਤੇ ਅੰਤਰ ਕਲਾਸ ਮੁਕਾਬਲੇ ਕਰਵਾਏ ਜਾਂਦੇ ਹਨ ਤਾਂ ਜੋ ਵਿਦਿਆਰਥਣਾਂ ਨਵਾਂ ਕੁਝ ਸਿੱਖਣ ਅਤੇ ਸਾਹਿਤ ਦੇ ਖੇਤਰ ਵਿੱਚ ਆਪਣਾ ਨਾਮ ਰੌਸ਼ਨ ਕਰਨ। ਇਨ੍ਹਾਂ ਮੁਕਾਬਲਿਆਂ ਮੌਕੇ ਡਾ. ਮਹੀਪਿੰਦਰ ਕੌਰ ਮੁਖੀ ਪੰਜਾਬੀ ਵਿਭਾਗ, ਜਸਵੀਰ ਕੌਰ ਇੰਚਾਰਜ ਪੰਜਾਬੀ ਸਾਹਿਤ ਸਭਾ, ਮਿਸ ਸ਼ਹਿਨਾਜ਼ ਅੰਗਰੇਜ਼ੀ ਵਿਭਾਗ ਹਾਜ਼ਰ ਸਨ।

## ਮੈਗਾ ਫ੍ਰੀ ਹੈੱਲਥ ਚੈੱਕਅੱਪ ਕੈਂਪਾਂ 'ਚ 500 ਤੋਂ ਵੱਧ ਕਰਮਚਾਰੀਆਂ ਨੇ ਖੱਟਿਆ ਲਾਹਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਮਾਰਕੀਟਿੰਗ ਟੀਮ ਵੱਲੋਂ ਆਪਣੇ ਵੈੱਲਨੈੱਸ ਇਨੀਸ਼ੀਏਟਿਵ ਤਹਿਤ ਅਗਸਤ ਮਹੀਨੇ ਦੌਰਾਨ ਕਈ ਸਥਾਨਾਂ ਤੇ ਲੜੀਵਾਰ ਮੁਫ਼ਤ ਸਿਹਤ ਜਾਂਚ ਕੈਂਪਾਂ ਦਾ ਆਯੋਜਨ ਕੀਤਾ ਗਿਆ। ਇਸਦਾ ਮਕਸਦ ਟਰਾਂਸਪੋਰਟ ਟੱਕਰ ਅਤੇ ਟੈਂਕਰ ਚਾਲਕ ਦਲ ਅਤੇ ਸਹਿਕਰਮੀਆਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਸਿਹਤ ਸੰਭਾਲ ਨੂੰ ਪ੍ਰੋਤਸਾਹਿਤ ਕਰਨਾ ਸੀ। ਇਹ ਯਤਨ ਨਾ ਸਿਰਫ਼ ਕਰਮਚਾਰੀਆਂ ਦੀ ਤੁਰੰਤ ਮੈਡੀਕਲ ਜ਼ਰੂਰਤਾਂ ਨੂੰ ਪੂਰਾ ਕਰਨ ਵੱਲ ਵਧਿਆ, ਸਗੋਂ ਕੰਪਨੀ ਦੇ ਇਨਸੀਡੈਂਟ ਅਤੇ ਇੰਜਰੀ-ਫ੍ਰੀ ਵਰਕਪਲੇਸ ਵਾਅਦੇ ਨੂੰ ਹੋਰ ਮਜ਼ਬੂਤੀ ਵੀ ਦਿੱਤੀ। ਇਹ ਕੈਂਪ ਰਿਫਾਈਨਰੀ ਦੇ ਕਈ ਸਥਾਨਾਂ ਤੇ ਲਗਾਏ ਗਏ। ਕੁੱਲ ਮਿਲਾ ਕੇ 500 ਤੋਂ ਵੱਧ ਟੱਕਰ ਅਤੇ ਟੈਂਕਰ ਚਾਲਕ ਦਲ ਅਤੇ ਸਹਿਕਰਮੀਆਂ ਨੂੰ ਇਨ੍ਹਾਂ ਕੈਂਪਾਂ ਦਾ ਲਾਭ ਲਿਆ, ਜਿਸ ਨਾਲ ਇਹ ਮੁਹਿੰਮ ਇੱਕ ਵੱਡੀ ਅਤੇ ਪ੍ਰਭਾਵਸ਼ਾਲੀ ਸਿਹਤ ਜਾਗਰੂਕਤਾ ਕਵਾਇਦ ਵਜੋਂ ਸਾਹਮਣੇ ਆਈ। ਸ਼ੁਰੂਆਤ 13 ਅਗਸਤ ਨੂੰ ਹੋਈ, ਜਦੋਂ ਸਿਵਲ ਹਸਪਤਾਲ-ਆਯੁਸ਼ ਟੀਮ, ਬਠਿੰਡਾ ਦੇ ਸਹਿਯੋਗ ਨਾਲ ਜਨਰਲ ਕੈਂਪ ਲਗਾਇਆ ਗਿਆ। ਡਾ. ਅਨੁਰਾਗ ਗਿਰਧਰ ਅਤੇ ਉਨ੍ਹਾਂ ਦੀ ਟੀਮ ਨੇ 81 ਭਾਗੀਦਾਰਾਂ ਦੀ ਸਧਾਰਣ ਸਿਹਤ ਜਾਂਚ ਕੀਤੀ ਅਤੇ ਲੋੜੀਂਦੀਆਂ ਦਵਾਈਆਂ ਵੰਡੀਆਂ। ਇਸ ਤੋਂ ਬਾਅਦ 18 ਤੋਂ 22 ਅਗਸਤ ਤੱਕ ਏਕਜੋਤ ਆਈ ਹਸਪਤਾਲ ਦੇ ਸਹਿਯੋਗ ਨਾਲ ਮੁਫ਼ਤ ਨੇਤਰ ਜਾਂਚ ਕੈਂਪ ਕਰਵਾਇਆ ਗਿਆ। ਇਸ ਪੰਜ ਦਿਨਾਂ ਦੇ ਕੈਂਪ ਵਿੱਚ 355 ਤੋਂ ਵੱਧ ਲੋਕਾਂ ਨੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ, ਜਿਨ੍ਹਾਂ ਵਿਚੋਂ 197 ਨੂੰ ਨਜ਼ਰ ਸੁਧਾਰ ਲਈ ਚਸ਼ਮੇ ਵੀ ਵੰਡੇ ਗਏ। ਇਹ ਕੈਂਪ ਖਾਸਕਰ ਉਨ੍ਹਾਂ ਕਰਮਚਾਰੀਆਂ ਲਈ ਲਾਹੇਵੰਦ ਸਾਬਤ ਹੋਇਆ ਜੋ ਕੰਮ ਦੌਰਾਨ ਲੰਬੇ ਸਮੇਂ ਲਈ ਮਸ਼ੀਨਾਂ ਅਤੇ ਸੰਦਾਂ ਨਾਲ ਜੁੜੇ ਰਹਿੰਦੇ ਹਨ ਅਤੇ ਅੱਖਾਂ ਨਾਲ ਸੰਬੰਧਤ ਸਮੱਸਿਆਵਾਂ ਦਾ ਸਾਹਮਣਾ ਕਰਦੇ ਹਨ। ਕੈਂਪਾਂ ਦੀ ਲੜੀ ਦਾ ਸਮਾਪਨ 24 ਅਗਸਤ ਨੂੰ ਦਿੱਲੀ ਹਾਰਟ ਮਲਟੀ-ਸਪੈਸ਼ਲਟੀ ਹਸਪਤਾਲ ਵੱਲੋਂ ਕਰਵਾਏ ਸਿਹਤ ਕੈਂਪ ਨਾਲ ਹੋਇਆ। ਡਾ. ਜੇ. ਜੇ. ਸਿੰਘ ਅਤੇ ਉਨ੍ਹਾਂ ਦੀ ਟੀਮ ਨੇ 80 ਮਰੀਜ਼ਾਂ ਨੂੰ ਨੇਫਰੋਲੋਜੀ ਸੰਬੰਧੀ ਸਲਾਹ ਦਿੱਤੀ ਅਤੇ ਬਲੱਡ ਪ੍ਰੈਸ਼ਰ, ਸ਼ੂਗਰ ਤੇ ਹੋਰ ਮਹੱਤਵਪੂਰਨ ਅੰਗਾਂ ਦੀ ਜਾਂਚ ਕੀਤੀ। ਇਹ ਕੈਂਪ ਗੰਭੀਰ ਬਿਮਾਰੀਆਂ ਤੋਂ ਬਚਾਅ ਅਤੇ ਸਮੇਂ ਸਿਰ ਨਿਦਾਨ ਨੂੰ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਸੀ।

## ਮੁੱਖ ਮੰਤਰੀ ਵੱਲੋਂ ਸਰਕਾਰੀ ਨੌਕਰੀਆਂ ਦੇਣ ਦੇ ਐਲਾਨ ਨੂੰ ਹਕੀਕੀ ਰੂਪ ਦਿੱਤਾ ਜਾਵੇ

**ਸਿਰਸਾ (ਸੁਰਿੰਦਰ ਪਾਲ ਸਿੰਘ)**
ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ 1984 ਵਿੱਚ ਹੋਏ ਸਿੱਖ ਦੰਗਿਆਂ ਵਿੱਚ ਮਾਰੇ ਗਏ ਸਿੱਖ ਪਰਵਾਰਾਂ ਦੇ ਪੀੜਤਾਂ ਨੂੰ ਸਰਕਾਰੀ ਨੌਕਰੀ ਦੇਣ ਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸਕੱਤਰ ਜਸਵੀਰ ਸਿੰਘ ਭਾਟੀ ਤੇ ਕਮੇਟੀ ਦੇ ਸਾਬਕਾ ਮੈਂਬਰ ਪਰਮਜੀਤ ਸਿੰਘ ਮਾਖਾ ਨੇ ਮੁੱਖ ਮੰਤਰੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਲੰਮਾਂ ਸਮਾਂ ਬੀਤਣ 'ਤੇ ਭਾਜਪਾ ਸਰਕਾਰ ਵੱਲੋਂ ਦਿੱਲੀ ਦੰਗਿਆਂ ਦੇ ਸਿੱਖ ਪਰਿਵਾਰਾਂ ਪ੍ਰਤੀ ਦਿਖਾਈ ਗਈ ਹਮਦਰਦੀ ਪ੍ਰਤੀ ਉਹ ਹਰਿਆਣਾ ਦੀਆਂ ਸਿੱਖ ਸੰਗਤਾਂ ਵੱਲੋਂ ਮੁੱਖ ਮੰਤਰੀ ਸੈਣੀ ਸਮੇਤ ਸਮੁੱਚੇ ਹਰਿਆਣਾ ਕੈਬਨਿਟ ਦਾ ਵਿਸ਼ੇਸ਼ ਧੰਨਵਾਦ ਕਰਦੇ ਹਨ। ਜਥੇਦਾਰ ਜਸਵੀਰ ਸਿੰਘ ਭਾਟੀ ਤੇ ਪਰਮਜੀਤ ਸਿੰਘ ਮਾਖਾ ਨੇ ਕਿਹਾ ਕਿ ਹਰਿਆਣਾ ਵਿਧਾਨ ਸਭਾ ਵਿਚ ਇਸ ਅਮਲ ਦਾ ਮਤਾ ਪਾਸ ਕਰਕੇ ਇਸ ਨੂੰ ਅਮਲੀ ਰੂਪ ਦੇ ਕੇ ਦੰਗਾਂ ਪੀੜਤਾਂ ਨੂੰ ਪੱਕੀਆਂ ਸਰਕਾਰੀ ਨੌਕਰੀਆਂ ਦੇਣ ਦੇ ਐਲਾਨ ਨੂੰ ਹਕੀਕੀ ਰੂਪ ਦਿੱਤਾ ਜਾਵੇ।

## ਵਨ ਟਾਈਮ ਸੈਟਲਮੈਂਟ ਯੋਜਨਾ ਅਧੀਨ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਦਾ ਇੱਕ ਹੋਰ ਸੁਨਹਿਰੀ ਮੌਕਾ !



**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਗਰ ਕੌਂਸਲ ਬਾਘਾ ਪੁਰਾਣਾ ਵਿਖੇ ਪ੍ਰੈੱਸ ਨੋਟ ਰਾਹੀਂ ਨਗਰ ਕੌਂਸਲ ਬਾਘਾ ਪੁਰਾਣਾ ਦੇ ਮੁੱਖ ਕਾਰਜ ਸਾਧਕ ਅਫ਼ਸਰ ਅਮਰਇੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਕਾਇਆ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਲਈ ਆਮ ਲੋਕਾਂ ਨੂੰ ਇੱਕ ਬਹੁਤ ਹੀ ਵਧੀਆ ਸਹੂਲਤ ਦਿੱਤੀ ਗਈ ਹੈ। ਇਸ ਸਬੰਧੀ ਬਕਾਇਆ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਸਬੰਧੀ ਆਮ ਲੋਕਾਂ ਨੂੰ ਇੱਕ ਸੁਨਹਿਰੀ ਮੌਕਾ ਦਿੱਤਾ ਗਿਆ ਹੈ ਜਿਸ ਅਧੀਨ ਸਰਕਾਰ ਵੱਲੋਂ ਇੱਕ ਯੋਜਨਾ ਆਰੰਭ ਕੀਤੀ ਗਈ ਹੈ, ਜਿਸ ਦਾ ਨਾਮ ਵਨ ਟਾਈਮ ਸੈਟਲਮੈਂਟ ਪੌਲਸੀ ਰੱਖਿਆ ਗਿਆ ਹੈ, ਜਿਸ ਅਧੀਨ ਆਮ ਲੋਕਾਂ ਨੂੰ ਦੱਸਿਆ ਜਾਂਦਾ ਹੈ ਕੀ ਜਿਨਾਂ ਦਾ ਪ੍ਰਾਪਰਟੀ ਟੈਕਸ ਬਕਾਇਆ ਹੈ ਉਹ ਇਸ ਯੋਜਨਾ ਅਧੀਨ ਬਿਨਾਂ ਕਿਸੇ ਵਿਆਜ ਅਤੇ ਬਿਨਾਂ ਕਿਸੇ ਜੁਰਮਾਨੇ ਤੋਂ ਇੱਕ ਕਿਸ਼ਤ ਵਿੱਚ ਆਪਣਾ ਬਕਾਇਆ ਪ੍ਰਾਪਰਟੀ ਟੈਕਸ 31 ਅਗਸਤ 2025 ਤੱਕ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਪਾਸੋਂ ਨਾ ਤਾਂ ਕੋਈ ਜੁਰਮਾਨਾ ਲਿਆ ਜਾਵੇਗਾ ਅਤੇ ਨਾ ਹੀ ਵਿਆਜ ਲਗਾਇਆ ਜਾਵੇਗਾ। ਇਸ ਲਈ ਜਿਨ੍ਹਾਂ ਦਾ ਪ੍ਰਾਪਰਟੀ ਟੈਕਸ ਬਕਾਇਆ ਹੈ ਉਨ੍ਹਾਂ ਨੂੰ ਇਸ ਦਾ ਲਾਹਾ ਲੈਣਾ ਚਾਹੀਦਾ ਹੈ, ਜਿਸ ਲਈ ਨਗਰ ਕੌਂਸਲ ਵੱਲੋਂ ਸ਼ਨੀਵਾਰ ਅਤੇ ਐਤਵਾਰ ਨੂੰ ਵੀ ਆਪਣਾ ਦਫ਼ਤਰ ਖੁੱਲ੍ਹਾ ਰੱਖਿਆ ਜਾਵੇਗਾ ਅਤੇ ਮੁਲਾਜ਼ਮ ਹਾਜ਼ਰ ਰਹਿਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਯੋਜਨਾ ਦਾ ਲੋਕਾਂ ਨੂੰ ਵੱਧ ਤੋਂ ਵੱਧ ਲਾਹਾ ਲੈਣ ਲਈ ਪ੍ਰੇਰਿਤ ਕਰਨ ਹਿੱਤ ਨਗਰ ਕੌਂਸਲ ਦੇ ਮੁਲਾਜ਼ਮਾਂ ਵੱਲੋਂ ਸ਼ਹਿਰ ਵਿੱਚ ਮੁਨਿਆਦੀ ਵੀ ਕਰਵਾਈ ਜਾ ਰਹੀ ਹੈ। ਇਸ ਲਈ ਲੋਕ ਵੱਧ ਤੋਂ ਵੱਧ ਇਸ ਯੋਜਨਾ ਦਾ ਲਾਭ ਲੈਂਦੇ ਹੋਏ ਅਤੇ ਆਪਣਾ ਬਕਾਇਆ ਜਮ੍ਹਾ ਕਰਵਾ ਕੇ ਡਿਫਾਲਟਰਾਂ ਦੀ ਸੂਚੀ ਵਿੱਚੋਂ ਆਪਣਾ ਨਾ ਕਟਵਾਉਣ। ਉਨ੍ਹਾਂ ਅੱਗੇ ਦੱਸਿਆ ਕਿ ਜਿਨ੍ਹਾਂ ਵੱਲੋਂ 31 ਅਗਸਤ ਤੱਕ ਆਪਣਾ ਬਕਾਇਆ ਪ੍ਰਾਪਰਟੀ ਟੈਕਸ ਨਾ ਭਰਿਆ ਗਿਆ ਉਨ੍ਹਾਂ ਖਿਲਾਫ ਸਰਕਾਰ ਦੀਆਂ ਹਦਾਇਤਾਂ ਉੱਪਰ ਅਮਲ ਕਰਦਿਆਂ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਰੂੜੇਕੇ ਖੁਰਦ ਤੋਂ ਹੜ੍ਹ ਰਾਹਤ ਸਮੱਗਰੀ ਨਾਲ ਭਰੀਆਂ ਟਰਾਲੀਆਂ ਰਵਾਨਾ




**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿੰਡ ਰੂੜੇਕੇ ਖੁਰਦ ਤੋਂ ਰਾਹਤ ਸਮਗਰੀ ਸਮੱਗਰੀ ਨਾਲ ਭਰੀਆਂ ਦੋ ਟਰਾਲੀਆਂ ਲੈ ਕੇ ਨਗਰ ਨਿਵਾਸੀ ਕਸਬਾ ਮੱਖੂ ਵੱਲ ਰਵਾਨਾ ਹੋਏ। ਪਿੰਡ ਰੂੜੇਕੇ ਖੁਰਦ ਦੇ ਜਥੇਦਾਰ ਰਾਮ ਸਿੰਘ ਤੇ ਪੰਡਤ ਜੈਲਾ ਰਾਮ ਨੇ ਦੱਸਿਆ ਕਿ ਮੱਖੂ ਖੇਤਰ ਦੇ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਹਰੇ ਚਾਰੇ ਤੇ ਤੂੜੀ ਦੀ ਭਾਰੀ ਕਮੀ ਹੋਣ ਕਾਰਨ ਪਸ਼ੂ ਧਨ ਨੂੰ ਬਹੁਤ ਦਿੱਕਤਾਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡ ਰੂੜੇਕੇ ਖੁਰਦ ਦੇ ਗੁਰੂ ਘਰ ਤੋਂ ਅਰਦਾਸ ਉਪਰੰਤ ਹਰੇ ਚਾਰੇ ਤੇ ਤੂੜੀ ਅਤੇ ਹੋਰ ਰਾਹਤ ਸਮੱਗਰੀ ਨਾਲ ਭਰੀਆਂ ਟਰਾਲੀਆਂ ਨੂੰ ਰਵਾਨਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਗਰ ਵੱਲੋਂ ਹੜ੍ਹ ਪੀੜ੍ਹਤਾਂ ਲਈ ਹੋਰ ਵੀ ਰਾਹਤ ਸਮੱਗਰੀ ਭੇਜਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ।

## ਮੀਂਹ ਦਾ ਪਾਣੀ ਘਰਾਂ 'ਚ ਆਉਣ ਕਰਕੇ ਚਾਰ ਮਜ਼ਦੂਰ ਪਰਵਾਰ ਧਰਮਸ਼ਾਲਾ 'ਚ ਰਹਿਣ ਲਈ ਮਜਬੂਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ, ਬਲਵਿੰਦਰ ਵਜੀਦਕੇ)**-ਮੋਹਲੇਧਾਰ ਮੀਂਹ ਨਾਲ ਪਿੰਡ ਵਜੀਦਕੇ ਖੁਰਦ (ਬਰਨਾਲਾ) ਦੇ ਮਜ਼ਦੂਰ ਪਰਿਵਾਰਾਂ ਦੇ ਰਿਹਾਇਸ਼ੀ ਮਕਾਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਕੰਧਾਂ ਅਤੇ ਛੱਤਾਂ ਵਿੱਚ ਆਈਆਂ ਤਰੇੜਾਂ ਕਾਰਨ ਘਰ ਕਿਸੇ ਵੀ ਸਮੇਂ ਡਿੱਗ ਸਕਦੇ ਹਨ। ਇਸ ਕਾਰਨ ਚਾਰ ਪਰਵਾਰ ਆਪਣੇ ਸਮਾਨ ਸਮੇਤ ਪਿੰਡ ਦੀ ਸਾਂਝੀ ਧਰਮਸ਼ਾਲਾ ਵਿੱਚ ਰਹਿਣ ਲਈ ਮਜਬੂਰ ਹੋਏ ਹਨ। ਪਤਾ ਲੱਗਾ ਹੈ ਕਿ ਜੱਗਾ ਸਿੰਘ ਪੁੱਤਰ ਚਰਨ ਸਿੰਘ, ਬੂਟਾ ਸਿੰਘ ਪੁੱਤਰ ਅਤਵਾਰ ਸਿੰਘ, ਬਲਵੀਰ ਸਿੰਘ ਪੁੱਤਰ ਸਾਧੂ ਸਿੰਘ ਦੇ ਘਰ ਜ਼ਿਆਦਾ ਬਾਰਿਸ਼ ਕਾਰਨ ਬੁਰੀ ਤਰਾਂ ਨੁਕਸਾਨੇ ਗਏ ਹਨ। ਲੋਕਾਂ ਦੇ ਸਹਿਯੋਗ ਨਾਲ ਇਨ੍ਹਾਂ ਪਰਿਵਾਰਾਂ ਦਾ ਸਮਾਨ ਪੇਟੀਆਂ, ਅਲਮਾਰੀਆਂ, ਬਿਸਤਰੇ ਤੇ ਰਸੋਈ ਦਾ ਲੋੜੀਂਦਾ ਸਮਾਨ ਧਰਮਸ਼ਾਲਾ 'ਚ ਰਖਾਇਆ ਗਿਆ ਹੈ ਤਾਂ ਜੁ ਬਿਪਤਾ ਦੀ ਘੜੀ ਲੰਘਾਇਆ ਜਾ ਸਕੇ। ਇਹ ਸਾਰੇ ਹੀ ਪਰਵਾਰ ਮਜ਼ਦੂਰੀ ਕਰਕੇ ਗੁਜ਼ਾਰਾ ਕਰਦੇ ਹਨ। ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਬੀ ਡੀ ਪੀ ਓ ਮਹਿਲ ਕਲਾਂ ਤੇ ਹੋਰ ਸਬੰਧਤ ਅਧਿਕਾਰੀਆਂ ਕੋਲ ਗੁਹਾਰ ਲਗਾਈ ਹੈ ਕਿ ਇਨ੍ਹਾਂ ਪਰਵਾਰਾਂ ਨੂੰ ਕੱਚੇ ਘਰਾਂ ਲਈ ਮਿਲਦੀ ਸਰਕਾਰੀ ਸਹਾਇਤਾ ਪਹਿਲ ਦੇ ਆਧਾਰ 'ਤੇ ਦਿੱਤੀ ਜਾਵੇ। ਵਿਧਾਇਕ ਪੰਡੋਰੀ ਤੋਂ ਪੰਜਾਬ ਸਰਕਾਰ ਰਾਹੀ ਵਿਸ਼ੇਸ਼ ਮਦਦ ਜਾਰੀ ਕਰਾਉਣ ਦੀ ਮੰਗ ਕੀਤੀ ਹੈ।

# ਖੇਤਰੀ ਸਾਰਸ ਮੇਲਾ 2025 ਪੀ ਏ ਯੂ ਲੁਧਿਆਣਾ ਵਿਖੇ 4 ਤੋਂ 13 ਅਕਤੂਬਰ ਤੱਕ



**ਲੁਧਿਆਣਾ (ਰਾਜ ਸਿੰਗਲਾ)**-ਚੌਥਾ ਖੇਤਰੀ ਸਾਰਸ ਮੇਲਾ 2025 ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਲੁਧਿਆਣਾ ਦੇ ਮੇਲਾ ਗਰਾਊਂਡ ਵਿਖੇ 4 ਅਕਤੂਬਰ ਤੋਂ 13 ਅਕਤੂਬਰ ਤੱਕ ਆਯੋਜਿਤ ਕੀਤਾ ਜਾਵੇਗਾ ਅਤੇ ਇਸ ਸਾਰਸ ਮੇਲੇ ਦੇ ਮੇਲਾ ਅਫਸਰ ਅਮਰਜੀਤ ਬੈਂਸ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਤੇ ਸਹਾਇਕ ਮੇਲਾ ਅਫਸਰ ਸ੍ਰੀ ਜੀਵਨਦੀਪ ਸਿੰਘ ਈ ਜੀ ਐਸ ਡੀ ਟੀ ਓ ਹੋਣਗੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅੱਜ ਬੱਚਤ ਭਵਨ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕੀਤਾ। ਉਹਨਾਂ ਲੁਧਿਆਣਾ ਵਿਖੇ ਹੋਣ ਵਾਲੇ ਇਸ ਖੇਤਰੀ ਸਾਰਸ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਕਮੇਟੀਆਂ ਗਠਿਤ ਕਰਕੇ ਡਿਊਟੀਆਂ ਵੀ ਲਗਾਈਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੇਲੇ ਦੌਰਾਨ ਲੱਗਣ ਵਾਲੇ ਸਟਾਲਾਂ ਦੀ ਅਲਾਟਮੈਂਟ ਕਰਨ, ਮੇਲੇ ਵਿੱਚ ਸਥਾਪਿਤ ਕੀਤੀਆਂ ਜਾਣ ਵਾਲੀਆਂ ਸਟਾਲਾਂ ਤੋਂ ਰੋਜ਼ਾਨਾ ਦੀ ਵਿਕਰੀ ਰਿਪੋਰਟ ਇਕੱਤਰ ਕਰਨ, ਮੇਲਾ ਖੇਤਰ ਵਿੱਚ ਫੂਡ ਪ੍ਰੋਸੈਸਿੰਗ ਨੂੰ ਉਤਸ਼ਾਹਿਤ ਕਰਨ ਲਈ ਵੀ ਸਟਾਲ ਲਗਾਉਣ, ਮੇਲੇ ਵਾਲੀ ਥਾਂ 'ਤੇ ਰੋਜ਼ਾਨਾ ਟਿਕਟਾਂ ਵੇਚਣ, ਇਸ ਸਾਰਸ ਮੇਲੇ ਦੌਰਾਨ ਰੋਜ਼ਾਨਾ ਸਾਫ਼ ਪੀਣ ਵਾਲੇ ਪਾਣੀ ਦਾ ਮੁਕੰਮਲ ਪ੍ਰਬੰਧ ਕਰਨ, ਮੇਲੇ ਵਾਲੀ ਥਾਂ ਅਤੇ ਠਹਿਰਨ ਵਾਲੀ ਥਾਂ 'ਤੇ ਫਸਟ ਏਡ ਸਹਾਇਤਾ ਅਤੇ ਡਾਕਟਰੀ ਸਹਾਇਤਾ ਦਾ ਪ੍ਰਬੰਧ ਆਦਿ ਕਰਨ ਲਈ ਵੱਖ-ਵੱਖ ਅਧਿਕਾਰੀਆਂ ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ।

ਹਿਮਾਂਸ਼ੂ ਜੈਨ ਨੇ ਕਿਹਾ ਕਿ ਮੇਲੇ ਵਾਲੀ ਥਾਂ 'ਤੇ ਸਫਾਈ ਕਰਵਾਉਣ, ਕਲੀ ਪਾਉਣ, ਪਾਣੀ ਛਿੜਕਣ ਆਦਿ ਦਾ ਪ੍ਰਬੰਧ ਨਗਰ ਨਿਗਮ ਲੁਧਿਆਣਾ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਲਚਰ ਆਈਟਮਾਂ ਪੇਸ਼ ਕਰਨ ਵਾਲੇ ਕਲਾਕਾਰਾਂ ਦੇ ਠਹਿਰਨ ਲਈ ਢੁਕਵੀਂ ਜਗ੍ਹਾ ਦਾ ਪ੍ਰਬੰਧ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਾਰਸ ਮੇਲੇ ਵਿੱਚ ਕਈ ਸੂਬਿਆਂ ਦੇ 1400 ਤੋਂ ਵਧੇਰੇ ਕਲਾਕਾਰ, ਦਸਤਕਾਰ, ਵਪਾਰੀ ਅਤੇ ਹੁਨਰਮੰਦ ਲੋਕ ਹਿੱਸਾ ਲੈਣਗੇ, ਜਦਕਿ ਰੋਜ਼ਾਨਾ ਹਜ਼ਾਰਾਂ ਲੋਕ ਖਰੀਦੋ-ਫਰੋਖ਼ਤ ਅਤੇ ਮੌਜ-ਮਸਤੀ ਦਾ ਆਨੰਦ ਮਾਣਨਗੇ। ਸਾਰਸ ਮੇਲੇ ਦੌਰਾਨ ਦੇਸ਼ ਭਰ ਦੇ 1400 ਤੋਂ ਵਧੇਰੇ ਦਸਤਗੀਰ ਤੇ ਕਾਰੀਗਰ 600 ਤੋਂ ਵੱਧ ਸਟਾਲ ਲਗਾਉਣਗੇ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਸਹਾਇਕ ਕਮਿਸ਼ਨਰ ਡਾ. ਪ੍ਰਗਤੀ ਰਾਣੀ ਆਈ.ਏ.ਐਸ, ਸਹਾਇਕ ਕਮਿਸ਼ਨਰ ਜਨਰਲ ਪਾਇਲ ਗੋਇਲ, ਜੁਆਇਟ ਕਮਿਸ਼ਨਰ ਨਗਰ ਨਿਗਮ ਅਭਿਸ਼ੇਕ ਸ਼ਰਮਾ, ਉਪ ਮੰਡਲ ਮੈਜਿਸਟਰੇਟ ਖੰਨਾ ਡਾ. ਬਲਜਿੰਦਰ ਸਿੰਘ ਢਿੱਲੋਂ, ਏ.ਡੀ.ਸੀ.ਪੀ ਹਰਿੰਦਰ ਸਿੰਘ ਮਾਨ, ਏ.ਸੀ.ਪੀ ਜਤਿੰਦਰ ਪਾਲ ਸਿੰਘ, ਡੀ.ਡੀ.ਪੀ.ਓ ਦਿਲਾਵਰ ਕੌਰ, ਡੀ.ਈ.ਓ ਡਿੰਪਲ ਮਦਾਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਹੱਕੀ ਮੰਗਾਂ ਸੰਬੰਧੀ ਹੜਤਾਲ ਦੇ ਤੀਜੇ ਦਿਨ ਵੀ ਆਸ਼ਾ ਵਰਕਰਾਂ ਨੇ ਕੰਮ-ਕਾਜ ਠੱਪ ਰੱਖਿਆ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਆਸ਼ਾ ਵਰਕਰਜ਼, ਆਸ਼ਾ ਫੈਸੀਲਿਟੇਟਰਜ਼ ਸਾਂਝਾ ਮੋਰਚਾ ਪੰਜਾਬ ਦੇ ਸੱਦੇ 'ਤੇ ਆਸ਼ਾ ਵਰਕਰਾਂ ਵੱਲੋਂ ਕੰਮ ਛੋੜ ਹੜਤਾਲ ਦੇ ਤੀਜੇ ਦਿਨ ਵੀ ਆਪਣਾ ਕੰਮ ਕਾਰ ਠੱਪ ਰੱਖਦੇ ਹੋਏ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਕਮਿਊਨਟੀ ਹੈਲਥ ਸੈਂਟਰ ਵਿਖੇ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਰਜਵੰਤ ਕੌਰ ਤੇ ਬਲਾਕ ਪ੍ਰਧਾਨ ਕੈਂਡੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੂੰ ਲਗਾਤਾਰ ਪ੍ਰੈਸ ਬਿਆਨ ਰਾਹੀ ਦੱਸਿਆ ਗਿਆ ਸੀ ਕਿ ਵਰਕਰਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ, ਕੱਟੇ ਹੋਏ ਭੱਤੇ ਨੂੰ ਮੁੜ ਬਹਾਲ ਕੀਤਾ ਜਾਵੇ, ਫੈਸਿਲਿਟੇਟਰ ਨੂੰ ਕੇਂਦਰ ਸਰਕਾਰ ਵੱਲੋ ਮਿਲਣ ਵਾਂਝਾ ਭੱਤਾ ਮੁੜ ਬਹਾਲ ਕੀਤਾ ਜਾਵੇ, ਫੈਸਿਲੀਲਿਟੇਟਰ ਦੀ ਟੂਰ ਮਨੀ ਵਿੱਚ ਵਾਧਾ ਕੀਤਾ ਜਾਵੇ ਤੇ ਦਸ ਆਸ਼ਾ ਵਰਕਰਜ਼ ਪਿਛੇ ਇੱਕ ਫੈਸਲੀਲਿਟੇਟਰ ਭਰਤੀ ਕਰਕੇ ਕੰਮ ਦਾ ਬੋਝ ਘਟਾਇਆ ਜਾਵੇ ਤੇ ਸੇਵਾਮੁਕਤ ਵਰਕਰਾਂ ਨੂੰ ਪੰਜ-ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ, ਫਿਕਸ 2500 ਭੱਤਾ ਵਾਧੇ ਅਨੁਸਾਰ 10,000 ਰੁਪਏ ਕੀਤਾ ਜਾਵੇ, ਪ੍ਰਸੂਤੀ ਛੁੱਟੀ ਟੈਬਲੇਟ ਦਾ ਨਿਪਟਾਰਾ ਕਰਨ ਲਈ ਟਾਇਮ ਮੰਗਿਆ ਗਿਆ ਸੀ, ਪਰ ਐਨਾ ਸਮਾਂ ਬੀਤ ਜਾਣ 'ਤੇ ਵੀ ਉਨ੍ਹਾਂ ਦੀਆਂ ਹੱਕੀ ਮੰਗਾਂ ਨਹੀਂ ਮੰਨੀਆਂ ਗਈਆਂ, ਸਗੋਂ ਸਿਹਤ ਵਿਭਾਗ ਦੇ ਸਾਰੇ ਕੰਮਾ ਲਈ ਪੰਜਾਬ ਭਰ ਦੀਆਂ ਸੈਂਕੜਿਆਂ ਦੀ ਗਿਣਤੀ ਵਿੱਚ ਆਸ਼ਾ ਵਰਕਰਜ਼ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ। ਸਾਰੀਆ ਮੰਗਾਂ, ਮੁਸ਼ਕਲਾਂ ਦੀ ਸੁਣਵਾਈ ਨਾ ਹੋਣ ਕਰਕੇ ਪੰਜਾਬ ਦੇ ਸਾਰੇ ਸਿਵਲ ਸਰਜਨ ਦਫਤਰਾਂ 'ਤੇ 25 ਤੋਂ 31 ਅਗਸਤ ਤੱਕ ਪੂਰਨ ਤੌਰ 'ਤੇ ਸਿਹਤ ਵਿਭਾਗ ਦੇ ਸਾਰੇ ਕੰਮਾ ਦਾ ਬਾਈਕਾਟ ਦਾ ਨੋਟਿਸ ਵੀ ਦਿੱਤਾ ਗਿਆ ਸੀ, ਪਰ ਇਸ ਨਾਲ ਨਾ ਤਾਂ ਮਹਿਕਮੇ ਦੇ ਕੰਨਾਂ 'ਤੇ ਜੂੰ ਸਰਕੀ ਤੇ ਨਾ ਹੀ ਪੰਜਾਬ ਸਰਕਾਰ ਦੇ।

# ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਲੁਧਿਆਣਾ ਦੀ ਕੇਂਦਰੀ ਬੋਰਸਟਲ ਤੇ ਜ਼ਨਾਨਾ ਜੇਲ੍ਹ ਦੀ ਅਚਨਚੇਤ ਚੈਕਿੰਗ



**ਲੁਧਿਆਣਾ (ਰਾਜ ਸਿੰਗਲਾ)**-ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਲੁਧਿਆਣਾ ਦੀ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੀ ਅਚਨਚੇਤ ਚੈਕਿੰਗ ਕੀਤੀ। ਚੈਕਿੰਗ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਰੰਧਾਵਾ ਵੱਲੋਂ ਕੇਂਦਰੀ ਜੇਲ੍ਹ ਦੇ ਸੁਪਰਡੰਟ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਹਰੇਕ ਬੈਰਕ ਦੀ ਚੈਕਿੰਗ ਕਰਦਿਆਂ ਹਵਾਲਾਤੀਆਂ ਅਤੇ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਮੌਕੇ 'ਤੇ ਹੀ ਜੇਲ੍ਹ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੇ ਹੁਕਮ ਜਾਰੀ ਕੀਤੇ ਗਏ। ਇਸ ਤੋਂ ਇਲਾਵਾ ਜੇਲ੍ਹ ਦੇ ਲੰਗਰ ਹਾਲ ਦਾ ਵਿਸ਼ੇਸ਼ ਤੌਰ 'ਤੇ ਨਿਰੀਖਣ ਕੀਤਾ ਗਿਆ ਅਤੇ ਉਥੇ ਬਣ ਰਿਹਾ ਖਾਣਾ ਜਿਸ ਵਿੱਚ ਰੋਟੀ ਅਤੇ ਦਾਲ ਸ਼ਾਮਲ ਸਨ, ਨੂੰ ਚੈੱਕ ਕੀਤਾ ਗਿਆ। ਜਨਾਨਾ ਜੇਲ੍ਹ ਦੀ ਚੈਕਿੰਗ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਬੰਦੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਜੇਲ੍ਹ ਵਿੱਚ ਉਨ੍ਹਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਪੁੱਛਿਆ ਗਿਆ। ਇਸ ਮੌਕੇ ਉਨ੍ਹਾਂ ਜੇਲ੍ਹ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਜੇਲ੍ਹ ਦੀਆਂ ਬੰਦੀ ਔਰਤਾਂ ਦੀਆਂ ਸਮੱਸਿਆਵਾਂ ਦਾ ਹੱਲ ਛੇਤੀ ਤੋਂ ਛੇਤੀ ਕੀਤਾ ਜਾਵੇ। ਉਨ੍ਹਾਂ ਬੰਦੀ ਔਰਤਾਂ ਨੂੰ ਮਿਲ ਰਹੀ ਮੈਡੀਕਲ ਸਹੂਲਤ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਜੇਲ੍ਹ ਬੰਦੀਆਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਜਿਹੜੇ ਬੰਦੀ ਆਪਣੇ ਕੇਸ ਦੀ ਪੈਰਵੀ ਲਈ ਆਪਣੇ ਪ੍ਰਾਈਵੇਟ ਪੱਧਰ 'ਤੇ ਐਡਵੋਕੇਟ ਹਾਇਰ ਕਰਨ ਵਿੱਚ ਅਸਮਰਥ ਹਨ, ਉਹ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਤੋਂ ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਮੁਫਤ ਕਾਨੂੰਨੀ ਸਹਾਇਤਾ ਲੈਣ ਲਈ ਉਨ੍ਹਾਂ ਵੱਲੋਂ ਜੇਲ੍ਹ ਵਿੱਚ ਖੋਲ੍ਹੇ ਹੋਏ ਲੀਗਲ ਏਡ ਕਲੀਨਿਕ ਵਿੱਚ ਪੇਸ਼ ਹੋ ਕੇ ਕਾਨੂੰਨੀ ਸਹਾਇਤਾ ਦਾ ਫਾਰਮ ਵੀ ਭਰਵਾਇਆ ਜਾ ਸਕਦਾ ਹੈ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਹਰਪ੍ਰੀਤ ਕੌਰ ਰੰਧਾਵਾ ਦੇ ਨਾਲ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਮੈਡਮ ਸੁਮਿਤ ਸੱਭਰਵਾਲ, ਚੀਫ ਜੁਡੀਸ਼ੀਅਲ ਮੈਜਿਸਟਰੇਟ ਲੁਧਿਆਣਾ ਪਵਲੀਨ ਸਿੰਘ, ਮਾਨਯੋਗ ਅਤੇ ਚੀਫ ਲੀਗਲ ਏਡ ਡਿਫੈਂਸ ਕੌਂਸਲ ਲੁਧਿਆਣਾ ਵਰਿੰਦਰਜੀਤ ਸਿੰਘ ਰੰਧਾਵਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## 31 ਕਿੱਲੋ ਭੁੱਕੀ ਸਮੇਤ ਦੋ ਟਰੱਕ ਸਵਾਰ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸਰਹਿੰਦ-ਪਟਿਆਲਾ ਰੋਡ 'ਤੇ ਪੈਂਦੇ ਗੁਣੀਆ ਮਾਜਰਾ ਨੇੜੇ ਪੁਲਿਸ ਵੱਲੋਂ ਚੈਕਿੰਗ ਲਈ ਰੋਕੇ ਗਏ ਇੱਕ ਪਿਆਜ਼ਾਂ ਦੇ ਭਰੇ ਟਰੱਕ 'ਚੋਂ 31 ਕਿੱਲੋ ਭੁੱਕੀ ਬਰਾਮਦ ਹੋਣ ਦਾ ਸਮਾਚਾਰ ਹੈ।

ਜਾਣਕਾਰੀ ਅਨੁਸਾਰ ਸੀ.ਆਈ.ਏ. ਸਟਾਫ ਸਰਹਿੰਦ ਦੇ ਸਬ-ਇੰਸਪੈਕਟਰ ਗੁਰਮੀਤ ਕੁਮਾਰ ਦੀ ਅਗਵਾਈ ਵਾਲੀ ਇੱਕ ਟੀਮ ਵੱਲੋਂ ਪਿੰਡ ਗੁਣੀਆ ਮਾਜਰਾ ਨੇੜੇ ਟਰੱਕ ਨੰਬਰ ਪੀ.ਬੀ.11.ਸੀ.ਆਰ-9673 ਨੂੰ ਚੈਕਿੰਗ ਲਈ ਰੋਕਿਆ ਗਿਆ ਜਿਸ ਵਿੱਚ 30 ਟਨ ਦੇ ਕਰੀਬ ਪਿਆਜ਼ ਲੱਦੇ ਹੋਏ ਸਨ। ਤਲਾਸ਼ੀ ਦੌਰਾਨ ਟਰੱਕ 'ਚੋਂ 31 ਕਿੱਲੋ ਭੁੱਕੀ (ਚੂਰਾ ਪੋਸਤ) ਬਰਾਮਦ ਹੋਈ। ਇਸ ਸਬੰਧੀ ਥਾਣਾ ਮੂਲੇਪੁਰ ਵਿਖੇ ਅ/ਧ 15(ਬੀ) ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਾਏ ਗਏ ਮੁਕੱਦਮੇ 'ਚ ਟਰੱਕ ਸਵਾਰ ਵਿਅਕਤੀਆਂ ਹਰਪ੍ਰੀਤ ਸਿੰਘ ਉਰਫ ਹੈਪੀ ਵਾਸੀ ਪਿੰਡ ਭੜੀ ਪਨੈਚਾਂ (ਪਟਿਆਲਾ) ਤੇ ਅਮਿਤ ਕੁਮਾਰ ਉਰਫ ਪੰਡਤ ਵਾਸੀ ਪਿੰਡ ਜੌਂਸੜਾਂ ਨੂੰ ਗ੍ਰਿਫ਼ਤਾਰ ਕਰਕੇ ਸਹਾਇਕ ਥਾਣੇਦਾਰ ਅਮਰੀਕ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

## ਡਾ. ਭਾਰਤ ਭੂਸ਼ਣ ਨੇ ਬਲਾਕ ਖੇਤੀਬਾੜੀ ਅਫ਼ਸਰ ਦਾ ਚਾਰਜ ਸੰਭਾਲਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਾ. ਭਾਰਤ ਭੂਸ਼ਣ ਨੇ ਸਹਾਇਕ ਕਪਾਹ ਵਿਸਥਾਰ ਅਫਸਰ—ਕਮ—ਖੇਤੀਬਾੜੀ ਅਫਸਰ, ਰਾਮਪੁਰਾ ਦਾ ਚਾਰਜ ਸਾਂਭ ਲਿਆ ਹੈ। ਇਸ ਮੌਕੇ ਡਾ. ਭਾਰਤ ਭੂਸ਼ਣ ਨੇ ਕਿਹਾ ਕਿ ਉਹ ਇਸ ਅਹੁਦੇ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਦੀ ਜੁਆਇਨਿੰਗ ਸਮੇਂ ਬਲਾਕ ਰਾਮਪੁਰਾ ਦੇ ਸਮੂਹ ਸਟਾਫ਼ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ। ਉਨ੍ਹਾਂ ਬਲਾਕ ਰਾਮਪੁਰਾ ਦੇ ਸਮੂਹ ਸਟਾਫ ਨੂੰ ਕਿਸਾਨ ਹਿੱਤ ਵਿੱਚ ਤਨਦੇਹੀ ਨਾਲ ਚੱਲ ਰਹੀਆਂ ਸਾਉਣੀ ਮੱਕੀ ਤੇ ਨਰਮੇ ਦੀਆਂ ਗਤੀਵਿਧੀਆਂ ਨੂੰ ਸਮੇਂ ਸਿਰ ਪੂਰਾ ਕਰਨ ਦੀ ਹਦਾਇਤ ਕੀਤੀ, ਜਿਸ ਨਾਲ ਪੰਜਾਬ ਸਰਕਾਰ ਦਾ ਝੋਨੇ ਦੇ ਬਦਲ ਵਿੱਚ ਫਸਲੀ ਵਿਭਿੰਨਤਾ ਦਾ ਉਦੇਸ਼ ਪੂਰਾ ਹੋ ਸਕੇ। ਇਸ ਮੌਕੇ ਪੈਸਟੀਸਾਈਡ ਐਸੋਸੀਏਸ਼ਨ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਖੇਤੀ ਇਨਪੁਟ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਉਹ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੰਮ ਕਰਨ ਅਤੇ ਆਪਣਾ ਰਿਕਾਰਡ ਮੁਕੰਮਲ ਰੱਖਣ। ਕਿਸਾਨਾਂ ਨੂੰ ਮਿਆਰੀ ਬੀਜ, ਖਾਦ ਅਤੇ ਪੈਸਟੀਸਾਈਡ ਮੁਹੱਈਆ ਕਰਾਏ ਜਾਣ। ਅਖੀਰ ਡਾ. ਭਾਰਤ ਭੂਸ਼ਣ ਨੇ ਕਿਹਾ ਕਿ ਉਹ ਕਿਸਾਨਾਂ ਅਤੇ ਡੀਲਰਾਂ ਦੀ ਬਿਹਤਰੀ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।

## ਸੈਦੋਕੇ 'ਚ ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ ਲਾਇਆ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸਰਕਾਰ, ਆਯੂਸ਼ ਵਿਭਾਗ ਪੰਜਾਬ ਤੇ ਡਾਇਰੈਕਟਰ ਅਯੁਰਵੇਦਾ ਪੰਜਾਬ ਡਾਕਟਰ ਰਵੀ ਡੂਮਰਾ ਅਤੇ ਡਾਇਰੈਕਟਰ ਹੋਮਿਓਪੈਥੀ ਡਾਕਟਰ ਹਰਿੰਦਰ ਪਾਲ ਸਿੰਘ ਅਤੇ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰੁਪਿੰਦਰ ਕੌਰ ਦੀ ਦੇਖ-ਰੇਖ ਹੇਠ ਪਿੰਡ ਸੈਦੋਕੇ ਵਿਖੇ ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ ਲਾਇਆ ਗਿਆ। ਕੈਂਪ ਦਾ ਉਦਘਾਟਨ ਮਹੰਤ ਧਰਮ ਦਾਸ ਅਤੇ ਬਾਬਾ ਉਦੇਕਰਨ ਵੱਲੋਂ ਕੀਤਾ ਗਿਆ। ਕੈਂਪ ਵਿੱਚ ਪਹੁੰਚੇ ਮਰੀਜ਼ਾਂ ਦਾ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਚੈੱਕਅਪ ਕੀਤਾ ਗਿਆ ਤੇ ਦਵਾਈਆਂ ਵੀ ਵੰਡੀਆਂ ਗਈਆਂ। ਕੈਂਪ ਦੌਰਾਨ ਆਯੁਰਵੈਦਿਕ ਵਿਭਾਗ ਵੱਲੋਂ 410 ਤੇ ਹੋਮਿਓਪੈਥਿਕ ਵਿਭਾਗ ਵੱਲੋਂ 375 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ। ਕੈਂਪ ਵਿੱਚ ਡਾਕਟਰ ਪਲਵਿੰਦਰ ਸਿੰਘ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਆਯੁਰਵੇਦ ਵਿਭਾਗ ਵੱਲੋਂ ਡਾਕਟਰ ਭੁਪਿੰਦਰ ਸਿੰਘ ਏ ਐੱਮ ਓ ਡਾਕਟਰ ਪਵਿੱਤਰ ਕੌਰ ਏ. ਐੱਮ. ਓ ਹੋਮਿਓਪੈਥੀ ਵਿਭਾਗ ਤੋਂ ਡਾਕਟਰ ਰਣਜੀਤ ਸਿੰਘ ਐੱਚ.ਐੱਮ.ਓ ਰਾਜਵਿੰਦਰ ਸਿੰਘ ਡਿਸਪੈਂਸਰ ਉਪਵੈਦ, ਮਨਦੀਪ ਸਿੰਘ ਉਪਵੈਦ, ਗੁਰਜਿੰਦਰ ਸਿੰਘ, ਉਪਵੈਦ ਰਾਜਕੁਮਾਰ, ਅਮਨਦੀਪ ਸਿੰਘ, ਮਨਪ੍ਰੀਤ ਸਿੰਘ, ਉਪਵੈਦ ਹਰਜਿੰਦਰ ਸਿੰਘ ਤੇ ਲਖਵਿੰਦਰ ਕੌਰ ਟਰੇਡ ਦਾਈ, ਹਰਪ੍ਰੀਤ ਸਿੰਘ (ਗੱਗੀ) ਸਰਪੰਚ ਸੈਦੋਕੋ ਤੇ ਸਮੂਹ ਗ੍ਰਾਮ ਪੰਚਾਇਤ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਭਾਜਪਾ ਜ਼ਿਲਾ ਪ੍ਰਧਾਨ ਕਾਕਾ ਕੰਬੋਜ ਵੱਲੋਂ ਹਰਿਆਣਾ ਸਰਕਾਰ ਦੇ ਫ਼ੈਸਲੇ ਦਾ ਸਵਾਗਤ



**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)**
ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਫ਼ਾਜ਼ਿਲਕਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਕੰਬੋਜ ਨੇ ਹਰਿਆਣਾ ਵਿਧਾਨ ਸਭਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ 1984 ਦੇ ਦੰਗਾ ਪੀੜਤ 121 ਸਿੱਖ ਪਰਿਵਾਰਾਂ ਵਿੱਚੋਂ ਹਰ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਸਬੰਧੀ ਕੀਤੇ ਗਏ ਇਤਿਹਾਸਕ ਫ਼ੈਸਲੇ ਦਾ ਤਹਿ ਦਿਲੋਂ ਸਵਾਗਤ ਕੀਤਾ ਹੈ। ਮੁੱਖ ਮੰਤਰੀ ਵੱਲੋਂ ਕੀਤੇ ਐਲਾਨ ਤੋਂ ਬਾਅਦ ਕਾਕਾ ਕੰਬੋਜ ਨੇ ਕਿਹਾ ਕਿ ਇਹ ਫ਼ੈਸਲਾ ਨਾ ਸਿਰਫ਼ ਪੀੜਤ ਪਰਿਵਾਰਾਂ ਨੂੰ ਰਾਹਤ ਦੇਵੇਗਾ, ਸਗੋਂ ਸਿੱਖ ਕੌਮ ਪ੍ਰਤੀ ਭਾਰਤੀ ਜਨਤਾ ਪਾਰਟੀ ਦੀ ਸੰਵੇਦਨਸ਼ੀਲਤਾ ਅਤੇ ਉਨ੍ਹਾਂ ਦੇ ਦੁੱਖ ਦਰਦ ਨੂੰ ਸਮਝਣ ਦੀ ਗਹਿਰੀ ਭਾਵਨਾ ਨੂੰ ਵੀ ਦਰਸਾਉਂਦਾ ਹੈ।

ਕਾਕਾ ਕੰਬੋਜ ਨੇ ਕਿਹਾ ਕਿ 1984 ਦਾ ਦੰਗਾ ਸਿੱਖ ਕੌਮ ਲਈ ਇੱਕ ਗਹਿਰੀ ਚੋਟ ਸੀ, ਜਿਸ ਵਿੱਚ ਸੈਂਕੜਿਆਂ ਪਰਿਵਾਰ ਉੱਜੜ ਗਏ ਸਨ ਅਤੇ ਕਈਆਂ ਨੇ ਆਪਣੇ ਪਰਿਵਾਰਕ ਮੈਂਬਰ ਗੁਆਏ ਸਨ। ਇਹਨਾਂ ਪਰਿਵਾਰਾਂ ਦੀ ਪੀੜਾ ਦਾ ਪੂਰਾ ਹੱਲ ਤਾਂ ਸੰਭਵ ਨਹੀਂ, ਪਰ ਉਹਨਾਂ ਨੂੰ ਰੋਜ਼ਗਾਰ ਦੇ ਕੇ ਭਵਿੱਖ ਨੂੰ ਸੁਰੱਖਿਅਤ ਕਰਨਾ ਭਾਜਪਾ ਸਰਕਾਰ ਦਾ ਕਾਬਿਲ-ਏ-ਤਾਰੀਫ਼ ਕਦਮ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਮੇਸ਼ਾ ਸਿੱਖ ਧਰਮ ਦਾ ਸਤਿਕਾਰ ਕਰਦੇ ਆਏ ਹਨ ਅਤੇ ਸਿੱਖ ਕੌਮ ਨਾਲ ਜੁੜੇ ਕਈ ਮਹੱਤਵਪੂਰਨ ਇਤਿਹਾਸਕ ਫ਼ੈਸਲੇ ਕੀਤੇ ਹਨ। ਮੋਦੀ ਸਰਕਾਰ ਨੇ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਤੇ ਦੇਸ਼ ਭਰ ਵਿੱਚ ਖ਼ਾਸ ਸਮਾਗਮ ਕਰਵਾਏ, ਕਰਤਾਰਪੁਰ ਕਾਰਿਡੋਰ ਖੋਲ੍ਹਣ ਦਾ ਵੱਡਾ ਫ਼ੈਸਲਾ ਕੀਤਾ ਅਤੇ ਸਿੱਖ ਭਾਈਚਾਰੇ ਦੇ ਹਿੱਤਾਂ ਨੂੰ ਹਮੇਸ਼ਾ ਤਰਜੀਹ ਦਿੱਤੀ। ਕਾਕਾ ਕੰਬੋਜ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਦਿੱਲੀ ਵਿੱਚ ਵੀ ਭਾਜਪਾ ਸਰਕਾਰ ਦੇ ਸਮੇਂ ਮੁੱਖ ਮੰਤਰੀ ਰੇਖਾ ਗੁਪਤਾ ਨੇ ਦੰਗਾ ਪੀੜਤ ਪਰਿਵਾਰਾਂ ਨੂੰ ਨੌਕਰੀ ਦੇਣ ਦਾ ਫ਼ੈਸਲਾ ਕੀਤਾ ਸੀ, ਜਿਸ ਨਾਲ ਉਨ੍ਹਾਂ ਪਰਿਵਾਰਾਂ ਨੂੰ ਸਹਾਰਾ ਮਿਲਿਆ। ਹੁਣ ਹਰਿਆਣਾ ਸਰਕਾਰ ਵੱਲੋਂ ਚੁੱਕਿਆ ਗਿਆ ਇਹ ਕਦਮ ਉਹਨਾਂ ਪਰਿਵਾਰਾਂ ਵਿੱਚ ਹੋਰ ਵਧੇਰੇ ਆਤਮਵਿਸ਼ਵਾਸ ਪੈਦਾ ਕਰੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਇਹ ਫ਼ੈਸਲਾ ਭਾਜਪਾ ਦੀ ਸੰਵੇਦਨਸ਼ੀਲਤਾ ਅਤੇ ਵਚਨਬੱਧਤਾ ਦਾ ਸਪਸ਼ਟ ਪ੍ਰਮਾਣ ਹੈ।

ਕਾਕਾ ਕੰਬੋਜ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਦੰਗਾ ਪੀੜਤ ਪਰਿਵਾਰਾਂ ਦੇ ਖੋਹੇ ਹੋਏ ਮੈਂਬਰਾਂ ਦੀ ਘਾਟ ਤਾਂ ਕਦੇ ਪੂਰੀ ਨਹੀਂ ਹੋ ਸਕਦੀ, ਪਰ ਉਨ੍ਹਾਂ ਨੂੰ ਰੋਜ਼ਗਾਰ ਦੇ ਕੇ ਉਹਨਾਂ ਦੀ ਜ਼ਿੰਦਗੀ ਵਿੱਚ ਸਥਿਰਤਾ ਅਤੇ ਇੱਜ਼ਤ ਭਰਿਆ ਭਵਿੱਖ ਦੇਣਾ ਭਾਜਪਾ ਦੀ ਸੰਵੇਦਨਸ਼ੀਲ ਸਰਕਾਰ ਦੀ ਪਹਚਾਣ ਹੈ। ਕਾਕਾ ਕੰਬੋਜ ਨੇ ਕਿਹਾ ਕਿ ਭਾਜਪਾ ਹਮੇਸ਼ਾ ਪੀੜਤਾਂ ਅਤੇ ਵੰਜੇ ਹੋਏ ਲੋਕਾਂ ਦੇ ਨਾਲ ਖੜੀ ਰਹੀ ਹੈ ਅਤੇ ਅੱਗੇ ਵੀ ਸਮਾਜ ਦੇ ਹਰ ਵਰਗ ਦੇ ਉਥਾਨ ਲਈ ਇਸੇ ਤਰ੍ਹਾਂ ਕੰਮ ਕਰਦੀ ਰਹੇਗੀ।

28-Aug-page-11-Majha-2025.qxd 8/27/2025 9:36 PM Page 1



# ਕੈਬਨਿਟ ਮੰਤਰੀ ਕਟਾਰੂਚੱਕ ਨੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ ਪਹੁੰਚ ਕੇ ਹਾਲਾਤ ਦਾ ਲਿਆ ਜਾਇਜ਼ਾ

**ਪਠਾਨਕੋਟ, (ਦਵਿੰਦਰ ਸਿੰਘ)**-ਪਿਛਲੇ ਕਰੀਬ ਤਿੰਨ-ਚਾਰ ਦਿਨਾਂ ਤੋਂ ਜੰਮ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਦੇ ਚਲਦਿਆਂ ਰਣਜੀਤ ਸਾਗਰ ਡੈਮ ਅੰਦਰ ਪਾਣੀ ਦਾ ਪੱਧਰ ਵੱਧ ਗਿਆ ਜਿਸ ਦੇ ਚਲਦਿਆਂ ਪਿਛਲੇ ਦੋ-ਤਿੰਨ ਦਿਨ੍ਹਾਂ ਤੋਂ ਰਣਜੀਤ ਸਾਗਰ ਡੈਮ ਸ਼ਾਹਪੁਰਕੰਢੀ ਪਠਾਨਕੋਟ ਵਿੱਚੋਂ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਦੇ ਚਲਦਿਆਂ ਵਿਭਾਗ ਨੂੰ ਪਾਣੀ ਯੂਬੀਡੀਸੀ ਨਹਿਰ ਵਿਖੇ ਅਤੇ ਹੋਰ ਨਹਿਰਾਂ ਵਿੱਚ ਵੀ ਪਾਣੀ ਛੱਡਿਆ ਗਿਆ, ਪਾਣੀ ਦੀ ਸਮਰੱਥਾ ਜਿਆਦਾ ਹੋਣ ਕਰਕੇ ਕਈ ਸਥਾਨਾਂ ਤੇ ਜਿਸ ਵਿੱਚ ਸੁਜਾਨਪੁਰ, ਮਲਿਕਪੁਰ, ਬੁੱਢਾ ਨਗਰ ਆਦਿ ਖੇਤਰਾਂ ਅੰਦਰ ਪਾਣੀ ਭਰ ਗਿਆ ਇਸ ਤੋਂ ਇਲਾਵਾ ਗੁਲਪੁਰ ਸਿੰਬਲੀ ਪਿੰਡ ਵਿੱਚ ਵੀ ਯੂ.ਬੀ.ਡੀ.ਸੀ. ਨਹਿਰ ਵਿੱਚ ਪਾੜ ਪੈਣ ਕਰਕੇ ਪਿੰਡ ਗੁਲਪੁਰ ਸਿੰਬਲੀ ਅੰਦਰ ਪਾਣੀ ਭਰ ਗਿਆ ਜਿਸ ਦੇ ਲਈ ਰਾਹਤ ਕਾਰਜ ਜਾਰੀ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵੱਖ-ਵੱਖ ਹੜ੍ਹ ਪ੍ਰਭਾਵਿੱਤ ਖੇਤਰਾਂ ਅੰਦਰ ਦੋਰਾ ਕਰਨ ਮਗਰੋਂ ਕੀਤਾ। ਇਸ ਮੌਕੇ ਜਾਣਕਾਰੀ ਦਿੰਦਿਆਂ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਇਕੱਲਾ ਗੁਲਪੁਰ ਸਿੰਬਲੀ ਹੀ ਨਹੀਂ ਜ਼ਿਲ੍ਹੇ ਦੇ ਹਰੇਕ ਪਿੰਡ ਅੰਦਰ ਰੈਸਕਿਊ ਆਪਰੇਸ਼ਨ ਚਲਾਇਆ ਜਾ ਰਿਹਾ ਹੈ। ਜਿਸ ਪਿੰਡ ਅੰਦਰ ਵੀ ਪਾਣੀ ਨਾਲ ਲੋਕ ਪ੍ਰਭਾਵਿੱਤ ਹੋਏ ਹਨ ਉੱਥੇ ਹਰ ਸੰਭਵ ਸਹਾਇਤਾ ਲੋਕਾਂ ਤੱਕ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਧੋਪੁਰ ਹੈੱਡਵਰਕਸ ਤੋਂ ਪਾਣੀ ਓਵਰਫਲੋ ਹੋ ਕੇ ਇਸ ਨਹਿਰ ਵਿੱਚ ਪਾਣੀ ਆ ਰਿਹਾ ਹੈ ਅਤੇ ਕਰੀਬ 40 ਸਾਲ



ਬਾਅਦ ਇੰਨਾ ਪਾਣੀ ਇਸ ਨਹਿਰ ਵਿੱਚ ਵੇਖਣ ਨੂੰ ਮਿਲਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇੱਕ ਹੀ ਅਪੀਲ ਹੈ ਕਿ ਜਿੱਥੇ ਵੀ ਪਾਣੀ ਭਰਿਆ ਹੈ ਉੱਥੇ ਕਿਸੇ ਤਰ੍ਹਾਂ ਦੀ ਵੀ ਛੇੜਖਾਨੀ ਨਾ ਕੀਤੀ ਜਾਵੈ, ਜਿਨ੍ਹਾਂ ਖੇਤਰਾਂ ਅੰਦਰ ਪਾਣੀ ਭਰਿਆ ਹੈ ਪਾਣੀ ਦੇ ਕਿਨਾਰੇ ਤੇ ਨਾ ਜਾਇਆ ਜਾਵੇ ਅਤੇ ਅਸੀਂ ਲੋਕਾਂ ਦੀ ਸੇਵਾ ਵਿੱਚ ਹਰ ਸਮੇਂ ਹਾਜ਼ਰ ਹਾਂ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸੁਰੱਖਿਅਤ ਸਥਾਨਾਂ ਤੇ ਲੈ ਕੇ ਜਾਣ ਲਈ ਹੈਲੀਕਾਪਟਰ ਦੀ ਸਹਾਇਤਾ ਵੀ ਲਈ ਜਾ ਰਹੀ ਹੈ। ਜ਼ਿਲ੍ਹੇ ਅੰਦਰ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ ਸਰਨਾਰਥੀ ਕੈਂਪ ਵੀ ਸਥਾਪਿਤ ਕੀਤੇ ਹੋਏ ਹਨ ਉੱਥੇ ਹਰ ਤਰ੍ਹਾਂ ਦੀਆਂ ਤਿਆਰੀਆਂ ਕੀਤੀਆਂ ਗਈਆਂ ਹਨ। ਲੋਕਾਂ ਦੇ ਲਈ ਭੋਜਨ ਦੀ ਵਿਵਸਥਾ ਵੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਅਪੀਲ ਹੈ ਕਿ ਝੂਠੀਆਂ ਅਫਵਾਹਾਂ ਤੇ ਵਿਸ਼ਵਾਸ ਨਾ ਕਰੋ। ਸਾਡੇ ਵੱਲੋਂ ਵੱਖ ਵੱਖ ਸਥਾਨਾਂ ਤੇ ਹਰ ਤਰ੍ਹਾਂ ਦੀ ਵਿਵਸਥਾ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਸੁਖਜਿੰਦਰ ਸਿੰਘ ਡੀਐੱਸਪੀ., ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਕਟਾਰੂਚੱਕ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰ ਕਟਾਰੂਚੱਕ ਵੱਲੋਂ ਜਿੱਥੇ ਵੱਖ-ਵੱਖ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਗਿਆ ਉੱਥੇ ਹੀ ਮਲਿਕਪੁਰ ਦੌਰੇ ਦੌਰਾਨ ਜੰਮੂ ਨੂੰ ਜਾਣ ਵਾਲੇ ਯਾਤਰੀਆਂ ਨਾਲ ਮਿਲੇ ਜੋ ਕਿ ਹਾਈਵੇ ਤੇ ਪਾਣੀ ਭਰ ਜਾਣ ਕਰਕੇ ਫਸੇ ਹੋਏ ਸਨ।

ਕੈਬਨਿਟ ਮੰਤਰੀ ਨੇ ਤਿੰਨ ਬੱਸਾਂ ਦੀ ਵਿਵਸਥਾ ਕਰਕੇ ਯਾਤਰੀਆਂ ਨੂੰ ਜੰਮੂ ਲਈ ਰਵਾਨਾ ਕੀਤਾ। ਪਿੰਡ ਗੁਲਪੁਰ ਸਿੰਬਲੀ ਵਿਖੇ ਪਾਣੀ ਭਰਨ ਤੋਂ ਬਾਅਦ ਬੱਸ ਦੀ ਵਿਵਸਥਾ ਕੀਤੀ ਗਈ ਅਤੇ ਲੋਕਾਂ ਨੂੰ ਸੁਰੱਖਿਅਤ ਸਥਾਨਾਂ ਤੇ ਪਹੁੰਚਾਇਆ ਗਿਆ। ਇਸ ਤੋਂ ਇਲਾਵਾ ਤਾਰਾਗੜ੍ਹ ਵਿਖੇ ਅਤੇ ਹੋਰ ਪਿੰਡਾਂ ਅੰਦਰ ਬਣਾਏ ਗਏ ਸ਼ਰਨਾਰਥੀ ਕੈਂਪਾਂ ਦਾ ਵੀ ਦੌਰਾ ਕੀਤਾ।

## 29 ਤੇ 31 ਨੂੰ ਹੋਣ ਵਾਲੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਭਾਰੀ ਬਾਰਿਸ਼ਾਂ ਕਾਰਣ ਪੰਜਾਬ ਦੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ 30 ਅਗਸਤ ਤੱਕ ਛੁੱਟੀਆਂ ਕਰਨ ਦੇ ਅਚਾਨਕ ਐਲਾਨ ਕਾਰਣ ਤਰਕਸ਼ੀਲ ਸੁਸਾਇਟੀ ਪੰਜਾਬ ਨੇ 29 ਅਤੇ 31 ਅਗਸਤ ਨੂੰ ਸਮੁੱਚੇ ਪੰਜਾਬ ਵਿੱਚ ਹੋਣ ਵਾਲੀ ਗ਼ਦਰੀ ਗੁਲਾਬ ਕੌਰ ਨੂੰ ਸਮਰਪਿਤ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ ਕਰਨ ਦਾ ਫੈਸਲਾ ਕੀਤਾ ਹੈ। ਤਰਕਸ਼ੀਲ ਸੁਸਾਇਟੀ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਗੁਰਪ੍ਰੀਤ ਸ਼ਹਿਣਾ ਅਤੇ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਸਿੰਘ ਨੇ ਇਕ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਚਾਨਕ ਲਏ ਫੈਸਲੇ ਕਾਰਨ 29 ਅਤੇ 31 ਅਗਸਤ ਨੂੰ ਹੋਣ ਵਾਲੀ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ ਕਰ ਦਿੱਤੀ ਗਈ ਹੈ ਅਤੇ ਇਸ ਸਬੰਧੀ ਪ੍ਰੀਖਿਆ ਦੀਆਂ ਅਗਲੀਆਂ ਤਰੀਕਾਂ ਦਾ ਫੈਸਲਾ ਸਾਰੇ ਸਕੂਲਾਂ ਦੇ ਪੂਰੀ ਤਰ੍ਹਾਂ ਖੁੱਲਣ ਤੋਂ ਬਾਅਦ ਅਤੇ ਸਕੂਲ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਵੇਗਾ। ਇਸ ਸਬੰਧੀ ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਨੂੰ ਸਮੇਂ ਸਿਰ ਸੂਚਿਤ ਕਰ ਦਿੱਤਾ ਜਾਵੇਗਾ।

# ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋੜਵੰਦ ਲੋਕਾਂ ਦਾ ਇਕ ਵੀ ਰਾਸ਼ਨ ਕਾਰਡ ਕੱਟਣ ਨਹੀਂ ਦਿੱਤਾ ਜਾਵੇਗਾ: ਤਲਬੀਰ ਗਿੱਲ

**ਮਜੀਠਾ (ਸੋਇਮ ਆਨੰਦ)**-ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕਾ ਮਜੀਠਾ ਦੇ ਪਿੰਡ ਧਰਮਪੁਰਾ (ਵਡਾਲਾ) ਵਿਖੇ ਸਾਬਕਾ ਸਰਪੰਚ ਬਲਬੀਰ ਸਿੰਘ ਧਰਮਪੁਰਾ ਦੀ ਅਗਵਾਈ 'ਚ ਪਾਰਟੀ ਵਰਕਰਾਂ ਦੀ ਹੋਈ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਨਤਕ ਵੰਡ ਪ੍ਰਣਾਲੀ ਤਹਿਤ 55 ਲੱਖ ਪੰਜਾਬੀਆਂ ਨੂੰ ਮੁਫਤ ਅਨਾਜ ਸਕੀਮ ਤੋਂ ਵਾਂਝਾ ਰੱਖਣ ਦੇ ਫੈਸਲੇ ਨੂੰ ਪੰਜਾਬ ਵਿਰੋਧੀ ਕਦਮ ਦੱਸਦਿਆਂ ਭਾਰਤੀ ਜਨਤਾ ਪਾਰਟੀ ਦੀ ਸਖਤ ਅਲੋਚਨਾ ਕੀਤੀ।ਗੱਲਬਾਤ ਕਰਦਿਆਂ ਤਲਬੀਰ ਗਿੱਲ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸੂਬੇ 'ਚ 55 ਲੱਖ ਲੋਕਾਂ ਨੂੰ ਦਿੱਤੇ ਜਾ ਰਹੇ ਮੁਫਤ ਰਾਸ਼ਨ ਨੂੰ ਬੰਦ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਪੰਜਾਬ 'ਚ 1 ਕਰੋੜ 53 ਲੱਖ ਲੋਕਾਂ ਨੂੰ ਰਾਸ਼ਨ ਕਾਰਡ ਰਾਹੀਂ ਮੁਫਤ ਅਨਾਜ ਮਿਲਦਾ ਹੈ।ਇਸ 'ਚੋਂ 55 ਲੱਖ ਲੋਕਾਂ ਨੂੰ ਦਿੱਤੇ ਜਾ ਰਹੇ ਮੁਫਤ ਰਾਸ਼ਨ ਨੂੰ ਬੰਦ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੇ. ਵਾਈ. ਸੀ. ਦੀ ਰਜਿਸਟਰੇਸ਼ਨ ਨਾ ਹੋਣ ਦਾ ਬਹਾਨਾ ਬਣਾ ਕੇ ਜੁਲਾਈ ਮਹੀਨੇ ਵਿਚ 23 ਲੱਖ ਲੋਕਾਂ ਦਾ ਮੁਫਤ ਰਾਸ਼ਨ ਬੰਦ ਕਰ ਦਿੱਤਾ ਗਿਆ ਹੈ, ਜਦਕਿ 32 ਲੱਖ ਹੋਰ ਲੋਕਾਂ ਦਾ ਮੁਫਤ ਰਾਸ਼ਨ 30 ਸਤੰਬਰ ਤੋਂ ਬੰਦ ਕਰਨ ਦੀ ਗੱਲ ਆਖੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅੰਨਦਾਤਾ ਦੀ ਧਰਤੀ ਹੈ, ਪੰਜਾਬ ਸਰਕਾਰ ਵੱਲੋਂ ਕੇਂਦਰ ਦੇ ਇਸ ਫੈਸਲੇ ਖਿਲਾਫ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ ਅਤੇ ਕਿਸੇ ਵੀ ਘਰ ਦਾ ਚੁੱਲ੍ਹਾ ਬਲਣ ਤੋਂ ਵਾਂਝਾ ਨਹੀਂ ਹੋਣ ਦਿੱਤਾ ਜਾਵੇਗਾ, ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋੜਵੰਦ ਲੋਕਾਂ ਦਾ ਇਕ ਵੀ ਰਾਸ਼ਨ ਕਾਰਡ ਕੱਟਣ ਨਹੀਂ ਦਿੱਤਾ ਜਾਵੇਗਾ, ਗਰੀਬਾਂ ਦਾ ਰਾਸ਼ਨ ਇਸੇ ਤਰ੍ਹਾਂ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਪੰਜਾਬ ਸਰਕਾਰ ਨੂੰ ਰਾਸ਼ਨ ਕਾਰਡਾਂ ਦੀ ਪੜਤਾਲ ਲਈ ਲਿਖਿਆ ਜਾ ਸਕਦਾ ਹੈ, ਜਿਸ ਦੀ ਪੰਜਾਬ ਸਰਕਾਰ ਸ਼ਨਾਖਤ ਕਰ ਲਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਹਿੰਦੇ ਕਾਰਡਾਂ ਦੀ ਕੇ. ਵਾਈ. ਸੀ. ਵੀ. ਕਰਵਾਈ ਜਾਵੇਗੀ, ਤਾਂ ਜੋ ਕੋਈ ਵੀ



ਲੋੜਵੰਦ ਪਰਿਵਾਰ ਰਾਸ਼ਨ ਤੋਂ ਵਾਂਝਾ ਨਾ ਰਹੇ।ਇਸ ਮੌਕੇ ਤਲਬੀਰ ਗਿੱਲ ਨੇ ਕੇਂਦਰ ਵੱਲੋਂ ਰਾਸ਼ਨ ਕਾਰਡ ਰੱਦ ਕਰਨ ਲਈ ਦਿੱਤੇ ਜਾ ਰਹੇ ਤਰਕ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਇਸ 'ਚ ਚਾਰ ਪਹੀਆ ਵਾਹਨਾਂ ਦੀ ਮਾਲਕੀ, ਸਰਕਾਰੀ ਨੌਕਰੀ, ਥੋੜ੍ਹੀ ਜ਼ਮੀਨ ਅਤੇ ਆਮਦਨ ਨੂੰ ਆਧਾਰ ਬਣਾਇਆ ਗਿਆ ਹੈ। ਇਸ ਦੇ ਘੇਰੇ 'ਚ ਪਰਿਵਾਰ ਦਾ ਸਿਰਫ ਇਕ ਮੈਂਬਰ ਆਉਂਦਾ ਹੈ ਪਰ ਸਜ਼ਾ ਪੂਰੇ ਪਰਿਵਾਰ ਨੂੰ ਦਿੱਤੀ ਜਾ ਰਹੀ ਹੈ, ਸੋ ਰਾਸ਼ਨ ਕਾਰਡ ਕੱਟਣ ਲਈ ਬਣਾਏ ਇਹ ਮਾਪਦੰਡ ਗਲਤ ਹਨ।ਪੰਜਾਬ ਸਰਕਾਰ ਗੈਰ ਲੋੜਵੰਦ ਪਰਿਵਾਰਾਂ ਦੇ ਰਾਸ਼ਨ ਕਾਰਡ ਕੱਟਣ ਲਈ ਪਹਿਲਾਂ ਤੋਂ ਹੀ ਕੰਮ ਕਰ ਰਹੀ ਹੈ ਪਰ ਕਿਸੇ ਵੀ ਲੋੜਵੰਦ ਪਰਿਵਾਰ ਦਾ ਰਾਸ਼ਨ ਕਾਰਡ ਕੱਟਣ ਨਹੀਂ ਦਿੱਤਾ ਜਾਵੇਗਾ।ਇਸ ਮੌਕੇ ਉਕਤ ਤੋਂ ਇਲਾਵਾ ਸੁਖਚੈਨ ਸਿੰਘ ਭੋਮਾ, ਗੁਰਵਿੰਦਰ ਸਿੰਘ ਭੋਮਾ, ਪਰਮਿੰਦਰ ਸਿੰਘ ਉਪਲ, ਕਿਰਪਾਲ ਸਿੰਘ, ਕੁਲਦੀਪ ਸਿੰਘ, ਸਤਨਾਮ ਸਿੰਘ, ਰਣਧੀਰ ਸਿੰਘ, ਗੁਰਮੇਜ ਸਿੰਘ, ਗੁਰਮੀਤ ਸਿੰਘ, ਕੁਲਵੰਤ ਸਿੰਘ, ਅਰਜਨ ਸਿੰਘ, ਸਰਬਜੀਤ ਸਿੰਘ, ਬਲਦੇਵ ਸਿੰਘ, ਇਕਬਾਲ ਸਿੰਘ, ਪਰਮਜੀਤ ਸਿੰਘ, ਅਜੀਤ ਸਿੰਘ, ਸੁਰਜੀਤ ਸਿੰਘ, ਸੇਵਾ ਸਿੰਘ ਆਦਿ ਹਾਜ਼ਰ ਸਨ।

# ਹੜ੍ਹ ਪ੍ਰਭਾਵਿਤ ਖੇਤਰਾਂ 'ਚ ਅਫਸਰਾਂ/ਕਰਮਚਾਰੀਆਂ ਦੀਆਂ ਛੁੱਟੀਆਂ ਰੱਦ ਕਰਨ ਦੇ ਨਿਰਦੇਸ਼

## * ਬਰਿੰਦਰ ਗੋਇਲ ਤੇ ਕਟਾਰੂਚੱਕ ਪਠਾਨਕੋਟ ਤੇ ਗੁਰਦਾਸਪੁਰ 'ਚ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮਿਲੇ

ਚੰਡੀਗੜ੍ਹ/ਪਠਾਨਕੋਟ/ਗੁਰਦਾਸਪੁਰ-ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਬਚਾਅ ਅਤੇ ਰਾਹਤ ਕਾਰਜ ਜੰਗੀ ਪੱਧਰ ਉਤੇ ਜਾਰੀ ਰੱਖਣ ਲਈ ਸਥਾਨਕ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ 24*7 ਜ਼ਮੀਨੀ ਪੱਧਰ ਉਤੇ ਡਟਣ ਦੇ ਆਦੇਸ਼ ਦਿੱਤੇ ਗਏ ਹਨ। ਇਸ ਦੇ ਨਾਲ ਹੀ ਸਮੂਹ ਅਫਸਰਾਂ/ਕਰਮਚਾਰੀਆਂ ਦੀਆਂ ਸਭ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਹਨ।ਇਹ ਖੁਲਾਸਾ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਨ ਮੌਕੇ ਕੀਤਾ ਗਿਆ। ਮੰਤਰੀਆਂ ਵੱਲੋਂ ਪਠਾਨਕੋਟ ਤੇ ਗੁਰਦਾਸਪੁਰ ਦਾ ਦੌਰਾ ਕੀਤਾ ਗਿਆ। ਕੈਬਨਿਟ ਮੰਤਰੀਆਂ ਨੇ ਪਠਾਨਕੋਟ ਦੇ ਖੇਤਰਾਂ ਅੰਦਰ ਪਹੁੰਚ ਕੇ ਜਾਇਜ਼ਾ ਲਿਆ।ਇਸ ਦੌਰਾਨ ਗੋਇਲ ਨੇ ਦੱਸਿਆ ਕਿ ਰਣਜੀਤ ਸਾਗਰ ਡੈਮ ਅੰਦਰ ਇਸ ਸਮੇਂ 527 ਮੀਟਰ ਤੋਂ ਜ਼ਿਆਦਾ ਪਾਣੀ ਦਾ ਪੱਧਰ ਹੈ। ਉਪਰਲੇ ਇਲਾਕਿਆਂ ਵਿੱਚ ਪੈ ਰਹੀ ਤੇਜ਼ ਬਾਰਿਸ਼ ਕਾਰਨ ਰਣਜੀਤ ਸਾਗਰ ਡੈਮ ਤੋਂ ਕਰੀਬ ਇੱਕ ਲੱਖ ਦਸ ਹਜ਼ਾਰ ਕਿਊਸਿਕ ਪਾਣੀ ਛੱਡਿਆ ਗਿਆ ਅਤੇ ਪਾਣੀ ਦੇ ਤੇਜ਼ ਵਹਾਅ ਕਰਕੇ ਪਿੰਡ ਮਾਖਣਪੁਰ, ਪੋਲਾ, ਤਾਸ ਅਤੇ ਬਹਾਦਰਪੁਰ ਆਦਿ ਵਿਖੇ ਰਾਵੀ ਕੰਢਿਆਂ ਦੇ ਬਰਾਬਰ ਚਲ ਰਹੀ ਹੈ। ਉਨ੍ਹਾਂ ਦੱਸਿਆ ਕਿ ਪਠਾਨਕੋਟ ਦੇ ਪਿੰਡ ਤਾਸ ਵਿਖੇ ਇੱਕ ਪਰਵਾਰ ਦੇ 7 ਮੈਂਬਰ ਪਾਣੀ ਵਿੱਚ ਘਿਰੇ ਹੋਏ ਹਨ, ਜਿਨ੍ਹਾਂ ਦੇ ਬਚਾਅ ਲਈ ਕਾਰਵਾਈ ਜੰਗੀ ਪੱਧਰ 'ਤੇ ਜਾਰੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਪਿੰਡ ਤਾਰਾਗੜ੍ਹ ਅਤੇ ਨਰੋਟ ਜੈਮਲ ਸਿੰਘ ਦੇ ਸਕੂਲਾਂ



ਅੰਦਰ ਲੰਗਰ ਦੀ ਵਿਵਸਥਾ ਕੀਤੀ ਗਈ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਪਠਾਨਕੋਟ ਦੇ ਵਿਚ ਕੀੜੀ ਖੁਰਦ, ਕਥਲੌਰ, ਤਾਰਾਗੜ੍ਹ, ਨਰੋਟ ਜੈਮਲ ਸਿੰਘ, ਖੜਖੜਾ ਠੂਠੋਵਾਲ, ਖੋਜਕੀ ਚੱਕ, ਬਮਿਆਲ, ਨੰਗਲ, ਪਠਾਨਕੋਟ, ਬਨੀ ਲੋਧੀ ਅਤੇ ਫਿਰੋਜ਼ਪੁਰ ਕਲਾਂ ਵਿਖੇ ਬਚਾਅ ਸੈਂਟਰ ਸਥਾਪਿਤ ਕੀਤੇ ਗਏ ਹਨ।ਕੈਬਨਿਟ ਮੰਤਰੀਆਂ ਨੇ ਦੱਸਿਆ ਕਿ ਲੋਕਾਂ ਨੂੰ ਸੁਰੱਖਿਅਤ ਸਥਾਨਾਂ 'ਤੇ ਲਿਜਾਣ ਲਈ ਹੈਲੀਕਾਪਟਰ ਦੀ ਸਹਾਇਤਾ ਵੀ ਲਈ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਝੂਠੀਆਂ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਨਦੀਆਂ-ਨਾਲਿਆਂ ਦੇ ਕਿਨਾਰਿਆਂ 'ਤੇ ਜਾਣ ਤੋਂ ਬਚਿਆ ਜਾਵੇ।ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਪਾਣੀ ਦੀ ਮਾਰ ਕਾਰਨ ਨੁਕਸਾਨੀਆਂ ਫਸਲਾਂ ਦਾ ਮੁਆਵਜ਼ਾ ਦੇਣ ਲਈ ਵਚਨਬੱਧ ਹੈ। ਇਸ ਪਿੱਛੋਂ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਰਾਵੀ ਦਰਿਆ ਕੰਢੇ ਵਸੇ ਪਿੰਡਾਂ ਦਾ ਦੌਰਾ ਕੀਤਾ। ਪਿੰਡ ਬਾਹਮਣੀ ਤੋਂ ਢਾਈ ਕਿਲੋਮੀਟਰ ਦੂਰ ਪਿੰਡ ਝਬਕਰਾ ਵਿਖੇ ਉਹ ਟਰੈਕਟਰ 'ਤੇ ਪਹੁੰਚੇ ਅਤੇ ਲੋਕਾਂ ਨਾਲ ਗੱਲਬਾਤ ਕੀਤੀ। ਇਥੇ ਉਨ੍ਹਾਂ ਲੋਕਾਂ ਨੂੰ ਰਾਸ਼ਨ ਵੀ ਵੰਡਿਆ।ਹੜ੍ਹ ਪ੍ਰਭਾਵਿਤ ਪਿੰਡਾਂ ਦੇ ਵਸਨੀਕਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਦੀਨਾਨਗਰ ਤਹਿਸੀਲ ਦੇ ਰਾਵੀ ਦਰਿਆ ਨਾਲ ਲੱਗਦੇ ਕਰੀਬ 15 ਪਿੰਡ ਹੜ੍ਹ ਦੀ ਮਾਰ ਹੇਠ ਆ ਗਏ ਹਨ, ਜਿੱਥੇ ਸਵੇਰ ਤੋਂ ਹੀ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਬੀ.ਐਸ.ਐਫ., ਭਾਰਤੀ ਫ਼ੌਜ ਐਸ.ਡੀ.ਆਰ.ਐਫ਼. ਅਤੇ ਐਨ.ਡੀ.ਆਰ.ਐਫ਼ ਦੀਆਂ ਟੀਮਾਂ ਨਾਲ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਉਨ੍ਹਾਂ ਕਿਹਾ ਮਕੌੜਾ ਪੱਤਣ ਦੇ ਰਾਵੀ ਦਰਿਆ ਤੋਂ ਪਾਰ ਪਿੰਡਾਂ ਦੇ ਵਸਨੀਕਾਂ ਨਾਲ ਵੀ ਸਰਕਾਰ ਦਾ ਸੰਪਰਕ ਕਾਇਮ ਹੈ ਅਤੇ ਉਨ੍ਹਾਂ ਨੂੰ ਵੀ ਹਰ ਸੰਭਵ ਸਹਾਇਤਾ ਪਹੁੰਚਾਈ ਜਾਵੇਗੀ। ਉਨ੍ਹਾਂ ਦਰਿਆਵਾਂ ਕੰਢੇ ਰਹਿੰਦੀ ਆਬਾਦੀ ਨੂੰ ਚੌਕਸ ਕੀਤਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਕਰਨ ਅਤੇ ਵਿਸ਼ੇਸ਼ ਚੌਕਸੀ ਰੱਖਣ।

## ਨਵ-ਨਿਯੁਕਤ ਐੱਸਡੀਓ ਲਖਬੀਰ ਸਿੰਘ ਗੁ. ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਵਿਖੇ ਹੋਏ ਨਤਮਸਤਕ

ਮਜੀਠਾ (ਸੋਇਮ ਆਨੰਦ)-ਸਬ-ਡਵੀਜ਼ਨ ਪਾਵਰਕਾਮ ਕੱਥੂਨੰਗਲ ਵਿਖੇ ਨਵ-ਨਿਯੁਕਤ ਸਬ ਡਵੀਜ਼ਨਲ ਅਫਸਰ (ਇੰਜੀਨੀਅਰ) ਲਖਬੀਰ ਸਿੰਘ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਵਿਖੇ ਨਤਮਸਤਕ ਹੋਏ ਤੇ ਅਰਦਾਸ ਕੀਤੀ।ਇਸ ਮੌਕੇ



ਗੁਰਦੁਆਰਾ ਸਾਹਿਬ ਦੇ ਮੁਖ ਸੇਵਾਦਾਰ ਬਾਬਾ ਦੀਦਾਰ ਸਿੰਘ ਨੇ ਉਨ੍ਹਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭ ਇੱਛਾਵਾਂ ਦਿੱਤੀਆਂ।ਇਸ ਮੌਕੇ ਲਖਬੀਰ ਸਿੰਘ ਨੇ ਕਿਹਾ ਕਿ ਮੈਂ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਵਿਖੇ ਮੱਥਾ ਟੇਕ ਕੇ ਬਹੁਤ ਸਕੂਨ ਮਹਿਸੂਸ ਕਰ ਰਿਹਾ ਹਾਂ।ਮੈਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ ਅਤੇ ਖੇਤਰ ਦੇ ਲੋਕਾਂ ਨੂੰ ਬਿਹਤਰ ਬਿਜਲੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹਾਂ।ਇਸ ਮੌਕੇ ਬਾਬਾ ਦੀਦਾਰ ਸਿੰਘ ਨੇ ਐੱਸਡੀਓ ਲਖਬੀਰ ਸਿੰਘ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਉਮੀਦ ਕਰਦੇ ਹਾਂ ਕਿ ਲਖਬੀਰ ਸਿੰਘ ਦੀ ਨਿਯੁਕਤੀ ਨਾਲ ਖੇਤਰ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਆਵੇਗਾ। ਗੁਰੂ ਸਾਹਿਬ ਉਨ੍ਹਾਂ ਨੂੰ ਸੇਵਾ ਦੀ ਭਾਵਨਾ ਨਾਲ ਅੱਗੇ ਵਧਣ ਦੀ ਸ਼ਕਤੀ ਬਖਸ਼ਣ।ਉਨ੍ਹਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੀ ਨਵੇਂ ਆਏ ਅਧਿਕਾਰੀ ਨਾਲ ਸਹਿਯੋਗ ਕਰਨ ਅਤੇ ਖੇਤਰ ਦੀ ਤਰੱਕੀ ਲਈ ਇਕਜੁੱਟ ਹੋ ਕੇ ਸਾਥ ਦੇਣ।

# ਐੱਨਡੀਆਰਐੱਫ ਤੇ ਆਰਮੀ ਨੇ ਰੈਸਕਿਊ ਕਰਕੇ ਲੋਕਾਂ ਨੂੰ ਸੁਰੱਖਿਅਤ ਸਥਾਨਾਂ 'ਤੇ ਪਹੁੰਚਾਇਆ

ਪਠਾਨਕੋਟ, (ਦਵਿੰਦਰ ਸਿੰਘ)-ਪਿਛਲੇ ਦਿਨਾਂ ਤੋਂ ਜ਼ਿਲ੍ਹੇ ਅੰਦਰ ਉਜ, ਜਲਾਲੀਆ ਅਤੇ ਰਾਵੀ ਦਾ ਜਲ ਪੱਧਰ ਵਧਣ ਕਰਕੇ ਕਈ ਸਥਾਨਾਂ ਤੇ ਪਾਣੀ ਭਰ ਗਿਆ, ਜਿਸ ਦੇ ਚਲਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ, ਹੜ੍ਹ ਪ੍ਰਭਾਵਿੱਤ ਖੇਤਰਾਂ ਅੰਦਰ ਲਗਾਤਾਰ ਐੱਨਡੀਆਰਐੱਫ., ਆਰਮੀ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਬਚਾਓ ਕਾਰਜ ਜਾਰੀ ਹਨ। ਸ੍ਰੀ ਆਦਿੱਤਿਆ ਉਪਲ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਰਾਧਾ ਸਵਾਮੀ ਸਤਿਸੰਗ ਬਿਆਸ ਸੈਂਟਰ ਪਠਾਨਕੋਟ (ਡਲਹੌਜ਼ੀ ਰੋਡ) ਅਤੇ ਗੋਸਾਈਂਪੁਰ ਵਿਖੇ ਸ਼ਰਨਾਰਥੀ ਕੈਂਪ ਬਣਾਏ ਗਏ ਹਨ ਅਤੇ ਹਰ ਤਰ੍ਹਾਂ ਦੀ ਵਿਵਸਥਾ ਕੀਤੀ ਗਈ ਹੈ। ਜ਼ਿਲ੍ਹੇ ਅੰਦਰ ਫਲੱਡ ਕੰਟਰੋਲ ਰੂਮ ਤਿਆਰ ਕੀਤਾ ਗਿਆ ਹੈ ਅਤੇ ਕੰਟਰੋਲ ਰੂਮ ਦੇ ਦੋ ਨੰਬਰ 0186-2346944 ਅਤੇ ਮੋਬਾਇਲ ਨੰਬਰ 9779102351 ਵੀ ਜਾਰੀ ਕੀਤੇ ਗਏ ਹਨ ਜਿਸ ਤੇ ਫੋਨ ਕਰਕੇ ਲੋਕ ਸਹਾਇਤਾ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਜਿਸ ਖੇਤਰ ਅੰਦਰ ਵੀ ਕੋਈ ਵੀ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਦੀ ਲੋੜ ਹੋਵੇਗੀ ਇਨ੍ਹਾ ਨੰਬਰਾਂ ਤੇ ਸੰਪਰਕ ਕੀਤਾ ਜਾ ਰਿਹਾ ਹੈ, ਐੱਨ. ਡੀ. ਆਰ. ਐੱਫ. ਦੀਆਂ ਟੀਮਾਂ, ਆਰਮੀ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਰਾਹਤ ਕਾਰਜਾਂ ਵਿੱਚ ਲੱਗੇ ਹੋਏ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਦੀਆਂ ਨਾਲਿਆਂ



ਦੇ ਕਿਨਾਰਿਆਂ ਤੇ ਜਾਣ ਤੋਂ ਬਚਿਆ ਜਾਵੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਖੇਤਰ ਅੰਦਰ ਕੀੜੀ ਖੁਰਦ, ਕਥਲੌਰ, ਤਾਰਾਗੜ੍ਹ, ਨਰੋਟ ਜੈਮਲ ਸਿੰਘ, ਖੜਖੜਾ ਠੂਠੋਵਾਲ, ਖੋਜਕੀ ਚੱਕ, ਬਮਿਆਲ ਅੰਦਰ ਦੋ, ਨੰਗਲ, ਪਠਾਨਕੋਟ, ਬਨੀ ਲੋਧੀ ਅਤੇ ਫਿਰੋਜ਼ਪੁਰ ਕਲਾਂ ਵਿਖੇ ਵੀ ਇਵੈਕੂਏਸ਼ਨ ਸੈਂਟਰ ਸਥਾਪਿਤ ਕੀਤੇ ਗਏ ਹਨ ਅਤੇ ਇਸ ਸਥਾਨ 'ਤੇ ਲੋਕਾਂ ਦੇ ਰਹਿਣ ਅਤੇ ਭੋਜਨ ਦੀ ਵੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 28 ਅਗਸਤ ਨੂੰ ਵੀ ਜ਼ਿਲ੍ਹੇ ਦੇ ਸਾਰੇ ਸਿੱਖਿਆ ਅਦਾਰੇ ਬੰਦ ਰਹਿਣਗੇ।

## ਕਿਸਾਨ ਆਗੂ ਵਿਰਕ ਵੱਲੋਂ ਹੜ੍ਹ ਮਾਰੇ ਪੀੜਤਾਂ ਲਈ ਤੁਰੰਤ ਸਰਕਾਰੀ ਰਾਹਤ ਫੰਡ ਜਾਰੀ ਕਰਨ ਦੀ ਮੰਗ

ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਅਚਾਨਕ ਆਈ ਇਹ ਬਿਪਤਾ, ਕੁਦਰਤੀ



ਆਫਤ ਨਾਲ ਕਿਸਾਨ ਮਜ਼ਦੂਰਾਂ ਦਾ ਵੱਡੇ ਪੱਧਰ ਤੇ ਨੁਕਸਾਨ ਹੋਇਆ ਹੈ ਜਿਸ ਦੀ ਭਰਪਾਈ ਸਰਕਾਰ ਨੂੰ ਤੁਰੰਤ ਕਰਨੀ ਚਾਹੀਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਿਸਾਨ ਆਗੂ ਜਗਰੂਪ ਸਿੰਘ ਵਿਰਕ ਨੇ ਕੀਤਾ ।ਉਨ੍ਹਾਂ ਨੇ ਕਿਹਾ ਕਿ ਕੁਦਰਤੀ ਆਫਤਾਂ ਦਾ ਆਉਣਾ ਕੁਦਰਤੀ ਹੀ ਹੁੰਦਾ ਹੈ ਪਰ ਸਰਕਾਰ ਦੀ ਨਲਾਇਕੀ ਵੀ ਸਾਹਮਣੇ ਆ ਰਹੀ ਹੈ। ਜਦੋਂ ਪਤਾ ਹੈ ਕਿ ਇਸ ਸੀਜ਼ਨ ਵਿੱਚ ਹੜ੍ਹ ਆਉਂਦੇ ਹਨ ਜਾਂ ਮੀਹਾਂ ਦਾ ਜ਼ੋਰ ਹੁੰਦਾ ਹੈ ਤਾਂ ਉਸ ਤੋਂ ਪਹਿਲਾਂ ਸਰਕਾਰ ਨੂੰ ਦਰਿਆਵਾਂ ਦੇ ਬੰਨ੍ਹ ਮਜ਼ਬੂਤ ਕਰਨੇ ਚਾਹੀਦੇ ਸਨ ਅਤੇ ਦਰਿਆਵਾਂ ਦੀ ਖਲਾਈ ਕਰਨੀ ਚਾਹੀਦੀ ਸੀ ਜੋ ਕਿ ਸਰਕਾਰ ਨੇ ਸਮੇਂ ਸਿਰ ਨਹੀਂ ਕੀਤੀ, ਜਿਸ ਕਾਰਨ ਕਿਸਾਨਾਂ ਦਾ ਤੇ ਮਜ਼ਦੂਰਾਂ ਦਾ ਬਹੁਤ ਵੱਡੇ ਪੱਧਰ ਤੇ ਨੁਕਸਾਨ ਹੋ ਗਿਆ ਹੈ ।ਉਨ੍ਹਾਂ ਨੇ ਕਿਹਾ ਕਿ ਸਰਕਾਰ ਨੂੰ ਤੁਰੰਤ ਹੀ 70 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਕਿਸਾਨਾਂ ਨੂੰ ਅਤੇ ਜਿਨ੍ਹਾਂ ਕਿਸਾਨਾਂ/ਮਜ਼ਦੂਰਾਂ ਦੇ ਮਕਾਨ ਇਸ ਆਫਤ ਵਿੱਚ ਢਹਿ-ਢੇਰੀ ਹੋ ਗਏ ਹਨ ਉਨ੍ਹਾਂ ਨੂੰ 5 ਲੱਖ ਰੁਪਏ ਪ੍ਰਤੀ ਪਰਿਵਾਰ ਮੁਆਵਜ਼ਾ ਤੁਰੰਤ ਰਿਲੀਜ਼ ਕਰਨਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਦੇ ਰਿਸਦੇ ਹੋਏ ਜ਼ਖਮਾਂ 'ਤੇ ਮੱਲ੍ਹਮ ਲਾਈ ਜਾ ਸਕੇ ਅਤੇ ਇਹ ਸਰਕਾਰ ਦਾ ਮੁੱਢਲਾ ਫਰਜ਼ ਵੀ ਹੈ ।ਉਨ੍ਹਾਂ ਨੇ ਸਾਰੀਆਂ ਹੀ ਸਿਆਸੀ ਪਾਰਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਇੱਕਜੁੱਟ ਹੋ ਕੇ ਕਿਸਾਨ ਮਜ਼ਦੂਰਾਂ ਦੀ ਮਦਦ ਕਰਨ ਇਹ ਟਾਈਮ ਸਿਆਸੀ ਰੋਟੀਆਂ ਸੇਕਣ ਦਾ ਨਹੀਂ ਹੈ ਬਲਕਿ ਨੁਕਸਾਨੇ ਗਏ ਪਰਿਵਾਰਾਂ ਦੀ ਬਾਂਹ ਫੜਨ ਦੀ ਲੋੜ ਹੈ।ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸਮਾਜਿਕ ਜਥੇਬੰਦੀਆਂ ਸੰਤਾਂ, ਮਹਾਂਪੁਰਸ਼ਾਂ ਅਤੇ ਡੇਰੇਦਾਰਾਂ, ਖਾਲਸਾ ਏਡ ਅਤੇ ਹੋਰ ਅਜਿਹੀਆਂ ਸਮਾਜਿਕ ਸੰਸਥਾਵਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਵੀ ਇਸ ਵਕਤ ਨਿਕਲ ਕੇ ਸਾਹਮਣੇ ਆਉਣ ਅਤੇ ਕਿਸਾਨਾਂ ਜਿਨ੍ਹਾਂ ਦਾ ਬਹੁਤ ਵੱਡੀ ਗਿਣਤੀ ਵਿੱਚ ਨੁਕਸਾਨ ਹੋਇਆ ਹੈ ਉਨ੍ਹਾਂ ਦੀ ਪੂਰਤੀ ਲਈ ਭਰਪੂਰ ਯਤਨ ਕਰਨ ।

# ਡੀ ਸੀ ਸਾਕਸ਼ੀ ਸਾਹਨੀ ਬੰਨ੍ਹ ਟੁੱਟਣ ਦੀ ਖਬਰ ਸੁਣਦੇ ਹੀ ਟੀਮਾਂ ਨੂੰ ਲੈ ਕੇ ਮੌਕੇ 'ਤੇ ਪੁੱਜੇ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਅਜਨਾਲਾ ਹਲਕੇ ਦੇ ਪਿੰਡਾਂ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਮਦਦ ਲਈ ਸਵੇਰ ਤੋਂ ਹੀ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ।ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਜੋ ਕਿ ਰਾਤ 1 ਵਜੇ ਅਜਨਾਲਾ ਧੁਸੀ ਬੰਨ ਦਾ ਦੌਰਾ ਕਰਕੇ ਪਰਤੇ ਸਨ, ਅੱਜ ਸਵੇਰੇ ਫਿਰ 8 ਵਜੇ ਬੰਨ੍ਹ ਟੁੱਟਣ ਦੀ ਖਬਰ ਸੁਣਦੇ ਸਾਰ ਹੀ ਪੀੜਿਤ ਖੇਤਰਾਂ ਵਿੱਚ ਪਹੁੰਚ ਗਏ।ਉਨ੍ਹਾਂ ਨੇ ਰਾਹਤ ਕਾਰਜਾਂ ਦੀ ਖੁਦ ਕਮਾਨ ਸੰਭਾਲੀ। ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ ਅਤੇ ਜ਼ਿਲ੍ਹਾ ਪੁਲਸ ਮੁਖੀ ਸ ਮਨਿੰਦਰ ਸਿੰਘ ਸਵੇਰ ਤੋਂ ਹੀ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੇ ਹੋਏ ਹਨ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ ਅਤੇ ਪਾਣੀ 20 ਦੇ ਕਰੀਬ ਪਿੰਡਾਂ ਵਿੱਚ ਦਾਖਲ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਐੱਨਡੀਆਰਐੱਫ ਦੀਆਂ ਟੀਮਾਂ ਵੀ ਰਾਹਤ ਕਾਰਜ ਲਈ ਪੁੱਜ ਚੁੱਕੀਆਂ ਹਨ ਅਤੇ ਬੇੜੀਆਂ ਰਾਹੀਂ ਲੋਕਾਂ ਨੂੰ ਰੈਸਕਿਊ ਕੀਤਾ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਜਨਾਲਾ ਹਲਕੇ ਦੇ ਲੱਗਭੱਗ 20 ਪਿੰਡ ਪਾਣੀ ਦੀ ਮਾਰ ਹੇਠ ਆ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਬਠਿੰਡਾ ਤੋਂ ਐੱਨਡੀਆਰਐੱਫ ਦੀ ਇਕ ਹੋਰ ਟੀਮ ਰਵਾਨਾ ਹੋ ਚੁੱਕੀ ਹੈ ਅਤੇ ਇਸ ਦੇ ਨਾਲ ਨਾਲ ਫੌਜ ਦੀ ਮਦਦ ਵੀ ਲੋਕਾਂ ਨੂੰ ਰੈਸਕਿਊ ਕਰਨ ਲਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਕੱਲ ਰਾਤ ਤੋਂ ਹੀ ਸਮੁੱਚਾ ਪ੍ਰਸ਼ਾਸਨ



ਮਸ਼ੀਨਰੀ ਸਮੇਤ ਇਥੇ ਪੁੱਜ ਚੁੱਕਾ ਹੈ ਅਤੇ ਲੋਕਾਂ ਦੀ ਮਦਦ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਥਾਨਕ ਲੋਕ ਵੀ ਮਦਦ ਲਈ ਅੱਗੇ ਆਏ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜ਼ਿਆਦਾ ਦੇਰ ਨਾ ਕਰਨ ਅਤੇ ਬੇੜੀਆਂ ਰਾਹੀਂ ਢੁਕਵੇਂ ਸਥਾਨ ਤੇ ਪੁੱਜ ਜਾਣ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਤੁਹਾਡੀ ਹਰ ਤਰ੍ਹਾਂ ਦੀ ਸਹਾਇਤਾ ਕਰੇਗਾ। ਇਸ ਮੌਕੇ ਐੱਸਐੱਸਪੀ ਦਿਹਾਤੀ ਮਨਿੰਦਰ ਸਿੰਘ, ਐੱਸਡੀਐੱਮ ਰਵਿੰਦਰ ਅਰੋੜਾ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਹਾਜ਼ਰ ਸਨ।

# ਹੜ੍ਹਾਂ ਦੇ ਅਗਾਊਂ ਪ੍ਰਬੰਧਾਂ ਦੀ ਕਮੀ ਕਾਰਨ ਦੋ ਲੱਖ ਏਕੜ ਫ਼ਸਲਾਂ ਤਬਾਹ ਹੋਈਆਂ: ਸਭਰਾ

## * ਕੇਂਦਰ ਤੇ ਪੰਜਾਬ ਸਰਕਾਰ ਹੜ੍ਹ ਮਾਰੇ ਲੋਕਾਂ ਲਈ ਤੁਰੰਤ ਸਹਾਇਤਾ ਰਾਸ਼ੀ ਜਾਰੀ ਕਰਨ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਸਿੰਘ ਨੇ ਹੜ੍ਹਾਂ ਦੀ ਸਥਿਤੀ ਤੇ ਚਿੰਤਾ ਜਾਹਿਰ ਕਰਦੇ ਕਿਹਾ ਕਿ ਬਾਡਰ ਬੈਲਟ ਦੇ ਪਠਾਨਕੋਟ ਤੋਂ ਲੈ ਕੇ ਫਿਰੋਜ਼ਪੁਰ ਸਮੇਤ ਜਿਲ੍ਹੇ ਰਾਵੀ ਬਿਆਸ ਅਤੇ ਸਤਲੁਜ ਵਿੱਚ, ਬਾਰਿਸ਼ ਅਤੇ ਡੈਮਾਂ ਤੋਂ ਪਾਣੀ ਛੱਡੇ ਜਾਣ ਕਾਰਨ, ਆਏ ਹੜ੍ਹ ਦੀ ਮਾਰ ਹੇਠ ਹਨ।ਉਨ੍ਹਾਂ ਕਿਹਾ ਕਿ ਹੁਣ ਤੱਕ 200 ਦੇ ਕਰੀਬ ਪਿੰਡ ਪਾਣੀ ਦੀ ਲਪੇਟ ਵਿੱਚ ਆ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਸਰਕਾਰ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਛੁੱਟੀਆਂ ਕੀਤੀਆਂ ਹਨ, ਪਰ ਅਗਰ ਕੋਈ ਤਤਪਰਤਾ ਸਮਾਂ ਰਹਿੰਦਿਆਂ ਦਿਖਾਈ ਹੁੰਦੀ ਤਾਂ ਹਾਲਾਤ ਨੂੰ ਕਾਫੀ ਹੱਦ ਤੱਕ ਕਾਬੂ ਰੱਖਿਆ ਜਾ ਸਕਦਾ ਸੀ।ਉਨ੍ਹਾਂ ਕਿਹਾ ਕਿ ਪਠਾਨਕੋਟ ਦੇ ਰਣਜੀਤ ਸਾਗਰ ਡੈਮ ਤੋਂ ਲੱਖਾਂ ਕਿਊਸਿਕ ਪਾਣੀ ਲਗਾਤਾਰ ਛੱਡਿਆ ਜਾ ਰਿਹਾ ਹੈ, ਜਿਸ ਕਾਰਨ ਪਠਾਨਕੋਟ ਵਿੱਚ ਹੜ੍ਹ ਵਰਗੀ ਸਥਿਤੀ ਪੈਦਾ ਹੋ ਗਈ ਹੈ।ਉਨ੍ਹਾਂ ਕਿਹਾ ਕਿ ਜਿੱਥੇ ਆਮ ਲੋਕਾਂ ਵੱਲੋਂ ਵੱਡੀ ਗਿਣਤੀ ਵਿਚ ਮਦਦ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਓਥੇ ਐੱਨਡੀਆਰਐੱਫ ਦੀਆਂ ਟੀਮਾਂ ਦੀ ਵੱਡੀ



ਗਿਣਤੀ ਵਿੱਚ ਬਚਾਅ ਕਾਰਜਾਂ ਲਈ ਪੀੜਤ ਇਲਾਕਿਆਂ ਵਿਚ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਫਰਜ਼ ਬਣਦਾ ਹੈ ਕਿ ਉਹ ਤੁਰੰਤ ਹੜ੍ਹ ਰਾਹਤ ਰਾਸ਼ੀ ਜਾਰੀ ਕਰੇ ਅਤੇ ਪੰਜਾਬ ਸਰਕਾਰ ਹਮੇਸ਼ਾ ਦੀ ਤਰ੍ਹਾਂ ਇਸ ਵਾਰ ਮੁਸੀਬਤ ਨੂੰ ਮਸ਼ਹੂਰੀ ਦੇ ਮੌਕੇ ਦੀ ਨਾ ਵਰਤ ਕੇ ਲੋਕਾਂ ਨੂੰ ਰਾਹਤ ਸਮੱਗਰੀ ਪਹੁੰਚਾਉਣ ਲਈ ਸਹੀ ਅਰਥਾਂ ਵਿੱਚ ਯਤਨ ਜੁਟਾਵੇ।ਉਨ੍ਹਾਂ ਕਿਹਾ ਕਿ ਰਾਵੀ ਦਰਿਆ ਦੀ ਮਾਰ ਹੇਠ ਅੰਮ੍ਰਿਤਸਰ ਦਾ ਕਾਫੀ ਵੱਡਾ ਹਿੱਸਾ ਆ ਚੁੱਕਾ ਹੈ, ਇਸੇ ਤਰ੍ਹਾਂ ਤਰਨਤਾਰਨ, ਗੁਰਦਾਸਪੁਰ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਫਾਜ਼ਿਲਕਾ ਵਿੱਚ ਮੁਸ਼ਕਿਲ ਬਣੀ ਹੋਈ ਹੈ।ਉਨ੍ਹਾਂ ਜਥੇਬੰਦੀ ਇਸ ਮੁਸੀਬਤ ਦੇ ਮੌਕੇ ਜਥੇਬੰਦੀ ਦੇ ਵਰਕਰਾਂ ਅਤੇ ਆਮ ਜਨਤਾ ਨੂੰ ਸਾਵਧਾਨ ਰਹਿਣ ਅਤੇ ਪੀੜਤਾਂ ਦੀ ਮਦਦ ਲਈ ਵਿੱਤ ਅਨੁਸਾਰ ਯਤਨ ਜੁਟਾਉਣ ਦੀ ਅਪੀਲ ਕੀਤੀ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਤਬਾਹ ਹੋਈ ਫਸਲ ਦਾ 70 ਹਜ਼ਾਰ ਰੁਪਏ ਪ੍ਰਤੀ ਏਕੜ ਅਤੇ ਖੇਤ ਮਜ਼ਦੂਰ ਨੂੰ ਕੁਲ ਮੁਆਵਜ਼ੇ ਦਾ 10% ਮੁਆਵਜ਼ਾ ਦਿੱਤਾ ਜਾਵੇ।ਜਿਨ੍ਹਾਂ ਕਿਸਾਨਾਂ/ਮਜ਼ਦੂਰਾਂ ਦੇ ਮਰੇ ਦੁਧਾਰੂ ਜਾਂ ਹੋਰ ਕਿਸਮਾਂ ਦੇ ਪਾਲਤੂ ਪਸ਼ੂਆਂ ਅਤੇ ਘਰਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਦਾ ਕੰਮ ਤੁਰੰਤ ਪ੍ਰਭਾਵ ਨਾਲ ਸ਼ੁਰੂ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਹੜ੍ਹ ਪੀੜਤ ਕਿਸਾਨਾਂ ਮਜ਼ਦੂਰਾਂ ਦੇ ਸਰਕਾਰੀ ਅਤੇ ਗੈਰ ਸਰਕਾਰੀ ਕਰਜ਼ੇ ਦੀਆਂ ਕਿਸ਼ਤਾਂ ਅਤੇ ਉਨ੍ਹਾਂ ਤੇ ਵਿਆਜ ਮਾਫ਼ ਕੀਤਾ ਜਾਵੇ।ਉਨ੍ਹਾਂ ਬਚੇ ਹੋਏ ਦਰਿਆਈ ਖੇਤਰਾਂ ਦੇ ਨਜ਼ਦੀਕ ਵਸਦੇ ਲੋਕਾਂ ਨੂੰ ਸੁਚੇਤ ਰਹਿਣ ਦੀ ਅਪੀਲ ਕੀਤੀ।

## ਰੈਸਕਿਊ ਕਰਕੇ ਪਾਣੀ 'ਚ ਫਸੇ ਸਿੰਚਾਈ ਵਿਭਾਗ ਦੇ 50 ਕਰਮਚਾਰੀਆਂ ਨੂੰ ਸੁਰੱਖਿਅਤ ਬਾਹਰ ਕੱਢਿਆ

ਪਠਾਨਕੋਟ, (ਦਵਿੰਦਰ ਸਿੰਘ)-ਮਾਧੋਪੁਰ ਹੈੱਡਵਰਕਸ 'ਤੇ ਬਿਰਾਜ ਡੈਮ ਦੇ ਗੇਟ ਖੋਲ੍ਹਣ ਦਾ ਕੰਮ ਕਰ ਰਹੇ ਸਿੰਚਾਈ ਵਿਭਾਗ ਦੇ 50 ਕਰਮਚਾਰੀ ਗੇਟ ਅਚਾਨਕ ਟੁੱਟਣ ਕਰਕੇ ਉਥੇ ਹੀ ਫਸ ਗਏ।ਇਨ੍ਹਾਂ ਵਿੱਚ ਐਕਸੀਅਨ, ਐੱਸਡੀਓ ਅਤੇ ਹੋਰ ਮੁਲਾਜ਼ਮ ਹਨ। ਇਨ੍ਹਾਂ ਕਰਮਚਾਰੀਆਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਏਅਰ ਫੋਰਸ ਹੈਲੀਕਾਪਟਰ ਕੰਮ ਰਹੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ ਨੇ ਦਿੰਦਿਆ ਦੱਸਿਆ ਕਿ ਏਅਰ ਫੋਰਸ ਦੇ ਹੈਲੀਕਾਪਟਰ ਦੇ ਪਹਿਲੇ ਪੜਾਅ ਵਿੱਚ 30 ਕਰਮਚਾਰੀਆਂ ਨੂੰ ਰੈਸਕਿਊ ਅਪਰੇਸ਼ਨ ਰਾਹੀਂ ਸੁਰੱਖਿਅਤ ਬਾਹਰ ਕੱਢ ਲਿਆ ਹੈ ਅਤੇ ਇਸ ਦੇ ਦੂਜੇ ਅਪਰੇਸ਼ਨ ਦਾ ਪੜਾਅ ਅਜੇ ਜਾਰੀ ਹੈ।ਉਨ੍ਹਾਂ ਦੱਸਿਆ ਕਿ ਦੂਜੇ ਪੜਾਅ ਵਿੱਚ ਬਾਕੀ 20 ਕਰਮਚਾਰੀਆਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਏਅਰ ਫੋਰਸ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਉਣ ਨਾ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਹੈ।ਉਨ੍ਹਾਂ ਕਿਹਾ ਕਿ ਪਾਣੀ ਦਾ ਪੱਧਰ ਪਹਿਲਾਂ ਨਾਲੋਂ ਘੱਟ ਹੋਇਆ ਹੈ।ਉਨ੍ਹਾਂ ਕਿਹਾ ਕਿ ਫਿਰ ਵੀ ਚੌਕਸ ਰਹਿਣ ਦੀ ਲੋੜ ਹੈ ਕਿਉਂ ਕਿ ਅਜੇ ਆਉਣ ਵਾਲੇ ਦਿਨਾਂ ਵਿੱਚ ਬਾਰਿਸ਼ ਹੋਣ ਦੀ ਸੰਭਾਵਨਾ ਬਣੀ ਹੋਈ ਹੈ ।ਉਨ੍ਹਾਂ ਕਿਹਾ ਕਿ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਜਾ ਕੇ ਲੋਕਾਂ ਨੂੰ ਜਾਗਰੂਕ ਕਰਕੇ ਬਾਹਰ ਕਢਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਬਣੇ ਕੰਟਰੋਲ ਰੂਮ ਦੇ ਦੋ ਨੰਬਰ 0186-2346944 ਅਤੇ ਮੋਬਾਇਲ ਨੰਬਰ 9779102351 ਹੈ, ਜੇ ਕੋਈ ਵਿਅਕਤੀ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਫਸਿਆ ਹੈ ਤਾਂ ਉਸ ਇਨ੍ਹਾਂ ਨੰਬਰਾਂ ਤੇ ਫੋਨ ਕਰਕੇ ਸਹਾਇਤਾ ਪ੍ਰਾਪਤ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ ਅਤੇ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਬਚਾਓ ਕਾਰਜਾਂ ਲਈ ਐੱਨਡੀਆਰਐੱਫ., ਆਰਮੀ ਅਤੇ ਏਅਰ ਫੋਰਸ ਦੇ ਜਵਾਨਾਂ ਦੀ ਮਦਦ ਲਈ ਜਾ ਰਹੀ ਹੈ।

# ਵਿਧਾਇਕ ਸ਼ੈਰੀ ਕਲਸੀ ਤੇ ਬਹਿਰਾਮਪੁਰ ਦੇ ਪੰਚ-ਸਰਪੰਚ ਮੁੱਖ ਮੰਤਰੀ ਮਾਨ ਨੂੰ ਮਿਲੇ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਜਦੋਂ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਬਹਿਰਾਮਪੁਰ ਵਿਖੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰ ਰਹੇ ਸਨ ਤਾਂ ਮੁੱਖ ਮੰਤਰੀ ਪੰਜਾਬ ਨੂੰ ਸੂਬੇ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਨਾਲ ਬਹਿਰਾਮਪੁਰ ਦੇ ਪੰਚ-ਸਰਪੰਚ ਮਿਲੇ ਤੇ ਸਾਰੀ ਸਥਿਤੀ ਤੋਂ ਜਾਣੂੰ ਕਰਵਾਇਆ।ਮੁੱਖ ਮੰਤਰੀ ਪੰਜਾਬ ਨੇ ਤੁਰੰਤ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਰਾਹਤ ਸਮੱਗਰੀ ਵੰਡਣ ਲਈ ਆਪਣਾ ਹੈਲੀਕਾਪਟਰ ਤਾਇਨਾਤ ਕੀਤਾ ਤਾਂ ਜੋ ਪੀੜਤਾਂ ਨੂੰ ਤੁਰੰਤ ਰਾਹਤ ਸਮੱਗਰੀ ਵੰਡਣ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਜੋਬਨ ਰੰਧਾਵਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਅਤੇ ਜ਼ਿਲ੍ਹਾ ਪ੍ਰਧਾਨ ਆਪ ਪਾਰਟੀ, ਚੇਅਰਮੈਨ ਰਾਜੀਵ ਸ਼ਰਮਾ, ਚੇਅਰਮੈਨ ਬਲਜੀਤ ਸਿੰਘ ਦੀਨਾਨਗਰ, ਮੁੱਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਆਪ ਪਾਰਟੀ ਅਤੇ ਪਾਰਟੀ ਦੇ ਆਗੂ ਤੇ ਵਲੰਟੀਅਰ ਮੌਜੂਦ ਸਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਰਾਵੀ ਦਰਿਆ ਨਾਲ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਗਿਆ ਹੈ।ਉਨ੍ਹਾਂ ਅਧਿਕਾਰੀਆਂ ਨੂੰ ਪ੍ਰਭਾਵਿਤ ਪਿੰਡਾਂ ਵਿੱਚ ਨਿਰਵਿਘਨ ਰਾਹਤ ਸਮੱਗਰੀ ਵੰਡਣ ਲਈ ਕਿਹਾ ਹੈ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਸਰਕਾਰ ਕਿਸਾਨਾਂ ਤੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ 'ਤੇ ਪ੍ਰਸ਼ਾਨ ਪੂਰੀ ਤਰ੍ਹਾਂ ਹਰ ਸਥਿਤੀ



ਤੇ ਨਜ਼ਰ ਰੱਖ ਰਿਹਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਬਹਿਰਾਮਪੁਰ ਵਿਖੇ ਦੌਰਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਦਰਿਆ ਨਾਲ ਲੱਗਦੇ ਖੇਤਰਾਂ ਵਿੱਚ ਜਾਣ ਤੋਂ ਗੁਰੇਜ਼ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਲਗਾਤਾਰ ਬਾਰਿਸ਼ ਆਉਣ ਨਾਲ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਕਾਫੀ ਵੱਧ ਗਿਆ ਹੈ ਅਤੇ ਹੇਠਲੇ ਇਲਾਕਿਆਂ ਦੇ ਖੇਤਾਂ ਵਿੱਚ ਵੀ ਕਾਫੀ ਮਾਤਰਾ ਵਿੱਚ ਪਾਣੀ ਆ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਪਸ਼ੂਆਂ ਦੇ ਲਈ ਹਰੇ ਚਾਰੇ ਦਾ ਪ੍ਰਬੰਧ ਕੀਤਾ ਗਿਆ ਹੈ, ਰਾਹਤ ਕੈਂਪ ਬਣਾਏ ਗਏ ਹਨ ਅਤੇ ਪ੍ਰਭਾਵਿਤ ਲੋਕਾਂ ਤੱਕ ਪਹੁੰਚ ਕੀਤੀ ਗਈ ਹੈ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਫੀਲਡ ਵਿੱਚ ਹਨ।

## ਅਣਪਛਾਤੀ ਲਾਸ਼ ਦਾ ਪੁਲਸ ਨੇ ਕੀਤਾ ਅੰਤਿਮ ਸੰਸਕਾਰ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸਬ-ਡਵੀਜ਼ਨ ਭਿੱਖੀਵਿੰਡ ਅਧੀਨ ਆਉਂਦੇ ਪਿੰਡ ਚੂੰਘ ਦੇ ਬੱਸ ਅੱਡੇ ਤੋਂ ਪੰਜ ਦਿਨ ਪਹਿਲਾਂ ਮਿਲੀ ਅਣਪਛਾਤੀ ਲਾਸ਼ ਦੀ ਸ਼ਨਾਖ਼ਤ ਨਾ ਹੋਣ ਮਗਰੋਂ ਭਿੱਖੀਵਿੰਡ ਪੁਲਸ ਨੇ ਕਾਨੂੰਨੀ ਕਾਰਵਾਈ ਦੀ ਪਾਲਣਾ ਕਰਨ ਉਪਰੰਤ ਲਾਸ਼ ਦਾ ਅੰਤਿਮ ਸੰਸਕਾਰ ਕਰ ਦਿੱਤਾ ਹੈ। ਉਲੇਖਣਯੋਗ ਹੈ ਕਿ ਲਾਸ਼ ਨੂੰ ਸ਼ਨਾਖਤ ਲਈ ਮੁਰਦਾਘਰ ਵਿੱਚ ਰੱਖਿਆ ਗਿਆ ਸੀ।ਯਾਦ ਰਹੇ ਕਿ ਇਸ ਤੋਂ ਪਹਿਲਾਂ ਪਿਛਲੇ ਸਾਲ ਵੀ ਪਿੰਡ ਬੈਂਕਾਂ ਤੋਂ ਕਰੀਬ ਚਾਰ ਅਣਪਛਾਤੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਸਨ ਜਿਨ੍ਹਾਂ ਦੀ ਸ਼ਨਾਖ਼ਤ ਨਹੀਂ ਹੋ ਸਕੀ ਸੀ, ਜਿਸ ਤੋਂ ਬਾਅਦ ਪੁਲਸ ਵੱਲੋਂ ਉਨ੍ਹਾਂ ਅਣਪਛਾਤੀਆਂ ਲਾਸ਼ਾਂ ਦਾ ਵੀ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਸੀ ਤੇ ਮਾਮਲੇ ਦੀ ਫਾਈਲ ਬੰਦ ਕਰ ਦਿੱਤੀ ਗਈ ਸੀ।ਹੁਣ ਤਾਜ਼ਾ ਮਾਮਲੇ ਵਿੱਚ ਵੀ ਸੰਭਾਵਨਾ ਜ਼ਾਹਿਰ ਕੀਤੀ ਜਾ ਰਹੀ ਹੈ ਕਿ ਪੁਲਸ ਅਣਪਛਾਤੀਆਂ ਲਾਸ਼ਾਂ ਪਿੱਛੇ ਛੁਪੇ ਰਾਜ਼ ਨੂੰ ਖੋਲ੍ਹਣ ਦੀ ਬਜਾਏ ਮਾਮਲੇ ਦੀ ਫਾਈਲ ਬੰਦ ਕਰ ਦੇਵੇਗੀ।ਉੱਧਰ ਜਦੋਂ ਇਸ ਮਾਮਲੇ ਬਾਰੇ ਜਾਣਕਾਰੀ ਲਈ ਥਾਣਾ ਮੁਖੀ ਭਿੱਖੀਵਿੰਡ ਨਾਲ ਵਾਰ-ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਤਾਂ ਉਨ੍ਹਾਂ ਵੱਲੋਂ ਫ਼ੋਨ ਨਹੀਂ ਚੁੱਕਿਆ ਗਿਆ।

# ਸਪਤਾਹਿਕ ਗਿਆਨ ਯੱਗ ਸ਼੍ਰੀਮਦ ਭਾਗਵਤ ਕਥਾ ਦੇ ਪ੍ਰਚਾਰ ਹਿੱਤ ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਨੇ ਕੱਢੀ ਜਾਗੋ

ਗੁਰੂ ਹਰ ਸਹਾਏ (ਫ਼ਕੀਰ ਚੰਦ ਸਿਕਰੀ)-ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਪਤਾਹਿਕ ਗਿਆਨ ਯੱਗ ਸ਼੍ਰੀਮਦ ਭਾਗਵਤ ਕਥਾ ਦੇ ਪ੍ਰਚਾਰ ਹੇਤੂ ਗੁਰੂ ਹਰ ਸਹਾਏ ਵਿੱਚ ਜਾਗੋ ਕੱਢ ਕੇ ਸ਼ਹਿਰ ਵਾਸੀਆਂ ਨੂੰ ਜਾਗਰੂਕ ਕੀਤਾ। ਸੰਸਥਾਨ ਦੀ ਮੁੱਖ ਪ੍ਰਵਕਤਾ ਸਾਧਵੀ ਸੁਨੀਤਾ ਭਾਰਤੀ ਜੀ ਨੇ ਕਿਹਾ ਕਿ ਅੱਜ ਦੀ ਫੇਰੀ ਦਾ ਮੁੱਖ ਆਕਰਸ਼ਣ ਜਾਗੋ ਹੈ।ਪ੍ਰਭੂ ਭਜਨਾਂ ਦੇ ਨਾਲ ਜਾਗੋ ਕੱਢੀ ਜਾ ਰਹੀ ਹੈ।ਇਹ ਜਾਗੋ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਹੈ ਸਗੋਂ ਇਸ ਰਾਹੀਂ ਅੱਜ ਦੀ ਫੇਰੀ ਵਿੱਚ ਸ਼ਹਿਰ ਵਾਸੀਆਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਜਦੋਂ ਵੀ ਪਰਮਾਤਮਾ ਇਸ ਧਰਤੀ ਤੇ ਆਉਂਦਾ ਹੈ, ਉਹ ਮਨੁੱਖ ਨੂੰ ਅੰਦਰੋਂ ਜਾਗ੍ਰਿਤ ਕਰਦਾ ਹੈ। ਜਾਗੋ ਦਾ ਅਰਥ ਅੰਦਰੂਨੀ ਜਾਗਰਣ ਹੀ ਹੈ।ਅੱਜ ਦੀ ਇਹ ਜਾਗੋ ਵੀ ਇਹੀ ਸੰਦੇਸ਼ ਦੇ ਰਹੀ ਹੈ ਕਿ ਅੱਜ ਵੀ ਪਰਮਾਤਮਾ ਮਨੁੱਖ ਦੀ ਸੁੱਤੀ ਹੋਈ ਸ਼ਕਤੀ ਨੂੰ ਜਗਾਉਣ ਲਈ ਇਸ ਧਰਤੀ ਤੇ ਆਇਆ ਹੈ।ਹੁਣ ਪ੍ਰਸ਼ਨ ਇਹ ਉੱਠਦਾ ਹੈ ਕਿ ਜੇਕਰ ਉਹ ਪਰਮਾਤਮਾ ਅਜੇ ਵੀ ਇਸ ਧਰਤੀ ਤੇ ਹੈ, ਤਾਂ ਉਸਦੀ ਪਹਿਚਾਣ ਕੀ ਹੈ, ਉਸਨੂੰ ਕਿਵੇਂ ਜਾਣਿਆ ਜਾ ਸਕਦਾ ਹੈ ? ਅਜਿਹੇ ਹੀ ਅਨੇਕਾਂ ਪ੍ਰਸ਼ਨਾਂ ਦੇ ਉੱਤਰ ਦੇਣ ਲਈ ਸ੍ਰੀ ਆਸ਼ੂਤੋਸ਼ ਮਹਾਰਾਜ ਦੀ ਸੇਵਿਕਾ ਕਥਾ ਵਿਆਸ ਸਾਧਵੀ ਭਾਗਿਆਸ਼੍ਰੀ ਭਾਰਤੀ 17 ਸਤੰਬਰ ਤੋਂ 23 ਸਤੰਬਰ ਤੱਕ ਸ਼੍ਰੀਮਦ ਭਾਗਵਤ ਕਥਾ ਦਾ ਸੰਚਾਲਨ ਕਰਨ ਲਈ ਆਪਣੀ ਪੂਰੀ ਟੀਮ ਨਾਲ ਸਾਡੇ ਵਿਚਕਾਰ ਆ ਰਹੀ ਹੈ।ਇਸ ਫੇਰੀ ਦੌਰਾਨ ਸਾਰੇ ਸ਼ਰਧਾਲੂ ਪ੍ਰਭੂ ਦੀ ਉਸਤਤ ਕਰਦੇ ਹੋਏ ਅੱਗੇ ਵਧ ਰਹੇ ਸਨ। ਸ਼ਹਿਰ ਵਾਸੀਆਂ ਨੇ ਜਾਗੋ ਦਾ ਫੁੱਲਾਂ ਨਾਲ ਸਵਾਗਤ ਕੀਤਾ ਅਤੇ



ਸ਼ਰਧਾਲੂਆਂ ਨੇ ਨੱਚਦੇ ਹੋਏ ਅਤੇ ਭਜਨਾਂ ਦਾ ਗਾਇਨ ਕਰ ਕੇ ਲੋਕਾਂ ਨੂੰ ਮੰਤਰਮੁਗਧ ਕੀਤਾ।ਅੱਜ ਦੀ ਫੇਰੀ ਦੇ ਮੁੱਖ ਆਕਰਸ਼ਣ ਜਾਗੋ ਦਾ ਸਵਾਗਤ ਮੁੱਖ ਯਜਮਾਨਾ ਦੁਆਰਾ ਫੁੱਲਾਂ ਦੀ ਵਰਖਾ ਕਰਕੇ ਕੀਤਾ ਗਿਆ। ਇਸ ਸਮੇਂ ਪੰਡਿਤ ਦਇਆ ਰਾਮ ਅਯੁੱਧਿਆ ਵਾਲੇ, ਦੀਪਕ ਸ਼ਰਮਾ, ਰਮਨ ਅਚਾਰਿਆ ਦੂਵੇਦੀ, ਬੁਧਚੰਦ ਬਿੰਦਰਾ, ਕੁਲਦੀਪ ਸ਼ਰਮਾ ਅਤੇ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਵਾਮੀ ਸੁਖਦੇਵਾਨੰਦ ਜੀ, ਸਾਧਵੀ ਰੁਪਿੰਦਰ ਭਾਰਤੀ, ਸਾਧਵੀ ਦਵਿੰਦਰ ਭਾਰਤੀ, ਸਾਧਵੀ ਮਨਦੀਪ ਭਾਰਤੀ, ਸਾਧਵੀ ਰਜਨੀ ਭਾਰਤੀ ਵੀ ਹਾਜ਼ਰ ਰਹੇ।ਇਸ ਫੇਰੀ ਦੀ ਸਮਾਪਤੀ ਦੀਪਕ ਸ਼ਰਮਾ ਫਾਰਮ ਹਾਊਸ (ਕਥਾ ਸਥਲ) ਵਿਖੇ ਪ੍ਰਭੂ ਦੀ ਪਵਿੱਤਰ ਆਰਤੀ ਨਾਲ ਹੋਈ।

## ਪੁਲਸ ਇੰਸਪੈਕਟਰ ਦੇ ਘਰ 'ਚੋਂ ਨਗਦੀ ਤੇ ਗਹਿਣੇ ਚੋਰੀ

ਫਿਲੌਰ ( ਨਿਰਮਲ)-ਸਥਾਨਕ ਗੋਪਾਲ ਕਲੋਨੀ ਵਿਖੇ ਰਹਿੰਦੇ ਪੁਲਸ ਇੰਸਪੈਕਟਰ ਰਾਕੇਸ਼ ਕੁਮਾਰ ਦੇ ਘਰ ਨਗਦੀ ਅਤੇ ਗਹਿਣੇ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇੰਸਪੈਕਟਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਉਹ ਪਰਿਵਾਰ ਸਮੇਤ ਬਾਹਰ ਰਿਸ਼ਤੇਦਾਰੀ 'ਚ ਗਏ ਹੋਏ ਸਨ। ਚੋਰ ਬਾਹਰਲੀ ਕੰਧ ਟੱਪ ਕੇ ਘਰ ਦੇ ਅੰਦਰ ਦਾਖਲ ਹੋ ਗਏ ਅਤੇ ਘਰ ਦੇ ਤਾਲੇ ਤੋੜ ਕੇ ਘਰ ਅੰਦਰ ਦਾਖਲ ਹੋ ਗਏ। ਚੋਰਾਂ ਨੇ ਸਾਰੇ ਘਰ ਵਿੱਚ ਅਲਮਾਰੀਆਂ 'ਤੇ ਪੇਟੀਆਂ ਆਦਿ ਫਰੋਲੀਆਂ। ਅਖੀਰ ਸਟੋਰ 'ਚ ਪਈ ਪੇਟੀ ਦਾ ਤਾਲਾ ਤੋੜਿਆ, ਪੇਟੀ 'ਚ ਪਏ ਗਹਿਣੇ ਜਿਵੇਂ ਕਿ ਤਿੰਨ ਸੋਨੇ ਦੀਆਂ ਮੁੰਦੀਆਂ, ਸੋਨੇ ਦੇ ਝੁਮਕੇ, ਚਾਂਦੀ ਦੀਆਂ ਝਾਂਜਰਾਂ ਤੇ ਨਗਦੀ ਚੋਰੀ ਕਰ ਲੈ ਗਏ। ਇੰਸਪੈਕਟਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਉਹਨਾਂ ਦਾ ਡੇਢ ਤੋਂ ਦੋ ਲੱਖ ਰੁਪਏ ਦਾ ਨੁਕਸਾਨ ਹੋ ਗਿਆ ਹੈ। ਉਹਨਾਂ ਨੇ ਦੱਸਿਆ ਕਿ ਉਹਨਾਂ ਨੇ ਫਿਲੌਰ ਪੁਲਿਸ ਨੂੰ ਸੂਚਿਤ ਕਰ ਦਿੱਤਾ ਹੈ। ਉਹਨਾਂ ਨੇ ਇਹ ਵੀ ਦੱਸਿਆ ਕਿ ਕਰੀਬ ਡੇਢ ਮਹੀਨਾ ਪਹਿਲਾਂ ਵੀ ਗੋਪਾਲ ਕਲੋਨੀ 'ਚ ਲੱਖਾਂ ਰੁਪਏ ਦੀ ਚੋਰੀ ਹੋ ਗਈ ਸੀ।

# ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ 'ਐਕਸੀਲੈਂਸ ਇਨ ਐਜੂਕੇਸ਼ਨ ਐਵਾਰਡ-2025' ਨਾਲ ਸਨਮਾਨਿਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜੀਟੀਬੀ ਪੰਜਾਬ ਹਰਿਆਣਾ ਹਿਮਾਚਲ ਵੱਲੋਂ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀਟੀਬੀਆਈ) ਸਕੂਲ ਕਲਿਆਣਪੁਰ (ਧਾਰੀਵਾਲ) ਨੂੰ ਐਕਸੀਲੈਂਸ ਇਨ ਐਜੂਕੇਸ਼ਨ ਅਵਾਰਡ (ਸਿੱਖਿਆ ਦੇ ਖੇਤਰ ਵਿੱਚ ਉੱਤਮਤਾ ਪੁਰਸਕਾਰ) ਨਾਲ ਸਨਮਾਨਿਤ ਕੀਤਾ ਗਿਆ। ਪੂਰੇ ਪੰਜਾਬ ਵਿੱਚੋਂ ਇੱਕ ਹੀ ਸਕੂਲ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਨੂੰ ਇਹ ਮਾਣ ਪ੍ਰਾਪਤ ਹੋਇਆ ਹੈ। ਇਹ ਐਵਾਰਡ ਪ੍ਰਾਪਤ ਕਰਨ 'ਤੇ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਨੇ ਦੱਸਿਆ ਕਿ ਜੀ.ਟੀ.ਵੀ.ਪੰਜਾਬ ਹਰਿਆਣਾ ਹਿਮਾਚਲ ਵੱਲੋਂ ਆਈਕੌਨਿਕ ਲੀਡਰਸ਼ਿਪ-2025 ਅਵਾਰਡ ਸਮਾਰੋਹ ਚੰਡੀਗੜ੍ਹ ਵਿਖੇ ਕਰਵਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਹਰਿਆਣਾ ਦੇ ਗਵਰਨਰ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਸ਼ਿਰਕਤ ਕੀਤੀ। ਸਮਾਗਮ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਸਕੂਲ, ਕਾਲਜ, ਸੰਸਥਾਵਾਂ ਆਦਿ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੰਜਾਬ ਵਿੱਚੋਂ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਨੂੰ ਐਕਸੀਲੈਂਸ ਇਨ ਐਜੂਕੇਸ਼ਨ ਐਵਾਰਡ (ਸਿੱਖਿਆ ਦੇ ਖੇਤਰ ਵਿੱਚ ਉੱਤਮਤਾ ਪੁਰਸਕਾਰ) ਨਾਲ ਸਨਮਾਨਿਤ ਕੀਤਾ ਗਿਆ। ਚੇਅਰਮੈਨ ਸੁਰਜੀਤ ਸਿੰਘ ਨੇ ਕਿਹਾ ਕਿ ਪੂਰੇ ਪੰਜਾਬ ਵਿੱਚੋਂ




ਉਨ੍ਹਾਂ ਦੇ ਹੀ ਸਕੂਲ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਨੂੰ ਇਹ ਐਵਾਰਡ ਮਿਲਣਾ ਸੰਸਥਾ ਲਈ ਬੜੇ ਮਾਣ ਵਾਲੀ ਗੱਲ ਹੈ।

ਸਕੂਲ ਦੇ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ, ਡਾ. ਕ੍ਰਿਤਇੰਦਰ ਪਾਲ ਕੌਰ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਸਾਂਝੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਹਰਿਆਣਾ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵੱਲੋਂ ਇਹ ਐਵਾਰਡ ਪ੍ਰਾਪਤ ਹੋਣ 'ਤੇ ਸਕੂਲ ਪ੍ਰਬੰਧਕ ਕਮੇਟੀ, ਸਟਾਫ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲੀ ਬੱਚਿਆਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਅਤੇ ਸਮੂਹ ਸ਼ੁਭ ਚਿੰਤਕਾਂ ਨੂੰ ਵਧਾਈ ਦਿੱਤੀ ਅਤੇ ਆਉਣ ਵਾਲੇ ਸਮੇਂ ਵਿੱਚ ਜੀਟੀਬੀਆਈ ਸਕੂਲ ਨੂੰ ਹੋਰ ਬੁਲੰਦੀਆਂ ਤੇ ਲੈ ਕੇ ਜਾਣ ਦਾ ਵਿਸ਼ਵਾਸ਼ ਦਿਵਾਇਆ।

## ਗੁਰਦੁਆਰਾ ਭਾਈ ਝਾੜੂ ਸਾਹਿਬ ਪਿੰਡ ਵਲਟੋਹਾ ਵਿਖੇ ਸਾਲਾਨਾ ਗੁਰਮਤਿ ਸਮਾਗਮ ਪਹਿਲੀ ਸਤੰਬਰ ਨੂੰ : ਖਾਲੜਾ

**ਪੱਟੀ (ਬਲਦੇਵ ਸਿੰਘ ਸੰਧੂ)**-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਪੰਜਾਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ 'ਤੇ ਚੌਥਾ ਸਾਲਾਨਾ ਸਮਾਗਮ ਗੁਰਦੁਆਰਾ ਭਾਈ ਝਾੜੂ ਸਾਹਿਬ ਪਿੰਡ ਵਲਟੋਹਾ ਵਿਖੇ ਇਕ



ਸਤੰਬਰ 2025 ਦਿਨ ਸੋਮਵਾਰ ਨੂੰ 8:30 ਵਜੇ ਤੋਂ ਲੈ ਕੇ 1 ਵਜੇ ਤੱਕ ਦੀ ਦੀਵਾਨ ਹਾਲ ਦੇ ਵਿੱਚ ਕਰਵਾਇਆ ਜਾ ਰਿਹਾ ਜਿਸ ਵਿੱਚ ਇਲਾਕੇ ਦੇ 18 ਸਕੂਲਾਂ ਦੇ ਬੱਚੇ ਸਵਾਲ ਜਵਾਬ ਅਤੇ ਦਸਤਾਰ ਦੁਮਾਲਾ ਮੁਕਾਬਲੇ ਵਿੱਚ ਭਾਗ ਲੈ ਰਹੇ ਹਨ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਖਜ਼ਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਕੀਤਾ।ਉਨ੍ਹਾਂ ਕਿਹਾ ਕਿ ਘਰ ਘਰ ਅੰਦਰ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ ਦੀ ਮਹਿਕ ਪਹੁੰਚਾਉਣ ਦੇ ਲਈ ਸੁਸਾਇਟੀ ਵੱਲੋਂ ਲੰਮੀ ਅਰਸੇ ਤੋਂ ਵੱਖ-ਵੱਖ ਇਲਾਕਿਆਂ ਅੰਦਰ ਸੰਗਤਾਂ ਦੇ ਸਹਿਯੋਗ ਨਾਲ ਕਾਰਜ ਕੀਤੇ ਜਾ ਰਹੇ ਹਨ।ਸੋ ਇਨਾਂ ਕਾਰਜਾਂ ਦੀ ਲੜੀ ਦੇ ਅੰਦਰ ਸੁਸਾਇਟੀ ਵੱਲੋਂ ਇਸ ਸਾਲ ਦਾ ਸਾਲਾਨਾ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਭਾਈ ਝਾੜੂ ਸਾਹਿਬ ਦੇ ਅਸਥਾਨ ਤੇ ਪਿੰਡ ਵਲਟੋਹਾ ਵਿਖੇ ਰੱਖਿਆ ਗਿਆ ਹੈ।ਜਿਸ ਵਿੱਚ ਜਿੱਥੇ ਬੱਚਿਆਂ ਦੇ ਸਵਾਲ ਜਵਾਬ, ਦਸਤਾਰ, ਦੁਮਾਲਾ ਮੁਕਾਬਲੇ ਹੋ ਰਹੇ ਹਨ ਉਥੇ ਨਾਲ ਹੀ ਪੰਥ ਦੀਆਂ ਮਹਾਨ ਹਸਤੀਆਂ ਸਿੰਘ ਸਾਹਿਬ ਗਿਆਨੀ ਸਾਹਿਬ ਸਿੰਘ ਮਾਰਕੰਡਾ, ਪ੍ਰਿੰਸੀਪਲ ਬਲਜੀਤ ਸਿੰਘ, ਰਾਣਾ ਇੰਦਰਜੀਤ ਸਿੰਘ ਚੇਅਰਮੈਨ, ਮਾਸਟਰ ਅਵਤਾਰ ਸਿੰਘ ਸੋਹਲ ਤੇ ਡਾ. ਸਰਬਜੋਤ ਕੌਰ ਲੁਧਿਆਣਾ ਨੂੰ ਜ਼ਿੰਦਗੀ ਭਰ ਦੀਆਂ ਪ੍ਰਾਪਤੀਆਂ ਲਈ ਲਾਈਫ ਟਾਈਮ ਅਚੀਵਮੈਂਟ ਐਵਾਰਡ ਦੇ ਕੇ ਸਨਮਾਨਿਤ ਕੀਤਾ ਜਾ ਰਿਹਾ ਹੈ।ਉਨਵਾਂ ਇਲਾਕੇ ਦੇ ਸਕੂਲਾਂ, ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਹੈ ਕਿ ਵੱਧ ਤੋਂ ਵੱਧ ਸੰਗਤਾਂ ਆਪਣੇ ਬੱਚਿਆਂ ਸਮੇਤ ਇਸ ਸਮਾਗਮ ਵਿੱਚ ਪਹੁੰਚਣ ਦੀ ਕਿਰਪਾਲਤਾ ਕਰਨ ਤਾਂ ਜੋ ਅਸੀਂ ਆਪਣੇ ਬੱਚਿਆਂ ਨੂੰ ਗੁਰੂ ਸਾਹਿਬਾਂ ਦੀ ਮਹਾਨ ਵਿਰਾਸਤ ਤੋਂ ਜਾਣੂ ਕਰਵਾ ਸਕੀਏ ਅਤੇ ਸਾਰੇ ਰਲ ਕੇ ਪੰਜਾਬ ਦੀ ਕਿਰਸਾਨ ਉਤੇ ਟੁੱਟੇ ਅੰਕਾਂ ਦੇ ਕਹਿਰ ਵਿੱਚੋਂ ਨਿਕਲਣ ਲਈ ਗੁਰੂ ਪਾਤਸ਼ਾਹ ਜੀ ਦੇ ਅੱਗੇ ਅਰਦਾਸ ਬੇਨਤੀ ਕਰ ਸਕੀਏ।

ਇਸ ਮੌਕੇ ਭਾਈ ਗੁਰਮੀਤ ਸਿੰਘ ਮਾਲੂਵਾਲ, ਭਾਈ ਸੁਖਵਿੰਦਰ ਸਿੰਘ ਖਾਲੜਾ, ਭਾਈ ਹਰਪ੍ਰੀਤ ਸਿੰਘ ਮਨੀਆਰੀ ਵਾਲੇ, ਭਾਈ ਮਨਦੀਪ ਸਿੰਘ ਘੋਲੀਆਂ ਕਲਾਂ, ਭਾਈ ਭਗਵਾਨ ਸਿੰਘ ਭਿੱਖੀਵਿੰਡ, ਭਾਈ ਹਰਜੀਤ ਸਿੰਘ ਲਹਿਰੀ, ਹਰਪ੍ਰੀਤ ਸਿੰਘ ਪੱਟੀ, ਆਕਾਸ਼ਦੀਪ ਸਿੰਘ ਪੱਟੀ, ਜਗਦੀਸ਼ ਸਿੰਘ ਭਿੱਖੀਵਿੰਡ, ਸਾਜਨ ਪ੍ਰੀਤ ਸਿੰਘ ਮਰਗਿੰਦਪੁਰਾ, ਵਜੀਰ ਸਿੰਘ ਆਸਲ, ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ ਭਿੱਖੀਵਿੰਡ, ਭਾਈ ਸੁਖਵਿੰਦਰ ਸਿੰਘ ਅਮਰਕੋਟ, ਰਣਬੀਰ ਸਿੰਘ ਵੀਰਮ, ਪ੍ਰੈੱਸ ਇੰਚਾਰਜ ਅਜੀਤ ਸਿੰਘ ਘਰਿਆਲਾ, ਭਾਈ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰ. 433-ਸਿਗ- ਟੀ-26-25-26 ਮਿਤੀ: 26.08.2025

ਬੰਦ ਹੋਣ ਦੀ ਮਿਤੀ/ਸਮਾਂ: 17.09.2025 12:30 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-26/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 17.09.2025 ਨੂੰ 12:30 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ ਆਈ ਟੀ:

| | | | |
|---|---|---|---|
| ਕੰਮ ਦਾ ਨਾਮ | ਫਿਰੋਜਪੁਰ ਡਵੀਜਨ ਵਿਚ ਤਿੰਨ (03) ਸਾਲਾਂ ਦੇ ਲਈ 5 ਵਾਟ ਅਤੇ 25 ਵਾਟ ਵਾਕੀ ਟਾਕੀ ਸੈਟਾਂ ਦੀ ਸਲਾਨਾ ਮੁਰੰਮਤ ਕਾਂਟਰੈਕਟ (ਏਆਰਸੀ) | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 17.09.2025 12:30 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 26.08.2025 13:31 |
| ਅੰਦਾਜਨ ਲਾਗਤ | 3427995.00 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 03.09.2025 |
| ਬਿਆਨਾ ਰਾਸ਼ੀ (ਰੁ) | 68600.00 | ਕੰਮ ਪੂਰਾ ਕਰਨ ਦਾ ਸਮਾਂ | 36 ਮਹੀਨੇ |
| ਨੋਟ: | ਨਿਵਿਦਾਕਰਤਾ ਰੈਗਲੂਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। | | |

2598/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

27 Aug Page 12.qxd 8/27/2025 10:33 PM Page 1



# ਰਾਵੀ ਦਰਿਆ 'ਚ ਪਾਣੀ ਦਾ ਪੱਧਰ ਹੋਰ ਵਧਿਆ

**● ਘਰਾਂ ਅੰਦਰ ਪਾਣੀ ਆਉਣ ਕਾਰਨ ਲੋਕਾਂ ਨੇ ਛੱਤਾਂ 'ਤੇ ਗੁਜ਼ਾਰੀ ਰਾਤ**

**ਗੁਰਦਾਸਪੁਰ (ਜਨਕ ਮਹਾਜਨ)**- ਰਾਵੀ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਨਾਲ ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਖੇਤਰਾਂ ਦੇ ਪਿੰਡਾਂ ਵਿਚ ਕਈ ਥਾਵਾਂ ਤੋਂ ਧੁੱਸੀ ਟੁੱਟਣ ਕਾਰਨ ਲੋਕ ਹੜ੍ਹ ਦੀ ਮਾਰ ਹੇਠ ਆ ਚੁੱਕੇ ਹਨ। ਲਗਾਤਾਰ ਵਧਦੇ ਜਾ ਰਹੇ ਪਾਣੀ ਦੇ ਪੱਧਰ ਨੇ ਲੋਕਾਂ ਦੀਆਂ ਮੁਸ਼ਕਿਲਾਂ ਵਿੱਚ ਹੋਰ ਵਾਧਾ ਕਰ ਦਿੱਤਾ ਹੈ ਅਤੇ ਪਾਣੀ ਲੋਕਾਂ ਦੇ ਘਰਾਂ ਵਿਚ ਵੜ ਗਿਆ ਹੈ। ਘਰਾਂ ਅੰਦਰ ਪਾਣੀ ਵੜਨ ਨਾਲ ਲੋਕਾਂ ਨੂੰ ਸਾਰੀ ਰਾਤ ਛੱਤਾਂ ਉੱਪਰ ਬੈਠ ਕੇ ਗੁਜ਼ਾਰਨੀ ਪਈ। ਇਸੇ ਤਰ੍ਹਾਂ ਪਾਣੀ ਨੇ ਇਸ ਇਲਾਕੇ ਦੀਆਂ ਕਈ ਸੜਕਾਂ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ ਅਤੇ ਸੜਕਾਂ 'ਤੇ ਗੋਡੇ-ਗੋਡੇ ਭਰ ਚੁੱਕਾ ਹੈ ਜਿਸ ਕਰਕੇ ਰਸਤੇ ਵੀ ਪੂਰੀ ਤਰ੍ਹਾਂ ਨਾਲ ਬੰਦ ਹੋ ਚੁੱਕੇ ਹਨ। ਪਿੰਡਾਂ ਦੇ ਲੋਕ ਰਸਤੇ ਬੰਦ ਹੋਣ ਨਾਲ ਆਪਣੇ ਘਰਾਂ ਅੰਦਰ ਫਸ ਚੁੱਕੇ ਹਨ ਜੋ ਕਿਤੇ ਵੀ ਬਾਹਰ ਨਹੀਂ ਜਾ ਸਕਦੇ। ਘਰਾਂ ਅੰਦਰ ਬੱਚਿਆਂ ਸਮੇਤ ਫਸੇ ਲੋਕ ਆਪਣਾ ਗੁਜ਼ਾਰਾ ਬੜੀ ਮੁਸ਼ਕਿਲ ਨਾਲ ਕਰ ਰਹੇ ਹਨ। ਇਸ ਤੋਂ ਇਲਾਵਾ ਜਾਨਵਰਾਂ ਦਾ ਵੀ ਬਹੁਤ ਬੁਰਾ ਹਾਲ ਹੋਇਆ ਪਿਆ ਹੈ। ਜਾਨਵਰ ਹੜ੍ਹ ਦੀ ਮਾਰ ਹੇਠ ਆਉਣ ਨਾਲ ਕਈ ਦਿਨਾਂ ਤੋਂ ਭੁੱਖੇ ਪਿਆਸੇ ਹਨ। ਪਾਣੀ ਜ਼ਿਆਦਾ ਹੋਣ ਕਾਰਨ ਲੋਕਾਂ ਦੇ ਘਰਾਂ ਦਾ ਸਾਮਾਨ ਵੀ ਖ਼ਰਾਬ ਹੁੰਦਾ ਜਾ ਰਿਹਾ ਹੈ। ਭਾਰੀ ਮੀਂਹ ਦੀ ਮਾਰ ਕਾਰਨ


ਰਾਵੀ ਦਰਿਆ ਵਿਚ ਵਧੇ ਪਾਣੀ ਦੇ ਪੱਧਰ ਕਾਰਨ ਟੁੱਟੀ ਧੁੱਸੀ ਦੀ ਤਸਵੀਰ


ਪਿੰਡ ਜੈਨਪੁਰ 'ਚ ਪਾਣੀ ਆਉਣ ਨਾਲ ਘਰਾਂ ਦੀਆਂ ਛੱਤਾਂ 'ਤੇ ਖੜੇ ਲੋਕ


ਪਾਣੀ ਵਿਚ ਘਿਰੇ ਪਿੰਡ ਨੌਸ਼ਹਿਰਾ ਦੀ ਤਸਵੀਰ


ਪਾਣੀ ਕਾਰਨ ਰੁੜ੍ਹੀ ਸੜਕ ਦੀ ਤਸਵੀਰ

ਕਈ ਸੜਕਾਂ ਹੜ੍ਹਾਂ ਦੀ ਲਪੇਟ ਵਿਚ ਆ ਗਈਆਂ ਹਨ ਅਤੇ ਕਈ ਥਾਵਾਂ ਤੋਂ ਸੜਕਾਂ ਟੁੱਟ ਭਜ ਗਈਆਂ ਹਨ। ਸੜਕਾਂ ਦੇ ਕੰਢੇ ਵੱਡੀ ਪੱਧਰ 'ਤੇ ਖੋਰ ਲਗਣ ਕਾਰਨ ਸੜਕ ਦਾ ਕੁਝ ਹਿੱਸਾ ਹੇਠਾਂ ਧੱਸਦਾ ਜਾ ਰਿਹਾ ਹੈ ਜਿਨ੍ਹਾਂ ਰਾਹੀਂ ਲੰਘਣਾ ਖ਼ਤਰੇ ਤੋਂ ਖਾਲੀ ਨਹੀਂ। ਇਸ ਸਬੰਧੀ ਗੱਲਬਾਤ ਕਰਦਿਆਂ ਸਰਹੱਦੀ ਖੇਤਰ ਦੇ ਕੁਝ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦੀ ਹਜ਼ਾਰਾਂ ਏਕੜ ਝੋਨੇ ਦੀ ਫਸਲ ਹੜ ਦੀ ਮਾਰ ਹੇਠਾਂ ਆਉਣ ਨਾਲ ਤਬਾਹ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੇ ਕਰਜ਼ਾ ਚੁੱਕ ਕੇ ਮਹਿੰਗੇ ਭਾਅ ਤੇ ਬੀਜ, ਖਾਦਾਂ, ਟਰੈਕਟਰਾਂ ਅਤੇ ਦਵਾਈਆਂ ਪਾ ਕੇ ਝੋਨੇ ਦੀ ਫਸਲ ਬਿਜਾਈ ਕੀਤੀ ਸੀ ਪਰ ਹੁਣ ਸਾਰੀ ਫਸਲ ਤਬਾਹ ਹੋ ਚੁੱਕੀ ਹੈ। ਲੋਕਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਵੱਲੋਂ ਡਰੇਨੇਜ ਵਿਭਾਗ ਨੂੰ ਲੱਖਾਂ ਰੁਪਏ ਡਰੇਨਾਂ ਦੀ ਸਫਾਈ ਲਈ ਦਿੱਤੇ ਜਾਂਦੇ ਹਨ ਪਰ ਵਿਭਾਗ ਵੱਲੋਂ ਸਮੇਂ ਤੋਂ ਪਹਿਲਾਂ ਡਰੇਨਾਂ, ਰਜਬਾਹੇ, ਸੂਇਆਂ ਅਤੇ ਸੇਮ ਨਾਲਿਆਂ ਦੀ ਸਫ਼ਾਈ ਤੇ ਡੂੰਘਾਈ ਨਹੀਂ ਕਰਵਾਈ ਜਾਂਦੀ ਜਿਸ ਕਰਕੇ ਪਾਣ ਦਾ ਨਿਕਾਸ ਸਹੀ ਢੰਗ ਨਹੀਂ ਹੁੰਦਾ ਅਤੇ ਪਾਣੀ ਲੋਕਾਂ ਦੇ ਖੇਤਾਂ ਵਿਚ ਜਾ ਕੇ ਫ਼ਸਲਾਂ ਨੂੰ ਖਰਾਬ ਕਰ ਦਿੰਦਾ ਹੈ। ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਦੀ ਵੱਧ ਤੋਂ ਵੱਧ ਸਹਾਇਤਾ ਕੀਤੀ ਜਾਵੇ ਤਾਂ ਜੋ ਲੋਕ ਇਸ ਮੁਸ਼ਕਿਲ ਦੇ ਸਮੇਂ ਆਪਣਾ ਗੁਜ਼ਾਰਾ ਕਰ ਸਕਣ।

# ਐੱਸ ਡੀ ਐੱਮ ਤੇ ਡੀ ਐੱਸ ਪੀ ਨੇ ਸੰਭਾਵੀ ਹੜ੍ਹ ਪ੍ਰਭਾਵਤ ਖੇਤਰਾਂ ਦਾ ਕੀਤਾ ਦੌਰਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਉਪ ਮੰਡਲ ਮੈਜਿਸਟ੍ਰੇਟ ਜਸਪ੍ਰੀਤ ਸਿੰਘ ਤੇ ਡੀ.ਐਸ.ਪੀ ਅਜੇ ਸਿੰਘ ਨੇ ਐੱਸ ਸਬ ਡਵੀਜ਼ਨ ਦੇ ਪਿੰਡ ਚੰਦਪੁਰ ਅਤੇ ਗੱਜਪੁਰ ਦਾ ਦੌਰਾ ਕਰਕੇ ਹੜ੍ਹ ਦੀ ਸੰਭਾਵੀ ਸਥਿਤੀ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵੱਲੋਂ ਹਰ ਤਰ੍ਹਾਂ ਦੇ ਸੁਚਾਰੂ ਪ੍ਰਬੰਧ ਕੀਤੇ ਹੋਏ ਹਨ। ਚੰਦਪੁਰ ਤੇ ਗੱਜਪੁਰ ਪਿੰਡ ਦਾ ਦੌਰਾ ਕਰਨ ਮੌਕੇ ਉਨ੍ਹਾਂ ਪਿੰਡਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਦੱਸਿਆ ਕਿ ਹੜ੍ਹ ਦੇ ਸੰਭਾਵੀ ਖ਼ਤਰੇ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਸ਼ਾਸਨ ਵੱਲੋਂ ਨਿਰੰਤਰ ਚੌਕਸੀ ਵਰਤੀ ਜਾ ਰਹੀ ਹੈ। ਲੋਕਾਂ ਦੇ ਜਾਨ ਮਾਲ ਦੀ ਸੁਰੱਖਿਆ ਲਈ ਅਧਿਕਾਰੀ ਵੱਲੋਂ ਲਗਾਤਾਰ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਨਿਰੀਖਣ ਕੀਤਾ ਜਾ ਰਿਹਾ ਹੈ। ਉਪ ਮੰਡਲ ਮੈਜਿਸਟ੍ਰੇਟ ਜਸਪ੍ਰੀਤ ਸਿੰਘ ਅਤੇ ਡੀ.ਐਸ.ਪੀ. ਅਜੇ ਸਿੰਘ ਖੁਦ ਮੌਕੇ 'ਤੇ ਪਹੁੰਚ ਕੇ ਪਿੰਡਾਂ ਦਾ ਦੌਰਾ ਕਰ ਰਹੇ ਹਨ ਅਤੇ ਲੋਕਾਂ ਨਾਲ ਤਾਲਮੇਲ ਕਰਦਿਆਂ ਜ਼ਰੂਰੀ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾ ਰਹੇ ਹਨ। ਤਹਿਸੀਲਦਾਰ ਕਮ ਫਲੱਡ ਕੰਟਰੋਲ ਅਫਸਰ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਟੈਲੀਫੋਨ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ, ਜਿਸ ਦਾ ਟੈਲੀਫੋਨ ਨੰਬਰ 01887-232015 ਹੈ।

# ਹੜ੍ਹ ਪੀੜਤਾਂ ਲਈ ਸਹਾਰਾ ਬਣਿਆ ਸਿੱਖਿਆ ਵਿਭਾਗ

**● ਸਕੂਲ ਨੂੰ ਰੈਸਕਿਊ ਸੈਂਟਰ 'ਚ ਕੀਤਾ ਤਬਦੀਲ**



**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਤਹਿਤ ਸਿੱਖਿਆ ਵਿਭਾਗ ਵੱਲੋਂ ਹੜ੍ਹ ਪੀੜਤ ਪਰਿਵਾਰਾਂ ਦੀ ਮਦਦ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸ ਸਿਲਸਿਲੇ ਵਿੱਚ ਸਰਕਾਰੀ ਹਾਈ ਸਕੂਲ ਮਿਆਣੀ, ਬਲਾਕ ਟਾਂਡਾ ਨੂੰ ਰੈਸਕਿਊ ਸੈਂਟਰ ਵਿੱਚ ਤਬਦੀਲ ਕੀਤਾ ਗਿਆ ਹੈ। ਇੱਥੇ ਹੜ੍ਹ ਦੀ ਮਾਰ ਹੇਠ ਆਏ ਅਨੇਕਾਂ ਪਰਵਾਰਾਂ ਨੂੰ ਅਸਥਾਈ ਠਿਕਾਣਾ ਪ੍ਰਦਾਨ ਕਰਵਾਇਆ ਗਿਆ ਹੈ। ਸਕੂਲ ਦੀ ਮੁੱਖ ਅਧਿਆਪਕਾ ਪਰਮਿੰਦਰ ਕੌਰ ਅਤੇ ਉਹਨਾਂ ਦੇ ਸਟਾਫ ਮੈਂਬਰ ਲਗਾਤਾਰ ਇਨ੍ਹਾਂ ਪਰਵਾਰਾਂ ਦੇ ਨਾਲ ਖੜ੍ਹੇ ਹੋਏ ਹਨ। ਉਹ ਨਾ ਸਿਰਫ਼ ਬੱਚਿਆਂ ਨਾਲ ਸਮਾਂ ਬਿਤਾ ਰਹੇ ਹਨ, ਸਗੋਂ ਪਰਵਾਰਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਹਰ ਸੰਭਵ ਹੱਲ ਵੀ ਕਰ ਰਹੇ ਹਨ। ਅਧਿਆਪਕ ਵਰਗ ਵੱਲੋਂ ਬੱਚਿਆਂ ਲਈ ਰੁਚਿਕਰ ਗਤੀਵਿਧੀਆਂ ਵੀ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਉਹ ਹੜ੍ਹ ਕਾਰਨ ਪੈਦਾ ਹੋਏ ਡਰ ਤੇ ਤਣਾਅ ਤੋਂ ਬਾਹਰ ਆ ਸਕਣ।ਪਰਵਾਰਾਂ ਵੱਲੋਂ ਵੀ ਜ਼ਿਲ੍ਹਾ ਪ੍ਰਸ਼ਾਸਨ ਤੇ ਅਧਿਆਪਕਾਂ ਦੇ ਯੋਗਦਾਨ ਦੀ ਸਰਾਹਨਾ ਕੀਤੀ ਗਈ ਹੈ।

# 'ਆਪ' ਪੰਜਾਬ ਦੇ ਗਰੀਬ ਲੋਕਾਂ ਦੇ ਰਾਸ਼ਨ 'ਤੇ ਡਾਕਾ ਨਹੀਂ ਵੱਜਣ ਦੇਵੇਗੀ



**ਕਾਲਾ ਸੰਘਿਆਂ (ਮਨਜੀਤ ਮਾਨ)**- ਹਲਕਾ ਨਕੋਦਰ 'ਚ ਆਮ ਆਦਮੀ ਪਾਰਟੀ ਵੱਲੋਂ ਜਸਵੀਰ ਸਿੰਘ ਧੰਜਲ ਹਲਕਾ ਸੰਗਠਨ ਇੰਚਾਰਜ, ਬਲਾਕ ਪ੍ਰਧਾਨ ਸੁਰਿੰਦਰ ਉੱਗੀ, ਬਲਾਕ ਪ੍ਰਧਾਨ ਕਰਨਬੀਰ ਸ਼ਰਮਾ, ਬਲਾਕ ਪ੍ਰਧਾਨ ਮੰਗਜੀਤ ਸਿੰਘ ਅਤੇ ਅਮਨਦੀਪ ਸਿੰਘ ਬਿੱਟੂ ਦੀ ਅਗਵਾਈ ਵਿੱਚ ਸ਼ਹਿਰ ਦੀਆਂ ਵਾਰਡਾਂ ਤੇ ਵੱਖ ਵੱਖ ਪਿੰਡਾਂ ਵਿੱਚ ਇੱਕ ਮੁਹਿੰਮ ਚਲਾਈ ਗਈ ਹੈ, ਜਿਸ ਵਿੱਚ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਵਿਤਕਰੇ ਤੇ ਪੰਜਾਬ ਦੇ 55 ਲੱਖ ਲੋਕਾਂ ਦੇ ਬਹਾਨੇ ਨਾਲ ਕਾਰਡ ਕੱਟਣ ਦੇ ਵਿਰੋਧ ਵਿੱਚ ਹਰ ਪਿੰਡ ਤੇ ਹਰ ਵਾਰਡ ਵਿੱਚ ਮੀਟਿੰਗਾਂ ਕੀਤੀਆਂ ਗਈਆਂ। ਇਸ ਵਿੱਚ ਇੱਕ ਪੋਸਟਰ ਮੁਹਿੰਮ ਵੀ ਸ਼ੁਰੂ ਕੀਤੀ ਗਈ। ਇਹ ਪੋਸਟਰ ਹਲਕਾ ਨਕੋਦਰ ਦੇ ਹਰ ਘਰ ਤੇ ਹਰ ਮੁਹੱਲੇ ਵਿੱਚ ਪਹੁੰਚਾਇਆ ਜਾਵੇਗਾ। ਲੋਕਾਂ ਨੂੰ ਦੱਸਿਆ ਜਾਵੇਗਾ ਕਿ ਕਿਸ ਤਰ੍ਹਾਂ ਕੇਂਦਰ ਸਰਕਾਰ ਧੋਖੇ ਨਾਲ ਪੰਜਾਬ ਦੇ ਲੋਕਾਂ ਨੂੰ ਰਾਸ਼ਨ ਤੋਂ ਵਾਂਝਿਆਂ ਰੱਖਣਾ ਚਾਹੁੰਦੀ ਹੈ। ਪੂਰੇ ਪੰਜਾਬ ਵਿੱਚ ਕੇਂਦਰ ਸਰਕਾਰ ਦੀ ਇਸ ਤਾਨਾਸ਼ਾਹੀ ਫਰਮਾਨ ਦੀ ਵਿਰੋਧਤਾ ਕੀਤੀ ਗਈ ਹੈ। ਇਹਨਾਂ ਮੀਟਿੰਗਾਂ ਵਿਚ ਆਮ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਮ ਲੋਕਾਂ ਦੇ ਹੱਕ ਵਿੱਚ ਉਠਾਈ ਗਈ ਆਵਾਜ਼ ਦਾ ਸਮਰਥਨ ਕੀਤਾ।

# ਹੜ੍ਹ ਪੀੜਤਾਂ ਲਈ 20 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਭੇਟ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਜੁਆਇੰਟ ਐਸੋਸੀਏਸ਼ਨ ਇੰਡਿਪੈਂਡੈਂਟ ਮੈਡੀਕਲ ਲੈਬੋਰੇਟਰੀ ਐਂਡ ਐਲਾਈਡ ਪ੍ਰੋਫੈਸ਼ਨਲ ਜੈ ਮਿਲਾਪ ਲੈਬੋਰੇਟਰੀ ਐਸੋਸੀਏਸ਼ਨ ਬਲਾਕ ਟਾਂਡਾ ਵੱਲੋਂ ਬਲਾਕ ਪ੍ਰਧਾਨ ਦੀਪਕ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਹੜ੍ਹ ਪੀੜਤਾਂ ਦੀ ਮਦਦ ਲਈ 20 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਭੇਟ ਕੀਤੀ ਗਈ। ਐਸੋਸੀਏਸ਼ਨ ਕੈਸ਼ੀਅਰ ਕਮਲਦੀਪ ਸਿੰਘ ਧੁੱਗਾ, ਗੁਰਪ੍ਰੀਤ ਸਿੰਘ, ਗੁਰਸਿਮਰਤ ਸਿੰਘ, ਸੁੱਖਵਿੰਦਰ ਲਾਲ, ਹਰਵੀਰ ਸਿੰਘ ਤੇ ਖੁਰਨਾ ਮੈਂਬਰਾਂ ਨੇ ਪੈਸੇ ਇਕੱਤਰ ਕਰਕੇ ਹੜ੍ਹ ਪੀੜਤਾਂ ਦੀ ਸੇਵਾ ਵਿੱਚ ਜੁੱਟੇ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਗੜਦੀਵਾਲ ਦੇ ਮੁੱਖ ਸੇਵਾਦਾਰ ਮਨਜੋਤ ਸਿੰਘ ਤਲਵੰਡੀ ਨੂੰ ਭੇਟ ਕੀਤੇ।ਭਾਈ ਮਨਜੋਤ ਸਿੰਘ ਤਲਵੰਡੀ ਨੇ ਐਸੋਸੀਏਸ਼ਨ ਦੇ ਮੈਂਬਰਾਂ ਦਾ ਧੰਨਵਾਦ ਕੀਤਾ।

# ਸਿਹਤ ਵਿਭਾਗ ਹੜ੍ਹ ਪ੍ਰਭਾਵਤ ਇਲਾਕਿਆਂ ਨੂੰ ਸਿਹਤ ਸਹੂਲਤਾਂ ਦੇਣ ਲਈ ਸਰਗਰਮ



**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਵਿੱਚ ਕੁਝ ਦਿਨਾਂ ਤੋਂ ਲਗਾਤਾਰ ਪੈ ਰਹੇ ਮੀਂਹ ਦੇ ਕਾਰਨ ਹੜ੍ਹਾਂ ਦੀ ਸਥਿਤੀ ਨੂੰ ਮੱਦੇਨਜਰ ਰੱਖਦਿਆਂ ਸਿਹਤ ਵਿਭਾਗ ਪੂਰੀ ਤਰ੍ਹਾਂ ਸਰਗਰਮ ਹੈ। ਜਿਸ ਦੇ ਚੱਲਦਿਆਂ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਕਪੂਰਥਲਾ ਦੇ ਸਿਵਲ ਸਰਜਨ ਡਾ. ਹਰਪਾਲ ਸਿੰਘ ਦੀ ਯੋਗ ਅਗਵਾਈ ਹੇਠ ਸੀਨੀਅਰ ਮੈਡੀਕਲ ਅਫਸਰ ਢਿੱਲਵਾਂ ਡਾਕਟਰ ਪ੍ਰੇਮ ਕੁਮਾਰ ਵੱਲੋਂ ਬਲਾਕ ਢਿੱਲਵਾਂ ਅਧੀਨ ਆਉਂਦੇ ਹੜ੍ਹ ਪ੍ਰਭਾਵਿਤ ਪਿੰਡਾਂ ਬੁਤਾਲਾ ਮੰਡ, ਮੰਡ ਤਲਵੰਡੀ ਕੂਕਾ ਆਦਿ ਥਾਂਵਾਂ ਦਾ ਦੌਰਾ ਕੀਤਾ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਅਤੇ ਸਿਹਤ ਵਿਭਾਗ ਦੀ ਟੀਮ ਵੱਲੋਂ ਸਮੇਂ-ਸਮੇਂ ਸਿਰ ਦੌਰਾ ਕਰ ਕੇ ਜ਼ਮੀਨੀ ਪੱਧਰ ਤੇ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 108 ਐਂਬੂਲੈਂਸ ਸੇਵਾਵਾਂ, ਐਮ ਐਮ ਯੂ, ਮੋਬਾਇਲ ਟੀਮਾਂ ਆਦਿ ਮੁਫਤ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸਿਹਤ ਵਿਭਾਗ ਦੀ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਆਮ ਲੋਕਾਂ ਨੂੰ ਮੌਸਮੀ ਬੀਮਾਰੀਆਂ, ਡੇਂਗੂ, ਮਲੇਰੀਆ, ਡਾਇਰੀਆ ਆਦਿ ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਲੋਕ ਬਿਮਾਰੀਆਂ ਤੋਂ ਸੁਰੱਖਿਅਤ ਰਹਿ ਸਕਣ।

**ਮੈਡੀਕਲ ਟੀਮਾਂ 24 ਘੰਟਿਆਂ ਲਈ ਤੈਨਾਤ**

ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਵੀ ਸਿਹਤ ਸਮੱਸਿਆ ਨਾ ਆਵੇ ਇਸ ਨੂੰ ਯਕੀਨੀ ਬਣਾਉਣ ਲਈ ਸਿਹਤ ਵਿਭਾਗ ਵੱਲੋਂ 24 ਘੰਟਿਆਂ ਲਈ ਮੈਡੀਕਲ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ। ਮੈਡੀਕਲ ਟੀਮਾਂ ਵੱਲੋਂ ਕੈਂਪ ਲਗਾ ਕਿ ਲੋੜਵੰਦ ਲੋਕਾਂ/ਮਰੀਜ਼ਾਂ ਨੂੰ ਮੁਫਤ ਦਵਾਈਆਂ ਅਤੇ ਡਾਕਟਰੀ ਜਾਂਚ ਆਦਿ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਵਸਨੀਕਾਂ ਲੋਕਾਂ ਵੱਲੋਂ ਸਿਹਤ ਵਿਭਾਗ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ ਜਾ ਰਹੀ ਹੈ।

# ਦੁੱਧ ਉਤਪਾਦਕਾਂ ਨੂੰ ਮੁਆਵਜ਼ੇ ਦੇ ਚੈੱਕ ਭੇਟ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**- ਵੇਰਕਾ ਮਿਲਕ ਪਲਾਂਟ ਮੋਹਾਲੀ ਦੇ ਡਾਇਰੈਕਟਰ ਸੁਰਜੀਤ ਸਿੰਘ ਕਾਹਲੋਂ ਵੱਲੋ ਇਲਾਕੇ ਦੀਆਂ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਦੇ ਅਹੁਦੇਦਾਰਾ ਅਤੇ ਮੈਂਬਰਾਂ ਨਾਲ ਵੱਖ ਵੱਖ ਸਕੀਮਾਂ ਸਬੰਧੀ ਗੱਲਬਾਤ ਕੀਤੀ ਗਈ। ਕਾਹਲੋਂ ਨੇ ਕਿਹਾ ਕਿ ਵੇਰਕਾ ਮਿਲਕ ਪਲਾਂਟ ਵੱਲੋਂ ਦੁੱਧ ਉਤਪਾਦਕਾਂ ਅਤੇ ਕਿਸਾਨਾਂ ਲਈ ਨਿੱਤ ਦਿਨ ਨਵੀਆਂ ਸਕੀਮਾਂ ਲਾਗੂ ਕੀਤਾ ਜਾ ਰਿਹਾ ਹੈ ਜਿਸ ਲਈ ਕਿਸਾਨਾ ਨੂੰ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਇਸ ਮੌਕੇ ਕਾਹਲੋਂ ਵਲੋ ਪਿੰਡ ਹਾਜੀਪੁਰ ਅਤੇ ਕੁਲਗਰਾਂ ਦੇ ਦੁੱਧ ਉਪਾਦਕਾਂ ਨੂੰ ਪਿੱਛਲੇ ਕੁੱਝ ਸਮੇਂ ਪਹਿਲਾਂ ਮਰ ਗਏ ਦੁੱਧਾਰੂ ਪਸ਼ੂਆਂ ਦੇ ਚੈੱਕ ਤਕਸੀਮ ਕੀਤੇ ਗਏ। ਜਿਸ ਵਿਚ ਬਿਮਲਾ ਦੇਵੀ ਪਤਨੀ ਗੁਰਨੇਕ ਸਿੰਘ ਪਿੰਡ ਹਾਜੀਪੁਰ ਨੂੰ ਮਰੀ ਹੋਈ ਗਾਂ ਦਾ 30 ਹਜ਼ਾਰ ਦੇ ਮੁਆਵਜੇ ਦਾ ਚੈੱਕ ਅਤੇ ਪ੍ਰੇਮ ਕੁਮਾਰ ਪੁੱਤਰ ਸੀਤਾ ਰਾਮ ਪਿੰਡ ਕੁਲਗਰਾ ਨੂੰ ਮਰੀਆ ਹੋਈਆ ਦੋ ਮੱਝਾਂ ਦਾ 80 ਹਜ਼ਾਰ ਦੇ ਮੁਆਵਜੇ ਦਾ ਚੈੱਕ ਭੇਟ ਕੀਤਾ। ਇਸ ਮੌਕੇ ਡਾਇਰੈਕਟਰ ਸੁਰਜੀਤ ਸਿੰਘ ਕਾਹਲੋ ਦੇ ਨਾਲ ਡਿਪਟੀ ਮੈਨੇਜਰ ਤਜਿੰਦਰ ਸਿੰਘ, ਐੱਮ ਪੀ ਐੱਸ ਸਤਵਿੰਦਰ ਸਿੰਘ, ਰਕੇਸ਼ ਕੁਮਾਰ ਚੈਅਰਮੈਨ ਬਲਾਕ ਸੰਮਤੀ, ਚੌਧਰੀ ਮੋਹਣ ਲਾਲ ਮਹਿਲਮਾ, ਗੁਰਜਿੰਦਰ ਸਿੰਘ ਸ਼ੋਕਰ, ਅਰਵਿੰਦ ਸਿੰਘ ਜੈਲਦਾਰ, ਸਕੱਤਰ ਬਲਵੰਤ ਸਿੰਘ, ਗੁਰਨਾਮ ਸਿੰਘ ਪ੍ਰਧਾਨ, ਮੀਤ ਪ੍ਰਧਾਨ ਰਕੇਸ਼ ਕੁਮਾਰ, ਗੁਰਮੇਲ ਸਿੰਘ ਮੈਂਬਰ, ਗੁਰਜਿੰਦਰ ਸਿੰਘ ਛੋਕਰ ਆਦਿ ਹਾਜ਼ਰ ਸਨ।



# ਸੰਤ ਮਾਹਨ ਦਾਸ ਦੇ ਜਨਮ ਉਤਸਵ ਸਮਾਗਮ 31 ਨੂੰ ਮਨਾਏ ਜਾਣਗੇ : ਸੰਤ ਬਲਵੀਰ ਦਾਸ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਸ੍ਰੀਮਾਨ 108 ਸੰਤ ਮਾਹਨ ਦਾਸ ਜੀ ਦੇ ਜਨਮ ਦਿਨ ਸਮਾਗਮ 31 ਅਗਸਤ ਨੂੰ ਡੇਰਾ ਮਹਾਨਪੁਰੀ ਸਾਹਰੀ ਵਿਖੇ ਇਲਾਕਾ ਨਿਵਾਸੀ ਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਏ ਜਾਣਗੇ। ਡੇਰੇ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਨੇ ਸਮਾਗਮਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 29 ਅਗਸਤ ਦਿਨ ਸ਼ੁਕਰਵਾਰ ਨੂੰ ਡੇਰਾ ਮਹਾਨਪੁਰੀ ਸਾਹਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 31 ਅਗਸਤ ਦਿਨ ਐਤਵਾਰ ਸਵੇਰੇ 9 ਵਜੇ ਭੋਗ ਪਾਏ ਜਾਣਗੇ। ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰੀ ਜਥੇ, ਕਥਾ ਵਾਚਕਾਂ ਤੋਂ ਇਲਾਵਾ ਭਾਈ ਗੁਰਦੇਵ ਸਿੰਘ ਮੁਬਾਰਕਪੁਰ ਨਵਾਂਸ਼ਹਿਰ, ਭਾਈ ਹੀਰਾ ਸਿੰਘ ਮਾਨਕ ਢੇਰੀ, ਸੁਖਵੀਰ ਸਿੰਘ ਚੌਹਾਨ ਢਾਡੀ ਤੇ ਰਾਗੀ ਜਥੇ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕਰਨਗੇ। ਸੰਤ ਬਲਵੀਰ ਦਾਸ ਨੇ ਦੱਸਿਆ ਕਿ ਡੇਰਾ ਮਹਾਨ ਪੁਰੀ ਸਾਹਰੀ ਵਿਖੇ ਅੱਖਾਂ ਦਾ ਵਿਸ਼ਾਲ ਮੁਫਤ ਚੈੱਕਅਪ ਕੈਂਪ ਵੀ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਅੱਖਾਂ ਦੀਆਂ ਬੀਮਾਰੀਆਂ ਦੇ ਮਾਹਿਰ ਡਾਕਟਰ ਮੁਆਇਨਾ ਕਰਕੇ ਦਵਾਈਆਂ ਵੀ ਦੇਣਗੇ।

# ਪੀਣ ਵਾਲੇ ਪਾਣੀ ਦੇ ਬਿੱਲ ਨਾ ਅਦਾ ਕਰਨ 'ਤੇ ਹੋਵੇਗੀ ਕਾਰਵਾਈ

**ਮਾਹਿਲਪੁਰ (ਸ.ਫ਼ਰੀ)**- ਸਬ ਡਵੀਜ਼ਨਲ ਅਫ਼ਸਰ ਜਲ ਸਪਲਾਈ ਮਾਹਿਲਪੁਰ ਨੇ ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਇਕ ਲਿਖਤੀ ਨੋਟਿਸ ਜਾਰੀ ਕੀਤਾ ਹੈ ਕਿ ਜਿਹੜੇ ਜਲ ਸਪਲਾਈ ਖ਼ਪਤਕਾਰਾਂ ਨੇ ਕਾਫੀ ਸਮੇਂ ਤੋਂ ਬਿਲ ਦੀ ਅਦਾਇਗੀ ਨਹੀਂ ਕੀਤੀ ਉਹਨਾਂ ਤੇ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਜ਼ਿਲ੍ਹਾ ਅਤੇ ਸਬ ਡਵੀਜ਼ਨਲ ਪੱਧਰ ਤੇ ਮਿਤੀ 13.09.2025 ਨੂੰ ਪਾਣੀ ਦੇ ਬਕਾਇਆ ਬਿਲਾਂ ਸਬੰਧੀ ਲੋਕ ਅਦਾਲਤ ਲਗਾਈ ਜਾਣੀ ਹੈ ਜਿਸ ਵਿਚ ਪਾਣੀ ਦੇ ਬਕਾਇਆ ਬਿੱਲ ਜਮ੍ਹਾਂ ਕਰਵਾਏ ਜਾਣ, ਖਪਤਕਾਰਾਂ ਵਲੋਂ ਅਜਿਹਾ ਨਾ ਕਰਨ ਤੇ ਡਿਫਾਲਟ ਖ਼ਪਤਕਾਰਾਂ ਦੀ ਲਿਸਟ ਲੋਕ ਅਦਾਲਤ ਵਿੱਚ ਪੇਸ਼ ਕਰ ਦਿਤੀ ਜਾਵੇਗੀ। ਇਸ ਲਈ 13.09.2025 ਤੋਂ ਪਹਿਲਾਂ ਪਹਿਲਾਂ ਜੋ ਪਾਣੀ ਦਾ ਬਿਲ ਦਫ਼ਤਰ ਮਾਹਿਲਪੁਰ ਜਮਾਂ ਕਰਵਾਏਗਾ ਉਹ ਮਾਣਯੋਗ ਅਦਾਲਤ ਵਲੋਂ ਹੋਣ ਵਾਲੀ ਕਿਸੇ ਵੀ ਪ੍ਰਕਾਰ ਦੀ ਕਾਰਵਾਈ ਬਚ ਸਕਦਾ ਹੈ।

# ਜੰਡਿਆਲੀ ਦੇ ਨੌਜਵਾਨ ਨੇ ਸ਼ੱਕੀ ਹਾਲਾਤ 'ਚ ਕੀਤੀ ਖੁਦਕੁਸ਼ੀ



**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਥਾਣਾ ਬਹਿਰਾਮ ਅਧੀਨ ਆਉਂਦੇ ਪਿੰਡ ਜੰਡਿਆਲੀ ਦੇ ਇੱਕ ਨੌਜਵਾਨ ਹਰਪ੍ਰੀਤ ਵੱਲੋਂ ਸ਼ੱਕੀ ਹਾਲਤ ਵਿਚ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਈ। ਏ ਐੱਸ ਆਈ ਸਤਨਾਮ ਸਿੰਘ ਇੰਚਾਰਜ ਪੁਲਿਸ ਚੌਕੀ ਮੇਹਲੀ ਨੇ ਦੱਸਿਆ ਕਿ ਅਮਰਜੀਤ ਨੇ ਬਿਆਨ ਦਰਜ ਕਰਾਇਆ ਕਿ ਉਸ ਦਾ ਪੁੱਤਰ ਹਰਪ੍ਰੀਤ 24 ਸਾਲ, ਜੋ ਮਿਹਨਤ ਮਜ਼ਦੂਰੀ ਦਾ ਕੰਮ ਕਰਦਾ ਸੀ ਨੇ ਬੀਤੇ ਦਿਨ ਸਵੇਰੇ ਪੰਜ ਵਜੇ ਅਤੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਈ। ਉਨ੍ਹਾਂ ਦੱਸਿਆ ਕਿ ਉਹ ਇਕ ਔਰਤ ਬਲਵੀਰ ਕੌਰ ਦੇ ਘਰ ਪੈਸੇ ਲੈਣ ਗਿਆ ਸੀ। ਜਿੱਥੇ ਉਸ ਨੂੰ ਬਲਵੀਰ ਕੌਰ ਦਾ ਲੜਕਾ ਜਸਵੀਰ ਤੇ ਉਸ ਦੇ ਦੋਸਤਾਂ ਨੇ ਸ਼ੱਕ ਕਰ ਕੇ ਉਸ ਦੀ ਕੁੱਟਮਾਰ ਕੀਤੀ ਤੇ ਵੀਡੀਓ ਬਣਾਈ। ਅਮਰਜੀਤ ਨੇ ਉਕਤ ਵਿਅਕਤੀਆਂ ਵੱਲੋਂ ਕੀਤੀ ਕੁੱਟਮਾਰ ਦੀ ਵੀਡੀਓ ਫੋਨ 'ਚ ਬਣਾਈ ਤੇ ਉਸ ਨੂੰ ਜਾਨੋ ਮਾਰਨ ਦੀਆਂ ਧਮਕੀਆਂ ਦੇਣ ਕਰਕੇ ਡਰਦੇ ਮਾਰੇ ਉਸ ਨੇ ਆਪਣੀ ਜੀਵਨ ਲੀਲ੍ਹਾ ਖਤਮ ਕੀਤੀ। ਅਮਰਜੀਤ ਨੇ ਕਿਹਾ ਕਿ ਜਦੋਂ ਹਰਪ੍ਰੀਤ ਦਾ ਮੋਬਾਇਲ ਚੈੱਕ ਕੀਤਾ ਤਾਂ ਉਸ ਵੱਲੋਂ ਇੱਕ ਲਿਖਤੀ ਮੈਸੇਜ ਪੰਜਾਬੀ ਵਿਚ ਲਿਖਿਆ ਸੀ ਜਿਸ ਵਿਚ ਉਕਤ ਵਿਅਕਤੀਆਂ ਦਾ ਨਾਂਅ ਉਸ ਨੂੰ ਮਰਨ ਲਈ ਮਜਬੂਰ ਕਰਨ ਬਾਰੇ ਲਿਖਿਆ ਹੈ। ਪੁਲਸ ਥਾਣਾ ਬਹਿਰਾਮ ਦੇ ਐੱਸ ਐੱਚ ਓ ਇੰਸਪੈਕਟਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਅਮਰਜੀਤ ਦੇ ਬਿਆਨਾਂ 'ਤੇ ਕਥਿਤ ਮੁਲਜ਼ਮਾਂ ਖਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਹੜ੍ਹਾਂ ਕਾਰਨ ਫ਼ਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਹਰ ਕਿਸਾਨ ਨੂੰ ਮਿਲੇਗਾ : ਮੁੰਡੀਆਂ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੰਜਾਬ ਸਰਕਾਰ ਹੜ੍ਹਾਂ ਕਾਰਨ ਫ਼ਸਲਾਂ ਦੇ ਹੋਏ ਨੁਕਸਾਨ ਦਾ ਹਰ ਕਿਸਾਨ ਨੂੰ ਪੂਰਾ ਮੁਆਜ਼ਾ ਦਿੱਤਾ ਜਾਵੇਗਾ। ਸੁਲਤਾਨਪੁਰ ਲੋਧੀ ਵਿਖੇ ਹੜ੍ਹ ਪੀੜਤਾਂ ਦੀ ਸਾਰ ਲੈਣ ਤੇ ਰਾਹਤ ਕੰਮਾਂ ਦੀ ਸਮੀਖਿਆ ਕਰਨ ਪੁੱਜੇ ਮਾਲ ਮੰਤਰੀ ਮੁੰਡੀਆਂ ਨੇ ਕਿਹਾ ਕਿ ਇਹ ਕੁਦਰਤੀ ਆਫ਼ਤ ਹੈ ਤੇ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਪੈਸ਼ਲ ਗਿਰਦਾਵਰੀ ਦੇ ਹੁਕਮ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ ਅਤੇ ਇਸ ਕੰਮ ਨੂੰ ਜਲਦ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਮਾਲ ਅਫ਼ਸਰ ਅਤੇ ਨਾਇਬ ਤਹਿਸੀਲਦਾਰ ਵਿਸ਼ੇਸ਼ ਤੌਰ 'ਤੇ ਤਾਇਨਾਤ ਕੀਤੇ ਗਏ ਹਨ। ਇਹ ਨਾਇਬ ਤਹਿਸੀਲਦਾਰ ਕੇਵਲ ਸਪੈਸ਼ਲ ਗਿਰਦਾਵਰੀ ਦਾ ਕੰਮ ਹੀ ਦੇਖਣਗੇ। ਕੈਬਨਿਟ ਮੰਤਰੀ ਵੱਲੋਂ ਪਿੰਡ ਆਹਲੀ ਕਲਾਂ, ਆਹਲੀ ਖੁਰਦ ਅਤੇ ਬਾਊਪੁਰ ਦਾ ਦੌਰਾ ਕੀਤਾ ਗਿਆ।

# ਲੋੜਵੰਦ ਪਰਵਾਰਾਂ ਦੇ ਰਾਸ਼ਨ ਕਾਰਡ ਕੱਟਣ 'ਤੇ ਭਾਜਪਾ ਦਾ ਕੀਤਾ ਵਿਰੋਧ



**ਆਦਮਪੁਰ (ਪਰਮਜੀਤ ਸਿੰਘ)**- ਪੰਜਾਬ ਦੇ ਲੋੜਵੰਦ ਲੋਕਾਂ ਦੇ ਕਰੀਬ 55 ਲੱਖ ਰਾਸ਼ਨ ਕਾਰਡ ਕੱਟਣ ਦੇ ਵਿਰੋਧ ਵਿਚ 'ਆਪ' ਤੋਂ ਦਲਜੀਤ ਸਿੰਘ ਮਿਨਹਾਸ ਕੁਆਡੀਨੇਟਰ ਨਸ਼ਾ ਮੁਕਤੀ ਕੇਂਦਰ ਆਦਮਪੁਰ ਵੱਲੋਂ ਪਾਰਟੀ ਦਫਤਰ ਆਦਮਪੁਰ ਵਿਖੇ ਕੀਤੀ ਮੀਟਿੰਗ ਦੌਰਾਨ ਦੱਸਿਆ ਕਿ ਇਕ ਪਾਸੇ ਤਾਂ ਭਾਜਪਾ ਸਰਕਾਰ ਆਪਣੇ ਵਰਕਰਾਂ ਦੁਆਰਾ ਗਰੀਬ ਲੋਕਾਂ ਨੂੰ ਭਰਮਾਉਣ ਲਈ ਪਿੰਡ ਵਿੱਚ ਕੈਂਪ ਲਗਾ ਰਹੇ ਹੈ ਪਰ ਦੂਜੇ ਪਾਸੇ ਕੇਂਦਰ ਸਰਕਾਰ ਗਰੀਬ ਲੋਕਾਂ ਦੇ ਹੱਕਾਂ 'ਤੇ ਡਾਕਾ ਮਾਰਕੇ ਉਨ੍ਹਾਂ ਦੇ ਰਾਸ਼ਨ ਕਾਰਡ ਕੱਟ ਰਹੀ ਹੈ। ਕੇਂਦਰ ਦੀ ਗਰੀਬ ਮਾਰੂ ਦੋਗਲੀ ਨੀਤੀ ਦੇ ਵਿਰੋਧ ਵਿੱਚ ਭਾਜਪਾ ਦੇ ਖ਼ਿਲਾਫ਼ ਨਸ਼ਾ ਮੁਕਤੀ ਮੈਂਬਰਾਂ ਵੱਲੋਂ ਵੋਟ ਚੋਰੀ ਤੇ ਗਰੀਬਾਂ ਦਾ ਰਾਸ਼ਨ ਚੋਰੀ ਦੇ ਪੋਸਟਰ ਹੱਥਾਂ ਵਿੱਚ ਫੜ ਕੇ ਭਾਜਪਾ ਦਾ ਵਿਰੋਧ ਕੀਤਾ। ਵਿਰੋਧ ਕਰਨ ਸਮੇਂ ਦਿਲਜੀਤ ਮਿਨਹਾਸ ਸਮੇਤ ਨਸ਼ਾ ਮੁਕਤੀ ਦੇ ਮੈਂਬਰ ਹਾਜ਼ਰ ਸਨ।

# ਤਲਵੰਡੀ ਡੱਡੀਆਂ ਵਿਖੇ ਭਾਜਪਾ ਦੀ ਮੀਟਿੰਗ ਹੋਈ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਭਾਰਤੀ ਜਨਤਾ ਪਾਰਟੀ ਦੀ ਮੀਟਿੰਗ ਤਲਵੰਡੀ ਡੱਡੀਆਂ ਵਿੱਚ ਹੋਈ। ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਜਵਾਹਰ ਖੁਰਾਣਾ ਸਾਬਕਾ ਚੇਅਰਮੈਨ ਤੇ ਪੰਜਾਬ ਸਟੇਟ ਕਾਰਜਕਾਰਨੀ ਮੈਂਬਰ ਬੀਜੇਪੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਜਵਾਹਰ ਖੁਰਾਣਾ ਨੇ ਭਾਜਪਾ ਵਰਕਰਾਂ ਨੂੰ ਜਿੱਥੇ ਕੇਂਦਰ ਸਰਕਾਰ ਦੀਆਂ ਨੀਤੀਆਂ ਸਬੰਧੀ ਜਾਣੂ ਕਰਵਾਇਆ ਉੱਥੇ ਹੀ ਉਹਨਾਂ ਆਖਿਆ ਕਿ ਹਰਿਆਣਾ ਸਰਕਾਰ ਵੱਲੋਂ ਪੰਜਾਬ ਦੇ ਵਿੱਚ ਹੋਏ 84 ਦੇ ਹਮਲਿਆਂ 'ਤੇ ਤੁਰੰਤ ਵਿੱਚ ਜਿਹੜੇ ਵੀ ਲੋਕ ਆਪਣੀਆਂ ਜਾਨਾਂ ਗਵਾ ਬੈਠੇ ਸਨ ਉਹਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ। ਇਸੇ ਤਰ੍ਹਾਂ ਹੀ ਹੁਣ ਪੰਜਾਬ ਸਰਕਾਰ ਦਾ ਵੀ ਫਰਜ਼ ਬਣਦਾ ਹੈ ਕਿ ਅੱਤਵਾਦੀ ਹਮਲੇ ਜਾਂ ਅੱਤਵਾਦ ਦਾ ਸ਼ਿਕਾਰ ਹੋਏ ਲੋਕਾਂ ਨੂੰ ਤੁਰੰਤ ਨੌਕਰੀਆਂ ਦੇਣੀਆਂ ਚਾਹੀਦੀਆਂ, ਚਾਹੇ ਉਹ ਕਿਸੇ ਵੀ ਸਮਾਜ ਨਾਲ ਸੰਬੰਧਤ ਹੋਣ। ਇਸ ਮੌਕੇ ਚੇਅਰਮੈਨ ਜਵਾਹਰ ਖੁਰਾਣਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੌਜੂਦਾ ਹੜ੍ਹਾਂ ਦੇ ਹਾਲਾਤਾਂ ਵਿੱਚ ਘਿਰ ਹੋਏ ਲੋਕਾਂ ਦੀ ਵੱਧ ਤੋਂ ਵੱਧ ਮਦਦ ਕਰਦੇ ਹੋਏ ਉਹਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਬਗੀਚਾ ਸਿੰਘ, ਸਨੀ ਡੱਡੀਆਂ, ਕਸ਼ਮੀਰ ਸਿੰਘ, ਰਾਵਲ ਸਿੰਘ, ਪਿਆਰ ਸਿੰਘ, ਗੁਰਨਾਮ ਸਿੰਘ, ਪ੍ਰੀਤਮ ਸਿੰਘ, ਮਹਿੰਦਰ ਸਿੰਘ, ਜਰਨੈਲ ਸਿੰਘ ਆਦਿ ਵੀ ਹਾਜ਼ਰ ਸਨ।

# ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਆਪ ਦੀ ਜਿੱਤ ਯਕੀਨੀ : ਸ਼ਿਵਕਰਨ



**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਆਪ ਦੀ ਜਿੱਤ ਪੱਕੀ ਹੋਵੇਗੀ। ਪਾਰਟੀ ਵੱਲੋਂ ਹਰ ਸੀਟ 'ਤੇ ਚੰਗੀ ਸੋਚ ਵਾਲੇ ਜਨ ਹਿਤੈਸ਼ੀ ਉਮੀਦਵਾਰਾਂ ਨੂੰ ਉਤਾਰਿਆ ਜਾਵੇਗਾ। ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਦੀਆਂ ਸਾਰੀਆਂ ਸੀਟਾਂ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਹ ਬਿਆਨ ਆਮ ਆਦਮੀ ਪਾਰਟੀ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਬੀ ਸੀ ਵਿੰਗ ਪੰਜਾਬ ਦੇ ਪ੍ਰਧਾਨ ਸ਼ਿਵਕਰਨ ਚੇਚੀ ਵੱਲੋਂ ਇੱਕ ਪ੍ਰੈਸ ਵਾਰਤਾ ਦੌਰਾਨ ਬਿਆਨ ਵਿੱਚ ਕਹੇ। ਉਹਨਾਂ ਕਿਹਾ ਕਿ ਪਿਛਲੇ 3 ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਦੇ ਹਿੱਤ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਚੰਗੀ ਸੇਵਾਵਾਂ ਦਿੱਤੀਆਂ ਹਨ। ਇਨ੍ਹਾਂ ਕੰਮਾਂ ਦੇ ਦਮ 'ਤੇ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਨਗੇ। ਲੋਕ ਸਰਕਾਰ ਦੇ ਕੰਮਾਂ ਤੋਂ ਬਹੁਤ ਖੁਸ਼ ਹਨ। ਪੰਜਾਬ ਵਿਚ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਹਰ ਵਰਕਰ ਅਤੇ ਨੇਤਾ ਨੂੰ ਸਪੱਸ਼ਟ ਆਦੇਸ਼ ਦਿੱਤੇ ਹਨ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿਚ ਕੋਈ ਕਮੀ ਨਹੀਂ ਹੋਣੀ ਚਾਹੀਦੀ। ਇਸ ਤੋਂ ਇਲਾਵਾ ਸੀ ਐਮ ਭਗਵੰਤ ਮਾਨ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਲਾਗੂ ਕਰਨ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ। ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਦਾ ਹਰ ਵਰਕਰ ਜਿੱਤ ਲਈ ਪੂਰਾ ਯੋਗਦਾਨ ਪਾਏਗਾ।

# ਸਰਪੰਚ ਸਤਪਾਲ ਸਿੰਘ ਮੁਲਤਾਨੀ ਨੇ ਹੜ੍ਹ ਪੀੜਤਾਂ ਨੂੰ ਵੰਡੀ ਰਾਹਤ ਸਮੱਗਰੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਟਾਂਡਾ ਹਲਕੇ ਨਾਲ ਸੰਬੰਧਿਤ ਉੱਘੇ ਸਮਾਜ ਸੇਵਕ, ਅਕਾਲੀ ਆਗੂ ਅਤੇ ਸਰਪੰਚ ਸਤਪਾਲ ਸਿੰਘ ਮੁਲਤਾਨੀ ਵੱਲੋਂ ਬਾਬਾ ਜਗਦੀਪ ਸਿੰਘ ਜੀ ਕਾਰ ਸੇਵਾ ਵਾਲੇ, ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸਾਬਕਾ ਮੰਤਰੀ ਪੰਜਾਬ ਚੌਧਰੀ ਬਲਵੀਰ ਸਿੰਘ ਮਿਆਣੀ, ਗੁਰਮੁਖ ਸਿੰਘ ਘੁੰਮਣ,ਦਲਿਤ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ ਤੇ ਹੋਰ ਸਾਥੀਆਂ ਸਮੇਤ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕਰਕੇ ਹੜ ਪੀੜਤ ਲੋਕਾਂ ਨੂੰ ਵੱਖ-ਵੱਖ ਤਰ੍ਹਾਂ ਦਾ ਰਾਸ਼ਨ ਰਾਸ਼ਨ ਵੰਡਿਆ। ਇਸ ਮੌਕੇ ਤੇ ਉਹਨਾਂ ਨਾਲ ਹਾਜ਼ਰ ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਨੇ ਸਮਾਜ ਸੇਵਕ ਸਤਪਾਲ ਸਿੰਘ ਮੁਲਤਾਨੀ ਦੀ ਸ਼ਲਾਘਾ ਕੀਤੀ। ਸ੍ਰੀ ਸਤਪਾਲ ਮੁਲਤਾਨੀ ਨੇ ਦੱਸਿਆ ਕਿ ਇਸ ਸਮਗਰੀ ਵਿੱਚ ਪਸ਼ੂਆਂ ਵਾਸਤੇ ਚਾਰਾ,ਲੰਗਰ, ਪੀਣ ਵਾਲਾ ਪਾਣੀ ਤੇ ਹੋਰ ਸਮੱਗਰੀ ਹੜ੍ਹ ਪੀੜਤ ਲੋਕਾਂ ਨੂੰ ਵੰਡੀ ਗਈ।

**ਜਨਮ ਦਿਨ ਮੁਬਾਰਕ**


ਕੋਮਲ ਸਰੋਏ
ਜਲੰਧਰ


ਲਵਲੀਨ ਕੌਰ
ਲੁਧਿਆਣਾ

# ਜੁਰਮਾਨੇ ਤੋਂ ਛੋਟ ਪ੍ਰਾਪਤ ਕਰਨ ਲਈ 31 ਤੱਕ ਜਮ੍ਹਾਂ ਕਰਵਾਓ ਪ੍ਰਾਪਰਟੀ ਟੈਕਸ : ਮੱਟੂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਮਿਸ਼ਨਰ ਨਗਰ ਨਿਗਮ ਜਯੋਤੀ ਬਾਲਾ ਮੱਟੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਦੀ ਓ ਟੀ ਐੱਸ (ਵਨ ਟਾਈਮ ਸੈਟਲਮੈਂਟ) ਸਕੀਮ ਤਹਿਤ ਲੋਕਾਂ ਨੂੰ ਪ੍ਰਾਪਰਟੀ ਟੈਕਸ ਜਮ੍ਹਾ ਨਾ ਕਰਵਾਉਣ 'ਤੇ ਲੱਗੇ ਜ਼ੁਰਮਾਨੇ ਤੇ ਵਿਆਜ਼ 'ਤੇ 100 ਫੀਸਦੀ ਛੋਟ ਦਿੱਤੀ ਗਈ ਹੈ, ਜਿਸ ਤਹਿਤ 31 ਜੁਲਾਈ ਤੱਕ ਇਸ ਸਕੀਮ ਨੂੰ ਲਾਗੂ ਕੀਤਾ ਗਿਆ ਸੀ, ਪਰ ਲੋਕਾਂ ਵੱਲੋਂ ਇਸ ਸਕੀਮ ਨੂੰ ਮਿਲ ਰਹੇ ਲੋਕਾਂ ਦੇ ਉਤਸ਼ਾਹ ਨੂੰ ਦੇਖਦੇ ਹੋਏ ਅਤੇ ਜਮ੍ਹਾ ਹੋਏ ਭਾਰੀ ਟੈਕਸ ਕਾਰਨ ਸਰਕਾਰ ਵੱਲੋਂ ਇਸ ਸਕੀਮ ਨੂੰ 31 ਅਗਸਤ ਤੱਕ ਵਧਾ ਦਿੱਤਾ ਗਿਆ ਹੈ। ਉਨ੍ਹਾਂ ਆਮ ਪਬਲਿਕ ਨੂੰ ਅਪੀਲ ਕੀਤੀ ਕਿ ਉਹ ਆਪਣਾ ਬਣਦਾ ਪ੍ਰਾਪਰਟੀ ਟੈਕਸ ਇਕਮੁਸ਼ਤ ਜਮ੍ਹਾ ਕਰਵਾ ਕੇ 100 ਫੀਸਦੀ ਜ਼ੁਰਮਾਨੇ ਅਤੇ ਵਿਆਜ਼ ਤੋਂ ਛੋਟ ਪ੍ਰਾਪਤ ਕਰਕੇ ਇਸ ਸਕੀਮ ਦਾ ਵੱਧ ਤੋ ਵੱਧ ਲਾਭ ਉਠਾਉਣ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਆਮ ਪਬਲਿਕ ਦੀ ਸਹੂਲਤ ਲਈ 27 ਅਗਸਤ ਤੋਂ 31 ਅਗਸਤ ਤੱਕ (ਸਮੇਤ ਸ਼ਨੀਵਾਰ ਅਤੇ ਐਤਵਾਰ) ਸਪੈਸ਼ਲ ਕਾਊਂਟਰ ਸਵੇਰੇ 9.00 ਵਜੇ ਤੋਂ ਦੁਪਹਿਰ 3.00 ਵਜੇ ਤੱਕ ਖੁੱਲ੍ਹੇ ਰਹਿਣਗੇ। ਕਮਿਸ਼ਨਰ ਨਗਰ ਨਿਗਮ ਨੇ ਦੱਸਿਆ ਕਿ ਹੁਣ ਤੱਕ 102 ਪ੍ਰਾਪਰਟੀ ਟੈਕਸ ਡਿਫਾਲਟਰਾਂ ਨਾਲ ਮੀਟਿੰਗ ਉਪਰੰਤ ਉਨ੍ਹਾਂ ਵੱਲੋਂ ਸਮੇ ਸਿਰ ਆਪਣਾ ਪ੍ਰਾਪਰਟੀ ਟੈਕਸ ਜਮ੍ਹਾ ਕਰਵਾਇਆ ਜਾ ਚੁੱਕਾ ਹੈ।

# ਅਧਿਆਪਕ ਦਿਵਸ 'ਤੇ 5 ਨੂੰ ਐੱਨ ਪੀ ਐੱਸ ਕਰਮਚਾਰੀ ਕਰਨਗੇ ਭੁੱਖ ਹੜਤਾਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ ਤੇ ਪੰਜ ਸਤੰਬਰ ਨੂੰ ਅਧਿਆਪਕ ਦਿਵਸ ਤੇ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਸਾਂਝੇ ਤੌਰ ਤੇ ਜ਼ਿਲ੍ਹਾ ਹੈੱਡਕੁਆਰਟਰਾਂ ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ 5 ਸਤੰਬਰ ਨੂੰ ਅਧਿਆਪਕ ਤੇ ਕਰਮਚਾਰੀ ਬੈਠਣਗੇ ਤੇ ਜੇਕਰ ਮੰਗ ਨੂੰ ਅਣਗੋਲਿਆ ਤਾਂ 25 ਨਵੰਬਰ ਨੂੰ ਦਿੱਲੀ ਕੂਚ ਕੀਤਾ ਜਾਵੇਗਾ। ਤਾਜ਼ਾ ਪੀ ਐੱਫ ਆਰ ਡੀ ਏ ਦੇ ਜਾਰੀ ਆਂਕੜਿਆ ਅਨੁਸਾਰ ਕੇਂਦਰ ਦੇ 30 ਲੱਖ ਕਰਮਚਾਰੀਆਂ 'ਚੋਂ 90 ਹਜ਼ਾਰ ਨੇ ਹੀ ਯੂ ਪੀ ਐਸ ਨੂੰ ਚੁਣਿਆ। ਮਹਿਜ਼ 3% ਕਰਮਚਾਰੀਆਂ ਨੇ ਇਸ ਨੂੰ ਚੁਣਿਆ ਹੈ ਜਦੋਂਕਿ 97% ਨੇ ਇਸ ਨੂੰ ਨਕਾਰਿਆ ਹੈ ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਇਹ ਪੈਨਸ਼ਨ ਪ੍ਰਣਾਲੀ ਵੀ ਓ ਪੀ ਐਸ ਦਾ ਬਦਲ ਨਹੀਂ ਬਣ ਸਕਦੀ। ਜ਼ਿਲ੍ਹਾ ਆਗੂ ਸੁਰਜੀਤ ਰਾਜਾ, ਤਿਲਕ ਰਾਜ, ਪ੍ਰਿਤਪਾਲ ਸਿੰਘ ਚੌਂਟਾਲਾ, ਵਿਕਾਸ ਸ਼ਰਮਾ ਨਸਰਾਲਾ, ਪਰਮਜੀਤ ਕਾਤਿਬ ਮਾਹਿਲਪੁਰ, ਨਰਿੰਦਰ ਅਜਨੋਹਾ, ਸੱਤਪਾਲ ਗੜ੍ਹਸ਼ੰਕਰ, ਦਵਿੰਦਰ ਹੁਸ਼ਿਆਰਪੁਰ, ਪ੍ਰਿੰਸ ਪਲਿਆਲ, ਅਸ਼ੋਕ ਕੁਮਾਰ, ਰਜਤ ਮਹਾਜਨ, ਸੁਭਾਸ਼ ਹਾਜੀਪੁਰ, ਚਮਨ ਲਾਲ, ਜਸਵੀਰ ਬੋਦਲ, ਕਰਮਜੀਤ ਸਿੰਘ, ਸੁਰਿੰਦਰ ਕਲਸੀਨੇ ਕਿਹਾ ਕਿ ਅਧਿਆਪਕ ਦਿਵਸ ਤੇ ਪੂਰੇ ਦੇਸ਼ ਵਿੱਚ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਅਧਿਆਪਕ ਅਤੇ ਕਰਮਚਾਰੀ ਭੁੱਖ ਹੜਤਾਲ ਤੇ ਬੈਠ ਕੇ ਰਾਜ ਤੇ ਕੇਂਦਰ ਸਰਕਾਰ ਨੂੰ ਸਪਸ਼ਟ ਸੰਦੇਸ਼ ਦੇਣਗੇ ਕਿ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਤੋਂ ਬਿਨਾਂ ਸਮਾਜਿਕ ਸੁਰੱਖਿਆ ਸੰਭਵ ਨਹੀਂ।

# ਅਧਿਆਪਕਾਂ 'ਤੇ ਕੀਤੇ ਦਮਨ ਦੀ ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਨਿਖੇਧੀ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਗੌਰਮਿੰਟ ਟੀਚਰਜ ਯੂਨੀਅਨ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਨੇ ਕੋਟ ਫਤੂਹੀ ਨੇ ਕਿਹਾ ਕਿ ਐਨ ਐੱਸ ਕਿਊ ਐੱਫ ਅਧਿਆਪਕਾਂ ਵੱਲੋਂ ਆਪਣੀਆਂ ਸੇਵਾਵਾਂ ਰੈਗੂਲਰ ਕਰਵਾਉਣ ਲਈ ਖਜਾਨਾ ਮੰਤਰੀ ਦੇ ਹਲਕੇ ਦਿੜਬਾ (ਸੰਗਰੂਰ) ਵਿਖੇ ਪੋਲ ਖੋਲ ਰੈਲੀ ਕਰ ਰਹੇ ਸਨ।ਇਹਨਾਂ ਅਧਿਆਪਕਾਂ ਪੁਲਸ ਨੇ ਤਸ਼ੱਦਦ ਢਾਇਆ।ਪੁਲਸ ਵਲੋਂ ਮਹਿਲਾ ਅਧਿਆਪਕਾਂ ਦੀ ਵੀ ਖਿੱਚ ਧੂਹ ਕੀਤੀ ਗਈ। ਆਗੂਆਂ ਨੇ ਮੰਗ ਕੀਤੀ ਕਿ ਐਨ. ਐੱਸ. ਕਿਊ. ਐੱਫ ਅਧਿਆਪਕਾਂ ਸਮੇਤ ਸਾਰੇ ਕੱਚੇ ਅਤੇ ਸੋਸਾਇਟੀਆਂ ਅਧੀਨ ਕੰਮ ਕਰਦੇ ਅਧਿਆਪਕਾਂ ਨੂੰ ਸਰਕਾਰ ਪੱਕਾ ਕਰਕੇ ਆਪਣਾ ਚੋਣ ਵਾਅਦਾ ਪੂਰਾ ਕਰੇ।ਇਸ ਮੌਕੇ ਰਣਵੀਰ ਸਿੰਘ, ਸਗਲੀ ਰਾਮ, ਜਸਵਿੰਦਰ ਸਿੰਘ, ਸੁਰਜੀਤ ਸਿੰਘ, ਸੰਦੀਪ ਕੁਮਾਰ, ਪ੍ਰਿਤਪਾਲ ਸਿੰਘ, ਗੁਰਚਰਨ ਸਿੰਘ, ਪਰਮਜੀਤ ਸਿੰਘ, ਦਵਿੰਦਰ ਸਿੰਘ, ਹਰੀਸ਼ ਪੁਰੀ, ਅਜੇ ਕੁਮਾਰ, ਮਨਪ੍ਰੀਤ ਸਿੰਘ ਆਦਿ ਅਧਿਆਪਕ ਹਾਜ਼ਰ ਸਨ।